25-FEB-2026-1.qxd 2/24/2026 9:13 PM Page 1

ਬੁੱਧਵਾਰ, 25 ਫਰਵਰੀ, 2026
14 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 266

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 25 FEBRUARY, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

# ਭਾਜਪਾ ਦਲਬਦਲੂਆਂ ਦੇ ਆਸਰੇ ਸਰਕਾਰ ਬਣਾਉਣ ਦੇ ਸੁਪਨੇ ਲੈ ਰਹੀ : ਭਗਵੰਤ ਮਾਨ

## ਸੁਖਬੀਰ ਦੀ 'ਪੰਜਾਬ ਬਚਾਓ ਯਾਤਰਾ' ਅਸਲ 'ਚ 'ਪਰਵਾਰ ਬਚਾਓ' ਯਾਤਰਾ





**ਮਾਨਸਾ (ਆਤਮਾ ਸਿੰਘ ਪਮਾਰ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਇੱਥੇ ਸਰਦੂਲਗੜ੍ਹ ਵਿਧਾਨ ਸਭਾ ਹਲਕੇ ਦੇ ਪਿੰਡ ਫਤਿਹਗੜ੍ਹ ਸਹਿਣੀਆਂਵਾਲੀ ਵਿਖੇ 24.5 ਕਰੋੜ ਰੁਪਏ ਦੀ ਲਾਗਤ ਵਾਲੇ ਉਦਯੋਗਿਕ ਸਿਖਲਾਈ ਸੰਸਥਾ (ਆਈ ਟੀ ਆਈ) ਦਾ ਨੀਂਹ ਪੱਥਰ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਭਾਰਤੀ ਜਨਤਾ ਪਾਰਟੀ 'ਤੇ ਤਿੱਖਾ ਸਿਆਸੀ ਹਮਲਾ ਕੀਤਾ। ਆਪਣੇ 35 ਮਿੰਟ ਲੰਮੇ ਭਾਸ਼ਣ ਵਿੱਚ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਵਿਕਾਸ ਯਕੀਨੀ ਬਣਾਉਣ ਦੀ ਬਜਾਏ ਇਸ ਇਲਾਕੇ ਨੂੰ ਪੱਛੜਿਆ ਦੱਸ ਕੇ ਸਰਟੀਫਿਕੇਟ ਵੰਡੇ ਸਨ। ਅਕਾਲੀ ਦਲ 'ਤੇ ਤਨਜ਼ ਕੱਸਦਿਆਂ ਉਨ੍ਹਾ ਸੁਖਬੀਰ ਸਿੰਘ ਬਾਦਲ ਦੇ ਬਿਆਨਾਂ ਦਾ ਹਵਾਲਾ ਦਿੱਤਾ ਅਤੇ ਦੋਸ਼ ਲਾਇਆ ਕਿ ਪਿਛਲੀ ਸਰਕਾਰ ਦੀਆਂ ਸਿੱਖਿਆ ਨੀਤੀਆਂ ਨੇ ਅਕਾਦਮਿਕ ਮਿਆਰ ਕਮਜ਼ੋਰ ਕੀਤੇ ਸਨ। ਉਨ੍ਹਾ ਅਕਾਲੀਆਂ ਅਤੇ ਕਾਂਗਰਸ ਦੋਵਾਂ 'ਤੇ 'ਮੈਂ, ਮੇਰਾ ਪੁੱਤ, ਮੇਰਾ ਭਤੀਜਾ ਅਤੇ ਮੇਰਾ ਜੀਜਾ' 'ਤੇ ਕੇਂਦਰਤ ਸੀਮਤ ਚਾਰ ਨੁਕਾਤੀ ਪ੍ਰੋਗਰਾਮਾਂ ਰਾਹੀਂ ਸਰਕਾਰਾਂ ਚਲਾਉਣ ਦਾ ਦੋਸ਼ ਲਾਇਆ ਅਤੇ ਕਿਹਾ ਕਿ ਉਨ੍ਹਾਂ ਸਿਰਫ਼ ਪਰਿਵਾਰਕ ਹਿੱਤਾਂ ਨੂੰ ਪ੍ਰਮੁੱਖ ਰੱਖਿਆ। ਵਿਸ਼ੇਸ਼ ਆਗੂਆਂ ਦਾ ਨਾਂਅ ਲਏ ਬਿਨਾਂ ਮਾਨ ਨੇ ਭਾਜਪਾ 'ਤੇ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਪਾਰਟੀ ਦਾ ਕੋਈ ਅਸਲ ਆਧਾਰ ਨਹੀਂ। ਉਨ੍ਹਾ 'ਆਪ' ਦੇ ਇੰਜਣ ਨੂੰ 'ਨਵੀਨਤਮ ਤਕਨਾਲੋਜੀ ਇੰਜਣ' ਦੱਸਦਿਆਂ ਟਿੱਪਣੀ ਕੀਤੀ, 'ਇੱਕ ਇੰਜਣ ਬਚੇ ਹੋਏ ਪੁਰਜ਼ਿਆਂ ਨਾਲ ਨਹੀਂ ਚੱਲ ਸਕਦਾ।'

ਉਨ੍ਹਾ ਚੇਤੇ ਕਰਵਾਇਆ ਕਿ ਡਾਇਨਾਸੋਰ ਮਨੁੱਖਾਂ ਲਈ ਘਾਤਕ ਸਨ।ਉਨ੍ਹਾ ਕਿਹਾ ਕਿ ਡਾਇਨਾਸੋਰ ਅਕਾਲੀਆਂ ਦਾ ਪਸੰਦੀਦਾ ਜਾਨਵਰ ਹੈ, ਕਿਉਂਕਿ ਅਕਾਲੀਆਂ ਨੇ ਵੀ ਪੰਜਾਬ ਤੇ ਪੰਜਾਬੀਆਂ ਦੀ ਮਿਹਨਤ ਦੀ ਕਮਾਈ ਖਾਧੀ ਹੈ।ਉਨ੍ਹਾ ਕਿਹਾ—ਲੋਕ ਕਦੇ ਵੀ ਅਜਿਹੇ ਆਗੂਆਂ ਨੂੰ ਨਹੀਂ ਚੁਣਨਗੇ, ਜਿਨ੍ਹਾਂ ਸੂਬੇ ਨੂੰ ਬਰਬਾਦ ਕੀਤਾ ਹੈ ਅਤੇ ਆਪਣੀਆਂ ਘਿਨਾਉਣੀਆਂ ਹਰਕਤਾਂ ਨਾਲ ਸਾਡੀਆਂ ਪੀੜ੍ਹੀਆਂ ਨੂੰ ਹੜੱਪ ਲਿਆ ਹੈ।ਅਕਾਲੀ ਦਲ ਦੀ ਪੰਜਾਬ ਬਚਾਓ ਯਾਤਰਾ 'ਤੇ ਵਿਅੰਗ ਕੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਦਲ ਦੀ ਇਸ ਚਾਲ ਦਾ ਅਸਲੀ ਨਾਂਅ 'ਪਰਵਾਰ ਬਚਾਓ ਯਾਤਰਾ' ਹੈ।ਉਨ੍ਹਾ ਕਿਹਾ, 'ਮੈਂ ਅਕਾਲੀ ਆਗੂਆਂ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਇਹ ਦੱਸਣ ਕਿ 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਉਹ ਸੂਬੇ ਨੂੰ ਕਿਸ ਤੋਂ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਲੋਕਾਂ ਅਕਾਲੀਆਂ ਨੂੰ ਚੁਣਿਆ ਸੀ, ਪਰ ਉਹ ਗੱਦਾਰ ਸਾਬਤ ਹੋਏ ਅਤੇ ਹਮੇਸ਼ਾ ਸੂਬੇ ਅਤੇ ਇਸ ਦੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ।' ਭਾਜਪਾ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾ ਕਿਹਾ ਕਿ ਭਗਵਾਂ ਪਾਰਟੀ ਚੋਣਾਂ ਜਿੱਤਣ ਦੀ ਉਮੀਦ ਵਿੱਚ ਦੂਜੀਆਂ ਪਾਰਟੀਆਂ ਦੇ ਦਲਬਦਲੂਆਂ 'ਤੇ ਨਿਰਭਰ ਕਰ ਰਹੀ ਹੈ।ਭਾਜਪਾ ਦੀ ਇਹ ਰਣਨੀਤੀ ਪੰਜਾਬ ਵਿੱਚ ਕੰਮ ਨਹੀਂ ਕਰੇਗੀ।

ਤਿੰਨ ਖੇਤੀ ਕਾਨੂੰਨਾਂ ਵਿਰੁੱਧ ਕਿਸਾਨਾਂ ਦੇ ਅੰਦੋਲਨ ਦਾ ਹਵਾਲਾ ਦਿੰਦੇ ਹੋਏ ਉਨ੍ਹਾ ਅਕਾਲੀ ਦਲ 'ਤੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਦੋਸ਼ ਲਾਇਆ ਅਤੇ ਤਤਕਾਲੀ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਦੇ ਅਸਤੀਫੇ ਨੂੰ ਕੁਰਬਾਨੀ ਦੀ ਬਜਾਏ ਸਿਆਸੀ ਮਜਬੂਰੀ ਕਰਾਰ ਦਿੱਤਾ। ਉਨ੍ਹਾ ਪਿਛਲੀਆਂ ਸਰਕਾਰਾਂ ਦੌਰਾਨ ਰੇਤ ਮਾਈਨਿੰਗ ਅਤੇ ਜਨਤਕ ਕੰਮਾਂ ਵਿੱਚ ਭ੍ਰਿਸ਼ਟਾਚਾਰ ਦੇ ਦੋਸ਼ ਲਾਉਂਦਿਆਂ ਕਿਹਾ, 'ਮੈਂ ਇਕ ਰੁਪਿਆ ਵੀ ਇੱਧਰ-ਉਧਰ ਨਹੀਂ ਹੋਣ ਦੇਵਾਂਗਾ। ਜੇ ਅਸੀਂ ਕਿਸੇ ਕਾਲੀ ਭੇਡ ਨੂੰ ਬਖ਼ਸ਼ਦੇ ਹਾਂ, ਤਾਂ ਅਸੀਂ ਜ਼ਿੰਮੇਵਾਰ ਹਾਂ।' ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਮਾਨ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੀ ਸਰਕਾਰ ਨੇ 63,000 ਨੌਕਰੀਆਂ ਦਿੱਤੀਆਂ ਹਨ ਅਤੇ ਨਹਿਰੀ ਸਿੰਚਾਈ ਦਾ ਘੇਰਾ 2022 ਵਿੱਚ 21-22 ਫੀਸਦੀ ਤੋਂ ਵਧਾ ਕੇ ਚਾਰ ਸਾਲਾਂ ਤੋਂ ਵੀ ਘੱਟ ਸਮੇਂ ਵਿੱਚ 68 ਫੀਸਦੀ ਕਰ ਦਿੱਤਾ ਹੈ। ਉਨ੍ਹਾ 31.2 ਕਰੋੜ ਰੁਪਏ ਦੀ ਲਾਗਤ ਨਾਲ ਮਾਨਸਾ-ਤਲਵੰਡੀ ਸੜਕ ਨੂੰ ਅਪਗ੍ਰੇਡ ਕਰਨ, 33.07 ਕਰੋੜ ਰੁਪਏ ਦੀ ਲਾਗਤ ਨਾਲ 158 ਕਿਲੋਮੀਟਰ ਲੰਮੀਆਂ ਨਵੀਆਂ ਸਿੰਚਾਈ ਨਹਿਰਾਂ, 12 ਕਰੋੜ ਰੁਪਏ ਤੋਂ ਵੱਧ ਦੇ ਤਿੰਨ ਨਵੇਂ ਪਾਵਰ ਗਰਿੱਡ ਅਤੇ ਸਰਦੂਲਗੜ੍ਹ ਦੇ ਸੀਵਰੇਜ ਸਿਸਟਮ ਲਈ 14.76 ਕਰੋੜ ਰੁਪਏ ਦਾ ਐਲਾਨ ਕੀਤਾ। ਇਸ ਤੋਂ ਪਹਿਲਾਂ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਨੇ ਆਈ ਟੀ ਆਈ ਲਈ ਜ਼ਮੀਨ ਦਿੱਤੀ ਹੈ ਅਤੇ ਕਿਹਾ ਕਿ 'ਆਪ' ਦਾ ਗਠਨ' ਦੇਸ਼ ਭਰ ਦੀ ਰਾਜਨੀਤੀ ਵਿੱਚ ਸਿੱਖਿਆ ਦੇ ਬੀਜ ਬੀਜਣ ਲਈ ਹੋਇਆ ਹੈ। ਰਾਜ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 240 ਸੀਟਾਂ ਅਤੇ ਪੰਜ ਟਰੇਨਰਾਂ ਵਾਲੀ ਇਹ ਸੰਸਥਾ ਵਿਦਿਆਰਥੀਆਂ ਲਈ ਨੌਕਰੀਆਂ ਤੇ ਉੱਦਮਤਾ ਦੇ ਮੌਕੇ ਯਕੀਨੀ ਬਣਾਏਗਾ। ਇਸ ਮੌਕੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ, ਡਾ. ਵਿਜੇ ਸਿੰਗਲਾ ਅਤੇ ਬੁੱਧ ਰਾਮ ਹਾਜ਼ਰ ਸਨ। ਸਮਾਗਮ ਵਿੱਚ ਪੰਜਾਬੀ ਗਾਇਕ ਆਰ ਨੇਤ ਨੇ ਆਪਣੀ ਪੇਸ਼ਕਾਰੀ ਦਿੱਤੀ।

## ਸਹਿ-ਪਾਇਲਟ ਸਵਰਾਜਦੀਪ ਦੀ ਏਅਰ ਐਂਬੂਲੈਂਸ ਹਾਦਸੇ 'ਚ ਮੌਤ



**ਅੰਮ੍ਰਿਤਸਰ :** ਸੁਲਤਾਨਵਿੰਡ ਰੋਡ ਦੇ ਇਲਾਕਾ ਗੋਬਿੰਦ ਨਗਰ ਦੇ ਚੌੜਾ ਬਾਜ਼ਾਰ 'ਚ ਰਹਿਣ ਵਾਲੇ ਨੌਜਵਾਨ ਸਹਿ-ਪਾਇਲਟ ਸਵਰਾਜਦੀਪ ਸਿੰਘ ਦੀ ਏਅਰ ਐਂਬੂਲੈਂਸ ਦੇ ਹਾਦਸਾਗ੍ਰਸਤ ਹੋਣ ਕਾਰਨ ਹੋਈ ਮੌਤ 'ਤੇ ਇਲਾਕੇ ਵਿਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਇਲਾਕਾ ਨਿਵਾਸੀਆਂ ਅਨੁਸਾਰ ਸਵਰਾਜਦੀਪ ਸਿੰਘ ਨੇ ਡੇਢ ਸਾਲ ਪਹਿਲਾਂ ਹੀ ਡਿਊਟੀ ਸ਼ੁਰੂ ਕੀਤੀ ਸੀ ਅਤੇ ਉਸ ਦਾ ਇਕ ਛੋਟਾ ਬੱਚਾ ਵੀ ਹੈ। ਪ੍ਰਾਪਤ ਵੇਰਵਿਆਂ ਅਨੁਸਾਰ ਰਾਂਚੀ ਤੋਂ ਦਿੱਲੀ ਆ ਰਹੇ ਏਅਰ ਐਂਬੂਲੈਂਸ ਦੇ ਜਹਾਜ਼ ਦੇ ਝਾਰਖੰਡ ਦੇ ਨੇੜੇ ਕਰੈਸ਼ ਹੋਣ ਕਾਰਨ ਸਵਰਾਜਦੀਪ ਸਿੰਘ ਸਮੇਤ 7 ਵਿਅਕਤੀ ਮਾਰੇ ਗਏ। ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਤੇ ਸ਼ਹਿਰ ਵਾਸੀ ਪਾਇਲਟ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਪਹੁੰਚ ਰਹੇ ਹਨ।

# ਮੋਦੀ ਨੇ ਟਰੰਪ ਨੂੰ ਦੇਸ਼ ਵੇਚ'ਤਾ : ਰਾਹੁਲ



**ਭੋਪਾਲ :** ਲੋਕ ਸਭਾ ਵਿੱਚ ਆਪੋਜ਼ੀਸ਼ਨ ਦੇ ਆਗੂ ਰਾਹੁਲ ਗਾਂਧੀ ਨੇ ਮੰਗਲਵਾਰ ਇੱਥੇ ਕਿਸਾਨ ਚੌਪਾਲ ਵਿੱਚ ਤਕਰੀਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟਰੰਪ ਨਾਲ ਦੇਸ਼ ਵੇਚਣ ਦਾ ਸੌਦਾ ਕੀਤਾ ਹੈ, ਕਿਉਂਕਿ ਉਨ੍ਹਾ 'ਤੇ ਐਪਸਟੀਨ ਤੇ ਅਡਾਨੀ ਮਾਮਲਿਆਂ ਦਾ ਦਬਾਅ ਹੈ। ਇਸ ਲਈ ਉਨ੍ਹਾ ਭਾਰਤ ਤੇ ਕਿਸਾਨ ਜਾ ਡੈਟਾ ਅਮਰੀਕਾ ਨੂੰ ਵੇਚ ਦਿੱਤਾ।

ਉਨ੍ਹਾ ਕਿਹਾ, 'ਹਿੰਦੁਸਤਾਨ ਦੇ ਇਤਿਹਾਸ ਵਿੱਚ ਪਹਿਲੀ ਵਾਰ ਲੋਕ ਸਭਾ ਵਿੱਚ ਆਪੋਜ਼ੀਸ਼ਨ ਦੇ ਆਗੂ ਨੂੰ ਬੋਲਣ ਨਹੀਂ ਦਿੱਤਾ ਗਿਆ। ਮੈਂ ਚੀਨੀ ਘੁਸਪੈਠ ਦੇ ਮੁੱਦੇ 'ਤੇ ਗੱਲ ਰੱਖਣੀ ਚਾਹੁੰਦਾ ਸੀ। ਮੈਂ ਸਾਬਕਾ ਆਰਮੀ ਚੀਫ ਨਰਵਾਣੇ ਦੀ ਗੱਲ ਰੱਖੀ ਸੀ, ਜਿਨ੍ਹਾ ਆਪਣੀ ਕਿਤਾਬ ਵਿੱਚ ਲਿਖਿਆ ਹੈ ਕਿ ਜਦ ਚੀਨੀ ਘੁਸਪੈਠ ਹੋਈ ਸੀ ਤਾਂ ਉਨ੍ਹਾ ਨੂੰ ਹਿੰਦੁਸਤਾਨ ਦੀ ਸਰਕਾਰ ਨੇ ਇਕੱਲਾ ਛੱਡ ਦਿੱਤਾ।'

ਰਾਹੁਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਕੈਬਨਿਟ ਦੀ ਸਲਾਹ ਲਏ ਬਿਨਾਂ ਅਮਰੀਕਾ ਨਾਲ ਵਪਾਰ ਸੌਦਾ ਕੀਤਾ। ਸਰਕਾਰ ਨੇ ਅਮਰੀਕੀ ਕੰਪਨੀਆਂ ਨੂੰ ਭਾਰਤ ਵਿੱਚ ਸੋਇਆ, ਕਪਾਹ ਤੇ ਮੱਕੀ ਵੇਚਣ ਦੀ ਛੋਟ ਦੇਣ ਦੀ ਤਿਆਰੀ ਕਰ ਲਈ ਹੈ, ਜਿਸ ਨਾਲ ਭਾਰਤੀ ਕਿਸਾਨਾਂ ਨੂੰ ਨੁਕਸਾਨ ਹੋਵੇਗਾ। ਸੌਦੇ ਨਾਲ ਭਾਰਤ ਨੂੰ ਵੱਧ ਟੈਰਿਫ ਦੇਣਾ ਪਵੇਗਾ ਤੇ ਅਮਰੀਕਾ ਤੋਂ ਭਾਰੀ ਮਾਤਰਾ ਵਿੱਚ ਬਿਨਾਂ ਟੈਰਿਫ ਸਮਾਨ ਖਰੀਦਣਾ ਪਵੇਗਾ।

### ਮੋਦੀ ਆਪਣਾ ਨਾਂਅ ਵੀ ਬਦਲ ਲੈਣ

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਨਰਿੰਦਰ ਮੋਦੀ ਸਰੰਡਰ ਮੋਦੀ ਹਨ। ਉਨ੍ਹਾ ਦਾ ਸਿਰਫ ਇੱਕ ਕੰਮ ਹੈ, ਨਾਂਅ ਬਦਲੋ। ਰਸਤੇ ਦਾ ਨਾਂਅ ਬਦਲੋ, ਯੋਜਨਾਵਾਂ ਦਾ ਨਾਂਅ ਬਦਲੋ। ਉਨ੍ਹਾ ਨੂੰ ਆਪਣਾ ਨਾਂਅ ਵੀ ਬਦਲ ਲੈਣਾ ਚਾਹੀਦਾ ਹੈ, ਕਿਉਂਕਿ ਉਨ੍ਹਾ ਦਾ ਜਨਮ ਕਾਂਗਰਸ ਰਾਜ ਦੌਰਾਨ ਹੋਇਆ ਸੀ। ਉਨ੍ਹਾ ਮਨਰੇਗਾ ਸਣੇ ਕਈ ਯੋਜਨਾਵਾਂ ਦੇ ਨਾਂਅ ਬਦਲਣ 'ਤੇ ਸਵਾਲ ਉਠਾਏ।

# ਮਜੀਠੀਆ, ਚੰਦੂਮਾਜਰਾ ਤੇ ਰੱਖੜਾ ਨੇ ਪੁੱਛੀ ਇਕ-ਦੂਸਰੇ ਦੀ ਸੁੱਖ-ਸਾਂਦ



**ਚੰਡੀਗੜ੍ਹ :** ਸ਼੍ਰੋਮਣੀ ਅਕਾਲੀ ਦਲ ਅਤੇ ਇਸ ਤੋਂ ਵੱਖ ਹੋਏ ਧੜੇ ਦੇ ਇੱਕ ਮੰਚ 'ਤੇ ਇਕੱਠੇ ਹੋਣ ਦੀਆਂ ਅਟਕਲਾਂ ਦੇ ਵਿਚਕਾਰ ਸੋਸ਼ਲ ਮੀਡੀਆ 'ਤੇ ਸਾਹਮਣੇ ਆਈ ਇੱਕ ਵੀਡੀਓ ਕਲਿੱਪ ਚਰਚਾ ਦਾ ਵਿਸ਼ਾ ਬਣ ਗਈ ਹੈ। ਇਸ ਵੀਡੀਓ ਕਲਿੱਪ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ, ਪ੍ਰੇਮ ਸਿੰਘ ਚੰਦੂਮਾਜਰਾ ਅਤੇ ਸੁਰਜੀਤ ਸਿੰਘ ਰੱਖੜਾ, ਜੋ ਵੱਖਰੇ ਧੜੇ 'ਚ ਹਨ, ਇੱਕ ਇਮਾਰਤ ਦੀ ਲਾਬੀ ਵਿੱਚ ਇੱਕ-ਦੂਜੇ ਨਾਲ ਸੁੱਖ-ਸਾਂਦ ਪੁੱਛਦੇ ਨਜ਼ਰ ਆਏ। ਦਰਅਸਲ ਇਹ ਤਿੰਨੋਂ ਇੱਕ ਪੁਰਾਣੇ ਕੇਸ ਸੰਬੰਧੀ ਚੰਡੀਗੜ੍ਹ ਦੀ ਇੱਕ ਅਦਾਲਤ ਵਿੱਚ ਪੇਸ਼ ਹੋਣ ਲਈ ਆਏ ਸਨ। ਚੰਦੂਮਾਜਰਾ ਅਤੇ ਰੱਖੜਾ ਨੇ ਬਾਦਲਾਂ ਦੇ ਖ਼ਿਲਾਫ਼ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ 'ਅਕਾਲੀ ਦਲ ਪੁਨਰ ਸੁਰਜੀਤ' ਦੀ ਪ੍ਰਮੁੱਖਤਾ ਨਾਲ ਅਗਵਾਈ ਕੀਤੀ ਸੀ। ਇਸ ਦੌਰਾਨ ਚੰਦੂਮਾਜਰਾ ਨੇ ਮਜੀਠੀਆ ਨਾਲ ਗੱਲਬਾਤ ਸ਼ੁਰੂ ਕਰਨ ਲਈ ਪਹਿਲ ਕੀਤੀ, ਜੋ ਇੱਕ ਫੋਨ ਕਾਲ ਸੁਣ ਰਹੇ ਸਨ ਅਤੇ ਉਨ੍ਹਾਂ ਨੂੰ 'ਆਓ ਜੀ... ਮਾਝੇ ਦੇ ਜਰਨੈਲ ਸਾਹਿਬ' ਕਹਿ ਕੇ ਸੰਬੋਧਨ ਕੀਤਾ। ਤੁਰੰਤ ਮਜੀਠੀਆ ਨੇ ਵੀ ਉਸੇ ਅੰਦਾਜ਼ ਵਿੱਚ ਜਵਾਬ ਦਿੱਤਾ, ਚੰਦੂਮਾਜਰਾ ਨੂੰ ਮਿਲਣ ਲਈ ਚੱਲ ਰਹੀ ਫੋਨ ਕਾਲ ਤੁਰੰਤ ਕੱਟ ਦਿੱਤੀ। ਬਾਅਦ ਵਿੱਚ ਉਹ ਦੋਵੇਂ ਇੱਕ ਕੋਨੇ ਵਿੱਚ ਚਲੇ ਗਏ। ਉਸੇ ਥਾਂ 'ਤੇ ਰੱਖੜਾ ਵੀ ਸ਼ਾਮਲ ਹੋ ਗਏ ਅਤੇ ਮਜੀਠੀਆ ਨੂੰ ਨਿੱਘ ਨਾਲ ਮਿਲੇ। ਆਮਦਨ ਤੋਂ ਵੱਧ ਸੰਪਤੀ ਦੇ ਕੇਸ ਵਿੱਚ ਜ਼ਮਾਨਤ 'ਤੇ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ, ਮਜੀਠੀਆ ਨੇ ਕਿਹਾ ਸੀ ਕਿ ਉਨ੍ਹਾਂ ਦਾ ਮੁੱਖ ਉਦੇਸ਼ ਅਕਾਲੀ ਦਲ ਦੇ ਕੇਡਰ ਨੂੰ ਮਜ਼ਬੂਤ ਕਰਨਾ ਹੋਵੇਗਾ ਅਤੇ ਉਹ ਬਾਗੀ ਅਕਾਲੀਆਂ ਨੂੰ ਪਾਰਟੀ ਵਿੱਚ ਵਾਪਸ ਲਿਆਉਣ ਲਈ ਨੰਗੇ ਪੈਰੀਂ ਜਾਣ ਤੋਂ ਵੀ ਗੁਰੇਜ਼ ਨਹੀਂ ਕਰਨਗੇ।

ਮੀਡੀਆ ਨਾਲ ਗੱਲਬਾਤ ਕਰਦਿਆਂ ਚੰਦੂਮਾਜਰਾ ਨੇ ਕਿਹਾ, "ਇਹ ਇਤਫ਼ਾਕ ਨਾਲ ਹੋਇਆ ਹੈ। ਕੋਈ ਰਸਮੀ ਮੀਟਿੰਗ ਜਾਂ ਸਿਆਸੀ ਚਰਚਾ ਨਹੀਂ ਸੀ। ਅਸੀਂ ਉਸ ਸਮੇਂ ਦੇ ਪੰਜਾਬ ਦੇ ਮੁੱਖ ਮੰਤਰੀ ਦੀ ਰਿਹਾਇਸ਼ ਦੇ ਕੋਲ ਹੋਏ ਪ੍ਰਦਰਸ਼ਨ ਨਾਲ ਸੰਬੰਧਤ ਪੰਜ ਸਾਲ ਪੁਰਾਣੇ ਕੇਸ ਵਿੱਚ ਅਦਾਲਤ ਵਿੱਚ ਪੇਸ਼ੀ ਭੁਗਤਣੀ ਸੀ, ਜਦੋਂ ਅਸੀਂ ਅਕਾਲੀ ਦਲ ਵਿੱਚ ਇਕੱਠੇ ਸੀ।" ਚੰਦੂਮਾਜਰਾ ਨੇ ਕਿਹਾ ਕਿ ਉਹ ਵੀ ਅਕਾਲੀ ਦਲ ਨੂੰ 'ਬਿਨਾਂ ਸ਼ਰਤ' ਮਜ਼ਬੂਤ ਕਰਨ ਲਈ ਇੱਕ ਮੰਚ 'ਤੇ ਹੋਣ ਦੇ ਹੱਕ ਵਿੱਚ ਹਨ। ਉਨ੍ਹਾਂ ਕਿਹਾ ਕਿ ਏਕਤਾ ਇੱਕ ਚੰਗਾ ਕਦਮ ਹੈ ਅਤੇ ਸਾਨੂੰ ਪੰਜਾਬ ਨੂੰ ਬਚਾਉਣ ਲਈ ਇਸ ਦਿਸ਼ਾ ਵਿੱਚ ਸੋਚਣਾ ਚਾਹੀਦਾ ਹੈ।

## ਯੂਥ ਕਾਂਗਰਸ ਦਾ ਪ੍ਰਧਾਨ ਉਦੈ ਭਾਨੂ ਚਿੱਬ ਗ੍ਰਿਫ਼ਤਾਰ

**ਨਵੀਂ ਦਿੱਲੀ :** ਦਿੱਲੀ ਪੁਲਸ ਨੇ ਭਾਰਤ ਮੰਡਪਮ ਵਿਖੇ ਹੋਏ 'ਏ ਆਈ ਇਮਪੈਕਟ ਸਮਿਟ' ਦੌਰਾਨ ਬਿਨਾਂ ਕਮੀਜ਼ਾਂ ਤੋਂ ਪ੍ਰਦਰਸ਼ਨ ਕਰਨ ਦੇ ਮਾਮਲੇ ਵਿੱਚ ਭਾਰਤੀ ਯੂਥ ਕਾਂਗਰਸ ਦੇ ਪ੍ਰਧਾਨ ਉਦੈ ਭਾਨੂ ਚਿੱਬ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪਿਛਲੇ ਸ਼ੁੱਕਰਵਾਰ ਹੋਏ ਇਸ ਪ੍ਰਦਰਸ਼ਨ ਦੇ ਸੰਬੰਧ ਵਿੱਚ ਹੁਣ ਤੱਕ ਕੁੱਲ ਅੱਠ ਗ੍ਰਿਫ਼ਤਾਰੀਆਂ ਹੋ ਚੁੱਕੀਆਂ ਹਨ। ਪੁਲਸ ਨੇ ਇਸ ਤੋਂ ਪਹਿਲਾਂ ਮੱਧ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਤੋਂ ਕਈ ਕਾਰਜਕਰਤਾਵਾਂ ਨੂੰ ਹਿਰਾਸਤ ਵਿੱਚ ਲਿਆ ਸੀ। ਇਨ੍ਹਾਂ ਪ੍ਰਦਰਸ਼ਨਕਾਰੀਆਂ ਨੇ ਸਮਿਟ ਦੌਰਾਨ ਆਪਣੀਆਂ ਕਮੀਜ਼ਾਂ ਉਤਾਰ ਕੇ ਸਰਕਾਰ ਅਤੇ ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ ਨਾਅਰਿਆਂ ਵਾਲੀਆਂ ਟੀ-ਸ਼ਰਟਾਂ ਦਿਖਾਈਆਂ ਸਨ। ਪੁਲਸ ਨੇ ਇਸ ਮਾਮਲੇ ਵਿੱਚ ਭਾਰਤੀ ਨਿਆਂ ਸੰਹਿਤਾ ਦੀਆਂ ਗੰਭੀਰ ਧਾਰਾਵਾਂ, ਜਿਵੇਂ ਕਿ ਵੱਖ-ਵੱਖ ਸਮੂਹਾਂ ਵਿੱਚ ਦੁਸ਼ਮਣੀ ਵਧਾਉਣਾ ਅਤੇ ਕੌਮੀ ਏਕਤਾ ਨੂੰ ਨੁਕਸਾਨ ਪਹੁੰਚਾਉਣ ਵਾਲੇ ਕਦਮ ਚੁੱਕਣ ਦੇ ਦੋਸ਼ ਆਇਦ ਕੀਤੇ ਹਨ।

## 'ਕੇਰਲਾ ਸਟੋਰੀ-2' ਸੈਕੂਲਰ ਰਾਜ ਦੀ ਗਲਤ ਤਸਵੀਰ ਪੇਸ਼ ਕਰਨ ਵਾਲੀ : ਹਾਈ ਕੋਰਟ

**ਕੋਚੀ :** ਕੇਰਲਾ ਹਾਈ ਕੋਰਟ ਨੇ ਮੰਗਲਵਾਰ ਕਿਹਾ ਕਿ 'ਦੀ ਕੇਰਲਾ ਸਟੋਰੀ 2-ਗੋਜ਼ ਬਿਯੋਂਡ' ਕੇਰਲਾ ਵਰਗੇ ਰਾਜ, ਜਿੱਥੇ ਹਰ ਕੋਈ ਫਿਰਕੂ ਇਕਸੁਰਤਾ ਨਾਲ ਰਹਿੰਦਾ ਹੈ, ਦੀ ਗਲਤ ਤਸਵੀਰ ਪੇਸ਼ ਕਰਦੀ ਹੈ। ਕੋਰਟ ਨੇ ਇਹ ਵੀ ਕਿਹਾ ਕਿ ਰਾਜ ਦਾ ਨਾਂਅ ਵਰਤਣਾ ਤੇ ਇਹ ਦਾਅਵਾ ਕਰਨਾ ਕਿ ਫਿਲਮ ਸੱਚੇ ਤੱਥਾਂ 'ਤੇ ਅਧਾਰਤ ਹੈ, ਰਾਜ ਵਿੱਚ ਫਿਰਕੂ ਖਿਚਾਅ ਪੈਦਾ ਕਰ ਸਕਦੀ ਹੈ। ਜਸਟਿਸ ਬੇਚੂ ਕੁਰੀਅਨ ਥਾਮਸ ਨੇ ਇਹ ਟਿੱਪਣੀਆਂ ਉਨ੍ਹਾਂ ਤਿੰਨ ਪਟੀਸ਼ਨਾਂ ਦੀ ਸੁਣਵਾਈ ਕਰਦਿਆਂ ਕੀਤੀਆਂ, ਜਿਨ੍ਹਾਂ ਵਿੱਚ ਫਿਲਮ ਦੇ ਪ੍ਰਦਰਸ਼ਨ ਲਈ ਜਾਰੀ ਸਰਟੀਫਿਕੇਟ ਰੱਦ ਕਰਨ ਦੀ ਮੰਗ ਕੀਤੀ ਗਈ ਹੈ। ਜਦੋਂ ਲੰਚ ਤੋਂ ਬਾਅਦ ਮਾਮਲਾ ਸੁਣਵਾਈ ਹੇਠ ਆਇਆ ਤਾਂ ਕੋਰਟ ਨੂੰ ਦੱਸਿਆ ਗਿਆ ਕਿ ਨਿਰਮਾਤਾ ਫਿਲਮ ਦੇ ਟੀਜ਼ਰ ਵਾਪਸ ਲੈਣ ਦੇ ਇੱਛੁਕ ਹਨ। ਇਸ ਤੋਂ ਬਾਅਦ ਫਾਜ਼ਲ ਜੱਜ ਨੇ ਕਿਹਾ ਕਿ ਉਹ ਬੁੱਧਵਾਰ ਵੀ ਸੁਣਵਾਈ ਕਰਕੇ ਫੈਸਲਾ ਕਰਨਗੇ ਕਿ ਕੀ ਫਿਲਮ ਦੇ 27 ਫਰਵਰੀ ਨੂੰ ਰਿਲੀਜ਼ ਹੋਣ ਤੋਂ ਪਹਿਲਾਂ ਉਸ ਨੂੰ ਦੇਖਿਆ ਜਾਵੇ ਜਾਂ ਨਾ। ਇਸ ਤੋਂ ਪਹਿਲਾਂ ਸੁਣਵਾਈ ਦੌਰਾਨ ਜਸਟਿਸ ਥਾਮਸ ਨੇ ਸੰਕੇਤ ਦਿੱਤਾ ਕਿ ਉਹ ਕੋਈ ਹੁਕਮ ਪਾਸ ਕਰਨ ਤੋਂ ਪਹਿਲਾਂ ਫਿਲਮ ਦੇਖਣੀ ਚਾਹੁੰਣਗੇ। ਉਨ੍ਹਾ ਸੈਂਸਰ ਬੋਰਡ ਨੂੰ ਵੀ ਪੁੱਛਿਆ ਕਿ ਕੀ ਫਿਲਮ ਸਾਰੀਆਂ ਲਾਜ਼ਮੀ ਸੇਧ-ਲੀਹਾਂ ਦੀ ਪਾਲਣਾ ਕਰਦੀ ਹੈ। ਇੱਕ ਪਟੀਸ਼ਨ ਵਿੱਚ ਕਿਹਾ ਗਿਆ ਹੈ

• ਬਾਕੀ ਸਫ਼ਾ 2 'ਤੇ

## ਕੇਰਲ ਤੋਂ ਕੇਰਲਮ



**ਨਵੀਂ ਦਿੱਲੀ :** ਕੇਂਦਰੀ ਮੰਤਰੀ ਮੰਡਲ ਨੇ ਕੇਰਲ ਦਾ ਨਾਂਅ ਬਦਲ ਕੇ ਕੇਰਲਮ ਰੱਖਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਨਵੇਂ ਪ੍ਰਧਾਨ ਮੰਤਰੀ ਦਫ਼ਤਰ, ਸੇਵਾ ਤੀਰਥ ਵਿਖੇ ਹੋਈ ਪਹਿਲੀ ਕੈਬਨਿਟ ਮੀਟਿੰਗ ਵਿਚ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾ ਦੱਸਿਆ ਕਿ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸੰਪਰਕ ਵਧਾਉਣ ਵੱਲ ਇਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਕੇਂਦਰੀ ਮੰਤਰੀ ਮੰਡਲ ਨੇ ਕੁੱਲ 12,236 ਕਰੋੜ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਹੈ। ਇਸ ਵੱਡੇ ਨਿਵੇਸ਼ ਦਾ ਵੱਡਾ ਹਿੱਸਾ ਰੇਲਵੇ ਅਤੇ ਸ਼ਹਿਰੀ ਆਵਾਜਾਈ ਦੇ ਵਿਸਥਾਰ 'ਤੇ ਕੇਂਦਰਤ ਹੈ।

# ਸੈਣੀ ਦੇ ਪੰਜਾਬ ਦੌਰੇ ਨਸ਼ਾ ਵਪਾਰ ਨੂੰ ਸੁਰਜੀਤ ਕਰਨ ਦੀ ਕੋਸ਼ਿਸ਼ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੰਗਲਵਾਰ ਕਿਹਾ ਕਿ ਨਸ਼ਿਆਂ ਵਿਰੁੱਧ ਪੰਜਾਬ ਸਰਕਾਰ ਦੀ ਫੈਸਲਾਕੁੰਨ ਅਤੇ ਨਿਰੰਤਰ ਕਾਰਵਾਈ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ, ਜਿਸ ਨਾਲ ਉਹ ਨਸ਼ਾ ਨੈੱਟਵਰਕ ਤਬਾਹ ਹੋ ਰਹੇ ਹਨ, ਜੋ ਕਦੇ ਬਿਨਾਂ ਕਿਸੇ ਡਰ ਦੇ ਚਲਦੇ ਸਨ। ਉਨ੍ਹਾ ਕਿਹਾ ਕਿ ਜਿੱਥੇ ਪੰਜਾਬ ਨਸ਼ਿਆਂ ਵਿਰੁੱਧ ਸਖ਼ਤੀ ਅਤੇ ਜਨਤਕ ਭਾਗੀਦਾਰੀ ਨੂੰ ਮਜ਼ਬੂਤ ਕਰ ਰਿਹਾ ਹੈ, ਉੱਥੇ ਹੀ ਨਾਇਬ ਸਿੰਘ ਸੈਣੀ ਦੀ ਸਰਕਾਰ ਹੇਠ ਹਰਿਆਣਾ ਵਿੱਚ ਵਧ ਰਹੀ ਇਸ ਅਲਾਮਤ ਬਾਰੇ ਗੰਭੀਰ ਸਵਾਲ ਉੱਠ ਰਹੇ ਹਨ।

ਇਹ ਯਾਦ ਕਰਦਿਆਂ ਕਿ 2007-2017 ਦੇ ਅਕਾਲੀ-ਭਾਜਪਾ ਸ਼ਾਸਨ ਦੌਰਾਨ ਪੂਰੇ ਪੰਜਾਬ ਵਿੱਚ ਨਸ਼ਿਆਂ ਦਾ ਪਸਾਰ ਹੋਇਆ ਸੀ, ਚੀਮਾ ਨੇ ਕਿਹਾ ਕਿ ਹੁਣ ਅਜਿਹਾ ਹੀ ਪੈਟਰਨ ਹਰਿਆਣਾ ਵਿੱਚ ਦੇਖਣ ਨੂੰ ਮਿਲ ਰਿਹਾ ਹੈ। ਹਰਿਆਣਾ ਪੁਲਸ ਦੇ ਅਧਿਕਾਰੀ ਸੁਨੀਲ ਸੰਧੂ ਦਾ ਹਵਾਲਾ ਦਿੰਦੇ ਹੋਏ, ਜੋ ਨਸ਼ਾ ਵਿਰੋਧੀ ਕਾਰਵਾਈਆਂ ਤੋਂ ਬਾਅਦ ਕਾਰਵਾਈ ਦਾ ਸਾਹਮਣਾ ਕਰ ਰਹੇ ਹਨ, ਚੀਮਾ ਨੇ ਪੁੱਛਿਆ ਕਿ ਹਰਿਆਣਾ ਦੀ ਭਾਜਪਾ ਸਰਕਾਰ ਕਿਸ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾ ਇਹ ਸਵਾਲ ਵੀ ਉਠਾਇਆ ਕਿ ਕੀ ਸੈਣੀ ਦੇ ਪੰਜਾਬ ਦੇ ਵਾਰ-ਵਾਰ ਦੌਰੇ ਨਸ਼ਾ ਤਸਕਰਾਂ ਨੂੰ ਮੁੜ ਸੰਗਠਿਤ ਹੋਣ ਅਤੇ ਵਾਪਸੀ ਦਾ ਰਸਤਾ ਲੱਭਣ ਦੀ ਕੋਸ਼ਿਸ਼ ਵੱਲ ਇਸ਼ਾਰਾ ਕਰਦੇ ਹਨ, ਜਦਕਿ ਹਰਿਆਣਾ ਖੁਦ ਇਸ ਸੰਕਟ ਵਿੱਚ ਡੂੰਘਾ ਡੁੱਬਦਾ ਜਾ ਰਿਹਾ ਹੈ।

ਚੀਮਾ ਨੇ ਕਿਹਾ ਕਿ ਜਿਵੇਂ-ਜਿਵੇਂ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ

• ਬਾਕੀ ਸਫ਼ਾ 2 'ਤੇ

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ 'ਤੇ **ਡੇਰਾ ਬਾਬਾ ਨਾਨਕ** ਵਿਸ਼ੇਸ਼ ਸਪਲੀਮੈਂਟ 3 ਮਾਰਚ ਦਿਨ ਮੰਗਲਵਾਰ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਰਮੇਸ਼ ਸ਼ਰਮਾ** ਨਾਲ ਮੋਬਾਇਲ ਨੰਬਰ 98146-30794 'ਤੇ ਸੰਪਰਕ ਕੀਤਾ ਜਾ ਸਕਦਾ ਹੈ।

-ਜਨਰਲ ਮੈਨੇਜਰ

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

## ਪੁੱਤ ਵੱਲੋਂ ਪਿਤਾ ਦੇ ਡੱਕਰੇ



**ਲਖਨਊ :** ਉੱਤਰ ਪ੍ਰਦੇਸ਼ ਦੀ ਰਾਜਧਾਨੀ ਲਖਨਊ ਵਿੱਚ ਇੱਕ 21 ਸਾਲਾ ਨੌਜਵਾਨ ਵੱਲੋਂ ਕਰੀਅਰ ਦੇ ਦਬਾਅ ਕਾਰਨ ਆਪਣੇ ਹੀ ਪਿਤਾ ਦਾ ਗੋਲੀ ਮਾਰ ਕੇ ਕਤਲ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਪੁਲਸ ਅਨੁਸਾਰ ਮੁਲਜ਼ਮ ਅਕਸ਼ਤ ਸਿੰਘ (21) ਨੇ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਪਛਾਣ ਮਿਟਾਉਣ ਦੀ ਨੀਅਤ ਨਾਲ ਆਪਣੇ ਪਿਤਾ ਮਨਵੇਂਦਰ ਸਿੰਘ (50) ਦੀ ਲਾਸ਼ ਦੇ ਟੁਕੜੇ ਕਰ ਦਿੱਤੇ। ਕਾਤਲ ਪੁੱਤਰ ਨੇ ਲਾਸ਼ ਦਾ ਧੜ ਇੱਕ ਨੀਲੇ ਰੰਗ ਦੇ ਡਰੰਮ ਵਿੱਚ ਲੁਕਾ ਦਿੱਤਾ, ਜਦੋਂ ਕਿ ਸਰੀਰ ਦੇ ਬਾਕੀ ਹਿੱਸੇ ਇੱਧਰ-ਉੱਧਰ ਸੁੱਟ ਦਿੱਤੇ। ਪੁਲਸ ਨੇ ਗੁੰਮਸ਼ੁਦਗੀ ਦੀ ਜਾਂਚ ਦੌਰਾਨ ਜਦੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਤਾਂ ਅਕਸ਼ਤ ਨੇ ਆਪਣਾ ਜੁਰਮ ਕਬੂਲ ਕਰ ਲਿਆ। ਜਾਂਚ ਅਧਿਕਾਰੀਆਂ ਅਨੁਸਾਰ ਮ੍ਰਿਤਕ ਮਨਵੇਂਦਰ ਸਿੰਘ, ਜੋ ਕਿ ਸ਼ਰਾਬ ਅਤੇ ਫਾਰਮਾ ਕਾਰੋਬਾਰ ਨਾਲ ਜੁੜਿਆ ਹੋਇਆ ਸੀ, ਆਪਣੇ ਪੁੱਤਰ ਨੂੰ ਡਾਕਟਰੀ ਦੀ ਪੜ੍ਹਾਈ ਕਰਵਾਉਣਾ ਚਾਹੁੰਦਾ ਸੀ। ਇਸੇ ਗੱਲ ਨੂੰ ਲੈ ਕੇ 20 ਫਰਵਰੀ ਦੀ ਸਵੇਰ ਨੂੰ ਦੋਵਾਂ ਵਿਚਾਲੇ ਤਕਰਾਰ ਹੋ ਗਈ, ਜਿਸ ਤੋਂ ਬਾਅਦ ਤੈਸ਼ ਵਿੱਚ ਆਏ ਮੁਲਜ਼ਮ ਨੇ ਪਿਤਾ ਨੂੰ ਗੋਲੀ ਮਾਰ ਦਿੱਤੀ। ਵਾਰਦਾਤ ਤੋਂ ਬਾਅਦ ਉਸ ਨੇ ਆਪਣੀ ਭੈਣ ਨੂੰ ਵੀ ਡਰਾ-ਧਮਕਾ ਕੇ ਚੁੱਪ ਕਰਵਾ ਦਿੱਤਾ ਸੀ।

## ਨੌਜਵਾਨ ਕੈਨੇਡਾ ਤੋਂ ਡਿਪੋਰਟ

**ਸਰੀ :** ਕੈਨੇਡਾ ਸਰਕਾਰ ਨੇ ਜਬਰਨ ਵਸੂਲੀ ਵਰਗੀਆਂ ਅਪਰਾਧਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ 22 ਸਾਲਾ ਪੰਜਾਬੀ ਨੌਜਵਾਨ ਲਵਬੀਰ ਸਿੰਘ ਨੂੰ ਦੇਸ਼ ਵਿੱਚੋਂ ਕੱਢ ਦਿੱਤਾ ਹੈ। ਸਰੀ ਪੁਲਸ ਸਰਵਿਸ ਨੇ ਲਵਬੀਰ ਦੀ ਤਸਵੀਰ ਜਾਰੀ ਕਰਦਿਆਂ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਉਸ ਦੇ ਸਾਥੀਆਂ ਅਤੇ ਕੈਨੇਡਾ ਵਿੱਚ ਉਸ ਦੇ ਠਹਿਰਾਅ ਦੌਰਾਨ ਕੀਤੀਆਂ ਗਈਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕਰਨ। ਦੱਸ ਦਈਏ ਕਿ ਲਵਬੀਰ ਸਾਲ 2023 ਵਿੱਚ ਇੱਕ ਵਿਦੇਸ਼ੀ ਨਾਗਰਿਕ ਵਜੋਂ ਕੈਨੇਡਾ ਆਇਆ ਸੀ, ਪਰ 2026 ਦੇ ਸ਼ੁਰੂ ਵਿੱਚ ਪੁਲਸ ਨੇ ਉਸ ਨੂੰ ਜਬਰਨ ਵਸੂਲੀ ਦੇ ਮਾਮਲਿਆਂ ਵਿੱਚ ਮੁੱਖ ਸ਼ੱਕੀ ਵਜੋਂ ਨਾਮਜ਼ਦ ਕੀਤਾ। ਸਰੀ ਪੁਲਸ ਅਨੁਸਾਰ, ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਵੱਲੋਂ ਕੀਤੀ ਗਈ ਇਮੀਗ੍ਰੇਸ਼ਨ ਜਾਂਚ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ ਹੈ। ਪੁਲਸ ਦਾ ਮੰਨਣਾ ਹੈ ਕਿ ਲਵਬੀਰ ਦੀ ਤਸਵੀਰ ਜਨਤਕ ਕਰਨ ਨਾਲ ਹੋਰ ਪੀੜਤਾਂ ਜਾਂ ਗਵਾਹਾਂ ਨੂੰ ਸਾਹਮਣੇ ਆਉਣ ਵਿੱਚ ਮਦਦ ਮਿਲੇਗੀ, ਜਿਸ ਨਾਲ ਹਿੰਸਕ ਵਸੂਲੀ ਪਿੱਛੇ ਕੰਮ ਕਰ ਰਹੇ ਅਪਰਾਧਕ ਨੈੱਟਵਰਕ ਦਾ ਪਰਦਾਫਾਸ਼ ਹੋ ਸਕੇਗਾ।



## ਵਪਾਰਕ ਸਮਝੌਤਿਆਂ ਤੋਂ ਮੁੱਕਰਨ ਵਾਲੇ ਦੇਸ਼ਾਂ 'ਤੇ ਲੱਗੇਗਾ ਭਾਰੀ ਟੈਕਸ : ਟਰੰਪ

**ਵਾਸ਼ਿੰਗਟਨ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਉਨ੍ਹਾਂ ਦੇਸ਼ਾਂ ਨੂੰ ਸਖ਼ਤ ਚਿਤਾਵਨੀ ਦਿੱਤੀ ਹੈ ਜੋ ਅਮਰੀਕਾ ਨਾਲ ਹੋਏ ਤਾਜ਼ਾ ਵਪਾਰਕ ਸਮਝੌਤਿਆਂ ਤੋਂ ਪਿੱਛੇ ਹਟਣ ਦੀ ਕੋਸ਼ਿਸ਼ ਕਰ ਰਹੇ ਹਨ। ਸੁਪਰੀਮ ਕੋਰਟ ਵੱਲੋਂ ਉਨ੍ਹਾਂ ਦੇ ਐਮਰਜੈਂਸੀ ਟੈਰਿਫਾਂ ਨੂੰ ਰੱਦ ਕੀਤੇ ਜਾਣ ਤੋਂ ਬਾਅਦ ਟਰੰਪ ਨੇ ਸੋਸ਼ਲ ਮੀਡੀਆ ਰਾਹੀਂ ਸਾਫ਼ ਕੀਤਾ ਕਿ ਜਿਹੜੇ ਦੇਸ਼ ਇਸ ਫੈਸਲੇ ਦਾ ਫਾਇਦਾ ਉਠਾ ਕੇ 'ਗੇਮਾਂ ਖੇਡਣਗੇ', ਉਨ੍ਹਾਂ ਨੂੰ ਪਹਿਲਾਂ ਨਾਲੋਂ ਵੀ ਕਿਤੇ ਵੱਧ ਅਤੇ 'ਭਿਆਨਕ' ਟੈਰਿਫਾਂ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾ ਕਿਹਾ ਕਿ ਹਾਲਾਂਕਿ ਅਦਾਲਤ ਨੇ ਇੱਕ ਕਾਨੂੰਨ ਤਹਿਤ ਟੈਰਿਫ ਰੱਦ ਕੀਤੇ ਹਨ, ਪਰ ਉਹ ਹੋਰ ਕਾਨੂੰਨੀ ਸ਼ਕਤੀਆਂ ਦੀ ਵਰਤੋਂ ਕਰਕੇ ਵਧੇਰੇ ਸਖ਼ਤੀ ਨਾਲ ਟੈਕਸ ਲਗਾਉਣ ਦੀ ਸਮਰੱਥਾ ਰੱਖਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਵਪਾਰਕ ਭਾਈਵਾਲਾਂ 'ਤੇ ਨਵੀਂ ਲਾਇਸੈਂਸ ਫੀਸ ਲਗਾਉਣ ਦਾ ਸੰਕੇਤ ਵੀ ਦਿੱਤਾ ਹੈ। ਇਸ ਦੌਰਾਨ ਟਰੰਪ ਨੇ ਮੰਗਲਵਾਰ ਤੋਂ ਲਾਗੂ ਹੋਣ ਵਾਲੀ 15 ਫੀਸਦੀ ਦੀ ਨਵੀਂ ਦਰਾਮਦ ਡਿਊਟੀ ਦਾ ਐਲਾਨ ਕੀਤਾ ਹੈ, ਜਿਸ ਕਾਰਨ ਵਿਸ਼ਵ ਬਾਜ਼ਾਰਾਂ ਵਿੱਚ ਹਲਚਲ ਮਚ ਗਈ ਹੈ। ਯੂਰਪੀ ਸੰਘ ਨੇ ਅਮਰੀਕਾ ਨਾਲ ਹੋਣ ਵਾਲੇ ਆਪਣੇ ਵਪਾਰਕ ਸਮਝੌਤੇ ਦੀ ਵੋਟਿੰਗ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਹੈ, ਜਦੋਂ ਕਿ ਭਾਰਤ ਅਤੇ ਚੀਨ ਵਰਗੇ ਦੇਸ਼ ਵੀ ਚੌਕਸ ਨਜ਼ਰ ਆ ਰਹੇ ਹਨ। ਅਮਰੀਕੀ ਸ਼ੇਅਰ ਬਾਜ਼ਾਰ ਵਿੱਚ ਵੀ ਇਸ ਅਨਿਸ਼ਚਿਤਤਾ ਕਾਰਨ ਗਿਰਾਵਟ ਦੇਖੀ ਗਈ।

## ਅੱਜ-ਨਾਮਾ

ਲੱਗੇ ਲੜਨ ਆ ਪਾਕਿ ਅਫਗਾਨ ਮੁੜ ਕੇ,
ਬਾਰਡਰਾਂ ਉੱਤੇ ਆ ਮੱਚਦੀ ਅੱਗ ਮੀਆਂ।
ਹਮਲਾ ਕਰਦੇ ਅਫਗਾਨ ਦੇ ਆਣ ਦਸਤੇ,
ਦਿੱਸੇ ਪਾਕਿ ਦੀ ਲਹਿਣੀ ਆ ਪੱਗ ਮੀਆਂ।
ਹਵਾਈ ਫੌਜ ਸਰਗਰਮ ਆ ਪਾਕਿ ਵੱਲੋਂ,
ਹਮਲੇ ਕਰਨ ਨੂੰ ਪਈ ਉਹ ਲੱਗ ਮੀਆਂ।
ਕੱਲ੍ਹ ਦੇ ਯਾਰ ਫਸਾਈ ਆ ਸਿੰਗ ਫਿਰਦੇ,
ਭਿੜਦੇ ਭੇੜ ਆ ਵੇਖ ਰਿਹਾ ਜੱਗ ਮੀਆਂ।
ਹਰ ਇੱਕ ਦਾਅ ਤੋਂ ਜਾਣੂੰ ਈ ਪੱਖ ਦੋਵੇਂ,
ਤਾਕਤ ਪੱਖੋਂ ਨਹੀਂ ਕਿਸੇ ਨੂੰ ਥੋੜ ਮੀਆਂ।
ਬਹੁਤੀ ਦੂਰ ਨਹੀਂ ਭਾਰਤ ਤੋਂ ਭੇੜ ਹੁੰਦਾ,
ਚੌਕਸ ਰਹਿਣ ਦੀ ਬੜੀ ਆ ਲੋੜ ਮੀਆਂ।

-ਤੀਸ ਮਾਰ ਖਾਂ

# ਰਣਜੀਤ ਲਹਿਰਾ ਨੂੰ ਇਨਕਲਾਬੀ ਸ਼ਰਧਾਂਜਲੀਆਂ

## ਅਰਸ਼ੀ ਵੱਲੋਂ ਫਾਸ਼ੀਵਾਦ ਖਿਲਾਫ ਸਾਂਝੇ ਸੰਘਰਸ਼ 'ਤੇ ਜ਼ੋਰ

**ਦਿੜ੍ਹਬਾ (ਜਸਵੀਰ ਲਾਡੀ)**

ਕਮਿਊਨਿਸਟ ਇਨਕਲਾਬੀ ਤੇ ਜਮਹੂਰੀ ਲਹਿਰ 'ਚੋਂ ਵਿਛੜੇ ਕਾਮਰੇਡ ਰਣਜੀਤ ਲਹਿਰਾ ਨੂੰ ਸ਼ਰਧਾਂਜਲੀ ਦੇਣ ਲਈ ਪੰਜਾਬ ਭਰ 'ਚੋਂ ਇਨਕਲਾਬੀ-ਜਮਹੂਰੀ ਲਹਿਰ ਦੇ ਕਾਰਕੁੰਨ ਲਹਿਰਾਗਾਗਾ ਵਿਖੇ ਪੁੱਜੇ।ਜੀਪੀਐਫ ਕੰਪਲੈਕਸ 'ਚ ਹੋਈ ਵਿਸ਼ਾਲ ਇਕੱਤਰਤਾ ਦੌਰਾਨ ਅਜਮੇਰ ਅਕਲੀਆ ਨੇ ਇਨਕਲਾਬੀ ਗੀਤ ਗਾ ਕੇ ਵਿਛੜੇ ਕਾਮਰੇਡ ਨੂੰ ਸ਼ਰਧਾਂਜਲੀ ਭੇਟ ਕੀਤੀ।

ਸਮਾਗਮ ਨੂੰ ਸੰਬੋਧਨ ਕਰਦਿਆਂ 'ਲਾਲ ਪਰਚਮ' ਦੇ ਸੰਪਾਦਕ ਮੁਖਤਿਆਰ ਪੂਹਲਾ ਨੇ ਉਨ੍ਹਾਂ ਦੀ ਕਮਿਊਨਿਸਟ ਇਨਕਲਾਬੀ ਵਿਚਾਰਧਾਰਾ 'ਚ ਪ੍ਰਤੀਬੱਧਤਾ ਨੂੰ ਉਚਿਆਇਆ।ਉਨ੍ਹਾਂ ਨੇ ਰਣਜੀਤ ਲਹਿਰਾ ਦੇ ਲਹਿਰ ਵਿੱਚ ਅਡੋਲ ਖੜੇ ਰਹਿਣ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਉਹ ਗੰਭੀਰ ਬਿਮਾਰੀ ਦੇ ਬਾਵਜੂਦ ਅੰਤਮ ਸਾਹਾਂ ਤੱਕ ਇਨਕਲਾਬੀ-ਜਮਹੂਰੀ ਲਹਿਰ 'ਚ ਅਡੋਲ ਖੜੇ ਰਹੇ ਤੇ ਖਰੀ ਕਮਿਊਨਿਸਟ ਵਿਚਾਰਧਾਰਾ ਦਾ ਪੱਲਾ ਫੜੀ ਰੱਖਿਆ।ਇਸ ਦੌਰਾਨ 'ਸੁਰਖ ਲੀਹ' ਦੇ ਮੁੱਖ ਸੰਪਾਦਕ ਜਸਪਾਲ ਜੱਸੀ ਨੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਜਦੋਂ ਸੰਸਾਰ ਭਰ ਵਿੱਚ ਕਮਿਊਨਿਸਟ ਇਨਕਲਾਬੀ ਵਿਚਾਰਧਾਰਾ ਦੇ ਸਮਾਂ ਵਿਹਾਅ ਚੁੱਕੇ ਹੋਣ ਦੇ ਐਲਾਨ ਹੋਏ ਤਾਂ ਉਸ ਸਮੇਂ ਰਣਜੀਤ ਲਹਿਰਾ ਵਰਗੇ ਜੁਝਾਰੂ ਨੇ ਕਮਿਊਨਿਸਟ ਵਿਚਾਰਧਾਰਾ ਦਾ ਝੰਡਾ ਕਾਇਮ ਰੱਖਿਆ।ਉਸ ਨੇ ਸੱਤਰਵਿਆਂ ਦੀ ਪੀਐਸਯੂ ਤੋਂ ਲੈ ਕੇ ਅੱਜ ਅੱਧੀ ਸਦੀ ਤੱਕ ਲਹਿਰ ਦੇ ਅਨੇਕਾਂ ਉਤਰਾਵਾਂ-ਚੜ੍ਹਾਵਾਂ ਦਾ ਸਾਹਮਣਾ ਕੀਤਾ। ਲੋਕ ਚੇਤਨਾ ਮੰਚ ਲਹਿਰਾਗਾਗਾ ਵੱਲੋਂ ਗਿਆਨ ਚੰਦ ਸ਼ਰਮਾ ਨੇ ਰਣਜੀਤ ਨੂੰ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਰਣਜੀਤ ਲਹਿਰਾ ਨਵਾਂ-ਨਰੋਆ ਸਮਾਜ ਸਿਰਜਣ ਵਾਲਾ ਸੰਘਰਸ਼ੀ ਯੋਧਾ ਸੀ।

ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਮੰਚ ਸੰਚਾਲਨਾ ਕਰਦੇ ਹੋਏ ਰਣਜੀਤ ਲਹਿਰਾ ਦੀ ਸੰਘਰਸ਼ੀ ਤੇ ਵਿਚਾਰਧਾਰਕ ਜ਼ਿੰਦਗੀ ਦੇ ਨਾਲ-

• ਬਾਕੀ ਸਫ਼ਾ 2 'ਤੇ



## 8ਵੀਂ ਦੀ ਨਵੀਂ ਕਿਤਾਬ 'ਚ 'ਨਿਆਂ ਪਾਲਿਕਾ 'ਚ ਭ੍ਰਿਸ਼ਟਾਚਾਰ' ਦਾ ਵਿਸ਼ਾ ਸ਼ਾਮਲ

**ਨਵੀਂ ਦਿੱਲੀ :** ਨੈਸ਼ਨਲ ਕੌਂਸਲ ਆਫ਼ ਐਜੂਕੇਸ਼ਨਲ ਰਿਸਰਚ ਐਂਡ ਟਰੇਨਿੰਗ ਨੇ ਅੱਠਵੀਂ ਜਮਾਤ ਦੀ ਸਮਾਜਿਕ ਵਿਗਿਆਨ ਦੀ ਨਵੀਂ ਪਾਠ ਪੁਸਤਕ ਵਿੱਚ ਇੱਕ ਮਹੱਤਵਪੂਰਨ ਤਬਦੀਲੀ ਕੀਤੀ ਹੈ।

ਪਹਿਲੀ ਵਾਰ, 'ਸਾਡੇ ਸਮਾਜ ਵਿੱਚ ਨਿਆਂਪਾਲਿਕਾ ਦੀ ਭੂਮਿਕਾ' ਨਾਮਕ ਅਧਿਆਏ ਵਿੱਚ 'ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ' ਦੇ ਵਿਸ਼ੇ ਨੂੰ ਸ਼ਾਮਲ ਕੀਤਾ ਗਿਆ ਹੈ। ਇਹ ਪਹਿਲਾਂ ਦੀਆਂ ਕਿਤਾਬਾਂ ਤੋਂ ਬਿਲਕੁਲ ਵੱਖਰਾ ਹੈ, ਜੋ ਸਿਰਫ਼ ਅਦਾਲਤਾਂ ਦੇ ਢਾਂਚੇ ਬਾਰੇ ਗੱਲ ਕਰਦੀਆਂ ਸਨ।

ਹੁਣ ਵਿਦਿਆਰਥੀ ਅਦਾਲਤੀ ਪ੍ਰਣਾਲੀ ਦੀਆਂ ਚੁਣੌਤੀਆਂ, ਜਿਵੇਂ ਕਿ ਭ੍ਰਿਸ਼ਟਾਚਾਰ ਅਤੇ ਕੇਸਾਂ ਦੇ ਬੈਕਲੌਗ (ਸੁਪਰੀਮ ਕੋਰਟ ਵਿੱਚ 81,000 ਅਤੇ ਜ਼ਿਲ੍ਹਾ ਅਦਾਲਤਾਂ ਵਿੱਚ ਲੱਗਭੱਗ 4.7 ਕਰੋੜ ਪੈਂਡਿੰਗ ਕੇਸ) ਬਾਰੇ ਵੀ ਪੜ੍ਹਨਗੇ। ਕਿਤਾਬ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਜੱਜ ਨੈਤਿਕ ਨਿਯਮਾਂ ਨਾਲ ਬੱਝੇ ਹੋਏ ਹਨ ਅਤੇ ਉਨ੍ਹਾਂ ਦੀ ਜਵਾਬਦੇਹੀ ਤੈਅ ਕਰਨ ਲਈ ਕਈ ਤੰਤਰ ਮੌਜੂਦ ਹਨ।

ਪਾਠ ਪੁਸਤਕ ਵਿੱਚ ਜੱਜਾਂ ਨੂੰ ਹਟਾਉਣ ਲਈ 'ਮਹਾਦੋਸ਼' ਦੀ ਪ੍ਰਕਿਰਿਆ ਬਾਰੇ ਵੀ ਜਾਣਕਾਰੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸਾਬਕਾ ਚੀਫ਼ ਜਸਟਿਸ ਬੀ.ਆਰ. ਗਵਈ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਨਿਆਂਪਾਲਿਕਾ ਵਿੱਚ ਭ੍ਰਿਸ਼ਟਾਚਾਰ ਜਨਤਾ ਦੇ ਭਰੋਸੇ ਨੂੰ ਠੇਸ ਪਹੁੰਚਾਉਂਦਾ ਹੈ, ਜਿਸ ਨੂੰ ਸਿਰਫ਼ ਪਾਰਦਰਸ਼ਤਾ ਅਤੇ ਸਖ਼ਤ ਕਾਰਵਾਈ ਰਾਹੀਂ ਹੀ ਬਹਾਲ ਕੀਤਾ ਜਾ ਸਕਦਾ ਹੈ। ਕਿਤਾਬ ਇਹ ਵੀ ਮੰਨਦੀ ਹੈ ਕਿ ਗਰੀਬ ਅਤੇ ਪੱਛੜੇ ਵਰਗਾਂ ਲਈ ਅਦਾਲਤੀ ਭ੍ਰਿਸ਼ਟਾਚਾਰ ਇਨਸਾਫ਼ ਪ੍ਰਾਪਤ ਕਰਨ ਦੀ ਰਾਹ ਵਿੱਚ ਇੱਕ ਵੱਡੀ ਰੁਕਾਵਟ ਹੈ।

# ਸੁਖਬੀਰ ਬਾਦਲ ਦੀ ਆਮਦ ਨੂੰ ਲੈ ਕੇ ਜਗਰਾਉਂ ਦੇ ਅਕਾਲੀ ਪੱਬਾਂ ਭਾਰ

## 18 ਨੂੰ ਜਗਰਾਉਂ ਰੈਲੀ 'ਚ ਹੋਵੇਗਾ ਰਿਕਾਰਡ ਤੋੜ ਇਕੱਠ : ਕਲੇਰ



**ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)**-18 ਮਾਰਚ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਆਮਦ ਨੂੰ ਲੈ ਕੇ ਅਕਾਲੀ ਦਲ ਜਗਰਾਉਂ ਦੇ ਵਰਕਰ ਪੱਬਾਂ ਪਾਰ ਹੁੰਦੇ ਦਿਖਾਈ ਦਿੰਦੇ ਹਨ।ਇਸ ਸਬੰਧੀ ਅੱਜ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ ਆਰ ਕਲੇਰ ਦੀ ਅਗਵਾਈ ਹੇਠ ਹੋਈ ਭਰਵੀਂ ਬੈਠਕ ਦੌਰਾਨ ਹਲਕਾ ਇੰਚਾਰਜ ਨੇ ਪਾਰਟੀ ਵਰਕਰਾਂ ਨੂੰ ਇਹ ਰੈਲੀ ਦੀ ਸਫਲਤਾ ਲਈ ਕਮਰਕੱਸੇ ਕਸ ਲੈਣ ਦਾ ਸੱਦਾ ਦਿੱਤਾ।ਜੋਸ਼ੀਲੇ ਨਾਅਰਿਆਂ ਨਾਲ ਅਰੰਭ ਹੋਈ ਇਸ ਬੈਠਕ ਦੌਰਾਨ ਪਾਰਟੀ ਦੇ ਵਰਕਰਾਂ ਵਿੱਚ ਜੋਸ਼ ਉਤਸ਼ਾਹ ਦੇਖਣ ਵਾਲਾ ਸੀ।ਇਸ ਦੌਰਾਨ ਸ੍ਰੀ ਕਲੇਰ ਨੇ ਰੈਲੀ ਨੂੰ ਕਾਮਯਾਬ ਕਰਨ ਲਈ ਪਾਰਟੀ ਵਰਕਰਾਂ ਤੋਂ ਸੁਝਾਅ ਹਾਸਲ ਕੀਤੇ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਤੇ ਐੱਸ ਆਰ ਕਲੇਰ ਦੇ ਜਜ਼ਬਾਤੀ ਤੇ ਭਾਵੁਕ ਸ਼ਬਦਾਂ ਨੇ ਹਾਜ਼ਰੀਨ ਨੂੰ ਹਲੂਣ ਕੇ ਰੱਖ ਦਿੱਤਾ। ਉਨ੍ਹਾਂ ਵਰਕਰਾਂ ਨੂੰ ਕਮਰਕੱਸੇ ਕਸ ਲੈਣ ਦਾ ਸੱਦਾ ਦਿੰਦਿਆਂ ਕਿਹਾ ਕਿ 18 ਮਾਰਚ ਦੀ ਰੈਲੀ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਚ ਲੋਕ ਲਹਿਰ ਖੜ੍ਹੀ ਕਰਨ ਦਾ ਵੇਲਾ ਹੈ, ਜਿਸ ਲਈ 1 ਮਾਰਚ ਤੋਂ ਹਲਕੇ ਦੇ ਸਾਰੇ ਪਿੰਡਾਂ ਵਿੱਚ ਵਰਕਰਾਂ ਨੂੰ ਲਾਮਬੰਦ ਕੀਤਾ ਜਾਵੇਗਾ।ਇਸ ਮੌਕੇ ਦਵਿੰਦਰਜੀਤ ਸਿੰਘ ਸਿੱਧੂ ਸਾਬਕਾ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲ ਜਗਰਾਉਂ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਉਂ, ਹਲਕਾ ਐੱਸ ਸੀ ਵਿੰਗ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਆਈ ਟੀ ਵਿੰਗ ਹਲਕਾ ਪ੍ਰਧਾਨ ਸੁਖਦੇਵ ਸਿੰਘ ਜੱਗਾ ਕਾਉਂਕੇ ਆਦਿ ਹਾਜ਼ਰ ਸਨ।

# ਰਣਜੋਧ ਹਡਾਣਾ ਨੇ 4 ਮੁੱਖ ਸੜਕਾਂ ਦਾ ਰੱਖਿਆ ਨੀਂਹ ਪੱਥਰ

## ਮਾਨ ਸਰਕਾਰ ਦਾ ਨਿਸ਼ਾਨੀ, ਹਰ ਪਿੰਡ ਨੂੰ ਬਿਹਤਰ ਸੜਕੀ ਸੰਪਰਕ ਨਾਲ ਜੋੜਨਾ : ਹਡਾਣਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹਲਕਾ ਸਨੌਰ ਦੇ ਵਿਕਾਸ ਲਈ ਖ਼ਜ਼ਾਨੇ ਦੇ ਬੂਹੇ ਖੋਲ੍ਹ ਦਿੱਤੇ ਗਏ ਹਨ।ਇਸੇ ਲੜੀ ਤਹਿਤ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੀਆਂ ਚਾਰ ਪ੍ਰਮੁੱਖ ਸੜਕਾਂ ਜੁਲਕਾਂ ਤੋਂ ਬਿੰਜਲ ਸੜਕ, ਪਟਿਆਲਾ-ਪਿਹੋਵਾ ਮੁੱਖ ਮਾਰਗ ਤੋਂ ਬਿੰਜਲ ਸੜਕ, ਭੁਨਰਹੇੜੀ ਤੋਂ ਇਤਿਹਾਸਕ ਨਗਰ ਘੜਾਮ ਦੀ ਸੜਕ, ਪਿੰਡ ਹਡਾਣਾ ਤੋਂ ਦਿਵਾਨਵਾਲਾ ਸੜਕ ਦੇ ਨਿਰਮਾਣ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ।ਦੱਸਣਯੋਗ ਹੈ ਕਿ ਇਨ੍ਹਾਂ ਚਾਰਾਂ ਸੜਕਾਂ 'ਤੇ ਕਰੀਬ 19 ਕਰੋੜ ਦੀ ਰਾਸ਼ੀ ਖ਼ਰਚ ਕੀਤੀ ਜਾਵੇਗੀ, ਜਿਸ ਨਾਲ ਇਲਾਕੇ ਦੇ ਦਰਜਨਾਂ ਪਿੰਡਾਂ ਦੀ ਨੁਹਾਰ ਬਦਲ ਜਾਵੇਗੀ।ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਸੀਨੀਅਰ ਆਗੂ, ਬਲਾਕ ਪ੍ਰਧਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬਲਾਕ ਸਮਿਤੀ ਮੈਂਬਰ, ਸਰਪੰਚ-ਪੰਚ ਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।ਨੀਂਹ ਪੱਥਰ ਰੱਖਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਇਹ ਸੜਕਾਂ ਲੰਬੇ ਸਮੇਂ ਤੋਂ ਖ਼ਸਤਾ ਹਾਲਤ ਵਿੱਚ ਸਨ, ਜਿਸ ਕਾਰਨ ਰਾਹਗੀਰਾਂ ਤੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿਰਫ਼ ਵੋਟਾਂ ਬਟੋਰਨ ਲਈ ਲਾਰੇ ਲਗਾਏ, ਪਰ ਸਾਡੀ ਸਰਕਾਰ ਨੇ ਅੱਜ 18.64 ਕਰੋੜ ਰੁਪਏ ਦੇ ਪ੍ਰੋਜੈਕਟ ਸ਼ੁਰੂ ਕਰਕੇ ਲੋਕਾਂ ਨਾਲ ਕੀਤਾ ਵਾਅਦਾ ਪੂਰਾ ਕਰ ਦਿੱਤਾ ਹੈ।ਹਡਾਣਾ ਨੇ ਸਪੱਸ਼ਟ ਕੀਤਾ ਕਿ ਭੁੰਨਰਹੇੜੀ ਤੋਂ ਘੜਾਮ ਤੇ ਜੁਲਕਾਂ-ਬਿੰਜਲ ਵਰਗੇ ਮਾਰਗ ਇਲਾਕੇ ਦੀ ਆਰਥਿਕਤਾ ਲਈ ਬਹੁਤ ਮਹੱਤਵਪੂਰਨ ਹਨ।

ਇਨ੍ਹਾਂ ਸੜਕਾਂ ਦੇ ਬਣਨ ਨਾਲ ਜਿੱਥੇ ਆਉਣ-ਜਾਣ ਸੁਖਾਲਾ ਹੋਵੇਗਾ, ਉੱਥੇ ਹੀ ਵਪਾਰ ਤੇ ਖੇਤੀਬਾੜੀ ਦੇ ਕੰਮਾਂ ਨੂੰ ਵੀ ਹੁਲਾਰਾ ਮਿਲੇਗਾ।ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਕੰਮ ਦੀ ਗੁਣਵੱਤਾ ਵਿੱਚ ਕੋਈ ਸਮਝੌਤਾ ਨਾ ਕੀਤਾ ਜਾਵੇ ਤੇ ਤੈਅ ਸਮੇਂ ਅੰਦਰ ਸੜਕਾਂ ਮੁਕੰਮਲ ਕੀਤੀਆਂ ਜਾਣ।

## ਗੁਰਚਰਨ ਰਾਮਪੁਰੀ ਯਾਦਗਾਰੀ ਸਮਾਗਮ ਪਹਿਲੀ ਨੂੰ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਲਿਖਾਰੀ ਸਭਾ ਰਾਮਪੁਰ ਵੱਲੋਂ ਚਰਚਿਤ ਸ਼ਾਇਰ ਗੁਰਚਰਨ ਰਾਮਪੁਰੀ ਦੀ ਯਾਦ ਵਿੱਚ 1 ਮਾਰਚ ਨੂੰ ਰਾਮਪੁਰ ਵਿਖੇ ਸਮਾਗਮ ਕਰਵਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦੇ ਹੋਏ ਸਭਾ ਦੇ ਪ੍ਰਧਾਨ ਗ਼ਜ਼ਲਗੋ ਅਮਰਿੰਦਰ ਸਿੰਘ ਸੋਹਲ ਤੇ ਸਕੱਤਰ ਪ੍ਰਭਜੋਤ ਰਾਮਪੁਰ ਨੇ ਦੱਸਿਆ ਕਿ ਸਮਾਗਮ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਲੇਖਕ, ਕਵੀ, ਗ਼ਜ਼ਲਗੋ ਤੇ ਗਲਪਕਾਰ ਹਾਜ਼ਰੀ ਭਰਨਗੇ।ਇਸ ਮੌਕੇ ਪੰਜਵਾਂ ਗੁਰਚਰਨ ਯਾਦਗਾਰੀ ਪੁਰਸਕਾਰ ਉੱਘੇ ਗ਼ਜ਼ਲਗੋ ਐੱਸ ਨਸੀਮ ਨੂੰ ਦਿੱਤਾ ਜਾ ਰਿਹਾ ਹੈ।ਇਸ ਸਮਾਗਮ ਦੀ ਪ੍ਰਧਾਨਗੀ ਡਾ. ਜਸਵਿੰਦਰ ਸਿੰਘ ਪ੍ਰੋ ਤੇ ਡੀਨ ਅਕਾਦਮਿਕ ਪੰਜਾਬੀ ਯੂਨੀਵਰਸਿਟੀ ਪਟਿਆਲਾ ਕਰਨਗੇ, ਜਦਕਿ ਵਿਸ਼ੇਸ਼ ਮਹਿਮਾਨ ਪ੍ਰਸਿੱਧ ਗ਼ਜ਼ਲ ਗਾਇਕ ਗੁਰਦੀਪ ਸਿੰਘ ਹੋਣਗੇ।ਮੁੱਖ ਮਹਿਮਾਨ ਪੰਜਾਬੀ ਨਾਟਕ ਤੇ ਥੀਏਟਰ ਦੇ ਖੇਤਰ ਵਿੱਚ ਵੱਡੀ ਪਛਾਣ ਰੱਖਣ ਵਾਲੇ ਡਾ. ਸਤੀਸ਼ ਵਰਮਾ ਹੋਣਗੇ।ਡਾ. ਜਗਵਿੰਦਰ ਜੋਧਾ ਤੇ ਡਾ. ਸ਼ਮਸ਼ੇਰ ਮੋਹੀ ਗੱਲਬਾਤ ਕਰਨਗੇ।

# ਗੁਰੂ ਨਾਨਕ ਨੈਸ਼ਨਲ ਕਾਲਜ ਨੂੰ ਚੇਂਜ ਮੇਕਰ ਐਵਾਰਡ ਨਾਲ ਕੀਤਾ ਸਨਮਾਨਤ

## ਕਾਲਜ ਨੂੰ ਪ੍ਰਿੰਸੀਪਲ ਸ਼੍ਰੇਣੀ ਤੇ ਸੰਸਥਾਗਤ ਸ਼੍ਰੇਣੀ ਦੇ ਦੋ ਐਵਾਰਡ ਮਿਲੇ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਨੂੰ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ ਦੀ ਦੂਰਦਰਸ਼ੀ ਸੋਚ ਤੇ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਦੀ ਯੋਗ ਅਗਵਾਈ ਹੇਠ ਹਰੇ ਕਚਰੇ ਨੂੰ ਬਾਇਓਚਾਰ ਵਿੱਚ ਤਬਦੀਲ ਕਰਨ ਦੀ ਵਿਲੱਖਣ ਪਹਿਲ ਲਈ ਨੈਸ਼ਨਲ ਐਜੂ ਟਰੱਸਟ ਵੱਲੋਂ ਸੰਸਥਾਗਤ ਸ਼੍ਰੇਣੀ ਤੇ ਪ੍ਰਿੰਸੀਪਲ ਸ਼੍ਰੇਣੀ ਹੇਠ 'ਚੇਂਜ ਮੇਕਰ ਐਵਾਰਡ' ਨਾਲ਼ ਸਨਮਾਨਤ ਕੀਤਾ ਗਿਆ।ਇਸ ਪ੍ਰੋਜੈਕਟ ਨੂੰ ਰਾਸ਼ਟਰੀ ਪੱਧਰ ਉੱਤੇ ਵੱਡੀ ਮਾਨਤਾ ਮਿਲੀ ਹੈ।ਨੈਸ਼ਨਲ ਐਜੂ ਟਰੱਸਟ ਦੀ ਇਸ ਪਹਿਲਕਦਮੀ ਵਿੱਚ 580 ਤੋਂ ਵੱਧ ਸੰਸਥਾਵਾਂ ਨੇ ਹਿੱਸਾ ਲਿਆ ਜਿਨ੍ਹਾਂ ਵਿੱਚ ਗੁਰੂ ਨਾਨਕ ਕਾਲਜ ਨੂੰ ਪਹਿਲੇ ਦਸ ਕਾਲਜਾਂ ਵਿੱਚ ਸਥਾਨ ਮਿਲਿਆ ਤੇ ਵਿਅਕਤੀਗਤ ਤੌਰ 'ਤੇ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੂੰ 'ਸਰਟੀਫ਼ਿਕੇਟ ਆਫ਼ ਆਨਰ' ਨਾਲ਼ ਨਿਵਾਜਿਆ ਗਿਆ।ਇਸ ਸਫ਼ਲਤਾ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸੰਬੰਧਤ ਪ੍ਰਾਧਿਆਪਕਾਂ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

# ਜਾਗਦੇ ਰਹੋ ਕਲੱਬ ਨੇ ਐੱਚ ਆਰ ਗਰੁੱਪ ਦੇ ਸਹਿਯੋਗ ਨਾਲ ਲਾਇਆ ਖ਼ੂਨਦਾਨ ਕੈਂਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਕਲੱਬ ਪਟਿਆਲਾ ਨੇ ਐੱਚ ਆਰ ਗਰੁੱਪ ਪਟਿਆਲਾ ਦੇ ਸਹਿਯੋਗ ਨਾਲ ਦਫਤਰ ਐੱਚ ਆਰ ਗਰੁੱਪ ਛੋਟੀ ਬਾਰਾਂਦਰੀ ਪਟਿਆਲਾ ਵਿਖੇ ਖ਼ੂਨਦਾਨ ਕੈਂਪ ਲਗਾਇਆ। ਖ਼ੂਨਦਾਨ ਕੈਂਪ ਦਾ ਰਸਮੀਂ ਉਦਘਾਟਨ ਲਲਿਤ ਕੁਮਾਰ ਭਾਂਖਰ ਤੇ ਪਵਿੱਤਰ ਸਿੰਘ ਸਿਊਨਾ ਨੇ ਖ਼ੂਨ ਦਾਨ ਕਰਕੇ ਕੀਤਾ।ਖ਼ੂਨਦਾਨ ਕੈਂਪ ਵਿੱਚ 40 ਖ਼ੂਨਦਾਨੀਆਂ ਨੇ ਖ਼ੂਨ ਦਾਨ ਕੀਤਾ।ਇਹ ਖ਼ੂਨਦਾਨ ਕੈਂਪ ਆਕਾਸ਼ ਸ਼ਰਮਾ ਬੌਕਸਰ ਦੀ ਯੋਗ ਅਗਵਾਈ ਹੇਠ ਲਗਾਇਆ ਗਿਆ।ਕੈਂਪ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਪ੍ਰਦੀਪ ਸਿੰਘ ਨਨਾਨਸੂ ਐੱਮ ਡੀ ਐੱਚ ਆਰ ਗਰੁੱਪ ਪਟਿਆਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਐੱਚ ਆਰ ਗਰੁੱਪ ਦੇ ਐੱਮ ਡੀ ਪ੍ਰਦੀਪ ਸਿੰਘ ਨਨਾਨਸੂ ਨੇ ਕਿਹਾ ਕਿ ਖ਼ੂਨਦਾਨ ਸਭ ਤੋਂ ਉੱਤਮ ਦਾਨ ਹੈ।ਹਰੇਕ ਤੰਦਰੁਸਤ ਇਨਸਾਨ ਨੂੰ ਹਰ ਤਿੰਨ ਮਹੀਨੇ ਬਾਅਦ ਖ਼ੂਨ ਦਾਨ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜਾਗਦੇ ਰਹੋ ਕਲੱਬ ਦੇ ਕਾਰਜ ਸ਼ਲਾਘਾਯੋਗ ਹਨ, ਜੋ ਲੋੜ ਪੈਣ 'ਤੇ ਐਮਰਜੈਂਸੀ ਮਰੀਜ਼ਾਂ ਦੀ ਮਦਦ ਕਰਦੇ ਹਨ।ਵੱਧ ਤੋਂ ਵੱਧ ਖ਼ੂਨਦਾਨੀ ਜਾਗਦੇ ਰਹੋ ਕਲੱਬ ਨਾਲ ਜੁੜ ਕੇ ਖ਼ੂਨ ਦਾਨ ਕਰਨ ਤਾਂ ਜੋ ਹਸਪਤਾਲਾਂ ਵਿੱਚ ਖ਼ੂਨ ਦੀ ਕਮੀਂ ਨੂੰ ਪੂਰਾ ਕੀਤਾ ਜਾ ਸਕੇ।ਪ੍ਰਦੀਪ ਸਿੰਘ ਨਨਾਨਸੂ ਵੱਲੋਂ ਸਮੂਹ ਖ਼ੂਨਦਾਨੀਆਂ ਨੂੰ ਮੱਗ ਤੇ ਸਰਟੀਫਿਕੇਟ ਦੇ ਸਨਮਾਨਤ ਕੀਤਾ ਗਿਆ।ਸਮੂਹ ਖ਼ੂਨਦਾਨੀਆਂ ਨੂੰ ਰਿਫਰੈਸਮੈਂਟ ਵਜੋਂ ਕੇਸਰ ਬਾਦਾਮ ਦੁੱਧ, ਬਿਸਕੁਟ, ਨਮਕੀਨ, ਬਿਸਲੇਰੀ ਪਾਣੀ ਤੇ ਕੇਲੇ ਦਿੱਤੇ ਗਏ।

# ਸਮਾਈਲ ਸਟੋਨ ਸਕੂਲ ਦਾ ਸਾਲਾਨਾ ਸਮਾਰੋਹ ਧੂਮਧਾਮ ਨਾਲ ਮਨਾਇਆ



**ਪਟਿਆਲਾ/ਸਮਾਣਾ (ਇਕਬਾਲ ਸਿੰਘ ਬੱਲ)**-ਸਮਾਈਲ ਸਟੋਨ ਸਕੂਲ ਦਾ ਸਾਲਾਨਾ ਸਮਾਰੋਹ ਸਥਾਨਕ ਲਾਇਬ੍ਰੇਰੀ ਵਿੱਚ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਰੋਹ ਦੇ ਮੁੱਖ ਮਹਿਮਾਨ ਪਟਿਆਲਾ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵਿਸ਼ੇਸ਼ ਤੌਰ 'ਤੇ ਪਹੁੰਚੇ ਸਕੂਲ ਦੀ ਪ੍ਰਿੰਸੀਪਲ ਸੀਮਾ ਸਰੂਤੀ ਤੇ ਸਕੂਲ ਸਟਾਫ ਵੱਲੋਂ ਵਿਧਾਇਕ ਅਜੀਤ ਪਾਲ ਕੋਹਲੀ ਦਾ ਢੋਲ ਨਗਾੜੇ ਤੇ ਫੁੱਲਾਂ ਦੀ ਵਰਖਾ ਕਰਕੇ ਜ਼ੋਰਦਾਰ ਸਵਾਗਤ ਕੀਤਾ ਗਿਆ। ਸਕੂਲ ਦੇ ਪ੍ਰੋਗਰਾਮ ਦੀ ਸ਼ੁਰੂਆਤ ਵਿਧਾਇਕ ਅਜੀਤਪਾਲ ਕੋਹਲੀ ਵੱਲੋਂ ਜੋਤੀ ਪ੍ਰਚੰਡ ਕਰਕੇ ਕੀਤੀ ਗਈ। ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਭੰਗੜਾ, ਡਾਂਸ, ਨਾਟਕ ਆਦਿ ਦੀ ਸਫਲ ਪੇਸ਼ਕਾਰੀ ਕਰਕੇ ਸਭ ਦਾ ਮਨ ਮੋਹ ਲਿਆ। ਇਸ ਮੌਕੇ ਵਿਧਾਇਕ ਅਜੀਤ ਪਾਲ ਕੋਹਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮਾਈਲ ਸਟੋਨ ਸਕੂਲ ਵਿੱਚ ਬੱਚਿਆਂ ਨੂੰ ਸਿੱਖਿਆ ਦੇ ਨਾਲ ਨਾਲ ਖੇਡਾਂ, ਸਮਾਜ ਸੇਵਾ, ਧਾਰਮਿਕ ਕੰਮਾਂ, ਸਿਹਤ ਸਬੰਧੀ, ਘਰ ਦੇ ਕੰਮਾਂ ਤੇ ਬਜ਼ੁਰਗਾਂ ਦਾ ਮਾਣ ਸਤਿਕਾਰ ਕਰਨ ਤੋਂ ਇਲਾਵਾ ਹੋਰ ਕਈ ਸਮਾਜਿਕ ਗਤੀਵਿਧੀਆਂ ਨਾਲ ਪ੍ਰੇਰਿਤ ਕੀਤਾ ਜਾਂਦਾ ਹੈ, ਜੋ ਕਿ ਇੱਕ ਸ਼ਲਾਘਾਯੋਗ ਕੰਮ ਹੈ। ਵਿਧਾਇਕ ਕੋਹਲੀ ਨੇ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹੁੰਦੇ ਹਨ, ਉਨ੍ਹਾਂ ਨੂੰ ਚੰਗੀ ਸਿੱਖਿਆ ਦਾ ਗਿਆਨ ਹੋਣਾ ਬਹੁਤ ਜ਼ਰੂਰੀ ਹੈ ਤੇ ਚੰਗੀ ਸਿੱਖਿਆ ਲਈ ਚੰਗੇ ਸਕੂਲ ਵਿੱਚ ਹੀ ਬੱਚਿਆਂ ਨੂੰ ਸਿੱਖਿਆ ਲੈਣੀ ਚਾਹੀਦੀ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਉਹ ਆਪਣਾ ਭਵਿੱਖ ਬਣਾ ਸਕਣ। ਇਸ ਮੌਕੇ ਸਮਾਈਲ ਸਟੋਨ ਸਕੂਲ ਦੀ ਪ੍ਰਿੰਸੀਪਲ ਮੈਡਮ ਸੀਮਾ ਸਰੂਤੀ ਨੇ ਸਾਲਾਨਾ ਰਿਪੋਰਟ ਪੜ੍ਹਦਿਆਂ ਦੱਸਿਆ ਕਿ ਉਹ ਸਕੂਲ ਵਿੱਚ ਹਰ ਬੱਚੇ ਦਾ ਧਿਆਨ ਆਪਣੇ ਖੁਦ ਦੇ ਬੱਚਿਆਂ ਵਾਂਗੂੰ ਰੱਖਦੇ ਹਨ ਤੇ ਉਨ੍ਹਾਂ ਨੂੰ ਇੱਕ ਪਰਿਵਾਰ ਵਾਂਗੂ ਹੀ ਸਕੂਲ ਵਿੱਚ ਪਿਆਰ ਦਿੱਤਾ ਜਾਂਦਾ ਹੈ। ਇਸ ਮੌਕੇ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਆਗੂਆਂ ਤੇ ਅੱਵਲ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਮੈਡਮ ਸੀਮਾ ਸਰੂਤੀ, ਸੁਨੀਲ ਕੁਮਾਰ ਮਿੱਤਲ, ਗੋਬਿੰਦ ਰਾਮ ਸੇਠ, ਤਿਲਕ ਚੰਦ ਜੈਨ, ਤਜਿੰਦਰ ਪਾਲ ਗਰਗ, ਰਾਜਿੰਦਰ ਸ਼ਰਮਾ, ਸੰਦੀਪ ਬੰਸਲ, ਸੋਨੀਆ ਸ਼ਰਮਾ, ਮੋਨਿਕਾ ਠਾਕੁਰ, ਰੋਹਿਤ ਸ਼ਰਮਾ ਆਦਿ ਹਾਜ਼ਰ ਸਨ।

# ਹਾਜੀ ਬਿੱਟੂ ਵੱਲੋਂ ਪੰਥਕ ਪਾਰਟੀਆਂ ਨੂੰ ਇਕੱਠੇ ਹੋਣ ਦਾ ਸੱਦਾ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੌਜੂਦਾ ਹਾਲਾਤਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਪੰਜਾਬ ਦੀਆਂ ਸਾਰੀਆਂ ਖੇਤਰੀ ਪਾਰਟੀਆਂ ਨੂੰ ਏਕਤਾ ਕਰ ਕੇ ਇੱਕ ਪਲੇਟਫਾਰਮ 'ਤੇ ਇਕੱਠੇ ਹੋ ਜਾਣਾ ਚਾਹੀਦਾ ਹੈ।ਸੋ ਏਕਤਾ ਬਣਾਉਣ ਦੇ ਲਈ ਸਾਰੀਆਂ ਜਥੇਬੰਦੀਆਂ ਤੇ ਸਾਰੀਆਂ ਰਾਜਨੀਤਕ ਪਾਰਟੀਆਂ ਨੂੰ ਚਾਹੀਦਾ ਹੈ ਕਿ ਉਹ ਆਪਣੀਆਂ ਜਥੇਬੰਦੀਆਂ ਤੇ ਸਾਰੀਆਂ ਰਾਜਨੀਤਕ ਪਾਰਟੀਆਂ ਦਾ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਦੀ ਪਾਰਟੀ ਵਿੱਚ ਰਲੇਵਾਂ ਕਰ ਦੇਣ। ਜਿਵੇਂ ਕਿ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲੇ ਨੇ ਆਪਣੀ ਪਾਰਟੀ ਨੂੰ ਬਿਨਾਂ ਸ਼ਰਤ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਦੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਵਿੱਚ ਰਲੇਵਾਂ ਕਰ ਦਿੱਤਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਹਾਜੀ ਬਿੱਟੂ ਚੌਹਾਨ ਮਾਲੇਰਕੋਟਲਾ ਨੇ ਕੀਤਾ।ਉਨ੍ਹਾਂ ਪੰਥ ਦਰਦੀਆਂ ਨੂੰ ਅਪੀਲ ਕੀਤੀ ਕਿ ਆਓ ਆਪਾਂ ਸਭ ਪੰਜਾਬ ਦੀਆਂ ਖੇਤਰੀ ਪਾਰਟੀਆਂ ਰਲ ਕੇ ਏਕਤਾ ਦੀ ਭਾਵਨਾ ਨਾਲ ਇੱਕ ਮੁੱਠ ਹੋ ਕੇ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਨੂੰ ਮੁੱਖ ਮੰਤਰੀ ਬਣਾ ਕੇ ਜੇਲ੍ਹ ਵਿੱਚੋਂ ਰਿਹਾਅ ਕਰਵਾਈਏ ਤੇ 2027 ਵਿੱਚ ਸਰਕਾਰੇ ਖਾਲਸਾ ਲੈ ਕੇ ਆਈਏ, ਤਾਂ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ, ਬੰਦੀ ਸਿੰਘਾਂ ਨੂੰ ਰਿਹਾਅ ਕਰਵਾਇਆ ਜਾ ਸਕੇ।

# ਦੇਵ ਸਮਾਜ ਕਾਲਜ ਨੂੰ 'ਚੇਂਜ ਮੇਕਰ ਐਵਾਰਡ-2026' ਨਾਲ ਨਿਵਾਜਿਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਨੇ ਰਾਸ਼ਟਰੀ ਪੱਧਰ 'ਤੇ ਇਕ ਹੋਰ ਉਪਲਬੱਧੀ ਹਾਸਲ ਕਰਦਿਆਂ ਪ੍ਰਤਿਸ਼ਠਿਤ ਚੇਂਜ ਮੇਕਰ ਐਵਾਰਡ-2026, ਜੋ ਕਿ ਸਮਰਥ ਸ਼ਰਮਾ ਸੀਈਓ, ਨੈਸ਼ਨਲ ਐਜੂ. ਟਰੱਸਟ ਆਫ਼ ਇੰਡੀਆ ਦੀ ਦੇਖ-ਰੇਖ ਵੱਲੋਂ ਕਰਵਾਏ ਇੰਸਟੀਚਿਊਸ਼ਨਲ ਕੈਟੇਗਰੀ ਅਧੀਨ ਭਾਰਤ ਦੇ ਟਾਪ 10 ਸੰਸਥਾਨਾਂ ਵਿੱਚ (ਪੰਜਾਬ ਰਾਜ ਵਿੱਚ ਨੰਬਰ 1 ਦਰਜਾ) ਆਪਣਾ ਸਥਾਨ ਬਣਾਇਆ ਹੈ। ਇਸ ਦੇ ਨਾਲ ਹੀ ਨੈਸ਼ਨਲ ਐਜੂ. ਟਰੱਸਟ ਆਫ਼ ਇੰਡੀਆ ਵੱਲੋਂ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੂੰ ਉੱਚ ਸਿੱਖਿਆ ਦੇ ਖੇਤਰ 'ਚ ਗੁਣਵੱਤਾ ਵਿੱਚ ਨਿਰੰਤਰ ਸੁਧਾਰ, ਸਮਰੱਥਾ ਵਿਕਾਸ ਤੇ ਰੂਪਾਂਤਰਕ ਬਦਲਾਅ ਲਈ ਅਟੱਲ ਯਤਨਾਂ ਸਦਕਾ ਪ੍ਰਸ਼ੰਸਾ ਪੱਤਰ ਭੇਟ ਕੀਤਾ ਗਿਆ। ਇਹ ਪ੍ਰਸ਼ੰਸਾ ਪੱਤਰ ਸਮਰਥ ਸ਼ਰਮਾ ਸੀਈਓ, ਨੈਸ਼ਨਲ ਐਜੂ. ਟਰੱਸਟ ਆਫ਼ ਇੰਡੀਆ ਦੀ ਦੇਖ-ਰੇਖ ਹੇਠ ਲਿੰਧਿਆ ਐੱਸਡੀਐੱਮ ਫਿਰੋਜ਼ਪੁਰ ਤੇ ਕਾਲਜ ਮੈਨੇਜਮੈਂਟ ਨਾਲ ਮਿਲ ਕੇ ਪ੍ਰਿੰਸੀਪਲ ਨੂੰ ਭੇਟ ਕੀਤਾ ਗਿਆ। ਇਹ ਸਨਮਾਨ ਕਾਲਜ ਵੱਲੋਂ ਪੇਸ਼ ਕੀਤੀ ਗਈ ਸ਼ਾਨਦਾਰ ਐਕਸ਼ਨ ਰਿਸਰਚ ਰਿਪੋਰਟ ਤੇ ਕਾਲਜ ਦੁਆਰਾ ਕੀਤੀਆਂ ਵੱਖ-ਵੱਖ ਪਹਿਲਕਦਮੀਆਂ ਰਾਹੀਂ ਕੀਤੇ ਗਏ ਪ੍ਰਭਾਵਸ਼ਾਲੀ, ਮਾਪਯੋਗ ਤੇ ਟਿਕਾਊ ਬਦਲਾਵਾਂ ਲਈ ਪ੍ਰਦਾਨ ਕੀਤਾ ਗਿਆ ਹੈ। ਇਹ ਮਾਣਯੋਗ ਪ੍ਰਾਪਤੀ ਸੰਸਥਾ ਦੇ ਚੇਅਰਪਰਸਨ ਡਾ. ਅਗਨੀਜ਼ ਢਿੱਲੋਂ, ਐਡਵੋਕੇਟ ਅਜੇ ਬੱਤਾ ਤੇ ਸਮੂਹ ਮੈਨੇਜਮੈਂਟ ਦੇ ਦੂਰਦਰਸ਼ੀ ਨੇਤ੍ਰਿਤਵ ਦਾ ਨਤੀਜਾ ਹੈ, ਜਿਨ੍ਹਾਂ ਦੀ ਰਹਿਨੁਮਾਈ ਹੇਠ ਕਾਲਜ ਨੇ ਨਵੀਨਤਾ, ਗੁਣਵੱਤਾ ਭਰੀ ਸਿੱਖਿਆ ਤੇ ਸਮਾਜਿਕ ਸੇਵਾ ਦੇ ਖੇਤਰ ਵਿੱਚ ਉੱਚ ਮਾਪਦੰਡ ਸਥਾਪਤ ਕੀਤੇ ਹਨ। ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਇਸ ਮਾਣਯੋਗ ਉਪੱਲਬਧੀ 'ਤੇ ਈਕੋ ਕਲੱਬ, ਸਵੱਛ ਭਾਰਤ ਸੈੱਲ, ਗ੍ਰੀਨ ਆਡਿਟ ਸੈੱਲ ਦੇ ਇੰਚਾਰਜ, ਮੈਂਬਰਾਨ ਤੇ ਕਾਲਜ ਦੇ ਸਮੂਹ ਸਟਾਫ਼ ਅਤੇ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਸ ਸਫ਼ਲਤਾ ਦਾ ਸਿਹਰਾ ਕਾਲਜ ਦੇ ਅਧਿਆਪਕ ਵਰਗ ਤੇ ਵਿਦਿਆਰਥਣਾਂ ਦੇ ਸਾਂਝੇ ਯਤਨਾਂ ਦਾ ਫ਼ਲ ਹੈ। ਸਾਡੇ ਲਈ ਇਹ ਐਵਾਰਡ ਗੁਣਵੱਤਾ-ਪੂਰਨ ਸਿੱਖਿਆ, ਨਵੀਨਤਮ ਪਾਠ-ਪੱਧਤੀਆਂ ਦੇ ਤਰੀਕਿਆਂ ਤੇ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਲਗਾਤਾਰ ਉਪਰਾਲਿਆਂ ਦਾ ਪ੍ਰਤੀਕ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਕਾਲਜ ਭਵਿੱਖ ਵਿੱਚ ਵੀ ਸਿੱਖਿਆ ਦੇ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਤ ਕਰਦਾ ਰਹੇਗਾ।

# ਸਕੂਲੀ ਬੱਚਿਆਂ ਨੂੰ ਸਟੇਸ਼ਨਰੀ ਵੰਡੀ



**ਹਠੂਰ (ਲਵਲੀ ਕੁਮਾਰ)**-ਪਿੰਡ ਬੁਰਜ ਕੁਲਾਰਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਸਮੂਹ ਬੱਚਿਆਂ ਨੂੰ ਪਿੰਡ ਦੇ ਐਨ.ਆਰ.ਆਈ ਬੀਰ ਸਿੰਘ ਕੈਨੇਡੀਅਨ ਵੱਲੋਂ ਸਟੇਸ਼ਨਰੀ ਵੰਡੀ ਗਈ।ਹੈੱਡ ਮਾਸਟਰ ਗੁਰਸੇਵ ਸਿੰਘ ਕੋਟ ਦੁੱਨਾ ਨੇ ਦੱਸਿਆ ਕਿ ਸਕੂਲ ਦੇ ਐਲ.ਕੇ.ਜੀ ਤੋਂ ਪੰਜਵੀਂ ਜਮਾਤ ਤੱਕ ਦੇ ਸਾਰੇ ਬੱਚਿਆਂ ਨੂੰ ਸਕੂਲੀ ਬੈਗ, ਕਾਪੀਆਂ, ਪੈਨ, ਪੈਨਸਲਾਂ ਤੇ ਜਮੈਂਟਰੀ ਬਾਕਸ ਇਸ ਦਾਨੀ ਪਰਿਵਾਰ ਵੱਲੋਂ ਹਰ ਸਾਲ ਦਿੱਤੇ ਜਾਦੇ ਹਨ।ਇਸ ਦੇ ਨਾਲ ਹੀ ਸਕੂਲ ਦੇ ਸਟਾਫ਼ ਨੂੰ ਵੀ ਗਿਫਟ ਰੂਪ ਵਿੱਚ ਵਧੀਆ ਪੈੱਨ ਦਿੱਤੇ ਗਏ।ਉਨ੍ਹਾਂ ਅੱਗੇ ਦੱਸਿਆ ਕਿ ਬੀਰ ਸਿੰਘ ਕੈਨੇਡੀਅਨ ਨੇ ਬੱਚਿਆਂ ਨੂੰ ਜ਼ਿੰਦਗੀ ਵਿੱਚ ਪੜ੍ਹਾਈ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਪੂਰੀ ਮਿਹਨਤ ਤੇ ਲਗਨ ਨਾਲ ਪੜ੍ਹਨ ਲਈ ਪ੍ਰੇਰਿਤ ਕੀਤਾ।ਵੱਖ-ਵੱਖ ਖੇਤਰਾ ਵਿੱਚੋਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਐਨ ਆਰ ਆਈ ਪਰਿਵਾਰ ਵੱਲੋ 1500 ਰੁਪਏ ਪ੍ਰਤੀ ਬੱਚੇ ਨੂੰ ਸਪੈਸਲ ਇਨਾਮ ਦਿੱਤਾ ਗਿਆ। ਸਕੂਲ ਦੇ ਸਟਾਫ ਅਤੇ ਬੱਚਿਆਂ ਨੂੰ ਸਮੋਸੇ ਵੀ ਵੰਡੇ ਗਏ।

# ਲੋਕ ਸੱਭਿਆਚਾਰਕ ਮੰਚ ਛਾਜਲੀ ਵੱਲੋਂ ਕੁਦਰਤੀ ਖੇਤੀ ਬਾਰੇ ਸੈਮੀਨਾਰ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਲੋਕ ਸੱਭਿਆਚਾਰਕ ਮੰਚ ਛਾਜਲੀ ਵੱਲੋਂ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ ਵਿੱਚ ਕੁਦਰਤੀ ਖੇਤੀ ਬਾਰੇ ਇੱਕ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਕੁਦਰਤੀ ਖੇਤੀ ਦੇ ਮਾਹਰ ਸੁਖਦੇਵ ਸਿੰਘ ਭੁਪਾਲ ਮੁੱਖ ਬੁਲਾਰੇ ਸਨ।ਉਨ੍ਹਾਂ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੁਦਰਤੀ ਖੇਤੀ ਕਰਨ ਲਈ ਕੁਦਰਤ ਤੁਹਾਡੇ ਕੋਲ ਕੁੱਝ ਨਹੀਂ ਮੰਗਦੀ, ਜੋ ਕੁਝ ਤੁਸੀਂ ਬੀਜਦੇ ਹੋ, ਉਸ ਨੂੰ ਉਸੇ ਤਰ੍ਹਾਂ ਹੀ ਵਧਣ ਫੁੱਲਣ ਦਿਓ, ਜੋ ਧਰਤੀ ਅਸੀਂ ਰੇਹਾਂ-ਸਪਰੇਅ ਨਾਲ ਜ਼ਹਿਰੀਲੀ ਕਰ ਦਿੱਤੀ ਹੈ, ਉਹ ਬੇਸ਼ੱਕ ਸਾਲ-ਦੋ ਸਾਲ ਪੂਰਾ ਝਾੜ ਨਾ ਦੇਵੇ, ਪਰ ਕੁਝ ਸਮੇਂ ਬਾਅਦ ਉਹ ਆਪਣੇ ਆਪ ਸਹੀ ਹੋ ਜਾਵੇਗੀ।ਉਨ੍ਹਾਂ ਕਿਸਾਨਾਂ ਨੂੰ ਹੋਰ ਕਿਹਾ ਕਿ ਤੁਸੀਂ ਸਬਜ਼ੀਆਂ ਦੇ ਮਾਮਲੇ ਵਿੱਚ ਵੀ ਇਹ ਝਾਕ ਨਾ ਰੱਖੋ ਕਿ ਗੁਆਂਢੀ ਬੀਜੇਗਾ ਤੇ ਉਸ ਦੇ ਖੇਤ ਵਿੱਚੋਂ ਤੋੜ ਲਵਾਂਗੇ ਸਗੋਂ ਤੁਸੀਂ ਦੋ-ਦੋ ਬੀਜ ਕੱਦੂ ਤੋਰੀਆਂ ਦੇ ਗੁਆਂਢੀ ਦੇ ਵੀ ਬੀਜ ਦੱਬ ਦਿਓ।ਉਨ੍ਹਾਂ ਕਿਸਾਨਾਂ ਨੂੰ ਕੁਦਰਤੀ ਖੇਤੀ ਤੇ ਆਰਗੈਨਿਕ ਖੇਤੀ ਦਾ ਅੰਤਰ ਦੱਸਦਿਆਂ ਕਿਹਾ ਕਿ ਆਰਗੈਨਿਕ ਖੇਤੀ ਵਿੱਚ ਉਸੇ ਜ਼ਮੀਨ ਵਾਹੀ ਜਾਂਦੀ ਹੈ ਰੇਹ ਸਪਰੇਅ ਵੀ ਕੀਤਾ ਜਾਂਦਾ ਹੈ, ਪਰ ਇਹ ਰੇਹ ਸਪਰੇਅ ਭਾਵੇਂ ਮਨੁੱਖੀ ਸਿਹਤ 'ਤੇ ਕੋਈ ਮਾੜਾ ਅਸਰ ਨਹੀਂ ਕਰਦੇ।ਕੁਦਰਤੀ ਖੇਤੀ ਵਿੱਚ ਧਰਤੀ ਨਾਲ ਕੋਈ ਛੇੜਛਾੜ ਨਹੀਂ ਕੀਤੀ ਜਾਂਦੀ, ਜਿਸ ਤਰ੍ਹਾਂ ਹੈ ਉਸੇ ਤਰ੍ਹਾਂ ਹੀ ਰਹਿਣ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਰਸਾਇਣਿਕ ਤੇ ਕੀਟਨਾਸ਼ਕਾਂ ਦੀ ਵਰਤੋਂ ਜਿੱਥੇ ਸਾਡੇ ਵਾਤਾਵਰਨ ਪ੍ਰਦੂਸ਼ਤ ਕਰਦੇ ਹਨ, ਉੱਥੇ ਮਨੁੱਖੀ ਸਿਹਤ ਨੂੰ ਵੀ ਨੁਕਸਾਨ ਪਹੁੰਚਾਉਂਦੇ ਹਨ।ਇਸ ਲਈ ਕੁਦਰਤੀ ਖੇਤੀ ਨਾਲ ਅਸੀਂ ਕੀਟਨਾਸ਼ਕ ਤੇ ਕੀੜੇਮਾਰ ਦਵਾਈਆਂ ਦੇ ਖ਼ਰਚੇ ਘਟਾ ਕੇ ਵੀ ਕੁਦਰਤੀ ਖੇਤੀ ਦੀ ਵਧੀਆ ਪੈਦਾਵਾਰ ਕਰ ਸਕਦੇ ਹਾਂ।ਅਖੀਰ ਵਿੱਚ ਉਨ੍ਹਾਂ ਕਿਸਾਨ ਦੇ ਸਵਾਲਾਂ ਦੇ ਬਹੁਤ ਸਰਲ ਤੇ ਸੌਖੇ ਢੰਗ ਨਾਲ ਜਵਾਬ ਦਿੱਤੇ।ਇਸ ਤੋਂ ਬਿਨਾਂ ਕਾਮਰੇਡ ਸੰਪੂਰਨ ਸਿੰਘ ਐਡਵੋਕੇਟ ਛਾਜਲੀ ਨੇ ਵੀ ਆਪਣੇ ਸਮੇਂ ਦੀ ਖੇਤੀਬਾੜੀ ਦੇ ਤਜਰਬੇ ਸਾਂਝੇ ਕੀਤੇ।ਅਮਰੀਕ ਸਿੰਘ ਤੇ ਬਲਜੀਤ ਸਿੰਘ ਦੇ ਕਵੀਸ਼ਰੀ ਜਥੇ ਨੇ ਕਵੀਸ਼ਰੀ ਪੇਸ਼ ਕੀਤੀ।ਅਮਰਜੀਤ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।ਸਟੇਜ ਦੀ ਜ਼ਿੰਮੇਵਾਰੀ ਜਸਵੀਰ ਲਾਡੀ ਪੱਤਰਕਾਰ ਨੇ ਬਾਖ਼ੂਬੀ ਨਾਲ ਨਿਭਾਈ।

# ਪ੍ਰੋਜੈਕਟ ਅੰਮ੍ਰਿਤ ਦੇ ਚੌਥੇ ਪੜਾਅ ਦੀ ਸੇਵਾ ਸ਼ੁਰੂ



**ਦੋਰਾਹਾ (ਹਰਮਿੰਦਰ ਸੇਠ)**-ਸੰਤ ਨਿਰੰਕਾਰੀ ਮਿਸ਼ਨ ਵੱਲੋਂ ਸਤਿਗੁਰੂ ਮਾਤਾ ਸਦੀਕਸ਼ਾ ਜੀ ਦੇ ਆਸ਼ੀਰਵਾਦ ਨਾਲ ਜਿੱਥੇ ਪ੍ਰੋਜੈਕਟ ਅੰਮ੍ਰਿਤ ਤਹਿਤ ਅਭਿਆਨ ਦੇ ਚੌਥੇ ਪੜਾਅ ਦੀ ਸ਼ੁਰੂਆਤ ਸਮੂਹ ਭਾਰਤ ਵਿੱਚ ਸ਼ਾਨਦਾਰ ਢੰਗ ਨਾਲ ਸ਼ੁਰੂ ਹੋਈ, ਉੱਥੇ ਸੰਤ ਨਿਰੰਕਾਰੀ ਮਿਸ਼ਨ ਦੀ ਬ੍ਰਾਂਚ ਦੋਰਾਹਾ ਦੇ ਮੁਖੀ ਭਾਈ ਸਾਹਿਬ ਗੁਰਮੇਲ ਸਿੰਘ ਤੇ ਸੰਚਾਲਕ ਹਰਮਿੰਦਰ ਸਿੰਘ ਸੇਠ ਤੇ ਸ਼ਿਕਸ਼ਕ ਭਾਈ ਜੀਤ ਸਿੰਘ ਦੀ ਸੁਚੱਜੀ ਅਗਵਾਈ ਹੇਠ ਪਿੰਡ ਪੁਲ ਗੁਰਥਲੀ ਵਿਖੇ ਸੇਵਾ ਦਾ ਸ਼ੁਭ ਆਰੰਭ ਕੀਤਾ ਗਿਆ। ਗੁਰਥਲੀ ਪੁਲ਼ 'ਤੇ ਫੈਲੀ ਗੰਦਗੀ ਨੂੰ ਦੋਰਾਹਾ ਬ੍ਰਾਂਚ ਦੇ ਸੇਵਾ ਦਲ ਨੇ ਜਿੱਥੇ ਸਫਾਈ ਕੀਤੀ, ਉਹਦੇ ਨਾਲ ਨਾਲ ਪਾਣੀ ਵਿੱਚ ਪਏ ਕੂੜੇ ਕਰਕਟ ਨੂੰ ਵੀ ਬਾਹਰ ਕੱਢਿਆ ਗਿਆ। ਜਿੱਥੇ ਸੇਵਾ ਦਲ ਨੇ ਆਪਣੀਆਂ ਸੇਵਾਵਾਂ ਨਿਭਾਈਆਂ, ਉੱਥੇ ਸਮੂਹ ਸਾਧ ਸੰਗਤ ਨੇ ਵੀ ਸੇਵਾ ਦਲ ਦੇ ਨਾਲ ਰਲ ਕੇ ਇਹ ਸੇਵਾਵਾਂ ਬਖ਼ੂਬੀ ਕੀਤੀਆਂ ਗਈਆਂ। ਸੰਤ ਨਿਰੰਕਾਰੀ ਮਿਸ਼ਨ ਹਰੇਕ ਸਾਲ ਸਤਿਗੁਰੂ ਬਾਬਾ ਹਰਦੇਵ ਸਿੰਘ ਜੀ ਮਹਾਰਾਜ ਜੀ ਦੇ ਜਨਮ ਦਿਨ ਤੇ ਇਹ ਸੇਵਾਵਾਂ ਪ੍ਰੋਜੈਕਟ ਅੰਮ੍ਰਿਤ ਦੇ ਤਹਿਤ ਇਹ ਸੇਵਾਵਾਂ ਕੀਤੀਆਂ ਜਾਂਦੀਆਂ ਹਨ ਤਾਂ ਜੁ ਵਾਤਾਵਰਣ ਸ਼ੁੱਧ ਰਹੇ। ਭਾਈ ਗੁਰਮੇਲ ਸਿੰਘ ਨੇ ਕਿਹਾ ਕਿ ਸੰਤ ਨਿਰੰਕਾਰੀ ਮਿਸ਼ਨ ਹਰੇਕ ਸਾਲ ਜੋ ਸੰਤ ਨਿਰੰਕਾਰੀ ਮੰਡਲ ਦੇ ਦੇਸ਼ ਆਉਂਦੇ ਹਨ, ਉਸ ਦੇ ਅਨੁਸਾਰ ਇਹ ਸੇਵਾਵਾਂ ਕਰਦੇ ਹਨ। ਇਸ ਸਮੇਂ ਇਨ੍ਹਾਂ ਤੋਂ ਇਲਾਵਾ ਪਰਮਜੀਤ ਸਿੰਘ ਚਣਕੋਈਆਂ, ਹਰਵਿੰਦਰ ਸਿੰਘ ਜਟਾਣਾ, ਘਣਸ਼ਾਮ ਜੀ ਜਟਾਣਾ, ਵਿਸ਼ਵਾਸ ਸਿੰਘ ਚਣਕੋਈਆਂ, ਸ਼ਰਨਜੀਤ ਸਿੰਘ ਚਣਕੋਈਆਂ ਤੇ ਭੈਣਾਂ ਦੀ ਇੰਚਾਰਜ ਗੁਰਮੀਤ ਕੌਰ, ਭੈਣ ਲਲਤਾ, ਭੈਣ ਜਜਵੀਰ ਕੌਰ, ਰਮਨਜੀਤ ਕੌਰ, ਅਮਨਜੀਤ ਕੌਰ, ਕਮਲਜੀਤ ਕੌਰ, ਰਾਜਵੰਤ ਸਿੰਘ ਆਦਿ ਸੇਵਾਦਾਰਾਂ ਨੇ ਆਪਣੀਆਂ ਸੇਵਾਵਾਂ ਨੂੰ ਬਾਖੂਬੀ ਨਿਭਾਇਆ।

# ਮੰਢੌਰ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਬੱਸ ਰਵਾਨਾ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਲਕਾ ਫਤਿਹਗੜ੍ਹ ਸਾਹਿਬ ਅਧੀਨ ਆਉਂਦੇ ਪਿੰਡ ਮੰਢੌਰ ਵਿਖੇ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਮੋਹਤਵਰ ਵਿਅਕਤੀਆਂ ਦੀ ਹਾਜ਼ਰੀ ਵਿੱਚ ਤੀਰਥ ਯਾਤਰਾ ਲਈ ਬੱਸ ਰਵਾਨਾ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਤੀਸ਼ ਲਟੌਰ (ਪੀਏ ਵਿਧਾਇਕ ਲਖਬੀਰ ਸਿੰਘ ਰਾਏ) ਨੇ ਦੱਸਿਆ ਕਿ ਪਿੰਡ ਮੰਢੌਰ ਵਿਖੇ ਤੀਰਥ ਯਾਤਰਾ ਸਕੀਮ ਤਹਿਤ 40 ਵਿਅਕਤੀਆਂ ਦਾ ਜਥਾ ਰਵਾਨਾ ਕੀਤਾ ਗਿਆ ਹੈ, ਜੋ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਵਾਲਮੀਕੀ ਤੀਰਥ ਅੰਮ੍ਰਿਤਸਰ ਤੇ ਵਾਹਗਾ ਬਾਰਡਰ ਵਿਖੇ ਯਾਤਰਾ ਕਰੇਗਾ।ਯਾਤਰਾ ਦੌਰਾਨ ਰਹਿਣ ਤੇ ਖਾਣ-ਪੀਣ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ।ਵਾਪਸੀ ਉਪਰੰਤ ਯਾਤਰਾ ਕਰਨ ਵਾਲਿਆਂ ਨੂੰ ਤੋਹਫੇ ਵੀ ਦਿੱਤੇ ਜਾਣਗੇ। ਪਿੰਡ ਦੇ ਸਰਪੰਚ ਗੁਰਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਤੇ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਦੇ ਧੰਨਵਾਦੀ ਹਨ, ਜਿਨਾਂ ਦੇ ਯਤਨਾਂ ਸਦਕਾ ਪਿੰਡ ਮੰਢੌਰ ਦੇ ਵਿਅਕਤੀਆਂ ਨੂੰ ਤੀਰਥ 'ਤੇ ਜਾਣ ਦਾ ਮੌਕਾ ਮਿਲਿਆ ਹੈ।ਇਸ ਮੌਕੇ ਹੋਰਨਾਂ ਤੋਂ ਰਾਜਦਵਿੰਦਰ ਸਿੰਘ ਲਾਡੀ, ਰਮੇਸ਼ ਕੁਮਾਰ ਸੋਨੂੰ, ਬੇਅੰਤ ਕੁਮਾਰ ਰੋਸ਼ਾ, ਅਜੀਤ ਸਿੰਘ ਤਿੰਬਰਪੁਰ, ਗੁਰਪ੍ਰੀਤ ਸਿੰਘ ਸਰਪੰਚ, ਬਾਬੂ ਸਿੰਘ, ਤਰਲੋਚਨ ਸਿੰਘ, ਮਾਨ ਸਿੰਘ ਪੰਚਾਇਤ ਅਫਸਰ, ਬਹਾਦਰ ਜਲਾਲ, ਸ਼ੁਭਮ ਰਘੂਵੰਸ਼ੀ, ਆਸ਼ੀਸ਼ ਕੁਮਾਰ, ਪੰਕਜ, ਸਿਮਰਨਜੋਤ ਕੌਰ, ਮਨਪ੍ਰੀਤ ਕੌਰ, ਜਸਪਾਲ ਕੌਰ, ਹਰਬੰਸ਼ ਕੌਰ, ਮਨਜੀਤ ਕੌਰ, ਰਾਗੁਵੀਰ ਸਿੰਘ, ਨਰਿੰਦਰ ਕੌਰ, ਰਮਨਦੀਪ ਸਿੰਘ ਆਦਿ ਹਾਜ਼ਰ ਸਨ।

# ਨੇਕੀ ਫਾਊਂਡੇਸ਼ਨ ਵੱਲੋਂ 120 ਵਿਅਕਤੀਆਂ ਨੂੰ ਦਿੱਤੀ ਜਾਵੇਗੀ ਸਹਾਇਤਾ



**ਬੁਢਲਾਡਾ (ਅਸ਼ੋਕ ਲਾਕੜਾ)**-ਨੇਕੀ ਫਾਊਂਡੇਸ਼ਨ ਵੱਲੋਂ ਮਨੁੱਖਤਾ ਦੀ ਸੇਵਾ ਦੇ ਮੰਤਵ ਨਾਲ ਸਥਾਨਕ ਡਾ. ਕ੍ਰਿਸ਼ਨ ਚੰਦ ਗਰਗ ਮੈਮੋਰੀਅਲ ਨੇਕੀ ਆਸ਼ਰਮ ਵਿਖੇ ਦਿਵਿਆਂਗ ਤੇ ਬਜ਼ੁਰਗ ਵਿਅਕਤੀਆਂ ਲਈ ਵਿਸ਼ੇਸ਼ ਰਜਿਸਟਰੇਸ਼ਨ ਤੇ ਅਸੈੱਸਮੈਂਟ ਕੈਂਪ ਲਾਇਆ ਗਿਆ।ਕੈਂਪ ਦੌਰਾਨ ਲਗਭਗ 120 ਲੋੜਵੰਦ ਵਿਅਕਤੀਆਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਸਹਾਇਤਾ ਉਪਕਰਨ ਪ੍ਰਦਾਨ ਕਰਨ ਲਈ ਰਜਿਸਟਰ ਕੀਤਾ ਗਿਆ।ਨੇਕੀ ਫਾਊਂਡੇਸ਼ਨ ਦੇ ਮੈਂਬਰਾਂ ਨੇ ਦੱਸਿਆ ਕਿ ਕੈਂਪ ਵਿੱਚ ਆਏ ਲੋੜਵੰਦਾਂ ਨੂੰ ਆਉਣ ਵਾਲੇ ਸਮੇਂ ਵਿੱਚ ਕੰਨਾਂ ਦੀਆਂ ਮਸ਼ੀਨਾਂ, ਵਹੀਲ ਚੇਅਰ, ਕਮੋਡ ਚੇਅਰ, ਬੈਸਾਖੀਆਂ, ਟਰਾਈਸਾਈਕਲ, ਬੈਟਰੀ ਵਾਲੇ ਟਰਾਈਸਾਈਕਲ, ਕੈਲੀਪਰ ਅਤੇ ਹੋਰ ਜ਼ਰੂਰੀ ਸਹਾਇਤਾ ਉਪਕਰਨ ਮੁਹੱਈਆ ਕਰਾਏ ਜਾਣਗੇ, ਜਿਸ ਨਾਲ ਉਨ੍ਹਾਂ ਦੀ ਰੋਜ਼ਾਨਾ ਜ਼ਿੰਦਗੀ ਹੋਰ ਆਸਾਨ ਬਣ ਸਕੇਗੀ।ਉਨ੍ਹਾਂ ਅੱਗੇ ਦੱਸਿਆ ਕਿ ਨੇਕੀ ਫਾਊਂਡੇਸ਼ਨ ਵੱਲੋਂ ਕੇਂਦਰ ਸਰਕਾਰ ਦੀਆਂ ਅਡਿਪ ਅਤੇ ਆਰ.ਵੀ.ਵਾਈ. ਯੋਜਨਾਵਾਂ ਦੇ ਸਹਿਯੋਗ ਨਾਲ ਹੁਣ ਤੱਕ ਕਰੋੜਾਂ ਰੁਪਏ ਦੇ ਸਹਾਇਤਾ ਉਪਕਰਨ ਲੋੜਵੰਦਾਂ ਤੱਕ ਪਹੁੰਚਾਏ ਜਾ ਚੁੱਕੇ ਹਨ ਅਤੇ ਸੰਸਥਾ ਭਵਿੱਖ ਵਿੱਚ ਵੀ ਇਹ ਸੇਵਾ ਕਾਰਜ ਲਗਾਤਾਰ ਜਾਰੀ ਰੱਖੇਗੀ।ਕੈਂਪ ਦੌਰਾਨ ਸੀ.ਐੱਸ.ਆਰ. ਅਧੀਨ ਵੀ 80 ਪ੍ਰਤੀਸ਼ਤ ਤੋਂ ਘੱਟ ਦਿਵਿਆਂਗ ਨੂੰ ਬੈਟਰੀ ਵਾਲੇ ਟਰਾਈਸਾਈਕਲ ਲਈ ਰਜਿਸਟਰਡ ਕੀਤਾ ਗਿਆ।

# ਪੰਜਾਬ ਪਬਲਿਕ ਸਕੂਲ ਨੇ ਮੋਟਰਸਾਈਕਲ ਰੈਲੀ ਦੀ ਕੀਤੀ ਮੇਜ਼ਬਾਨੀ



**ਨਾਭਾ (ਵਰਿੰਦਰ ਵਰਮਾ)**-ਆਰਮੀ ਕੋਰ ਆਫ਼ ਸਿਗਨਲਜ਼ ਦੇ 116ਵੇਂ ਸਥਾਪਨਾ ਦਿਵਸ ਦੀ ਯਾਦ ਵਿੱਚ ਇੱਕ ਮੋਟਰਸਾਈਕਲ ਰੈਲੀ ਸਾਬਕਾ ਸੈਨਿਕਾਂ ਤੇ ਯੁੱਧ ਨਾਇਕਾਂ ਦਾ ਸਨਮਾਨ ਕਰਨ ਤੇ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ ਅਤੇ ਕੁਰਬਾਨੀ ਨੂੰ ਯਾਦ ਕਰਨ ਲਈ ਪ੍ਰੇਰਿਤ ਕਰਨ ਲਈ ਚੱਲ ਰਹੀ ਹੈ।ਕਰਨਲ ਰਾਜੀਵ ਕੁਮਾਰ ਦੀ ਅਗਵਾਈ ਵਿੱਚ ਦਸ ਫੌਜ ਦੇ ਜਵਾਨਾਂ ਦੀ ਇੱਕ ਟੀਮ ਲਗਭਗ 2000 ਕਿਲੋਮੀਟਰ ਦੀ ਦੂਰੀ ਤੈਅ ਕਰ ਰਹੀ ਹੈ।ਇਹ ਰੈਲੀ 15 ਫਰਵਰੀ 2026 ਨੂੰ ਦਿੱਲੀ ਤੋਂ ਸ਼ੁਰੂ ਹੋਈ ਸੀ ਤੇ ਹਿਸਾਰ, ਮੰਡੀ ਡੱਬਵਾਲੀ, ਅਬੋਹਰ, ਅੰਮ੍ਰਿਤਸਰ, ਨਾਭਾ, ਚੰਡੀਗੜ੍ਹ ਤੇ ਦੇਹਰਾਦੂਨ ਵਿੱਚੋਂ ਲੰਘਦੀ ਹੋਈ ਮੇਰਠ ਵਿਖੇ ਸਮਾਪਤ ਹੋਵੇਗੀ।ਇਹ ਰੈਲੀ 21 ਫਰਵਰੀ 2026 ਨੂੰ ਪੰਜਾਬ ਪਬਲਿਕ ਸਕੂਲ ਨਾਭਾ ਪਹੁੰਚੀ।ਲੈਫਟੀਨੈਂਟ ਕਰਨਲ ਅਰਚਨਾ ਸਿੰਘ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਨੂੰ ਕੋਰ ਆਫ਼ ਸਿਗਨਲਜ਼ ਦੀ ਮਹੱਤਵਪੂਰਨ ਭੂਮਿਕਾ ਤੇ ਕਾਰਜਸ਼ੀਲਤਾ ਤੋਂ ਜਾਣੂ ਕਰਵਾਇਆ।ਉਨ੍ਹਾਂ ਭਾਰਤੀ ਫੌਜ ਦੀ ਤਾਕਤ ਤੇ ਪੇਸ਼ੇਵਰਤਾ 'ਤੇ ਚਾਨਣਾ ਪਾਇਆ ਤੇ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਲਈ ਫੌਜ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਤ ਕੀਤਾ।ਸਕੂਲ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਟੀਮ ਮੈਂਬਰਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਲਈ ਟੀਮ ਦਾ ਧੰਨਵਾਦ ਪ੍ਰਗਟ ਕੀਤਾ।

# ਸਫਾ 1 ਦੇ ਬਾਕੀ...

## 'ਕੇਰਲਾ ਸਟੋਰੀ-2' ਸੈਕੂਲਰ...

ਕਿ ਫਿਲਮ ਦੇ ਟੀਜ਼ਰ ਤੇ ਟਰੇਲਰ ਤੋਂ ਪਤਾ ਲੱਗਦਾ ਹੈ ਕਿ ਫਿਲਮ ਵਿੱਚ ਕਈ ਰਾਜਾਂ ਦੀਆਂ ਮਹਿਲਾਵਾਂ ਦਿਖਾਈਆਂ ਗਈਆਂ ਹਨ ਤੇ ਫਿਲਮ ਦਾ ਨਾਂਅ 'ਕੇਰਲਾ ਸਟੋਰੀ' ਰੱਖਿਆ ਗਿਆ ਹੈ। ਫਿਲਮ ਵਿੱਚ ਦਿਖਾਇਆ ਗਿਆ ਹੈ ਕਿ ਇਨ੍ਹਾਂ ਮਹਿਲਾਵਾਂ ਦੇ ਧਰਮ ਬਦਲਵਾ ਕੇ ਉਨ੍ਹਾਂ ਨੂੰ ਦਹਿਸ਼ਤਗਰਦ ਬਣਾਇਆ ਗਿਆ ਹੈ ਤੇ ਇਹ ਸਾਜ਼ਿਸ਼ ਕੇਰਲਾ ਸਿਰ ਮੜ੍ਹੀ ਗਈ ਹੈ। ਇਸ ਨਾਲ ਪੂਰੇ ਕੇਰਲਾ ਵਿੱਚ ਅਮਨ-ਕਾਨੂੰਨ ਦੀ ਸਥਿਤੀ ਪੈਦਾ ਹੋ ਸਕਦੀ ਹੈ ਤੇ ਫਿਰਕੂ ਖਿਚਾਅ ਪੈਦਾ ਹੋ ਸਕਦਾ ਹੈ। ਇਸੇ ਦੌਰਾਨ ਉੱਘੇ ਫਿਲਮਸਾਜ਼ ਅਨੁਰਾਗ ਕਸ਼ਯਪ ਨੇ ਫਿਲਮ 'ਦੀ ਕੇਰਲਾ ਸਟੋਰੀ 2 : ਗੋਜ਼ ਬਿਯੋਂਡ' ਨੂੰ ਲੋਕਾਂ ਨੂੰ ਵੰਡਣ ਤੇ ਨਫਰਤ ਫੈਲਾਉਣ ਵਾਲੀ ਕਰਾਰ ਦਿੱਤਾ ਹੈ। ਕਸ਼ਯਪ, ਜਿਹੜੇ ਹਾਲ ਹੀ ਵਿੱਚ ਇੱਕ ਸਨਮਾਨ ਸਮਾਰੋਹ ਵਿੱਚ ਹਿੱਸਾ ਲੈਣ ਕੇਰਲਾ ਦੇ ਸ਼ਹਿਰ ਕੋਚੀ ਗਏ ਸਨ, ਨੇ ਕਿਹਾ ਹੈ ਕਿ ਕਾਮਾਖਯਾ ਨਾਰਾਇਣ ਸਿੰਘ ਦੇ ਨਿਰਦੇਸ਼ਨ ਵਾਲੀ ਫਿਲਮ ਬਕਵਾਸ ਪ੍ਰਾਪੇਗੰਡਾ ਫਿਲਮ ਹੈ, ਜਿਹੜੀ ਲਾਲਚ-ਵਸ ਬਣਾਈ ਗਈ ਹੈ। ਉਨ੍ਹਾ ਕਿਹਾ, 'ਐਸੇ ਤੋ ਲੋਗ ਖਿਚੜੀ ਭੀ ਨਹੀਂ ਖਿਲਾਤੇ ਜੈਸਾ ਮੂਵੀ ਮੇਂ ਬੀਫ (ਗਊ ਦਾ ਮਾਸ) ਖਿਲਾ ਰਹੇ ਹੈਂ।'

ਉਲਕਾ ਗੁਪਤਾ, ਆਦਿਤੀ ਭਾਟੀਆ ਤੇ ਐਸ਼ਵਰਿਆ ਓਝਾ ਦੀ ਇਹ ਫਿਲਮ 2023 ਵਿੱਚ ਬਣਾਈ ਗਈ 'ਦੀ ਕੇਰਲਾ ਸਟੋਰੀ' ਦਾ ਅਗਲਾ ਹਿੱਸਾ ਹੈ। ਇਸ ਦਾ ਟਰੇਲਰ 17 ਫਰਵਰੀ ਨੂੰ ਜਾਰੀ ਕੀਤਾ ਗਿਆ ਸੀ। ਪਹਿਲੀ ਫਿਲਮ ਨੂੰ 71ਵੇਂ ਕੌਮੀ ਫਿਲਮ ਐਵਾਰਡ ਸਮਾਰੋਹ ਦੌਰਾਨ ਦੋ ਐਵਾਰਡ ਮਿਲੇ ਸਨ। ਇਸ ਫਿਲਮ ਵਿੱਚ ਸ਼ਾਲਿਨੀ (ਅਦਾ ਸ਼ਰਮਾ) ਨੇ ਕੇਰਲਾ ਦੀ ਹਿੰਦੂ ਮੁਟਿਆਰ ਦਾ ਰੋਲ ਨਿਭਾਇਆ ਸੀ, ਜਿਸ ਨੂੰ ਇਸਲਾਮ ਧਰਮ ਕਬੂਲ ਕਰਵਾ ਕੇ ਦਹਿਸ਼ਤਗਰਦ ਬਣਾ ਦਿੱਤਾ ਜਾਂਦਾ ਹੈ। ਉਹ ਇਸਲਾਮੀ ਅੱਤਵਾਦੀ ਆਸਿਫਾ (ਸੋਨੀਆ ਬਲਾਨੀ) ਦੀ ਸਹੇਲੀ ਬਣ ਜਾਂਦੀ ਹੈ ਤੇ ਸੀਰੀਆ ਪੁੱਜ ਕੇ ਆਤਮਘਾਤੀ ਬੰਬਰ ਬਣ ਜਾਂਦੀ ਹੈ। ਇਸ ਫਿਲਮ ਨੇ ਕੌਮਾਂਤਰੀ ਪੱਧਰ 'ਤੇ 300 ਕਰੋੜ ਰੁਪਏ ਕਮਾਏ ਸਨ। ਦੂਜੀ ਫਿਲਮ 27 ਫਰਵਰੀ ਨੂੰ ਰਿਲੀਜ਼ ਹੋ ਰਹੀ ਹੈ।

## ਸੈਣੀ ਦੇ ਪੰਜਾਬ ਦੌਰੇ ...

ਸ਼ਿਕੰਜਾ ਕੱਸ ਰਹੀ ਹੈ, ਨਸ਼ਾ ਤਸਕਰ ਸੂਬੇ ਵਿੱਚੋਂ ਭੱਜ ਕੇ ਹਰਿਆਣਾ ਨੂੰ ਆਪਣਾ ਨਵਾਂ ਅੱਡਾ ਬਣਾ ਰਹੇ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੀ ਫੈਸਲਾਕੁੰਨ ਕਾਰਵਾਈ ਨੇ ਪੰਜਾਬ ਵਿੱਚ ਨਸ਼ਾ ਨੈੱਟਵਰਕ 'ਤੇ ਪਕੜ ਮਜ਼ਬੂਤ ਕਰ ਲਈ ਹੈ, ਜਿਸ ਨਾਲ ਇਹ ਸਪੱਸ਼ਟ ਹੋ ਗਿਆ ਹੈ ਕਿ ਅਪਰਾਧਿਕ ਅਨਸਰ ਹੁਣ ਆਪਣਾ ਕੰਮਕਾਜ ਦੂਜੇ ਰਾਜਾਂ ਵਿੱਚ ਤਬਦੀਲ ਕਰ ਰਹੇ ਹਨ।ਚੀਮਾ ਨੇ ਕਿਹਾ ਕਿ ਭਾਜਪਾ ਸ਼ਾਸਤ ਗੁਜਰਾਤ ਵਿੱਚ 3000 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੀ ਗਈ ਸੀ। ਏਨੀ ਵੱਡੀ ਮਾਤਰਾ ਵਿੱਚ ਨਸ਼ਿਆਂ ਦੀ ਬਰਾਮਦਗੀ ਭਾਜਪਾ ਸ਼ਾਸਤ ਰਾਜਾਂ ਵਿੱਚ ਨਸ਼ਾ ਨੈੱਟਵਰਕ ਦੇ ਕੰਮਕਾਜ ਉੱਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ।

## ਰਣਜੀਤ ਲਹਿਰਾ ਨੂੰ ...

ਨਾਲ ਉਸਦੀ ਸਾਹਿਤਕ-ਸਿਆਸੀ ਘਾਲਣਾ ਨੂੰ ਉਭਾਰਿਆ।ਡਾ. ਧਰਮਵੀਰ ਗਾਂਧੀ ਨੇ ਸਰੀਰਦਾਨੀ ਰਣਜੀਤ ਲਹਿਰਾ ਨਾਲ ਬਿਤਾਏ ਜੱਥੇਬੰਦਕ ਤੇ ਨਿੱਜੀ ਪਲਾਂ ਨੂੰ ਯਾਦ ਕਰਦਿਆਂ ਇੱਕ ਨਿਮਰ ਤੇ ਚੇਤੰਨ ਦੋਸਤ ਦੇ ਚਲੇ ਜਾਣ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ।ਰਣਜੀਤ ਲਹਿਰਾ ਦੀ ਬੇਟੀ ਅਰਸ਼ਦੀਪ ਅਰਸ਼ੀ ਨੇ ਆਪਣੀਆਂ ਸੰਵੇਦਨਾਵਾਂ ਸਾਂਝੀਆਂ ਕਰਦਿਆਂ ਆਪਣੇ ਦੋਸਤ ਵਰਗੇ ਪਾਪਾ ਨੂੰ ਸਨੇਹ, ਸੁਚੱਜੀ ਪਰਵਰਿਸ਼ ਤੇ ਇੱਕ ਮਾਰਗ ਦਰਸ਼ਕ ਕਰਨ ਵਾਲੇ ਅਧਿਆਪਕ ਵਜੋਂ ਯਾਦ ਕੀਤਾ।ਰਣਜੀਤ ਲਹਿਰਾ ਦੀ ਜੀਵਨ ਸਾਥਨ ਰਾਜਪਾਲ ਕੌਰ ਨੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਉਹ ਇੱਕ ਅਰਥ ਭਰਪੂਰ ਜ਼ਿੰਦਗੀ ਜਿਊਂਦਿਆਂ ਆਪਣੀਆਂ ਯਾਦਾਂ ਦਾ ਸਰਮਾਇਆ ਸਾਡੇ ਕੋਲ ਛੱਡ ਕੇ ਵਿਦਾ ਹੋਏ ਹਨ।ਉਹ ਸਾਨੂੰ ਆਪਣੇ ਪਿੱਛੇ ਇੱਕ ਵੱਡਾ ਪਰਵਾਰ ਛੱਡ ਕੇ ਗਏ ਹਨ।ਉਨ੍ਹਾਂ ਕਿਹਾ ਆਖ਼ਰੀ ਸਾਹਾਂ ਤੱਕ ਉਨ੍ਹਾਂ ਦੀ ਕਲਮ ਚੱਲਦੀ ਰਹੀ।ਭਾਕਿਯੂ ਏਕਤਾ (ਡਕੌਂਦਾ) ਦੇ ਸੂਬਾ ਪ੍ਰਧਾਨ ਮਨਜੀਤ ਧਨੇਰ ਨੇ ਕਿਹਾ ਕਿ ਉਹ ਕਿਸਾਨ ਅੰਦੋਲਨ ਵੇਲੇ ਕਿਸਾਨ ਲਹਿਰ ਦੀ ਅਵਾਜ਼ ਬਣ ਕੇ ਰਾਖੀ ਕਰਦਾ ਰਿਹਾ।ਇਨ੍ਹਾਂ ਤੋਂ ਇਲਾਵਾ ਸਾਬਕਾ ਵਿਦਿਆਰਥੀ ਆਗੂ ਅਜਾਇਬ ਟਿਵਾਣਾ ਨੇ ਰਣਜੀਤ ਦੇ ਵਿਦਿਆਰਥੀ ਜੀਵਨ ਦੀ ਸੰਘਰਸ਼ਸ਼ੀਲ ਗਾਥਾ ਸੁਣਾਈ। ਭਾਕਿਯੂ ਏਕਤਾ (ਉਗਰਾਹਾਂ) ਦੇ ਜਨਕ ਭੂਟਾਲ ਅਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਪ੍ਰਧਾਨ ਡਾ. ਦਰਸ਼ਨਪਾਲ ਨੇ ਕਿਹਾ ਕਿਸਾਨ ਸੰਘਰਸ਼ ਦੀ ਲਾਮਬੰਦੀ ਅਤੇ ਏਕਤਾ ਦੇ ਮੁਦੱਈ ਰਣਜੀਤ ਨੂੰ ਸੱਚੀ ਸ਼ਰਧਾਂਜਲੀ ਉਸਦੇ ਅਕੀਦਿਆਂ ਨੂੰ ਹੋਰ ਅੱਗੇ ਵਧਾਉਣ 'ਚ ਹੋਵੇਗੀ।ਡਾ. ਅਰੀਤ ਨੇ ਕਮਿਊਨਿਸਟ ਲਹਿਰ ਦੀ ਏਕਤਾ ਉੱਤੇ ਜ਼ੋਰ ਦਿੰਦਿਆਂ ਕੌਮਾਂਤਰੀ ਪੱਧਰ ਤੇ ਸਾਮਰਾਜੀ ਲੁੱਟ-ਦਾਬੇ ਦੇ ਖਾਤਮੇ ਲਈ ਸੰਘਰਸ਼ ਕਰਨ ਉੱਤੇ ਜ਼ੋਰ ਦਿੱਤਾ।ਰਣਜੀਤ ਲਹਿਰਾ ਦੀ ਘਾਲਣਾ ਨੂੰ ਬਿਆਨ ਕਰਦੀਆਂ ਫਲੈਕਸਾਂ ਨਾਲ ਸਜੇ ਪੰਡਾਲ 'ਚ ਰਣਜੀਤ ਲਹਿਰਾ ਦੀਆਂ ਪੁਸਤਕਾਂ ਤੇ ਉਸ ਨੂੰ ਸਮਰਪਿਤ 'ਲਾਲ ਪਰਚਮ' ਦਾ ਵਿਸ਼ੇਸ਼ ਅੰਕ ਪ੍ਰਦਰਸ਼ਤ ਕੀਤਾ ਗਿਆ।ਮਤੇ ਪੇਸ਼ ਕਰਦਿਆਂ ਮਜ਼ਦੂਰ ਆਗੂ ਮੁਕੇਸ਼ ਮਲੌਦ ਨੂੰ ਜੇਲ੍ਹ ਤੋਂ ਰਿਹਾਅ ਕਰਨ ਦੀ ਮੰਗ ਕੀਤੀ ਗਈ ਅਤੇ ਬਠਿੰਡਾ 'ਚ ਕਿਸਾਨਾਂ 'ਤੇ ਪੁਲਸ ਜਬਰ ਦੀ ਨਿਖੇਧੀ ਕੀਤੀ ਗਈ।

# ਗਗਨਦੀਪ ਸਿੰਘ ਧੂਰੀ ਬਣੇ ਸਰਕਲ ਪ੍ਰਧਾਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਸੰਗਰੂਰ ਦਾ ਡੈਲੀਗੇਟ ਇਜਲਾਸ ਸੁਤੰਤਰ ਭਵਨ ਵਿਖੇ ਸੂਬੇ ਦੇ ਵਰਕਿੰਗ ਪ੍ਰਧਾਨ ਗੁਰਵਿੰਦਰ ਸਿੰਘ ਹਜਾਰਾ, ਸੂਬਾ ਸਕੱਤਰ ਸੁਰਿੰਦਰਪਾਲ ਲਾਹੋਰੀਆ ਤੇ ਗੁਰਧਿਆਨ ਸਿੰਘ ਸਕੱਤਰ ਪੰਜਾਬ ਦੀ ਨਿਗਰਾਨੀ ਹੇਠ ਸੰਪੰਨ ਹੋਇਆ।ਡੈਲੀਗੇਟ ਇਜਲਾਸ ਵਿੱਚ ਜਗਦੇਵ ਬਾਹੀਆ ਤੇ ਸੁਰਿੰਦਰ ਮੋਹਣ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਖਚਾਖਚ ਭਰੇ ਹਾਲ ਨੂੰ ਸਾਥੀ ਜੀਵਨ ਸਿੰਘ ਨੇ ਸੰਬੋਧਨ ਕੀਤਾ ਤੇ ਪੁਰਾਣੀ ਸਰਕਲ ਕਮੇਟੀ ਭੰਗ ਕਰਕੇ, ਨਵੀਂ ਕਮੇਟੀ ਦੀ ਚੋਣ ਕਰਨ ਦੇ ਅਧਿਕਾਰ ਸੂਬਾ ਕਮੇਟੀ ਦੇ ਹਵਾਲੇ ਕਰ ਦਿੱਤੇ। ਲਾਹੋਰੀਆ ਨੇ ਸੰਬੋਧਨ ਕਰਦਿਆ ਪਾਵਰਕਾਮ ਦੀ ਮੈਨੇਜਮੈਂਟ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਕਿਹਾ ਕਿ ਮੈਨੇਜਮੈਂਟ ਜਥੇਬੰਦੀ ਨਾਲ ਹਮੇਸ਼ਾ ਗੱਲਬਾਤ ਕਰਕੇ ਮੁੱਕਰਦੀ ਆ ਰਹੀ ਹੈ। ਉਨ੍ਹਾਂ ਵੱਲੋ ਨਵਾਂ ਪੈਨਲ ਹਾਊਸ ਅੱਗੇ ਪੇਸ਼ ਕੀਤਾ ਗਿਆ ਅਤੇ ਹਾਊਸ ਵੱਲੋਂ ਨਾਅਰਿਆਂ ਦੀ ਗੂੰਜ ਵਿੱਚ ਪੇਸ਼ ਕੀਤੇ ਗਏ। ਪੈਨਲ ਨੂੰ ਸਰਬਸੰਮਤੀ ਨਾਲ ਪਾਸ ਕਰ ਦਿਤਾ ਗਿਆ, ਜਿਸ ਵਿੱਚ ਸਰਕਲ ਦਾ ਸਰਪ੍ਰਸਤ ਜੀਵਨ ਸਿੰਘ, ਪ੍ਰਧਾਨ ਗਗਨਦੀਪ ਸਿੰਘ ਧੂਰੀ, ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ ਗਿੱਲ, ਮੀਤ ਪ੍ਰਧਾਨ ਮਿੱਠੂ ਸਿੰਘ ਸੰਗਰੂਰ, ਮੀਤ ਪ੍ਰਧਾਨ ਜਗਤਾਰ ਸਿੰਘ ਲਹਿਰਾ, ਸਕੱਤਰ ਕ੍ਰਿਸ਼ਨ ਕਾਂਤ ਸੁਨਾਮ, ਸਹਾਇਕ ਸਕੱਤਰ ਗੁਰਪ੍ਰੀਤ ਸਿੰਘ ਧੂਰੀ, ਕੈਸ਼ੀਅਰ ਰਾਜਿੰਦਰ ਕੁਮਾਰ ਸੁਨਾਮ, ਸਹਾਇਕ ਕੈਸ਼ੀਅਰ ਬੇਅੰਤ ਸਿੰਘ ਧੂਰੀ, ਐਡੀਟਰ ਕਸਮੀਰ ਸਿੰਘ ਦਿੜਬਾ, ਜਥੇਬੰਦਕ ਸਕੱਤਰ ਗੁਰਪ੍ਰੀਤ ਸਿੰਘ ਸੰਗਰੂਰ, ਅਜੈਬ ਗਿਰ ਲਹਿਰਾ, ਪ੍ਰੈੱਸ ਸਕੱਤਰ ਆਯੂਸ਼ ਦਿੜਬਾ, ਮੁੱਖ ਸਲਾਹਕਾਰ ਰਮੇਸ਼ ਦਿੜਬਾ ਨੂੰ ਚੁਣਿਆ ਗਿਆ ਅਤੇ ਸਰਬਸੰਮਤੀ ਨਾਲ ਇਹ ਵੀ ਫੈਸਲਾ ਕੀਤਾ ਗਿਆ ਕਿ ਸਾਥੀ ਕ੍ਰਿਸ਼ਨ ਕਾਂਤ ਸਟੇਟ ਅਹੁਦੇਦਾਰ ਲਈ ਚੁਣੇ ਜਾਣਗੇ।

# ਸਰਦਾਰਾ ਸਿੰਘ ਜੌਹਲ ਦੇ 98ਵੇਂ ਜਨਮ ਦਿਨ 'ਤੇ ਵਧਾਈ



**ਲੁਧਿਆਣਾ (ਪੱਤਰ ਪ੍ਰੇਰਕ)**-ਪੰਜਾਬੀ ਸਾਹਿਤ ਅਕਾਡਮੀ ਵੱਲੋਂ ਸਾਬਕਾ ਪ੍ਰਧਾਨ, ਕੇਂਦਰੀ ਯੂਨੀਵਰਸਿਟੀ ਬਠਿੰਡਾ ਦੇ ਸਾਬਕਾ ਚਾਂਸਲਰ, ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਸਾਬਕਾ ਵਾਈਸ ਚਾਂਸਲਰ, ਪ੍ਰਸਿੱਧ ਅਰਥ ਸ਼ਾਸਤਰੀ, ਵਿਦਵਾਨ ਤੇ ਪੰਜਾਬੀ ਚਿੰਤਕ ਡਾ. ਸਰਦਾਰਾ ਸਿੰਘ ਜੌਹਲ ਦੇ 98ਵੇਂ ਜਨਮ ਦਿਨ 'ਤੇ ਉਨ੍ਹਾਂ ਦੇ ਘਰ ਪਹੁੰਚ ਕੇ ਵਧਾਈ ਦਿੱਤੀ।ਵਧਾਈ ਦੇਣ ਵਾਲਿਆਂ ਵਿਚ ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਡਾ. ਹਰੀ ਸਿੰਘ ਜਾਚਕ ਸਕੱਤਰ ਸਾਹਿਤਕ ਸਰਗਰਮੀਆਂ, ਸੁਰਿੰਦਰ ਕੈਲੇ ਵਿੱਤ ਪ੍ਰਬੰਧਕ, ਗੁਰਪ੍ਰੀਤ ਸਿੰਘ ਤੂਰ, ਅਕਾਡਮੀ ਦੇ ਸਾਬਕਾ ਪ੍ਰਧਾਨ ਡਾ. ਗੁਰਭਜਨ ਸਿੰਘ ਗਿੱਲ, ਤੇਜ ਪ੍ਰਤਾਪ ਸੰਧੂ, ਸਹਿਜਪ੍ਰੀਤ ਸਿੰਘ ਮਾਂਗਟ ਤੇ ਜਨਮੇਜਾ ਸਿੰਘ ਜੌਹਲ ਸ਼ਾਮਲ ਸਨ।ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਕਿਹਾ ਕਿ ਡਾ. ਸ. ਸ. ਜੌਹਲ ਦੀ ਵਿਦਵਤਾ, ਦੂਰਦਰਸ਼ਤਾ ਤੇ ਸਮਾਜ ਪ੍ਰਤੀ ਨਿਸ਼ਠਾ ਨੇ ਪੰਜਾਬ ਨੂੰ ਨਵੀਂ ਦਿਸ਼ਾ ਦਿੱਤੀ ਹੈ।ਡਾ. ਜੌਹਲ ਆਪਣੀ ਸਿਆਣਪ ਤੇ ਅਨੁਭਵ ਨਾਲ ਅਗਲੀ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿਣ।

# ਅਕਾਲੀ ਦਲ ਦੀ 'ਪੰਜਾਬ ਬਚਾਓ' ਸਮਰਾਲਾ ਰੈਲੀ ਲਾਮਿਸਾਲ ਹੋਵੇਗੀ : ਢਿੱਲੋਂ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਭਰ ਵਿੱਚ ਕੀਤੀਆਂ ਜਾ ਰਹੀਆਂ 'ਪੰਜਾਬ ਬਚਾਓ ਸੁਖਬੀਰ ਲਿਆਓ' ਸਲੋਗਨ ਤਹਿਤ 40 ਰੈਲੀਆਂ ਦੀ ਲੜੀ ਵਿੱਚ ਸਮਰਾਲਾ ਵਿਖੇ ਪਹਿਲੀ ਮਾਰਚ ਨੂੰ ਹੋਣ ਵਾਲੀ ਰੈਲੀ ਦੀਆਂ ਤਿਆਰੀਆਂ ਸੰਬੰਧੀ ਪਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਤੇ ਹਲਕਾ ਇੰਚਾਰਜ ਨੇ ਇਸ ਹਲਕੇ ਦੇ ਸੀਨੀਅਰ ਅਕਾਲੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ ਕੀਤੀ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪਰਮਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਅੱਜ ਪੰਜਾਬ ਨੂੰ ਮੁੜ ਖੇਤਰੀ ਪਾਰਟੀ ਦੀ ਜ਼ਰੂਰਤ ਹੈ।ਇਸ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨੇ ਪਿਛਲੀਆਂ ਚੋਣਾਂ ਦੌਰਾਨ ਜੁਮਲੇਬਾਜ਼ਾਂ ਦੀ ਸਰਕਾਰ ਬਣਾ ਕੇ ਜੋ ਗਲਤੀ ਕੀਤੀ ਹੈ, ਉਸ ਲਈ ਅੱਜ ਪੰਜਾਬ ਦਾ ਹਰ ਵਰਗ ਪਛਤਾ ਰਿਹਾ ਹੈ।ਇਨ੍ਹਾਂ ਨੇ ਪੰਜਾਬ ਨਾਲ ਜੋ ਗੱਦਾਰੀ ਕੀਤੀ ਹੈ, ਉਸ ਲਈ ਕਦੇ ਵੀ ਮੁਆਫ ਨਹੀਂ ਕੀਤਾ ਜਾਵੇਗਾ।ਇਸ ਲਈ ਹੁਣ ਪੰਜਾਬ ਦੇ ਲੋਕ ਮੁੜ ਸ਼੍ਰੋਮਣੀ ਅਕਾਲੀ ਦਲ ਨੂੰ ਸੱਤਾ ਵਿੱਚ ਲਿਆਉਣ ਲਈ ਕਾਹਲੇ ਹਨ। ਮੀਟਿੰਗ ਵਿੱਚ ਸ਼ਾਮਲ ਆਗੂਆਂ ਤੇ ਵਰਕਰਾਂ ਨੇ ਪਰਮਜੀਤ ਸਿੰਘ ਢਿੱਲੋਂ ਨੂੰ ਵਿਸ਼ਵਾਸ ਦਿਵਾਇਆ ਕਿ ਸਮਰਾਲਾ ਰੈਲੀ ਇੱਕ ਇਤਿਹਾਸਕ ਰੈਲੀ ਸਾਬਿਤ ਹੋਵੇਗੀ।ਇਸ ਰੈਲੀ ਸਬੰਧੀ ਸਾਰੇ ਆਗੂ ਹਰੇਕ ਵਿਅਕਤੀ ਨਾਲ ਆਪਣਾ ਰਾਬਤਾ ਬਣਾ ਰਹੇ ਹਨ।ਮੀਟਿੰਗ ਦੇ ਅਖੀਰ ਵਿੱਚ ਪਰਮਜੀਤ ਸਿੰਘ ਢਿੱਲੋਂ ਨੇ ਆਸ ਪ੍ਰਗਟ ਕੀਤੀ ਕਿ ਪੰਜਾਬ ਦੇ ਲੋਕਾਂ ਦੀ ਅਵਾਜ਼ ਹੈ ਕਿ ਪੰਜਾਬ ਵਿੱਚ ਅਗਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਹੋਵੇਗੀ, ਜੋ ਪੰਜਾਬ ਨੂੰ ਮੁੜ ਬੁਲੰਦੀਆਂ ਵੱਲ ਲੈ ਕੇ ਜਾਵੇਗੀ।

# ਸਾਹਿਤਕਾਰਾਂ ਵੱਲੋਂ ਜ਼ਿਲ੍ਹਾ ਭਾਸ਼ਾ ਅਫਸਰ ਨੂੰ ਮੰਗ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**-ਕੌਮਾਂਤਰੀ ਮਾਂਤ ਭਾਸ਼ਾ ਦਿਵਸ ਦੇ ਅਵਸਰ 'ਤੇ ਪੰਜਾਬੀ ਸਾਹਿਤ ਸਭਾ ਸੰਗਰੂਰ ਦੀ ਅਗਵਾਈ ਹੇਠ ਲੇਖਕਾਂ, ਬੁੱਧੀਜੀਵੀਆਂ ਵੱਲੋਂ ਪੰਜਾਬੀਆਂ ਨੂੰ ਮਾਂ ਬੋਲੀ ਲਈ ਜਾਗਰੂਕ ਕਰਨ ਦੀ ਖਾਤਰ ਸੰਗਰੂਰ ਦੇ ਵੱਡੇ ਚੌਕ ਤੋਂ ਪ੍ਰਬੰਧਕੀ ਕੰਪਲੈਕਸ ਤੱਕ ਹੱਥਾਂ ਵਿੱਚ ਮਾਟੋ ਫੜ ਕੇ ਕੀਤੇ ਲੋਕ ਜਗਾਵਾ ਮਾਰਚ ਕੀਤਾ ਗਿਆ।ਸਾਹਿਤਕਾਰਾਂ ਨੇ ਲੋਕਾਂ ਨੂੰ ਮਾਂ ਬੋਲੀ ਪ੍ਰਤੀ ਚੇਤੰਨ ਕੀਤਾ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਭਾਸ਼ਾ ਅਫਸਰ ਸੰਗਰੂਰ ਸ਼੍ਰੀਮਤੀ ਰਾਬੀਆ ਨੂੰ ਮੰਗ ਪੱਤਰ ਦਿੱਤਾ।ਇਸ ਮੌਕੇ ਗੁਰਨਾਮ ਸਿੰਘ, ਡਾ. ਭਗਵੰਤ ਸਿੰਘ, ਜਗਦੀਪ ਸਿੰਘ ਐਡਵੋਕੇਟ ਪਵਨ ਕੁਮਾਰ ਹੋਸੀ, ਜੋਰਾ ਸਿੰਘ ਮੰਡੇਰ, ਪਵਨ ਹਰਚੰਦਪੁਰੀ, ਨਿਹਾਲ ਸਿੰਘ ਮਾਨ, ਜੰਗ ਸਿੰਘ ਫੱਟੜ, ਅਮਰਜੀਤ ਸਿੰਘ ਅਮਨ, ਤੇਜਾ ਸਿੰਘ, ਸੁਰਿੰਦਰ ਸ਼ਰਮਾ ਨਾਗਰਾ, ਸਰਬਜੀਤ ਸੰਗਰੂਰਵੀ, ਏ ਪੀ ਸਿੰਘ, ਗੁਲਜ਼ਾਰ ਸਿੰਘ ਸ਼ੌਕੀ, ਅਵਤਾਰ ਸਿੰਘ, ਸੰਦੀਪ ਸਿੰਘ, ਕੁਲਵੰਤ ਕਸਕ, ਸੁਰਿੰਦਰਪਾਲ ਸਿੰਘ ਸਿਦਕੀ, ਜੰਗ ਸਿੰਘ ਫੱਟੜ ਆਦਿ ਅਨੇਕਾਂ ਸਾਹਿਤਕਾਰਾਂ ਨੇ ਸੰਬੋਧਨ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਯੁਵਾ ਮੋਰਚਾ ਵੱਲੋਂ ਕਾਂਗਰਸ ਵਿਰੁੱਧ ਰੋਸ ਵਿਖਾਵਾ

**ਛੇਹਰਟਾ, (ਮਨੋਜ ਕੁਮਾਰ)** ਦਿੱਲੀ ਵਿਚ ਅੰਤਰਰਾਸ਼ਟਰੀ ਏ. ਆਈ. ਸੰਮੇਲਨ ਦੌਰਾਨ ਯੂਥ ਕਾਂਗਰਸ ਵੱਲੋਂ ਕੀਤੇ ਗਏ ਵਿਖਾਵੇ ਦੇ ਵਿਰੋਧ ਵਿਚ ਭਾਰਤੀ ਜਨਤਾ ਪਾਰਟੀ ਯੁਵਾ ਮੋਰਚਾ ਵੱਲੋਂ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਹ ਵਿਰੋਧ ਪ੍ਰਦਰਸ਼ਨ ਲਾਹੌਰੀ ਗੇਟ ਵਿਚ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਦੇ ਦਫ਼ਤਰ ਦੇ ਬਾਹਰ ਕੀਤਾ ਗਿਆ, ਜਿਸ ਵਿਚ ਵੱਡੀ ਗਿਣਤੀ ਵਿਚ ਅੰਮ੍ਰਿਤਸਰ ਭਾਜਪਾ ਦੇ ਵਰਕਰਾਂ ਨੇ ਵੀ ਹਿੱਸਾ ਲਿਆ। ਇਸ ਮੌਕੇ ਰਾਹੁਲ ਗਾਂਧੀ ਦਾ ਪੁਤਲਾ ਵੀ ਫੂਕਿਆ ਗਿਆ। ਇਸ ਮੌਕੇ ਭਾਜਪਾ ਆਗੂ ਸਰਬਜੀਤ ਸ਼ੈਂਟੀ ਨੇ ਕਿਹਾ ਕਿ ਦੇਸ਼ ਦਾ ਨੌਜਵਾਨ ਕਿਸੇ ਵੀ ਤਰ੍ਹਾਂ ਦੀ ਦੇਸ਼ ਵਿਰੋਧੀ ਰਾਜਨੀਤੀ ਨੂੰ ਬਰਦਾਸ਼ਤ ਨਹੀਂ ਕਰੇਗਾ। ਕੌਂਸਲਰ ਕੀਰਤੀ ਅਰੋੜਾ ਨੇ ਕਿਹਾ ਕਿ ਕਾਂਗਰਸ ਪਾਰਟੀ ਦਾ ਸਿਆਸੀ ਹਿੱਤਾਂ ਨੂੰ ਰਾਸ਼ਟਰੀ ਹਿੱਤਾਂ ਤੋਂ ਉੱਪਰ ਰੱਖਣ ਦਾ ਇਤਿਹਾਸ ਰਿਹਾ ਹੈ। ਇਸ ਮੌਕੇ ਭਾਜਪਾ ਯੁਵਾ ਮੋਰਚਾ ਦੇ ਜ਼ਿਲ੍ਹਾ ਉਪ ਪ੍ਰਧਾਨ ਸਿਆਂਸ਼ ਸੂਰੀ ਤੇ ਸਿਮਰਪ੍ਰੀਤ ਸਿੰਘ ਵਾਲੀਆ, ਤਰੁਣ ਚੁੱਘ ਦੇ ਦਫ਼ਤਰ ਸਕੱਤਰ ਰਾਜੇਸ਼ ਮਹਿਤਾ, ਸੂਬਾ ਕਾਰਜਕਾਰਨੀ ਦੇ ਮੈਂਬਰ ਮਾਨਵ ਤਨੇਜਾ, ਅਨੁਜ ਭੰਡਾਰੀ, ਪੱਛਮੀ ਵਿਧਾਨ ਸਭਾ ਹਲਕਾ ਦੇ ਇੰਚਾਰਜ ਕੁਮਾਰ ਅਮਿਤ, ਮਨਰਾਜ ਸਿੰਘ ਛੀਨਾ, ਸਾਬਕਾ ਕੌਂਸਲਰ ਲਵਿੰਦਰ ਬੰਟੀ, ਹੇਮੰਤ ਪਿੰਕੀ, ਸਾਬਕਾ ਮੰਡਲ ਪ੍ਰਧਾਨ ਸ਼ੰਕਰ ਲਾਲ, ਸੰਦੀਪ ਬਹਿਲ, ਸੁਨੀਲ ਸਹਿਗਲ, ਗੌਰਵ ਭਾਟੀਆ, ਵਰੁਣ ਅਰੋੜਾ, ਵਿਸ਼ਾਲ ਆਰੀਆ, ਹਰਸ਼ ਚੌਧਰੀ, ਤਰੁਣ ਅਰੋੜਾ, ਮਹਿਲਾ ਮੋਰਚਾ ਤੋਂ ਮਨਜੀਤ ਚੰਡੋਕ, ਬਲਕਾਰ ਸਿੰਘ ਸੋਹਲ, ਅੰਸ਼ੁਲ ਖੰਨਾ, ਅੰਕੁਸ਼ ਖੰਨਾ, ਅੰਕਿਤ ਖੰਨਾ, ਕਾਰਤਿਕ, ਯਤਿਨ ਮਹਿਰਾ, ਸੁਰਿੰਦਰ ਮਹਿਰਾ, ਵਰਿਆਮ ਸਿੰਘ ਬਿੱਟੂ, ਗੁਲਸ਼ਨ ਰਾਜ, ਅਸ਼ੋਕ ਉੱਪਲ ਆਦਿ ਹਾਜ਼ਰ ਸਨ।



# ਐੱਸ ਐੱਸ ਪੀ ਬਠਿੰਡਾ ਜੋਤੀ ਯਾਦਵ ਖਿਲਾਫ ਸਖਤ ਕਾਰਵਾਈ ਦੀ ਮੰਗ

**ਖਡੂਰ ਸਾਹਿਬ, ਤਰਨ ਤਾਰਨ (ਸਰਬਜੋਤ ਸਿੰਘ ਸੰਧਾ, ਪ੍ਰਿਤਪਾਲ ਸਿੰਘ)**- ਮਨਰੇਗਾ ਵਰਕਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਮੰਗਲ ਸਿੰਘ ਟਾਂਡਾ, ਨਰਿੰਦਰ ਸਿੰਘ ਰਟੌਲ ਵੱਲੋਂ ਬਠਿੰਡਾ ਦੇ ਪਿੰਡ ਜਿਉਂਦ (ਨੇੜੇ ਰਾਮਪੁਰਾ ਫੂਲ) ਵਿੱਚ ਪੁਲਸ ਕਾਰਵਾਈ ਦੌਰਾਨ ਹੋਏ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਆਗੂਆਂ ਨੇ ਨੇ ਕਿਹਾ ਕਿ ਸੋਸ਼ਲ ਮੀਡੀਆ ਤੇ ਵਾਇਰਲ ਹੋਈ ਵੀਡੀਓ ਨੇ ਪੁਲਸ ਦੇ ਅਣਮਨੁੱਖੀ ਚਿਹਰੇ ਨੂੰ ਨੰਗਾ ਕਰ ਦਿੱਤਾ ਹੈ, ਜਿਸ ਵਿੱਚ ਪੁਲਸ ਅਧਿਕਾਰੀ ਜੋਤੀ ਯਾਦਵ ਸਿੱਧੇ ਤੌਰ ਤੇ ਇੱਕ ਨੌਜਵਾਨ ਵੱਲ ਇਸ਼ਾਰਾ ਕਰਕੇ ਉਸ ਦੀ ਨਿਸ਼ਾਨਦੇਹੀ ਕਰਦੇ ਦਿਖਾਈ ਦੇ ਰਹੇ ਹਨ।ਵੀਡੀਓ ਵਿੱਚ ਸਾਫ਼ ਦਿਖ ਰਿਹਾ ਹੈ ਕਿ ਜੋਤੀ ਯਾਦਵ ਵੱਲੋਂ ਪੀਲੇ ਪਟਕੇ ਵਾਲੇ ਨੌਜਵਾਨ ਨੂੰ ਨਿਸ਼ਾਨਾ ਬਣਾਉਣ ਦੇ ਨਿਰਦੇਸ਼ ਦਿੱਤੇ ਗਏ, ਜਿਸ ਤੋਂ ਬਾਅਦ ਪੁਲਸ ਮੁਲਾਜ਼ਮਾਂ ਵੱਲੋਂ ਉਸ ਨੌਜਵਾਨ ਤੇ ਬੇਰਹਿਮੀ ਨਾਲ ਤਸ਼ੱਦਦ ਢਾਹਿਆ ਗਿਆ ਅਤੇ ਉਸ ਦੀ ਲੱਤ ਤੋੜ ਦਿੱਤੀ ਤੇ ਸਿਰ ਸੁੱਤੇ ਸੱਟਾਂ ਮਾਰੀਆਂ ਗਈਆਂ।ਇਹ ਘਟਨਾ ਨਾ ਸਿਰਫ਼ ਪੁਲਸ ਦੀ ਗੁੰਡਾਗਰਦੀ ਦਾ ਸਬੂਤ ਹੈ, ਸਗੋਂ ਮਨੁੱਖੀ ਅਧਿਕਾਰਾਂ ਦਾ ਸ਼ਰੇਆਮ ਕਤਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕਿਸੇ ਅਧਿਕਾਰੀ ਵੱਲੋਂ ਭੀੜ ਵਿੱਚੋਂ ਕਿਸੇ ਖਾਸ ਵਿਅਕਤੀ ਦੀ ਪਛਾਣ ਕਰਕੇ ਉਸ ਨੂੰ ਸਰੀਰਕ ਤੌਰ ਤੇ ਨਕਾਰਾ ਕਰਨ ਦੇ ਹੁਕਮ ਦੇਣਾ ਪੁਲਿਸ ਸਟੇਟ ਦੀ ਨਿਸ਼ਾਨੀ ਹੈ, ਨਾ ਕਿ ਕਾਨੂੰਨ ਦੇ ਰਾਜ ਦੀ।ਜੇਕਰ ਕਿਸੇ ਨੌਜਵਾਨ ਨੇ ਕੋਈ ਜੁਰਮ ਕੀਤਾ ਸੀ ਤਾਂ ਉਸ ਵਿਰੁੱਧ ਕਾਨੂੰਨੀ ਪ੍ਰਕਿਰਿਆ ਅਪਣਾਈ ਜਾਣੀ ਚਾਹੀਦੀ ਸੀ ਪਰ ਅਧਿਕਾਰੀ ਜੋਤੀ ਯਾਦਵ ਨੇ ਖੁਦ ਜੱਜ ਬਣ ਕੇ ਮੌਕੇ ਤੇ ਹੀ ਸਜ਼ਾ ਦੇਣ ਦਾ ਜੋ ਰਸਤਾ ਚੁਣਿਆ ਉਹ ਗੈਰ-ਸੰਵਿਧਾਨਕ ਹੈ।ਵਾਇਰਲ ਵੀਡੀਓ ਚੀਕ-ਚੀਕ ਕੇ ਪੁਲਸ ਦੀ ਵਧੀਕੀ ਦੀ ਗਵਾਹੀ ਭਰ ਰਹੀ ਹੈ, ਜਿਸ ਨੂੰ ਨਜ਼ਰਅੰਦਾਜ਼ ਕਰਨਾ ਲੋਕਤੰਤਰ ਲਈ ਘਾਤਕ ਹੋਵੇਗਾ।ਜੋਤੀ ਯਾਦਵ ਤੇ ਸਬੰਧਤ ਪੁਲਸ ਅਧਿਕਾਰੀ ਨੂੰ ਤੁਰੰਤ ਮੁਅੱਤਲ ਕੀਤਾ ਜਾਵੇ ਅਤੇ ਉਸ ਵਿਰੁੱਧ ਇਰਾਦਾ-ਏ-ਕਤਲ ਅਤੇ ਗੰਭੀਰ ਸੱਟਾਂ ਪਹੁੰਚਾਉਣ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿਸ ਨੌਜਵਾਨ ਦੀਆਂ ਲੱਤਾਂ ਤੋੜੀਆਂ ਗਈਆਂ ਹਨ ਉਸ ਦਾ ਮੁਫ਼ਤ ਇਲਾਜ ਅਤੇ ਸਰਕਾਰ ਵੱਲੋਂ ਯੋਗ ਮੁਆਵਜ਼ਾ ਦਿੱਤਾ ਜਾਵੇ ਅਤੇ ਪੰਜਾਬ ਸਰਕਾਰ ਇਸ ਘਟਨਾ ਦੀ ਹਾਈ ਕੋਰਟ ਦੇ ਮੌਜੂਦਾ ਜੱਜ ਤੋਂ ਜਾਂਚ ਕਰਵਾਏ ਤਾਂ ਜੋ ਪੁਲਸ ਦੀ ਜਵਾਬਦੇਹੀ ਤੈਅ ਹੋ ਸਕੇ।



# ਸੰਧੂ ਨੇ ਕੱਚੇ ਮਕਾਨਾਂ ਨੂੰ ਪੱਕੇ ਕਰਨ ਲਈ 6 ਕਰੋੜ 45 ਲੱਖ ਰੁਪਏ ਦੇ ਮਨਜ਼ੂਰੀ ਪੱਤਰ ਵੰਡੇ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਤਰਨ ਤਾਰਨ ਨਗਰ ਕੌਂਸਲ ਦਫ਼ਤਰ ਵਿਖੇ ਤਰਨ ਤਾਰਨ ਦੇ ਪੱਚੀ ਵਾਰਡਾਂ ਵਿਚ 258 ਕੱਚੇ ਮਕਾਨਾਂ ਨੂੰ ਪੱਕੇ ਕਰਨ ਲਈ ਹਲਕਾ ਵਿਧਾਇਕ ਤਰਨ ਤਾਰਨ ਹਰਮੀਤ ਸਿੰਘ ਸੰਧੂ ਵੱਲੋਂ 6 ਕਰੋੜ 45 ਲੱਖ ਰੁਪਏ ਦੇ ਮਨਜ਼ੂਰੀ ਪੱਤਰ ਵੰਡੇ ਗਏ।ਇਸ ਮੌਕੇ ਵਿਧਾਇਕ ਹਰਮੀਤ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਮਨੀ ਚੋਣ ਵੇਲੇ ਲੋਕਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਜਿਨ੍ਹਾਂ ਲੋਕਾਂ ਨੇ ਮਕਾਨਾਂ ਨੂੰ ਪੱਕੇ ਕਰਨ ਅਰਜ਼ੀਆਂ ਨਗਰ ਕੌਂਸਲ ਵਿਚ ਦਿੱਤੀਆਂ ਗਈਆਂ ਸਨ, ਉਨ੍ਹਾਂ ਨੂੰ ਚੋਣ ਜ਼ਾਬਤਾ ਖ਼ਤਮ ਹੁੰਦੇ ਹੀ ਪਹਿਲ ਦੇ ਆਧਾਰ ਤੇ ਮਨਜ਼ੂਰੀ ਪੱਤਰ ਵੰਡੇ ਜਾਣਗੇ।ਉਨ੍ਹਾਂ ਕਿਹਾ ਕਿ ਉਸ ਮੁਤਾਬਿਕ ਅੱਜ 258 ਕੱਚੇ ਮਕਾਨਾਂ ਨੂੰ ਪੱਕੇ ਕਰਨ ਲਈ 6 ਕਰੋੜ 45 ਲੱਖ ਰੁਪਏ ਦੇ ਮਨਜ਼ੂਰੀ ਪੱਤਰ ਵੰਡੇ ਗਏ ਹਨ।ਉਨ੍ਹਾਂ ਦੱਸਿਆ ਕਿ ਇਸ ਤਹਿਤ ਢਾਈ ਲੱਖ ਰੁਪਏ ਪ੍ਰਤੀ ਘਰ ਨੂੰ ਤਿੰਨ ਕਿਸ਼ਤਾਂ ਵਿੱਚ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਤਰਨ ਤਾਰਨ ਹਲਕੇ ਅੰਦਰ ਵੱਖ-ਵੱਖ ਵਿਕਾਸ ਕਾਰਜ ਪਹਿਲ ਦੇ ਅਧਾਰ 'ਤੇ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਜ਼ਿਮਨੀ ਚੋਣ ਵੇਲੇ ਲੋਕਾਂ ਨਾਲ ਜਿੰਨੇ ਵੀ ਵਾਅਦੇ ਕੀਤੇ ਗਏ ਸਨ, ਉਹ ਹੁਣ ਇਕ-ਇਕ ਕਰਕੇ ਪੂਰੇ ਕੀਤੇ ਜਾ ਰਹੇ ਹਨ।ਇਸ ਮੌਕੇ ਕਾਰਜ ਸਾਧਕ ਅਫ਼ਸਰ ਤਰਨ ਤਾਰਨ ਕੰਵਲਜੀਤ ਸਿੰਘ, ਸਾਬਕਾ ਨਗਰ ਕੌਂਸਲ ਪ੍ਰਧਾਨ ਭੁਪਿੰਦਰ ਸਿੰਘ ਖੇੜਾ, ਨਵਰੂਪ ਸਿੰਘ ਸੰਧਾਵਾਲੀਆ, ਸਰਬਜਿੰਦਰ ਸਿੰਘ ਭਾਰੋਵਾਲ, ਸਰਬਜੀਤ ਸਿੰਘ ਭੁੱਲਰ, ਯਾਦਵਿੰਦਰ ਸਿੰਘ ਯਾਦੂ, ਸਰਬਜੀਤ ਸਿੰਘ ਲਾਲੀ, ਸਵਿੰਦਰ ਮੱਲ੍ਹੀ, ਬਲਜਿੰਦਰ ਸਿੰਘ, ਅੰਜੂ ਵਰਮਾ, ਤਿਲਕ ਰਾਜ ਅਤੇ ਹੋਰ ਹਾਜ਼ਰ ਸਨ।



# ਜੀ. ਐੱਨ. ਐੱਮ. ਦੇ ਨਤੀਜਿਆਂ 'ਚ ਵਿਦਿਆਰਥਣਾਂ ਨੇ ਮਾਰੀਆਂ ਮੱਲਾਂ

**ਮਜੀਠਾ (ਸੋਇਮ ਆਨੰਦ)**- ਆਨੰਦ ਕਾਲਜ ਆਫ਼ ਨਰਸਿੰਗ, ਜੇਠੂਵਾਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ । ਜੀਐੱਨਐੱਮ ਦੂਜੇ ਭਾਗ ਦੀ ਵਿਦਿਆਰਥਣ ਜੈਸਮੀਨਪ੍ਰੀਤ ਕੌਰ ਨੇ ਪਹਿਲਾ (85%), ਕਿਰਨਪ੍ਰੀਤ ਕੌਰ ਅਤੇ ਸੁਦੀਕਸ਼ਾ ਰਾਣੀ ਨੇ ਦੂਸਰਾ (83%), ਕੋਮਲਪ੍ਰੀਤ ਕੌਰ ਨੇ ਤੀਸਰਾ (82%) ਅਤੇ ਦਲਜੀਤ ਕੌਰ (80%), ਰਵਨੀਤ ਕੌਰ (80%), ਹਰਮਨਪ੍ਰੀਤ ਕੌਰ (80%), ਸੁਖਪ੍ਰੀਤ ਕੌਰ (80%), ਨਵਨੀਤ ਕੌਰ (80%) ਨੇ ਚੌਥਾ ਸਥਾਨ ਹਾਸਲ ਕਰਕੇ ਆਪਣੇ ਕਾਲਜ ਅਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਯਾ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਨੇ ਸਾਂਝੇ ਤੌਰ ਤੇ ਉਕਤ ਪ੍ਰੀਖਿਆ ਵਿੱਚ ਸ਼ਾਨਦਾਰ ਸਥਾਨ ਹਾਸਲ ਕਰਨ 'ਤੇ ਵਿਦਿਆਰਥਣਾਂ ਨੂੰ ਵਧਾਈ ਦਿੱਤੀ।ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ ਨੇ ਵਿਦਿਆਰਥਣਾਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਉਨ੍ਹਾਂ ਨੂੰ ਭਵਿੱਖ ਵਿੱਚ ਸ਼ਾਨਦਾਰ ਉਪਲੱਬਧੀਆਂ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਆਨੰਦ ਗਰੁੱਪ ਆਫ ਕਾਲਜਿਜ਼ ਵਿੱਚ ਜਿੱਥੇ ਵਿਦਿਆਰਥਣਾਂ ਨੂੰ ਨਰਸਿੰਗ ਅਤੇ ਬੀ. ਐੱਡ. ਲਈ ਉਚੇਰੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ ਉਥੇ ਚੰਗੀ ਕਾਰਗੁਜ਼ਾਰੀ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਕਾਲਜ ਵੱਲੋਂ ਵੱਖ-ਵੱਖ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਚੇਅਰਮੈਨ ਡਾ. ਆਨੰਦ ਨੇ ਕਿਹਾ ਕਿ ਉਕਤ ਨਤੀਜੇ ਦਾ ਸਿਹਰਾ ਕਾਲਜ ਦੇ ਯੋਗ ਅਤੇ ਮਿਹਨਤੀ ਸਟਾਫ਼ ਨੂੰ ਜਾਂਦਾ ਹੈ, ਜਿਨ੍ਹਾਂ ਦੁਆਰਾ ਵਿਦਿਆਰਥਣਾਂ ਨੂੰ ਉਚੇਰੀ ਸਿੱਖਿਆ ਲਈ ਸਖਤ ਅਭਿਆਸ ਕਰਵਾਇਆ ਜਾਂਦਾ ਹੈ।ਇਸ ਮੌਕੇ ਮੈਡਮ ਪ੍ਰੋਫੈਸਰ ਮਨਵਿੰਦਰ ਕੌਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ ਕੌਰ, ਪ੍ਰਿਯੰਕਾ, ਸੀਮਾ, ਕੋਮਲ ਢਿੱਲੋਂ, ਪੁਨਰ, ਨਵਜੋਤ ਕੌਰ, ਰਮਨਦੀਪ ਕੌਰ, ਰਮਨ ਸੰਧੂ, ਹਰਮਨਜੋਤ ਕੌਰ, ਸਰਨਦੀਪ ਕੌਰ, ਮਨਪਰੀਤ ਕੌਰ, ਸਿਮਰਨ ਢਿੱਲੋਂ, ਸੁਖਸਰਨ, ਨਿਧੀ, ਰਿੰਪਨਦੀਪ ਕੌਰ, ਸ਼ਵੇਤਾ, ਅੰਜਲੀ, ਅਬਿਦਾਹ, ਸਮਰੀਨ, ਮਨਪ੍ਰੀਤ ਸਮੇਤ ਹੋਰ ਸਟਾਫ਼ ਅਤੇ ਵਿਦਿਆਰਥਣਾਂ ਵੀ ਸ਼ਾਮਲ ਸਨ।



# ਲੋਕ ਮਿਲਣੀ ਦੌਰਾਨ ਸ਼ੈਰੀ ਕਲਸੀ ਨੇ ਮੁਸ਼ਕਿਲਾਂ ਸੁਣ ਕੇ ਮੌਕੇ 'ਤੇ ਕੀਤੀਆਂ ਹੱਲ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨਗਰ ਨਿਗਮ ਬਟਾਲਾ ਦਫਤਰ ਪਹੁੰਚੇ ਅਤੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਵਿਧਾਨ ਸਭਾ ਹਲਕਾ ਬਟਾਲਾ ਦਾ ਚਹੁੰਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਉਹ ਖੁਦ ਲੋਕਾਂ ਨੂੰ ਮਿਲਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ ਅਤੇ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ।ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖਾਂ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਦੱਸਿਆ ਕਿ ਬਟਾਲਾ ਸਮੇਤ ਜ਼ਿਲ੍ਹੇ ਗੁਰਦਾਸਪੁਰ ਵਿੱਚ ਸਿਹਤ ਯੋਜਨਾ ਤਹਿਤ ਹੈਲਥ ਕਾਰਡ ਬਣਾਉਣ ਦਾ ਕੰਮ ਸ਼ੁਰੂ ਹੋ ਗਿਆ ਹੈ।ਉਨ੍ਹਾਂ ਦੱਸਿਆ ਕਿ ਸਿਹਤ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।



# ਸੀਵਾਈਡੀਏ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਮੁੜ ਵਸੇਬੇ 'ਚ ਪਾਇਆ ਭਰਪੂਰ ਯੋਗਦਾਨ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਸੈਂਟਰ ਫਾਰ ਯੂਥ ਡਿਵੈਲਪਮੈਂਟ ਐਂਡ ਐਕਟੀਵਿਟੀਜ਼ (ਸੀਵਾਈਡੀਏ) ਨੇ ਪੰਜਾਬ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਲੋਕਾਂ ਤੇ ਇਲਾਕੇ ਦੇ ਉਦਮੀਆਂ ਦੇ ਪੁਨਰਵਾਸ ਵਿੱਚ ਇਕ ਮਿਸਾਲੀ ਯੋਗਦਾਨ ਪਾਇਆ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਸੀਵਾਈਡੀਏ ਦੇ ਬੁਲਾਰੇ ਤੇ ਉਡਾਨ ਐੱਨਜੀਓ ਦੇ ਸੰਚਾਲਕ ਬਲਜੀਤ ਸਿੰਘ ਨੇ ਦੱਸਿਆ ਕਿ ਸੀਵਾਈਡੀਏ ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਰਾਮਦਾਸ ਵਿੱਚ ਇੱਕ ਉਦਮਤਾ ਵਿਕਾਸ ਪ੍ਰੋਗਰਾਮ ਸਫਲਤਾਪੂਰਵਕ ਚਲਾਇਆ।ਇਹ ਪਹਿਲ ਪੰਜਾਬ ਦੇ ਵਿਨਾਸ਼ਕਾਰੀ ਹੜ੍ਹਾਂ ਦੌਰਾਨ ਟੁੱਟ-ਭੱਜ ਦੀ ਮੁੜ ਸੁਰਜੀਤੀ 'ਤੇ ਕੇਂਦ੍ਰਿਤ ਸੀ।ਜਦੋਂ ਅੰਮ੍ਰਿਤਸਰ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਦੇ ਪਿੰਡਾਂ ਅਜਨਾਲਾ ਅਤੇ ਡੇਰਾ ਬਾਬਾ ਨਾਨਕ ਤਹਿਸੀਲਾਂ ਆਦਿ ਵਿੱਚ ਹੜ੍ਹ ਆਏ ਤਾਂ ਉਨ੍ਹਾਂ ਨੇ ਸਿਰਫ਼ ਘਰਾਂ ਨੂੰ ਹੀ ਨੁਕਸਾਨ ਨਹੀਂ ਪਹੁੰਚਾਇਆ; ਉਨ੍ਹਾਂ ਨੇ ਸਾਲਾਂ ਦੀ ਮਿਹਨਤ ਨਾਲ ਕਮਾਏ ਸੁਪਨਿਆਂ ਨੂੰ ਵੀ ਵਹਾ ਦਿੱਤਾ।ਛੋਟੇ ਦੁਕਾਨਦਾਰਾਂ, ਗਲੀ-ਮੁਹੱਲਿਆਂ ਦੇ ਵਿਕਰੇਤਾਵਾਂ ਅਤੇ ਸੂਖਮ-ਉਦਮੀਆਂ ਨੇ ਆਪਣੇ ਕਾਰੋਬਾਰ ਨੂੰ ਰਾਤੋ-ਰਾਤ ਢਹਿ-ਢੇਰੀ ਹੁੰਦੇ ਦੇਖਿਆ।ਬਹੁਤ ਸਾਰੇ ਲੋਕਾਂ ਨੇ ਚੁੱਪ-ਚਾਪ ਆਪਣੇ ਨੁਕਸਾਨ ਨੂੰ ਸਹਿਣ ਕੀਤਾ।ਸੀਵਾਈਡੀਏ ਨੇ ਉਨ੍ਹਾਂ ਲਈ ਅੱਗੇ ਵਧਣ ਵਿਚ ਮਦਦ ਕੀਤੀ ਅਤੇ ਸੰਕਟ ਦੌਰਾਨ ਐਮਰਜੈਂਸੀ ਰਾਹਤ ਪ੍ਰਦਾਨ ਕਰਨ ਤੋਂ ਲੈ ਕੇ ਹੁਣ ਪੁਨਰਵਾਸ ਯਤਨਾਂ ਦੀ ਅਗਵਾਈ ਕੀਤੀ ਤੇ ਪ੍ਰਭਾਵਿਤ ਪਰਿਵਾਰਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ ਤੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਸੁਰੱਖਿਅਤ ਅਤੇ ਸ਼ੁੱਧ ਪੀਣ ਵਾਲੇ ਪਾਣੀ ਦੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਸੂਰਜੀ-ਅਧਾਰਤ ਆਰ ਓ (ਜਲਮਿਨਾਰ ਸਿਸਟਮ) ਸਥਾਪਤ ਕੀਤਾ ਗਿਆ।ਇਸੇ ਤਰ੍ਹਾਂ ਇਹ ਪ੍ਰੋਗਰਾਮ ਵਿਚ ਉਦਮਤਾ, ਵਪਾਰਕ ਦਸਤਾਵੇਜ਼ੀਕਰਨ, ਵਿੱਤੀ ਅਤੇ ਡਿਜੀਟਲ ਸਾਖਰਤਾ, ਕਾਰੋਬਾਰੀ ਯੋਜਨਾਬੰਦੀ ਅਤੇ ਬੱਚਤ ਅਤੇ ਵਿਕਾਸ ਲਈ ਵਿਹਾਰਕ ਰਣਨੀਤੀਆਂ ਨੂੰ ਸ਼ਾਮਲ ਕੀਤਾ ਗਿਆ ਤੇ ਇਹ ਪਰਿਵਰਤਨ ਪ੍ਰੋਗਰਾਮ ਦੇ ਸਪਾਂਸਰ, ਏਐੱਸਕੇ ਫਾਊਂਡੇਸ਼ਨ ਦੇ ਦ੍ਰਿੜ ਸਮਰਥਨ ਨਾਲ ਸੰਭਵ ਹੋਇਆ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਲੋੜਵੰਦਾ ਲਈ ਪ੍ਰੋਗਰਾਮ ਜਾਰੀ ਹਨ।



# ਕੋਟ ਮੁਹੰਮਦ ਖਾਂ ਵਿਖੇ ਲੱਗਾ ਅੱਖਾਂ ਦਾ ਮੁਫਤ ਕੈਂਪ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਪ੍ਰੀਤਮ ਸਿੰਘ ਸੂਬੇਦਾਰ ਦੇ ਯਤਨਾਂ ਸਦਕਾ ਹਰ ਸਾਲ ਪਿੰਡ ਕੋਟ ਮੁਹੰਮਦ ਖਾਂ ਵਿਖੇ ਅੱਖਾਂ ਦਾ ਕੈਂਪ ਲਗਾਇਆ ਜਾਂਦਾ ਹੈ।ਇਸ ਵਾਰ ਵੀ ਅੱਖਾਂ ਦਾ ਕੈਂਪ ਜਲੰਧਰ ਦੇ ਮਾਹਰ ਡਾਕਟਰਾਂ ਦੀ ਟੀਮ ਡਾ. ਸੰਗਮਾ, ਡਾ. ਜੋਏ, ਡਾ. ਅੰਧਰਾ ਦੀ ਟੀਮ ਵੱਲੋਂ ਲਗਾਇਆ ਗਿਆ ਅਤੇ ਲਗਭਗ 200 ਦੇ ਕਰੀਬ ਮਰੀਜ਼ਾਂ ਦਾ ਚੈਕਅਪ ਕੀਤਾ ਗਿਆ।70 ਦੇ ਕਰੀਬ ਮਰੀਜ਼ਾਂ ਦਾ ਅਪ੍ਰੇਸ਼ਨ ਕਰਨ ਲਈ ਜਲੰਧਰ ਭੇਜਿਆ ਗਿਆ।ਪ੍ਰੋ. ਹਰਪ੍ਰੀਤ ਸਿੰਘ ਕੋਟ ਮੁਹੰਮਦ ਖਾਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਹਰ ਸਾਲ ਇਲਾਕੇ ਦੇ ਲਗਭਗ 20/25 ਪਿੰਡਾਂ ਦੇ ਮਰੀਜ਼ ਲਾਹਾ ਲੈਂਦੇ ਹਨ।ਇਹੋ ਜਿਹੇ ਉਪਰਾਲੇ ਹੋਰ ਹੋਣੇ ਚਾਹੀਦੇ ਹਨ।ਸ. ਪ੍ਰੀਤਮ ਸਿੰਘ ਵੱਲੋਂ ਹਰ ਸਾਲ ਇਹ ਉਪਰਾਲਾ ਕੀਤਾ ਜਾਂਦਾ ਹੈ, ਸਾਰੀ ਸੰਗਤ ਦੇ ਲੰਗਰ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ, ਸੰਗਤਾਂ ਦੀਆਂ ਜ਼ਰੂਰਤਾਂ ਨੂੰ ਪੂਰਿਆਂ ਕੀਤਾ ਜਾਂਦਾ ਹੈ।ਹਰੇਕ ਮਰੀਜ਼ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਂਦੀ।ਖੂਨਦਾਨ ਸੇਵਾ ਸੁਸਾਇਟੀ ਦੇ ਪੰਜਾਬ ਪ੍ਰਧਾਨ ਮੇਜਰ ਸਿੰਘ ਅਤੇ ਵਾਈਸ ਪ੍ਰਧਾਨ ਸੇਵਕ ਸਿੰਘ ਦੀ ਟੀਮ ਵੱਲੋਂ ਸਾਰੀ ਸੇਵਾ ਦਾ ਪ੍ਰਬੰਧ ਸੰਭਾਲਿਆ ਗਿਆ।ਹਰੇਕ ਪਿੰਡ ਦੇ ਮਰੀਜ਼ਾਂ ਨੂੰ ਮੌਕੇ 'ਤੇ ਹੀ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ ਸੂਬੇਦਾਰ ਬਲਵਿੰਦਰ ਸਿੰਘ, ਗੁਰਵਿੰਦਰ ਸਿੰਘ ਚੀਮਾ, ਦਿਲਬਾਗ ਸਿੰਘ ਮੈਂਬਰ ਪੰਚਾਇਤ, ਗੁਰਮੁੱਖ ਸਿੰਘ, ਮੇਜਰ ਸਿੰਘ ਅਤੇ ਸੇਵਕ ਸਿੰਘ ਆਦਿ ਹਾਜ਼ਰ ਸਨ।

# ਆਰੋਗਿਆ ਪ੍ਰੋਜੈਕਟ ਅਧੀਨ ਲਾਇਆ ਆਯੁਰਵੈਦਿਕ ਸਿਹਤ ਤੇ ਸਲਾਹ-ਮਸ਼ਵਰਾ ਕੈਂਪ

**● ਰੋਗ-ਮੁਕਤ ਜੀਵਨ ਜਿਊਣ ਦੀ ਕਲਾ ਦਾ ਨਾਂਅ ਹੈ ਆਯੁਰਵੈਦਿਕ ਇਲਾਜ ਪੱਧਤੀ : ਸਾਧਵੀ ਪਰਮਜੀਤ ਭਾਰਤੀ**

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਦਿਵਯ ਜਯੋਤੀ ਜਾਗਰਤੀ ਸੰਸਥਾਨ ਦੇ ਆਰੋਗਿਆ ਪ੍ਰੋਜੈਕਟ ਅਧੀਨ, ਤਰਨ ਤਾਰਨ ਆਸ਼ਰਮ ਵਿਖੇ ਆਯੁਰਵੈਦਿਕ ਸਿਹਤ ਅਤੇ ਸਲਾਹ ਕੈਂਪ ਦਾ ਆਯੋਜਨ ਸਫਲ ਢੰਗ ਨਾਲ ਕੀਤਾ ਗਿਆ ਜਿਸਦਾ ਉਦੇਸ਼ ਆਯੁਰਵੇਦ ਨੂੰ ਉਤਸ਼ਾਹਿਤ ਕਰਨਾ ਅਤੇ ਜਨਤਕ ਸਿਹਤ ਜਾਗਰੂਕਤਾ ਨੂੰ ਮਜ਼ਬੂਤ ਕਰਨਾ ਸੀ।ਕੈਂਪ ਦਾ ਉਦਘਾਟਨ ਸੁਆਮੀ ਗੁਰੂਸ਼ਰਨਾਨੰਦ, ਸੁਆਮੀ ਪ੍ਰਭੂ ਰਮਨਾਨੰਦ, ਪੰਡਿਤ ਅਮਰਜੀਤ ਸ਼ਰਮਾ ਦੁਆਰਾ ਕੀਤਾ ਗਿਆ।ਕੈਂਪ ਵਿੱਚ 378 ਤੋਂ ਵੱਧ ਲੋਕਾਂ ਨੇ ਸਿਹਤ ਜਾਂਚ ਅਤੇ ਮਾਹਿਰ ਆਯੁਰਵੈਦਿਕ ਸਲਾਹ-ਮਸ਼ਵਰੇ ਤੋਂ ਲਾਭ ਉਠਾਇਆ।ਆਯੁਰਵੇਦ ਸਿਰਫ਼ ਇੱਕ ਡਾਕਟਰੀ ਪ੍ਰਣਾਲੀ ਨਹੀਂ ਹੈ ਜੋ ਬਿਮਾਰੀ ਦੀ ਰੋਕਥਾਮ ਤੱਕ ਸੀਮਤ ਹੈ, ਬਲਕਿ ਇੱਕ ਸੰਪੂਰਨ ਸਿਹਤ ਵਿਗਿਆਨ ਹੈ।ਇਹ ਵਿਅਕਤੀ ਦੇ ਸੁਭਾਅ (ਵਤ, ਪਿੱਤ ਅਤੇ ਕਫ) ਦੇ ਅਨੁਸਾਰ ਇਲਾਜ ਪ੍ਰਦਾਨ ਕਰਕੇ ਸਰੀਰ, ਮਨ ਅਤੇ ਆਤਮਾ ਵਿੱਚ ਸੰਤੁਲਨ ਸਥਾਪਿਤ ਕਰਨ 'ਤੇ ਜ਼ੋਰ ਦਿੰਦਾ ਹੈ।ਕੁਦਰਤੀ ਦਵਾਈਆਂ, ਸੰਤੁਲਿਤ ਖੁਰਾਕ ਅਤੇ ਜੀਵਨ ਸ਼ੈਲੀ ਅਤੇ ਇੱਕ ਅਨੁਸ਼ਾਸਿਤ ਰੁਟੀਨ ਦੁਆਰਾ ਲੰਬੇ ਸਮੇਂ ਦੀ ਸਿਹਤ ਸੰਭਾਲ ਆਯੁਰਵੇਦ ਦੀ ਵਿਸ਼ੇਸ਼ਤਾ ਹੈ।ਇਹ ਕੈਂਪ ਤਜਰਬੇਕਾਰ ਵੈਦ ਪਰਮਿੰਦਰ ਮੋਦਗਿਲ, ਵੈਦ ਗੀਤਾ ਮੋਦਗਿਲ, ਡਾ. ਜੈ ਪ੍ਰਕਾਸ਼ ਅਤੇ ਵੈਦ ਹਰਪ੍ਰੀਤ ਸਿੰਘ ਦੇ ਮਾਰਗ ਦਰਸ਼ਨ ਹੇਠ ਕਰਵਾਇਆ ਗਿਆ।ਸ਼ਿਆਟਿਕਾ, ਜੋੜਾਂ ਦੇ ਦਰਦ, ਪਾਚਨ ਵਿਕਾਰ, ਚਮੜੀ ਦੇ ਰੋਗ, ਸਾਹ ਦੀਆਂ ਸਮੱਸਿਆਵਾਂ, ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਤਣਾਅ ਅਤੇ ਹੋਰ ਜੀਵਨ ਸ਼ੈਲੀ ਵਿਕਾਰਾਂ 'ਤੇ ਕੇਂਦ੍ਰਿਤ ਵਿਸ਼ੇਸ਼ ਸਲਾਹ-ਮਸ਼ਵਰੇ ਕੀਤੇ ਗਏ।ਡਾਕਟਰਾਂ ਨੇ ਯੋਗਾ, ਪ੍ਰਾਣਾਯਾਮ, ਨਿਯਮਤ ਕਸਰਤ, ਸੰਤੁਲਿਤ ਖੁਰਾਕ ਅਤੇ ਕੁਦਰਤੀ ਇਲਾਜ ਦੇ ਤਰੀਕਿਆਂ ਦੀ ਮਹੱਤਤਾ ਬਾਰੇ ਵੀ ਵਿਸਥਾਰ ਨਾਲ ਦੱਸਿਆ। ਆਯੁਰਵੇਦ ਦੇ ਸਾਰ ਨੂੰ ਸਮਝਾਉਂਦੇ ਹੋਏ ਸਾਧਵੀ ਪਰਮਜੀਤ ਭਾਰਤੀ ਨੇ ਕਿਹਾ ਕਿ ਆਯੁਰਵੇਦ ਜੀਵਨ ਦਾ ਵਿਗਿਆਨ ਹੈ।ਦੂਜੇ ਸ਼ਬਦਾਂ ਵਿੱਚ ਕਹੀਏ ਤਾਂ ਇਹ ਇੱਕ ਪ੍ਰਾਚੀਨ ਗ੍ਰੰਥ ਹੈ ਜੋ ਰੋਗ-ਮੁਕਤ ਜੀਵਨ ਜਿਊਣ ਦੀ ਕਲਾ ਨਾਲ ਭਰਪੂਰ ਹੈ।ਆਯੁਰਵੇਦ ਦੇ ਅਨੁਸਾਰ, ਗਲਤ ਖਾਣ-ਪੀਣ ਦੀਆਂ ਆਦਤਾਂ ਅਤੇ ਜੀਵਨ ਸ਼ੈਲੀ ਸਰੀਰਕ, ਮਾਨਸਿਕ ਅਤੇ ਅਧਿਆਤਮਿਕ ਬਿਮਾਰੀਆਂ ਦਾ ਕਾਰਨ ਬਣਦੀਆਂ ਹਨ।ਸਮਾਪਤੀ ਸਮਾਰੋਹ ਵਿੱਚ, ਸਵਾਮੀ ਰਣਜੀਤਾਨੰਦ ਜੀ ਨੇ ਕਿਹਾ ਕਿ ਅਰੋਗਿਆ ਪ੍ਰੋਜੈਕਟ ਦਾ ਉਦੇਸ਼ ਕੁਦਰਤੀ ਦਵਾਈ, ਆਯੁਰਵੈਦਿਕ ਇਲਾਜਾਂ ਅਤੇ ਇੱਕ ਸਿਹਤਮੰਦ ਜੀਵਨ ਸ਼ੈਲੀ ਬਾਰੇ ਭਾਈਚਾਰੇ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ ਤਾਂ ਜੋ ਹਰ ਵਿਅਕਤੀ ਸਵੈ-ਨਿਰਭਰਤਾ ਅਤੇ ਇੱਕ ਸਿਹਤਮੰਦ ਜੀਵਨ ਸ਼ੈਲੀ ਵੱਲ ਵਧ ਸਕੇ।ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਭਵਿੱਖ ਵਿੱਚ ਵੀ ਅਜਿਹੇ ਕੈਂਪ ਨਿਯਮਿਤ ਤੌਰ 'ਤੇ ਆਯੋਜਿਤ ਕੀਤੇ ਜਾਂਦੇ ਰਹਿਣਗੇ।



# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿਖੇ ਕੈਂਪ ਅੱਜ

**ਬਟਾਲਾ (ਡਾ. ਮਲਵਿੰਦਰ ਸਿੰਘ)**- ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵੱਲੋਂ 25 ਫਰਵਰੀ ਨੂੰ ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ।ਇਹ ਕੈਂਪ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਡੀ. ਸੀ. ਦਫਤਰ ਕੰਪਲੈਕਸ ਗੁਰਦਾਸਪੁਰ ਦੇ ਕਮਰਾ ਨੰ: 217 ਬਲਾਕ-ਬੀ ਵਿੱਚ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ ਦੇ 2:00 ਵਜੇ ਤੱਕ ਲੱਗੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਸ਼ੋਤਮ ਸਿੰਘ, ਜ਼ਿਲ੍ਹਾ ਰੋਜ਼ਗਾਰ ਅਫਸਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਸੋਨਾਲੀਕਾ ਇੰਟਰਨੈਸ਼ਨਲ ਟਰੈਕਟਰਜ਼ ਲਿਮਿਟਡ ਵੱਲੋਂ ਹੈਲਪਰ, ਟੈਕਨੀਸ਼ੀਅਨ, ਵੈਲਡਰ, ਡੀਜ਼ਲ ਮਕੈਨਿਕ, ਮੋਟਰ ਮਕੈਨਿਕ, ਫਿੱਟਰ, ਟਰਨਰ, ਜੈਸਪਰ ਮਕੈਨਿਕ ਅਤੇ ਬਾਕੀ ਮਕੈਨੀਕਲ ਟਰੇਡਰਜ਼ ਆਦਿ ਦੀਆਂ ਅਸਾਮੀਆਂ ਲਈ ਲੜਕਿਆਂ ਦੀ ਭਰਤੀ ਕੀਤੀ ਜਾਵੇਗੀ, ਜਿਸ ਲਈ ਵਿਦਿਅਕ ਯੋਗਤਾ ਬਾਰ੍ਹਵੀਂ ਅਤੇ ਆਈਟੀਆਈ ਹੋਵੇਗੀ।ਉਨ੍ਹਾਂ ਦੱਸਿਆ ਕਿ ਦੂਨ ਇੰਟਰਨੈਸ਼ਨਲ ਸਕੂਲ ਗੁਰਦਾਸਪੁਰ, ਕੈਂਬਰਿਜ ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਅਤੇ ਸ੍ਰੀ ਗੁਰੂ ਹਰਕ੍ਰਿਸ਼ਨ ਇੰਟਰਨੈਸ਼ਨਲ ਸਕੂਲ ਗੁਰਦਾਸਪੁਰ, ਵੱਲੋਂ ਵੱਖ-ਵੱਖ ਪੀਜੀਟੀ, ਪੀਆਰਟੀ, ਟੀਜੀਟੀ, ਐੱਨਟੀਟੀ, ਈਟੀਟੀ, ਕਿੰਡਰਗਾਰਟਨ, ਆਰਟ ਐਂਡ ਕਰਾਫਟ, ਪ੍ਰੀ-ਪ੍ਰਾਇਮਰੀ, ਪ੍ਰਾਇਮਰੀ, ਸਪੋਰਟਸ ਅਧਿਆਪਕ, ਫਿਜ਼ੀਕਲ ਇੰਸਟਰਕਟਰ, ਰਿਸੈਪਸ਼ਨਿਸਟ, ਕੰਪਿਊਟਰ ਟੀਚਰ ਅਤੇ ਲੇਖਾਕਾਰ ਲਈ ਇੰਟਰਵਿਊ ਲਈ ਜਾਵੇਗੀ।ਇਸ ਤੋਂ ਇਲਾਵਾ ਦੀ ਵਲਡ ਪਲੈਨਟ ਵੱਲੋਂ ਵਰਕ ਫਰਾਮ ਹੋਮ ਲਈ ਲੜਕੇ ਅਤੇ ਲੜਕੀਆਂ ਦੀ ਚੋਣ ਕੀਤੀ ਜਾਵੇਗੀ ਜਿਸ ਲਈ ਯੋਗਤਾ ਬਾਰ੍ਹਵੀਂ ਹੋਵੇਗੀ।ਵੱਖ-ਵੱਖ ਸਕੂਲਾਂ ਦੀਆਂ ਪੋਸਟਾਂ ਲਈ ਅਪਲਾਈ ਕਰਨ ਲਈ ਘੱਟੋ-ਘੱਟ ਯੋਗਤਾ ਗੈਰੂਜੁਏਸ਼ਨ, ਪੋਸਟ ਗ੍ਰੈਜੂਏਸ਼ਨ, ਬੀ.ਐੱਡ ਅਤੇ ਬਾਕੀ ਲਾਜ਼ਮੀ ਯੋਗਤਾ ਹੋਵੇਗੀ।ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਅਫਸਰ ਗੁਰਦਾਸਪੁਰ ਵੱਲੋਂ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਵਧ ਚੜ੍ਹ ਕੇ ਰੋਜ਼ਗਾਰ ਕੈਂਪ ਵਿੱਚ ਹਿੱਸਾ ਲੈਣ ਅਤੇ ਆਪਣਾ ਰੋਜ਼ਗਾਰ ਸੁਨਿਸ਼ਚਿਤ ਕਰਨ ਲਈ ਆਪਣੇ ਸਾਰੇ ਅਸਲੀ ਦਸਤਾਵੇਜ਼ (ਸਰਟੀਫਿਕੇਟ, ਆਧਾਰ ਕਾਰਡ, ਰੈਜ਼ਿਊਮ ਆਦਿ) ਨਾਲ ਸਮੇਂ ਸਿਰ ਪਹੁੰਚਣ।

# ਪਾਬੰਦੀ ਦੇ ਬਾਵਜੂਦ ਪਲਾਸਟਿਕ ਦੇ ਲਿਫਾਫਿਆਂ ਦੀ ਵਿਕਰੀ ਤੇ ਵਰਤੋਂ ਜ਼ੋਰਾਂ 'ਤੇ

**ਗੁਰਦਾਸਪੁਰ, (ਜਨਕ ਮਹਾਜਨ)**- ਮਾਨਯੋਗ ਸੁਪਰੀਮ ਕੋਰਟ ਵਲੋਂ ਪਲਾਸਟਿਕ ਲਿਫਾਫਿਆਂ ਉਪਰ ਲਗਾਈ ਗਈ ਪਾਬੰਦੀ ਦੇ ਬਾਵਜੂਦ ਵੀ ਸ਼ਹਿਰ ਅਤੇ ਦਿਹਾਤੀ ਖੇਤਰ ਦੀਆਂ ਦੁਕਾਨਾਂ ਅੰਦਰ ਇਨ੍ਹਾਂ ਪਲਾਸਟਿਕ ਲਿਫਾਫਿਆਂ ਦੀ ਵਿਕਰੀ ਅਤੇ ਵਰਤੋਂ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀ ਹੈ। ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨੂੰ ਰੋਕਣ ਵਾਸਤੇ ਸਬੰਧਿਤ ਵਿਭਾਗ ਵੱਲੋਂ ਕੁਝ ਦਿਨ ਰੌਲਾ ਰੱਪਾ ਕੇ ਪਾ ਕੇ ਖ਼ਾਨਾਪੂਰਤੀ ਕਰ ਦਿੱਤੀ ਜਾਂਦੀ ਹੈ ਪਰ ਫਿਰ ਪਰਨਾਲਾ ਉਥੇ ਦਾ ਉਥੇ ਹੀ ਰਹਿ ਜਾਂਦਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕੁਝ ਵਾਤਾਵਰਣ ਪ੍ਰੇਮੀਆਂ ਨੇ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ ਵਿਚ ਦੱਸਿਆ ਕਿ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਵਿਚ ਪਲਾਸਟਿਕ ਦੇ ਲਿਫਾਫਿਆਂ ਦਾ ਇਕ ਅਹਿਮ ਰੋਲ ਹੈ। ਉਨ੍ਹਾਂ ਕਿਹਾ ਕਿ ਪਲਾਸਟਿਕ ਦਾ ਲਿਫਾਫਾ ਇਕ ਨਾਗਲਣਯੋਗ ਵਸਤੂ ਹੈ ਜੋ ਕਾਫ਼ੀ ਸਮਾਂ ਮਿੱਟੀ ਵਿਚ ਦੱਬੇ ਰਹਿਣ ਦੇ ਬਾਵਜੂਦ ਵੀ ਗਲਦਾ ਨਹੀਂ। ਉਨ੍ਹਾਂ ਕਿਹਾ ਕਿ ਲਿਫਾਫਿਆਂ ਕਾਰਨ ਇਕ ਖ਼ਾਸ ਸਮੱਸਿਆ ਸ਼ਹਿਰ ਅੰਦਰ ਉਸ ਸਮੇਂ ਪੈਦਾ ਹੁੰਦੀ ਹੈ ਜਦੋਂ ਪਲਾਸਟਿਕ ਦੇ ਲਿਫਾਫੇ ਅਕਸਰ ਨਾਲੇ ਅਤੇ ਸੀਵਰੇਜਾਂ ਅੰਦਰ ਫਸ ਜਾਂਦੇ ਹਨ ਤਾਂ ਬਰਸਾਤਾਂ ਦੇ ਦਿਨਾਂ ਵਿਚ ਪਾਣੀ ਦਾ ਨਿਕਾਸ ਸਹੀ ਢੰਗ ਨਾਲ ਨਹੀਂ ਹੁੰਦਾ ਅਤੇ ਪਾਣੀ ਓਵਰਫਲੋ ਹੋ ਕੇ ਸੜਕਾਂ ਉਪਰ ਆ ਜਾਂਦਾ ਹੈ। ਉਨ੍ਹਾਂ ਕਿਹਾ ਸ਼ਹਿਰ ਅੰਦਰ ਤੇ ਦਿਹਾਤੀ ਖੇਤਰ ਵਿਚ ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋ ਆਮ ਹੀ ਦੇਖੀ ਜਾਂਦੀ ਹੈ। ਉਨ੍ਹਾਂ ਕਿਹਾ ਦੁਕਾਨਦਾਰਾਂ ਅਤੇ ਸਬਜ਼ੀ, ਫਲ ਦੀਆਂ ਰੇਹੜੀਆਂ ਵਾਲਿਆ ਵਲੋਂ ਇਨ੍ਹਾਂ ਪਲਾਸਟਿਕ ਦੇ ਲਿਫਾਫਿਆਂ ਵਿਚ ਸ਼ਰੇਆਮ ਗ੍ਰਾਹਕਾਂ ਨੂੰ ਸਾਮਾਨ ਪਾ ਕੇ ਦਿੱਤਾ ਜਾਂਦਾ ਹੈ, ਜਿਨ੍ਹਾਂ ਨੂੰ ਰੋਕਣ ਵਾਲਾ ਕੋਈ ਨਹੀਂ। ਉਨ੍ਹਾਂ ਕਿਹਾ ਪਹਿਲਾਂ ਹੀ ਧਰਤੀ ਉਪਰ ਲਗਾਤਾਰ ਵਧ ਰਹੇ ਪ੍ਰਦੂਸ਼ਣ ਕਾਰਨ ਕਈ ਬਿਮਾਰੀਆਂ ਜਨਮ ਲੈ ਰਹੀਆਂ ਹਨ ਅਤੇ ਜੇਕਰ ਸਰਕਾਰਾਂ ਵਲੋਂ ਸਮਾਂ ਰਹਿੰਦਿਆਂ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਨਾ ਰੋਕਿਆ ਗਿਆ ਤਾਂ ਆਉਣ ਵਾਲੇ ਸਮੇਂ ਵਿਚ ਵਾਤਾਵਰਣ ਪ੍ਰਦੂਸ਼ਣ ਹੋਰ ਵੀ ਵਧਦਾ ਜਾਵੇਗਾ। ਵਾਤਾਵਰਣ ਪ੍ਰੇਮੀਆਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਕਰਨ ਵਾਲਿਆਂ ਖ਼ਿਲਾਫ਼ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਤਾਂ ਵਾਤਾਵਰਣ ਪ੍ਰਦੂਸ਼ਣ ਹੋਣ ਤੋਂ ਬਚ ਸਕੇ।



# ਟੈਲੀ-ਮਾਨਸ ਹੈਲਪਲਾਈਨ ਬਣ ਰਹੀ ਹੈ ਮਾਨਸਿਕ ਰੋਗੀਆਂ ਦਾ ਸਹਾਰਾ

**ਮੋਹਾਲੀ, (ਗੁਰਜੀਤ ਬਿੱਲਾ)**- ਮਾਨਸਿਕ ਰੋਗਾਂ ਤੋਂ ਪੀੜਤ ਵਿਅਕਤੀ ਸਿਹਤ ਵਿਭਾਗ ਦੀ ਹੈਲਪਲਾਈਨ ਰਾਹੀਂ ਘਰ ਬੈਠੇ ਹੀ ਡਾਕਟਰ ਦਾ ਸਲਾਹ-ਮਸ਼ਵਰਾ ਲੈ ਸਕਦੇ ਹਨ। ਇਹ ਜਾਣਕਾਰੀ ਸਾਂਝੀ ਕਰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਸਰਕਾਰ ਵਲੋਂ ਟੋਲ ਫ਼ਰੀ ਹੈਲਪਲਾਈਨ 1800-89-14416 ਜਾਂ 14416 ਸ਼ੁਰੂ ਕੀਤੀ ਹੋਈ ਹੈ, ਜਿਸ ਰਾਹੀਂ ਟੈਲੀ-ਮਾਨਸ ਸੇਵਾਵਾਂ ਦਿਤੀਆਂ ਜਾ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਹ ਹੈਲਪਲਾਈਨ ਮਾਨਸਿਕ ਰੋਗੀਆਂ ਲਈ ਬੇਹੱਦ ਲਾਹੇਵੰਦ ਹੈ, ਜਿਸ ਦਾ ਬਿਨਾਂ ਕੋਈ ਪੈਸਾ ਖ਼ਰਚੇ ਘਰੇ ਬੈਠੇ ਹੀ ਫ਼ਾਇਦਾ ਲਿਆ ਜਾ ਸਕਦਾ ਹੈ। ਇਸ ਹੈਲਪਲਾਈਨ ਰਾਹੀਂ ਹਰ ਤਰ੍ਹਾਂ ਦੇ ਮਾਨਸਿਕ ਰੋਗਾਂ, ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਚਿੰਤਾ, ਪ੍ਰੀਖਿਆ ਤਣਾਅ, ਡਿਪਰੈਸ਼ਨ, ਇਕੱਲਤਾ, ਵਿੱਤੀ ਤਣਾਅ, ਸੰਕਟ ਪ੍ਰਬੰਧਨ ਅਤੇ ਪਰਿਵਾਰਕ ਮੁੱਦਿਆਂ ਬਾਰੇ ਸਲਾਹ-ਮਸ਼ਵਰਾ ਫ਼ੋਨ 'ਤੇ ਪ੍ਰਦਾਨ ਕੀਤਾ ਜਾਂਦਾ ਹੈ। ਟੈਲੀ ਮਾਨਸ ਲੋੜ ਪੈਣ 'ਤੇ ਵਿਅਕਤੀਗਤ ਤੌਰ 'ਤੇ ਸੇਵਾਵਾਂ ਵੀ ਪ੍ਰਦਾਨ ਕਰਦਾ ਹੈ। ਇਸ ਵਿੱਚ ਵੀਡੀਓ ਕਾਲ ਰਾਹੀ ਦਵਾਈ ਬਾਰੇ ਜਾਣਕਾਰੀ ਲਈ ਜਾ ਸਕਦੀ ਹੈ।

# ਗੁ. ਗੁਰੂ ਕੀ ਬੇਰ ਸਾਹਿਬ ਵਿਖੇ 7 ਰੋਜ਼ਾ ਹੋਲੇ ਮਹੱਲੇ ਨੂੰ ਸਮਰਪਿਤ ਦੀਵਾਨ ਸੰਪੰਨ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ 7 ਰੋਜ਼ਾ ਹੋਲਾ ਮਹੱਲਾ ਬਹੁਤ ਹੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪਿਛਲੇ ਸੱਤ ਦਿਨਾਂ ਤੋਂ ਚੱਲ ਰਹੇ ਧਾਰਮਿਕ ਦੀਵਾਨਾਂ ਦੌਰਾਨ ਉਘੇ ਕਵੀਸ਼ਰ ਗੁਰਮੁਖ ਸਿੰਘ ਐੱਮਏ, ਢਾਡੀ ਗਿਆਨੀ ਹਰਪਾਲ ਸਿੰਘ ਢੰਡ, ਢਾਡੀ ਭਾਈ ਕੁਲਵਿੰਦਰ ਸਿੰਘ, ਭਾਈ ਲਖਬੀਰ ਸਿੰਘ ਮਸਤ ਕਵੀਸ਼ਰ, ਭਾਈ ਸਤਨਾਮ ਸਿੰਘ ਬੱਲੋਵਾਲੀ, ਭਾਈ ਨਿਰਮਲ ਸਿੰਘ ਬਰਿਆਰ, ਭਾਈ ਸੁਲੱਖਣ ਸਿੰਘ ਯੂ. ਕੇ., ਭਾਈ ਸੁਲੱਖਣ ਸਿੰਘ ਰਿਆੜ ਅਤੇ ਗੱਜਨ ਸਿੰਘ ਗੜਗੱਜ ਦੇ ਢਾਡੀ ਦੇ ਜਥਿਆਂ ਵੱਲੋਂ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਵਾ ਕੇ ਨਿਹਾਲ ਕੀਤਾ ਗਿਆ। ਸਮਾਗਮਾਂ ਦੌਰਾਨ ਵੱਡੀ ਗਿਣਤੀ ਵਿੱਚ ਇਲਾਕੇ ਦੇ ਸੰਤ ਮਹਾਂਪੁਰਸ਼ ਸਿਆਸੀ ਅਤੇ ਗੈਰ-ਸਿਆਸੀ ਆਗੂਆਂ ਵੱਲੋਂ ਸੰਗਤਾਂ ਵਿੱਚ ਹਾਜ਼ਰੀ ਭਰੀ ਗਈ ਵੱਖ-ਵੱਖ ਬੁਲਾਰਿਆਂ ਵੱਲੋਂ ਇਸ ਕਾਰਜ ਲਈ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਪਿਛਲੇ 57 ਸਾਲ ਤੋਂ ਸੰਤ ਬਾਬਾ ਲਾਭ ਸਿੰਘ ਅਤੇ ਸੰਤ ਬਾਬਾ ਸੇਵਾ ਸਿੰਘ ਹੋਰਾਂ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਹੋਲੇ ਮਹੱਲਿਆਂ ਤੋਂ ਪਹਿਲਾਂ ਕਰਵਾਏ ਜਾਂਦੇ ਇਨ੍ਹਾਂ ਸੱਤ ਰੋਜ਼ਾ ਹੋਲਾ ਮਹੱਲਾ ਸਮਾਗਮਾਂ ਨੂੰ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਬਹੁਤ ਹੀ ਸੁਚੱਜੇ ਢੰਗ ਨਾਲ ਇਨ੍ਹਾਂ ਸਮਾਗਮਾਂ ਨੂੰ ਕਰਵਾਉਂਦੇ ਹਨ ਜੋ ਇਲਾਕੇ ਦੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ। ਆਏ ਹੋਏ ਸੰਤਾਂ ਮਹਾਂਪੁਰਸ਼ਾਂ ਅਤੇ ਕਵੀਸ਼ਰ, ਢਾਡੀ ਜਥਿਆਂ ਨੂੰ ਸੰਤ ਬਾਬਾ ਸੱਜਣ ਸਿੰਘ ਹੋਰਾਂ ਵੱਲੋਂ ਸਿਰਪਾਓ ਤੇ ਕੇ ਸਨਮਾਨਿਤ ਕੀਤਾ ਗਿਆ। 22 ਫਰਵਰੀ ਦੀ ਸ਼ਾਮ ਨੂੰ ਮੰਨੇ ਪ੍ਰਮੰਨੇ ਪਹਿਲਵਾਨਾਂ ਦੇ ਘੋਲ ਕਰਵਾਏ ਗਏ ਅਤੇ ਅੱਜ ਮਾਝਾ ਮਾਲਵਾ ਦੀਆਂ ਟੀਮਾਂ ਵਿਚਾਲੇ ਕਬੱਡੀ ਦੇ ਸ਼ੋਅ ਮੈਚ ਵੀ ਕਰਵਾਏ ਗਏ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸੰਤ ਮਹਾਂਪੁਰਸ਼ ਬਾਬਾ ਗੁਰਦੀਪ ਸਿੰਘ ਖਜਾਲਾ ਵਾਲੇ, ਬਾਬਾ ਗੁਰਭੇਜ ਸਿੰਘ ਮੁੱਖ ਬੁਲਾਰੇ ਸੰਤ ਸਮਾਜ, ਸੰਤ ਬਾਬਾ ਗੁਰਦੇਵ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ, ਸੰਤ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ, ਪ੍ਰਿੰ. ਗੁਰਸੇਵਕ ਸਿੰਘ, ਮੁਖਤਾਰ ਸਿੰਘ ਬੋਪਾਰਾਏ ਕਨੇਡਾ, ਨਰਿੰਦਰ ਸਿੰਘ ਭੋਏ, ਗੁਰਦੇਵ ਸਿੰਘ ਬਾਠ ਭੋਏ ਯੂਐੱਸਏ, ਸੁਖਵਿੰਦਰ ਸਿੰਘ ਬਾਠ ਭੀਲੋਵਾਲ, ਅਵਤਾਰ ਸਿੰਘ ਤਾਹਰਪੁਰ, ਰਣਜੀਤ ਸਿੰਘ ਰਾਣਾ ਬਾਠ ਬਾਬੋਵਾਲ, ਜਗਰੂਪ ਸਿੰਘ ਬੋਪਾਰਾਏ , ਗੁਰਬਾਜ ਸਿੰਘ, ਅਰਸ਼ ਸਿੰਘ, ਕੁਲਦੀਪ ਸਿੰਘ ਡੇਹਰੀਵਾਲ, ਗਿਆਨੀ ਭੁਪਿੰਦਰ ਸਿੰਘ ਗਦਲੀ, ਸੁਖਵਿੰਦਰ ਸਿੰਘ ਸ਼ਿੰਦਾ ਚੁਗਾਵਾਂ, ਰਵਿੰਦਰ ਸਿੰਘ ਡੀਪੀ, ਬਲਿਆਰ ਸਿੰਘ ਭੀਲੋਵਾਲ, ਮੇਜਰ ਸਿੰਘ, ਅਵਤਾਰ ਸਿੰਘ ਬੋਪਾਰਾਏ, ਤਜਿੰਦਰ ਸਿੰਘ ਬੋਪਾਰਾਏ, ਗੁਰਮੁਖ ਸਿੰਘ ਰਾਮਦਵਾਲੀ, ਜਰਨੈਲ ਸਿੰਘ ਮੱਤੇਵਾਲ, ਬਾਬਾ ਸੁੱਖਾ ਸਿੰਘ, ਬਾਬਾ ਜੱਸਾ ਸਿੰਘ, ਬਾਬਾ ਬਲਰਾਜ ਸਿੰਘ ਬੁਲਾਰਾ ਅਤੇ ਹੋਰ ਆਗੂ ਸੰਗਤਾਂ ਵਿੱਚ ਹਾਜ਼ਰ ਸਨ।



# ਕੇਂਦਰੀ ਜੇਲ੍ਹ ਗੁਰਦਾਸਪੁਰ 'ਚੋਂ ਨਸ਼ਾ ਮਿਲਣ 'ਤੇ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਪੁਲਸ ਨੂੰ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਵੱਲੋਂ ਦੱਸਿਆ ਗਿਆ ਕਿ 19 ਫਰਵਰੀ ਨੂੰ ਸ਼ਾਮ 5 ਵਜੇ ਦੇ ਕਰੀਬ ਰਾਹੁਲ ਉਰਫ ਕੱਟਾ ਪੁੱਤਰ ਅਸ਼ਵਨੀ ਕੁਮਾਰ ਵਾਸੀ ਗੁਰਦਾਸਪੁਰ ਨੂੰ ਮੁਕੱਦਮਾ ਨੰਬਰ 52 ਮਿਤੀ 17 ਫਰਵਰੀ ਜੁਰਮ 21/27 ਐੱਨਡੀਪੀਐੱਸ ਐਕਟ, 25 ਆਰਮਜ਼ ਐਕਟ ਥਾਣਾ ਸਿਟੀ ਗੁਰਦਾਸਪੁਰ ਅਧੀਨ ਥਾਣਾ ਸਿਟੀ ਗੁਰਦਾਸਪੁਰ ਦੀ ਪੁਲਸ ਗਾਰਦ ਵੱਲੋਂ ਕੇਂਦਰੀ ਜੇਲ੍ਹ ਗੁਰਦਾਸਪੁਰ ਅੰਦਰ ਦਾਖਲ ਕਰਵਾਉਣ ਲਈ ਲਿਆਂਦਾ ਗਿਆ ਸੀ ਜਿਸ ਦੀ ਜੇਲ ਡਿਓਢੀ ਵਿਚ ਰੁਟੀਨ ਚੈਕਿੰਗ ਦੌਰਾਨ ਜੇਬ ਵਿੱਚੋਂ ਚਿੱਟੇ ਰੰਗ ਦੇ ਪੇਪਰ ਵਿੱਚ ਨਸ਼ੀਲਾ ਪਾਊਡਰ (ਲਗਭਗ 1 ਗਰਾਮ) ਅਤੇ ਖੁੱਲਾ ਤੰਬਾਕੂ (ਲਗਭਗ 1 ਪੁੜੀ ਦੇ ਬਰਾਬਰ) ਬਰਾਮਦ ਹੋਇਆ ਹੈ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਖਾਲਸਾ ਕਾਲਜ ਦੇ 119ਵੇਂ ਕਨਵੋਕੇਸ਼ਨ ਮੌਕੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਹਰੇਕ ਵਿਦਿਆਰਥੀ ਦੀ ਜ਼ਿੰਦਗੀ 'ਚ ਡਿਗਰੀ ਵੰਡ ਸਮਾਰੋਹ ਇਕ ਬਹੁਤ ਹੀ ਮਹੱਤਵਪੂਰਨ ਅਤੇ ਯਾਦਗਾਰ ਪਲ ਹੁੰਦਾ ਹੈ।ਇਹ ਸਿਰਫ਼ ਡਿਗਰੀ ਹਾਸਲ ਕਰਨ ਦਾ ਸਮਾਂ ਨਹੀਂ, ਬਲਕਿ ਸਾਲਾਂ ਦੀ ਮਿਹਨਤ, ਸੰਘਰਸ਼ ਅਤੇ ਸਮਰਪਣ ਦਾ ਸਨਮਾਨ ਵੀ ਹੁੰਦਾ ਹੈ।ਇਸ ਦਿਨ ਵਿਦਿਆਰਥੀ ਆਪਣੇ ਸੁਪਨਿਆਂ ਦੇ ਇਕ ਮਹੱਤਵਪੂਰਨ ਪੜਾਅ ਨੂੰ ਪਾਰ ਕਰਦੇ ਹਨ ਅਤੇ ਨਵੀਂ ਉਮੀਦਾਂ ਨਾਲ ਭਵਿੱਖ ਵੱਲ ਕਦਮ ਵਧਾਉਂਦੇ ਹਨ।ਇਹ ਪ੍ਰਗਟਾਵਾ ਅੱਜ ਖ਼ੁਦਮੁਖ਼ਤਿਆਰ ਸੰਸਥਾ ਇਤਿਹਾਸਕ ਖਾਲਸਾ ਕਾਲਜ ਦੇ 119ਵੇਂ ਸਾਲਾਨਾ ਕਾਨਵੋਕੇਸ਼ਨ ਦੌਰਾਨ ਖ਼ਾਲਸਾ ਯੂਨੀਵਰਸਿਟੀ ਦੇ ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸ: ਸੱਤਿਆਜੀਤ ਸਿੰਘ ਮਜੀਠੀਆ ਨੇ ਕਰੀਬ 1430 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਨ ਦੌਰਾਨ ਕੀਤਾ।ਮਾਤ ਭਾਸ਼ਾ ਨੂੰ ਸਮਰਪਿਤ ਕਰਵਾਏ ਗਏ ਉਕਤ ਡਿਗਰੀ ਵੰਡ ਸਮਾਰੋਹ ਦੀ ਸੰਪੂਰਨ ਕਾਰਵਾਈ 'ਪੰਜਾਬੀ ਭਾਸ਼ਾ' ਵਿੱਚ ਕਰਦਿਆਂ ਸ: ਮਜੀਠੀਆ ਨੇ ਖ਼ਾਲਸਾ 'ਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ, ਉਪ ਕੁਲਪਤੀ ਡਾ. ਮਹਿਲ ਸਿੰਘ ਅਤੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨਾਲ ਮਿਲ ਕੇ ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਕਲਾਸਾਂ 'ਚ ਪੜ੍ਹਾਈ ਦੇ 50 ਵੱਖ-ਵੱਖ ਵਿਸ਼ਿਆਂ ਦੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਅਤੇ 60 ਤੋਂ ਵਧੇਰੇ ਹੋਣਹਾਰ ਵਿਦਿਆਰਥੀਆਂ ਨੂੰ ਪ੍ਰਭਾਵਸ਼ਾਲੀ ਅਕਾਦਮਿਕ ਸਮਾਗਮ 'ਚ ਮੈਡਲਾਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ।ਇਸ ਮੌਕੇ ਸ: ਮਜੀਠੀਆ ਨੇ ਆਪਣੀ ਨਿੱਜੀ ਜ਼ਿੰਦਗੀ 'ਚੋਂ ਨੈਤਿਕ ਕਦਰਾਂ-ਕੀਮਤਾਂ ਦੀ ਜੀਵਨ 'ਚ ਮਹੱਤਤਾ ਦੀਆਂ ਉਦਾਹਰਨਾਂ ਨਾਲ ਸੇਧ ਦਿੰਦਿਆਂ ਵਿਦਿਆਰਥੀਆਂ ਨੂੰ ਇਨ੍ਹਾਂ ਨੂੰ ਆਪਣੀ ਜ਼ਿੰਦਗੀ 'ਚ ਅਮਲੀ ਪੱਧਰ 'ਤੇ ਅਪਨਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਸਾਨੂੰ ਪ੍ਰਮਾਤਮਾ ਵੱਲੋਂ ਬਖ਼ਸ਼ੀ ਤੰਦਰੁਸਤ ਜ਼ਿੰਦਗੀ ਲਈ ਧੰਨਵਾਦ ਕਰਨਾ ਚਾਹੀਦਾ ਹੈ।ਇਸ ਮੌਕੇ ਸ: ਛੀਨਾ ਨੇ ਕਿਹਾ ਕਿ ਡਿਗਰੀ ਪ੍ਰਾਪਤ ਕਰਨ ਦੀ ਖ਼ੁਸ਼ੀ ਕੇਵਲ ਵਿਦਿਆਰਥੀਆਂ ਦੀ ਨਹੀਂ ਹੁੰਦੀ, ਸਗੋਂ ਮਾਪਿਆਂ ਅਤੇ ਅਧਿਆਪਕਾਂ ਦੀ ਵੀ ਹੁੰਦੀ ਹੈ, ਜਿਨ੍ਹਾਂ ਨੇ ਉਨ੍ਹਾਂ ਦੀ ਸਫਲਤਾ 'ਚ ਅਹਿਮ ਭੂਮਿਕਾ ਨਿਭਾਈ ਹੁੰਦੀ ਹੈ।ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੰਤਰਰਾਸ਼ਟਰੀ ਮਾਂ ਬੋਲੀ ਨੂੰ ਸਮਰਪਿਤ ਉਕਤ ਡਿਗਰੀ ਸਮਾਰੋਹ ਦੀ ਹਰੇਕ ਗਤੀਵਿਧੀ ਨੂੰ ਪੰਜਾਬੀ ਭਾਸ਼ਾ ਉਲੀਕਿਆ ਗਿਆ।ਉਪਰੰਤ ਉਨ੍ਹਾਂ ਕਾਲਜ ਦੀ ਸਾਲਾਨਾ ਰਿਪੋਰਟ ਪੜ੍ਹੀ, ਜਿਸ 'ਚ ਅਕਾਦਮਿਕ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਸਬੰਧੀ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਗਿਆ।ਇਸ ਮੌਕੇ ਖ਼ਾਲਸਾ ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਨੂੰ ਸੰਸਥਾ ਦੇ ਪ੍ਰਿੰਸੀਪਲ ਵਜੋਂ ਆਪਣੇ ਕਾਰਜਕਾਲ ਦੌਰਾਨ ਕਾਲਜ 'ਚ ਪਾਏ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਡੀਨ ਡਾ. ਤਮਿੰਦਰ ਸਿੰਘ ਭਾਟੀਆ ਅਤੇ ਰਜਿਸਟਰਾਰ ਡਾ. ਦਵਿੰਦਰ ਸਿੰਘ ਵੀ ਮੌਜੂਦ ਸਨ। ਇਸ ਮੌਕੇ 'ਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ, ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ, ਕੌਂਸਲ ਦੇ ਮੀਤ ਪ੍ਰਧਾਨ ਸਵਿੰਦਰ ਸਿੰਘ ਕੱਥੂਨੰਗਲ, ਜੁਆਇੰਟ ਸਕੱਤਰ ਅਜਮੇਰ ਸਿੰਘ ਹੇਰ, ਲਖਵਿੰਦਰ ਸਿੰਘ ਢਿੱਲੋਂ, ਰਾਜਬੀਰ ਸਿੰਘ, ਸੰਤੋਖ ਸਿੰਘ ਸੇਠੀ, ਪਰਮਜੀਤ ਸਿੰਘ ਬੱਲ, ਗੁਰਪ੍ਰੀਤ ਸਿੰਘ ਗਿੱਲ, ਖ਼ਾਲਸਾ ਕਾਲਜ ਚਵਿੰਡਾ ਦੇਵੀ ਪ੍ਰਿੰ. ਗੁਰਦੇਵ ਸਿੰਘ, ਮੈਂਬਰ ਰਮਿੰਦਰ ਕੌਰ ਸਮੇਤ ਹੋਰ ਟੀਚਿੰਗ ਅਤੇ ਨਾਨ-ਟੀਚਿੰਗ ਫੈਕਲਟੀ ਮੈਂਬਰ ਹਾਜ਼ਰ ਸਨ।




# ਏ ਐੱਸ ਆਈ ਗੁਰਨਾਮ ਸਿੰਘ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਦੀਨਾਨਗਰ ਦੇ ਹਲਕਾ ਇੰਚਾਰਜ ਸਮਸ਼ੇਰ ਸਿੰਘ ਅਤੇ ਹਲਕਾ ਗੁਰਦਾਸਪੁਰ ਦੇ ਇੰਚਾਰਜ ਰਮਨ ਬਹਿਲ ਵਲੋਂ ਪਿੰਡ ਗਾਦੜੀਆਂ ਵਿਖੇ ਪਹੁੰਚ ਕੇ ਸ਼ਹੀਦ ਏਐੱਸਆਈ ਗੁਰਨਾਮ ਸਿੰਘ ਦੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਏਐੱਸਆਈ ਗੁਰਨਾਮ ਸਿੰਘ ਦੀ ਸ਼ਹਾਦਤ ਨੂੰ ਕਦੇ ਵੀ ਨਹੀਂ ਭੁਲਾਇਆ ਜਾ ਸਕਦਾ ਅਤੇ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਹੈ ਅਤੇ ਪੰਜਾਬ ਸਰਕਾਰ ਵੱਲੋਂ ਗੁਰਨਾਮ ਸਿੰਘ ਦੇ ਪਰਿਵਾਰ ਦੀ ਸਹਾਇਤਾ ਲਈ ਵਚਨਬੱਧ ਹੈ ਅਤੇ ਪਰਿਵਾਰ ਨਾਲ ਮੋਢੇ ਨਾਲ ਮੋਢੇ ਨਾਲ ਲਾ ਕੇ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਪੰਜਾਬ ਅੰਦਰ ਮਾਹੌਲ ਖ਼ਰਾਬ ਕਰਨ ਵਾਲਿਆਂ ਖ਼ਿਲਾਫ਼ ਸਖਤ ਕਾਰਵਾਈ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੁਲਸ ਮੁਲਾਜ਼ਮਾਂ ਨੂੰ ਮਾਰਨ ਵਾਲੇ ਕਿਤੇ ਵੀ ਬਚ ਕੇ ਦੌੜ ਨਹੀਂ ਸਕਦੇ ਅਤੇ ਜਲਦ ਹੀ ਉਹ ਪੁਲਸ ਦੀ ਗ੍ਰਿਫਤ ਵਿਚ ਹੋਣਗੇ। ਪੰਜਾਬ ਸਰਕਾਰ ਨੇ ਨਸ਼ਿਆਂ ਦੇ ਸੌਦਾਗਰਾਂ ਨੂੰ ਜਿਸ ਤਰ੍ਹਾਂ ਨੱਥ ਪਾਈ ਹੈ ਉਸੇ ਤਰ੍ਹਾਂ ਹੁਣ ਕ੍ਰਾਈਮ ਕਰਨ ਵਾਲਿਆਂ ਦੀ ਵੀ ਵਾਰੀ ਆ ਚੁੱਕੀ ਹੈ। ਉਨ੍ਹਾਂ ਸ਼ਹੀਦ ਦੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਸ਼ਹੀਦਾਂ ਦੇ ਕਾਤਲਾਂ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਵੇਗੀ ਤਾਂ ਜੋ ਅਗਾਂਹ ਤੋਂ ਕੋਈ ਵੀ ਅਜਿਹਾ ਕਰਨ ਦੀ ਜੁਰਅਤ ਨਾ ਕਰ ਸਕੇ।



ਨਵਾਂ ਜ਼ਮਾਨਾ
ਬੁੱਧਵਾਰ, 25 ਫਰਵਰੀ 2026

# ਅੰਮ੍ਰਿਤ ਕਾਲ

*ਦਿੱਲੀ ਦੇ ਰੇਸ ਕੋਰਸ ਏਰੀਏ ਵਿੱਚ ਭਾਰਤ ਦੇ ਹੁਕਮਰਾਨ ਵਰਗ ਦੇ ਸਭ ਤੋਂ ਤਕੜੇ ਲੋਕਾਂ ਦਾ ਵਾਸਾ ਹੈ। ਤੁਸੀਂ ਜਿਉਂ ਹੀ ਲੋਕ ਕਲਿਆਣ ਮਾਰਗ ਮੈਟਰੋ ਤੋਂ ਬਾਹਰ ਨਿਕਲਦੇ ਹੋ, ਚੌਹੀਂ ਪਾਸੀਂ ਕਮਾਂਡੋ ਫੋਰਸ, ਪੈਰ-ਪੈਰ 'ਤੇ ਸੁਰੱਖਿਆ ਬਲਾਂ ਦੇ ਕੈਂਪ ਤੇ ਸਾਇਰਨ ਵਜਾਉਂਦੀਆਂ ਦੌੜਦੀਆਂ ਗੱਡੀਆਂ ਦੇਖ ਕੇ ਸਮਝ ਜਾਂਦੇ ਹੋ ਕਿ ਅਜਿਹੀ ਥਾਂ ਆ ਗਏ ਹੋ, ਜਿੱਥੇ ਇੰਡੀਆ ਦੇ ਆਧੁਨਿਕ ਸ਼ਹਿਨਸ਼ਾਹ, ਫੌਜੀ ਅਧਿਕਾਰੀ, ਜੱਜ, ਨੌਕਰਸ਼ਾਹ, ਮੰਤਰੀ-ਸੰਤਰੀ ਰਹਿੰਦੇ ਹਨ। ਇਨ੍ਹਾਂ ਸਭ ਦੇ ਵਿਚਾਲੇ ਸਲੱਮ ਕਹੀਆਂ ਜਾਣ ਵਾਲੀਆਂ ਤਿੰਨ ਬਸਤੀਆਂ—ਭਾਈ ਰਾਮ ਕੈਂਪ, ਮਸਜਿਦ ਕੈਂਪ ਤੇ ਡੀ ਆਈ ਡੀ ਕੈਂਪ ਵੀ ਹਨ, ਜਿਨ੍ਹਾਂ ਦੇ ਵਾਸੀਆਂ ਨੂੰ ਇਹ ਹੁਕਮ ਦੇ ਦਿੱਤਾ ਗਿਆ ਹੈ ਕਿ ਉਹ 6 ਮਾਰਚ ਤੱਕ ਘਰਾਂ ਨੂੰ ਛੱਡ ਕੇ ਚਲੇ ਜਾਣ, ਨਹੀਂ ਤਾਂ ਬੁਲਡੋਜ਼ਰ ਚਲਾ ਦਿੱਤਾ ਜਾਵੇਗਾ। ਇਨ੍ਹਾਂ ਬਸਤੀਆਂ ਵਿੱਚ ਘੱਟੋ-ਘੱਟ ਇੱਕ ਹਜ਼ਾਰ ਪਰਵਾਰ, ਯਾਨੀ ਕਿ ਕਰੀਬ ਪੰਜ ਹਜ਼ਾਰ ਲੋਕ ਰਹਿੰਦੇ ਹਨ।*

*ਆਮ ਤੌਰ 'ਤੇ ਲੋਕਾਂ ਦੇ ਦਿਮਾਗ ਵਿੱਚ ਸਲੱਮ (ਝੁੱਗੀ-ਝੌਂਪੜੀ) ਦਾ ਜਿਹੜਾ ਚਿੱਤਰ ਹੁੰਦਾ ਹੈ, ਉਸ ਵਿੱਚ ਪੱਕੇ ਮਕਾਨ, ਬਿਜਲੀ, ਪਾਣੀ, ਸੀ ਸੀ ਟੀ ਵੀ ਕੈਮਰੇ ਤੇ ਪੱਕੀਆਂ ਨਾਲੀਆਂ ਨਹੀਂ ਹੁੰਦੀਆਂ, ਪਰ ਇਨ੍ਹਾਂ ਬਸਤੀਆਂ ਦੇ ਬਹੁਤੇ ਘਰ ਪੱਕੇ, ਬਿਜਲੀ ਮੀਟਰ, ਪਾਣੀ ਦੀਆਂ ਟੂਟੀਆਂ, ਪੱਕੀਆਂ ਗਲੀਆਂ, ਸੀ ਸੀ ਟੀ ਵੀ ਕੈਮਰਿਆਂ ਵਾਲੇ ਹਨ। ਤਿੰਨੋਂ ਬਸਤੀਆਂ ਦੇਸ਼ ਦੀ ਵੰਡ ਤੋਂ ਪਹਿਲਾਂ ਕਰੀਬ 1940 ਦੇ ਆਸ-ਪਾਸ ਦੀਆਂ ਹਨ। ਉਦੋਂ ਹੀ ਇੱਥੇ ਰੇਸ ਕੋਰਸ ਦੀ ਸਥਾਪਨਾ ਹੋਈ ਸੀ, ਜਿੱਥੇ ਰਈਸ ਲੋਕ ਘੋੜੇ ਦੁੜਾਉਂਦੇ ਅਤੇ ਉਨ੍ਹਾਂ 'ਤੇ ਦਾਅ ਲਾਉਂਦੇ ਹਨ। ਹੁਣ ਰਾਜਿਆਂ-ਨਵਾਬਾਂ ਦੀ ਥਾਂ ਨਵੇਂ ਕਾਰੋਬਾਰੀਆਂ-ਪੂੰਜੀਪਤੀਆਂ ਨੇ ਲੈ ਲਈ ਹੈ।*

*ਭਾਈ ਰਾਮ ਕੈਂਪ ਵਿੱਚ ਕਰੀਬ 500 ਘਰ ਹਨ ਅਤੇ 70 ਫੀਸਦੀ ਹਿੰਦੂ ਤੇ ਕਰੀਬ 30 ਫੀਸਦੀ ਮੁਸਲਮ ਵਸਦੇ ਹਨ। ਇਨ੍ਹਾਂ ਵਿੱਚੋਂ ਬਹੁਤੇ ਪੱਛੜੇ ਹਨ। ਮਸਜਿਦ ਕੈਂਪ ਵਿੱਚ ਕਰੀਬ 100 ਘਰ ਹਨ ਅਤੇ 70 ਫੀਸਦੀ ਮੁਸਲਮ ਤੇ 30 ਫੀਸਦੀ ਹਿੰਦੂ ਵਸਦੇ ਹਨ। ਇਨ੍ਹਾਂ ਵਿੱਚ ਨਿਮਨ ਮੱਧ ਵਰਗੀ ਤੇ ਕੁਝ ਮੱਧ ਵਰਗੀ ਹਨ। ਇਨ੍ਹਾਂ ਦੋਹਾਂ ਬਸਤੀਆਂ ਦੇ ਕਰੀਬ ਇੱਕ-ਤਿਹਾਈ ਪਰਵਾਰਾਂ ਦੇ ਬੱਚੇ ਨਿੱਜੀ ਸਕੂਲਾਂ ਵਿੱਚ ਪੜ੍ਹਦੇ ਹਨ, ਜਿੱਥੇ ਕੁਝ ਇੱਕ ਲੱਖ ਰੁਪਏ ਸਾਲਾਨਾ ਫੀਸ ਵੀ ਦਿੰਦੇ ਹਨ। ਬਹੁਤੇ ਲੋਕਾਂ ਕੋਲ ਵਾਹਨ ਹਨ। ਘਰਾਂ ਵਿੱਚ ਟੀ ਵੀ, ਫਰਿੱਜ ਤੇ ਵਾਸ਼ਿੰਗ ਮਸ਼ੀਨਾਂ ਹਨ। ਇਨ੍ਹਾਂ ਬਸਤੀਆਂ ਵਿੱਚ ਕੁਪੋਸ਼ਣ ਦੇ ਚਿੰਨ੍ਹ ਨਹੀਂ ਨਜ਼ਰ ਆਉਂਦੇ। ਸਭ ਕੋਲ ਵੋਟਰ ਕਾਰਡ, ਆਧਾਰ ਕਾਰਡ, ਪਛਾਣ-ਪੱਤਰ, ਰਾਸ਼ਨ ਕਾਰਡ ਤੇ ਬਿਜਲੀ ਦੇ ਬਿੱਲ ਹਨ। ਮਕਾਨਾਂ 'ਤੇ ਬਾਕਾਇਦਾ ਨੰਬਰ ਲੱਗੇ ਹੋਏ ਹਨ। ਇਹ ਬਸਤੀਆਂ ਨਵੀਂ ਦਿੱਲੀ ਵਿਧਾਨ ਸਭਾ ਹਲਕੇ ਵਿੱਚ ਆਉਂਦੀਆਂ ਹਨ, ਜਿੱਥੋਂ ਚੁਣ ਹੋ ਕੇ ਸ਼ੀਲਾ ਦੀਕਸ਼ਤ ਤੇ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਬਣੇ, ਪਰ ਉਹ ਤਿੰਨਾਂ ਕਾਲੋਨੀਆਂ ਨੂੰ ਸਥਾਈ ਨਿਵਾਸ ਸਥਾਨ ਦਾ ਦਰਜਾ ਨਹੀਂ ਦੇ ਸਕੇ, ਕਿਉਂਕਿ ਇਸ ਜ਼ਮੀਨ 'ਤੇ ਕੇਂਦਰ ਸਰਕਾਰ ਦੀ ਦਾਅਵੇਦਾਰੀ ਹੈ। ਕੇਂਦਰ ਦੇ ਸ਼ਹਿਰੀ ਆਵਾਸ ਤੇ ਵਿਕਾਸ ਮੰਤਰਾਲੇ ਨੇ ਹੀ ਉਜਾੜੇ ਦਾ ਹੁਕਮ ਦਿੱਤਾ ਹੈ। ਲੋਕ ਸਭਾ ਚੋਣਾਂ ਤੇ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਾਅਰਾ ਦਿੱਤਾ ਸੀ—ਜਹਾਂ ਝੁੱਗੀ ਵਹੀਂ ਮਕਾਨ। ਇੱਥੋਂ ਦੇ ਲੋਕਾਂ ਨੇ ਇਸ 'ਤੇ ਭਰੋਸਾ ਕਰਕੇ ਭਾਜਪਾ ਜਿਤਾ ਦਿੱਤੀ। ਹਾਲਾਂਕਿ ਇਹ ਹੁਣ ਪਛਤਾ ਰਹੇ ਹਨ, ਪਰ 'ਅਬ ਪਛਤਾਏ ਹੋਤ ਕਯਾ, ਜਬ ਚਿੜੀਆ ਚੁਗ ਗਈ ਖੇਤ'। ਇਨ੍ਹਾਂ ਲੋਕਾਂ ਨੂੰ ਪਤਾ ਨਹੀਂ ਸੀ ਕਿ ਆਜ਼ਾਦੀ ਤੋਂ ਬਾਅਦ ਮੋਦੀ ਜਿਹੜਾ ਅੰਮ੍ਰਿਤ ਕਾਲ ਲੈ ਕੇ ਆਏ ਹਨ, ਉਹ ਉਨ੍ਹਾਂ ਲਈ ਜ਼ਹਿਰ ਲੈ ਕੇ ਆਇਆ ਹੈ। ਇਸ ਅੰਮ੍ਰਿਤ ਕਾਲ ਵਿੱਚ ਦਿੱਲੀ ਦੇ ਸਭ ਤੋਂ ਆਲੀਸ਼ਾਨ ਹਿੱਸੇ ਵਿੱਚ ਉਨ੍ਹਾਂ ਦਾ ਰਹਿਣਾ ਦਿੱਲੀ ਦੀ ਸ਼ਾਨੋ-ਸ਼ੌਕਤ ਦੇ ਖਿਲਾਫ ਹੈ। ਇਹ ਉਸ ਇਲਾਕੇ ਵਿੱਚ ਰਹਿ ਰਹੇ ਵੱਡੇ ਲੋਕਾਂ ਦੀ ਤੌਹੀਨ ਹੈ। ਜਿੱਥੇ ਉਹ ਰਹਿੰਦੇ ਹਨ ਉਹ ਜ਼ਮੀਨ ਅਰਬਾਂ ਨਹੀਂ, ਖਰਬਾਂ ਦੀ ਹੈ। ਇੱਥੇ ਵਿਕਸਤ ਭਾਰਤ ਦੇ ਆਲੀਸ਼ਾਨ ਫਲੈਟ, ਮਾਲ, ਕਲੱਬ ਤੇ ਗੋਲਫ ਸੈਂਟਰ ਬਣਨੇ ਹਨ। ਵਿਕਸਤ ਭਾਰਤ ਤੇ ਖ਼ੂਬਸੂਰਤ ਦਿੱਲੀ ਲਈ ਉਨ੍ਹਾਂ ਨੂੰ ਕੁਰਬਾਨੀ ਦੇਣੀ ਪੈਣੀ ਹੈ। ਇਹੀ ਦੇਸ਼ ਹਿੱਤ, ਰਾਸ਼ਟਰ ਹਿੱਤ ਤੇ ਭਾਰਤ ਨੂੰ ਵਿਸ਼ਵ ਗੁਰੂ ਬਣਾਉਣ ਵਿੱਚ ਉਨ੍ਹਾਂ ਦਾ ਯੋਗਦਾਨ ਹੋਵੇਗਾ। ਜੇ ਉਹ ਜ਼ਿਦ ਕਰਨਗੇ ਤਾਂ ਬੁਲਡੋਜ਼ਰ, ਲਾਠੀਆਂ ਤੇ ਜਲ ਤੋਪਾਂ ਤਿਆਰ ਹਨ।*

# ਟੈੱਟ ਫੈਸਲੇ ਖਿਲਾਫ ਹਨ ਭਾਰਤ ਦੇ ਅਧਿਆਪਕ

**ਅਮਰਪ੍ਰੀਤ ਸਿੰਘ ਝੀਤਾ**

ਭਾਰਤ ਦੁਨੀਆ ਦਾ ਪਹਿਲਾ ਅਜਿਹਾ ਮੁਲਕ ਬਣ ਗਿਆ ਹੈ, ਜਿੱਥੇ ਸਰਕਾਰੀ ਸਕੂਲਾਂ ਵਿੱਚ ਅਧਿਆਪਨ ਕੋਰਸ (B.Ed., ETT) ਦੀ ਪ੍ਰਵੇਸ਼ ਪ੍ਰੀਖਿਆ ਪਾਸ ਕਰਕੇ ਫਿਰ ਟੀਚਿੰਗ ਦਾ ਕੋਰਸ ਪੂਰਾ ਕਰਕੇ ਨਿਯੁਕਤ ਹੋਏ ਅਧਿਆਪਕਾਂ ਉੱਤੇ ਜਬਰੀ ਟੈੱਟ (ਟੀਚਰ ਇਲੀਜੀਬਿਲਟੀ ਟੈਸਟ) ਪਾਸ ਕਰਨ ਦਾ ਫੈਸਲਾ ਸੁਪਰੀਮ ਕੋਰਟ ਰਾਹੀਂ ਲਾਗੂ ਕੀਤਾ ਜਾ ਰਿਹਾ ਹੈ।

ਸਾਲ 2011 ਤੋਂ ਪਹਿਲਾਂ ਨਿਯੁਕਤ ਹੋਏ ਅਧਿਆਪਕਾਂ ਉੱਤੇ ਟੈੱਟ ਸੰਬੰਧੀ ਫੈਸਲਾ ਥੋਪਣਾ ਗੈਰ-ਸੰਵਿਧਾਨਕ ਹੈ, ਕਿਉਂਕਿ ਟੈੱਟ ਦੀ ਹੋਂਦ ਤੋਂ ਪਹਿਲਾਂ ਭਰਤੀ ਹੋਏ ਅਧਿਆਪਕਾਂ ਲਈ ਤਰੱਕੀ ਦੀਆਂ ਸ਼ਰਤਾਂ ਵਿੱਚ ਏਨੇ ਸਾਲਾਂ ਬਾਅਦ ਬਦਲਾਵ ਕਰਨਾ ਗਲਤ ਹੈ, ਕਿਉਂਕਿ ਟੈੱਟ ਤਾਂ ਨੌਕਰੀ ਵਿੱਚ ਆਉਣ ਲਈ ਇੱਕ ਮੁੱਢਲੀ ਸ਼ਰਤ ਹੈ, ਜਿਸ ਨੂੰ ਜੁਲਾਈ 2011 ਬਾਅਦ ਹੀ ਹਰ ਭਰਤੀ ਲਈ ਲਾਜ਼ਮੀ ਕੀਤਾ ਗਿਆ ਸੀ। ਜਿਹਨਾਂ ਟੈੱਟ ਪਾਸ ਨਹੀਂ ਕੀਤਾ, ਉਹ ਨੌਕਰੀ ਵਿੱਚ ਬਣੇ ਰਹਿਣਗੇ, ਪਰ ਤਰੱਕੀ ਲੈਣ ਦੇ ਇਛੁੱਕ ਅਧਿਆਪਕਾਂ ਲਈ ਟੈੱਟ ਪਾਸ ਕਰਨ ਦੀ ਸ਼ਰਤ ਲਾਜ਼ਮੀ ਕਰ ਦਿੱਤੀ ਗਈ ਹੈ। ਕੀ ਅਜਿਹੇ ਫੈਸਲਿਆਂ ਨਾਲ ਭਾਰਤ ਵਿਸ਼ਵ ਗੁਰੂ ਬਣੇਗਾ? ਸੁਪਰੀਮ ਕੋਰਟ ਦੇ ਹੋਰ ਫੈਸਲੇ ਕਿ ਇੱਕੋ ਜਿਹੇ ਕੰਮ ਲਈ ਬਰਾਬਰ ਤਨਖਾਹ, ਮਹਿੰਗਾਈ ਭੱਤੇ ਦੀ ਅਦਾਇਗੀ, ਕੱਚੇ ਕਾਮਿਆਂ ਨੂੰ ਰੈਗੂਲਰ ਕਰਨਾ, ਸਭ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਦਾ ਹੱਕ ਹੈ, ਆਦਿ ਨੂੰ ਕੇਂਦਰ ਤੇ ਪੰਜਾਬ ਸਰਕਾਰਾਂ ਲਾਗੂ ਕਰਨ ਵਿੱਚ ਕਾਹਲੀ ਕਿਉਂ ਨਹੀਂ ਦਿਖਾਉਂਦੀਆਂ। ਅਜਿਹੇ ਪੱਖਪਾਤੀ ਫੈਸਲਿਆਂ ਤੇ ਗਲਤ ਨੀਤੀਆਂ ਕਰਕੇ ਭਾਰਤ ਦੇ ਨੌਜਵਾਨ ਰੁਜ਼ਗਾਰ ਦੇ ਮੌਕਿਆਂ ਵਿੱਚ ਕਮੀ, ਨੌਕਰੀ ਦੀ ਸੁਰੱਖਿਆ ਵਿੱਚ ਅਸਪੱਸ਼ਟਤਾ ਤੇ ਅਸਥਿਰਤਾ ਕਰਕੇ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹੋ ਰਹੇ ਹਨ। ਜਿੱਥੇ ਨੌਕਰੀਆਂ ਦੇ ਨਿਯਮਾਂ ਨੂੰ ਜਦੋਂ ਮਰਜ਼ੀ ਸਰਕਾਰਾਂ ਕੋਰਟਾਂ ਦੀ ਆੜ ਵਿੱਚ ਬਦਲਣ, ਰੁਜ਼ਗਾਰ ਦੇਣ ਨਾਲੋਂ ਰੁਜ਼ਗਾਰ ਖੋਹਣ ਵਾਲੇ ਨਿਯਮ, ਫੈਸਲੇ ਸੁਣਾਉਣ ਲਈ ਜ਼ਿਆਦਾ ਕਾਹਲੀਆਂ ਹਨ ਤਾਂ ਅਜਿਹੇ ਸਮੇਂ ਵਿੱਚ ਨੌਕਰੀ ਕਰਨੀ ਬਹੁਤ ਹੀ ਔਖੀ ਹੋ ਜਾਂਦੀ ਹੈ।

ਮੇਰੀ ਸੁਪਰੀਮ ਕੋਰਟ ਅਤੇ ਕੇਂਦਰ ਸਰਕਾਰ ਨੂੰ ਅਪੀਲ ਹੈ ਕਿ ਅਧਿਆਪਕ ਬਣਨਾ ਨੇਤਾ ਬਣਨ ਵਾਂਗ ਜਾਂ ਚਾਹ ਦਾ ਕੱਪ ਪੀਣ ਵਾਂਗ ਸੌਖਾ ਨਹੀਂ। ਅਧਿਆਪਕ ਬਣਨ ਲਈ ਬਹੁਤ ਮਿਹਨਤ ਨਾਲ ਪੜ੍ਹਾਈ ਕਰਨੀ ਪੈਂਦੀ ਹੈ। ਹਰ ਟੈਸਟ, ਪ੍ਰੀਖਿਆ ਦੇਣ ਲਈ ਵੀ ਮਨੁੱਖ ਦੀ ਸਮਰੱਥਾ ਦੀ ਇੱਕ ਹੱਦ ਤੇ ਇੱਕ ਉਮਰ ਹੁੰਦੀ ਹੈ, ਜਿਸ ਤੋਂ ਬਾਅਦ ਮਨੁੱਖ ਦੀ ਹੌਲੀ-ਹੌਲੀ ਸਮਰੱਥਾ ਘਟਦੀ ਜਾਂਦੀ ਹੈ। ਇਸੇ ਕਰਕੇ ਭਾਰਤ ਵਿੱਚ 58 ਸਾਲ ਬਾਅਦ ਸੇਵਾਮੁਕਤ ਹੋਣ ਦਾ ਨਿਯਮ ਹੈ। ਇਸ ਲਈ ਹਰ ਸਮੇਂ ਦੀਆਂ ਭਰਤੀ ਵੇਲੇ ਦੇ ਸੇਵਾ ਨਿਯਮਾਂ ਨੂੰ ਕੁੱਝ ਸਾਲਾਂ ਬਾਅਦ ਤਬਦੀਲ ਨਹੀਂ ਕੀਤਾ ਜਾ ਸਕਦਾ। ਹਰ ਤਰੱਕੀ ਲਈ ਸੰਬੰਧਤ ਵਿਸ਼ੇ ਦਾ ਟੈਸਟ ਲੈਣਾ ਚੰਗੀ ਗੱਲ ਹੈ, ਜਿਸ ਨਾਲ ਵਿਸ਼ੇ ਉੱਤੇ ਪਕੜ, ਮੁਹਾਰਿਤ ਦਾ ਪਤਾ ਚੱਲ ਸਕੇ, ਪਰ ਸਾਲ 2011 ਤੋਂ ਪਹਿਲਾਂ ਨਿਯੁਕਤ ਹੋਏ ਅਧਿਆਪਕਾਂ ਲਈ ਤਰੱਕੀ ਲੈਣ ਲਈ ਟੈੱਟ ਪਾਸ ਕਰਨ ਦੀ ਸ਼ਰਤ ਨਹੀਂ ਰੱਖਣੀ ਚਾਹੀਦੀ। ਸੇਵਾ ਨਿਯਮਾਂ ਵਿੱਚ ਸੋਧ ਕਰਕੇ ਟੈੱਟ ਦਾ ਟੈਸਟ ਥੋਪਣਾ ਬਹੁਤ ਹੀ ਮੰਦਭਾਗਾ ਹੈ।

ਟੈੱਟ ਵਰਗੇ ਟੈਸਟ ਵਿਧਾਇਕ, ਸੰਸਦ ਬਣਨ ਲਈ ਕਿਉਂ ਨਹੀਂ ਬਣਾਏ ਜਾਂਦੇ? ਟੈੱਟ ਵਾਂਗ ਸਭ ਨੇਤਾਵਾਂ ਲਈ ਪੋਲਟਿਕਸ ਇਲੀਜੀਬਿਲਟੀ ਟੈਸਟ (ਪੈੱਟ) ਲਾਗੂ ਕੀਤਾ ਜਾਂਦਾ। ਹਰ ਵਿਧਾਇਕ, ਸੰਸਦ ਮੈਂਬਰ ਬਣਨ ਲਈ ਐੱਲ ਐੱਲ ਬੀ (LLB) ਵਕਾਲਤ ਪਾਸ ਹੋਣਾ ਲਾਜ਼ਮੀ ਕੀਤਾ ਜਾਂਦਾ, ਜਿਸ ਨਾਲ ਹਰ ਨੇਤਾ ਨੂੰ ਸੰਵਿਧਾਨ ਦੇ ਨਿਯਮਾਂ, ਕਾਨੂੰਨਾਂ ਬਾਰੇ ਚੰਗੀ ਜਾਣਕਾਰੀ ਹੋਵੇ ਤੇ ਭਾਰਤ ਨੂੰ ਯੋਗ ਨੇਤਾ ਮਿਲ ਸਕਣ ਅਤੇ ਭਾਰਤ ਸੱਚਮੁੱਚ ਵਿੱਚ ਆਤਮ ਨਿਰਭਰ ਤੇ ਖੁਸ਼ਹਾਲ ਦੇਸ਼ ਬਣ ਸਕੇ।ਇਸ ਸਮੇਂ ਪੂਰੇ ਭਾਰਤ ਵਿੱਚ ਟੈੱਟ ਦੇ ਫੈਸਲੇ ਖਿਲਾਫ ਹੜਕੰਪ ਮਚਿਆ ਹੋਇਆ ਹੈ। ਟੈੱਟ ਪਾਸ ਤੇ ਬਿਨਾਂ ਟੈੱਟ ਵਾਲੇ ਅਧਿਆਪਕਾਂ ਦੇ ਦੋ ਧੜੇ ਬਣ ਰਹੇ ਹਨ। ਸਰਕਾਰਾਂ ਅਧਿਆਪਕਾਂ ਵਿੱਚ ਵੰਡੀਆਂ ਪਾ ਰਹੀਆਂ ਹਨ। ਪੰਜਾਬ ਸਰਕਾਰ ਨੇ ਤਾਂ ਸਾਲ 2011 ਤੋਂ ਪਹਿਲਾਂ ਨਿਯੁਕਤ ਹੋਏ ਅਧਿਆਪਕਾਂ ਨੂੰ ਟੈੱਟ ਤੋਂ ਛੋਟ ਵਾਲੇ 2017 ਦੇ ਆਪਣੇ ਹੁਕਮ ਨੂੰ ਵੀ ਬੜੀ ਛੇਤੀ ਰੱਦ ਕਰ ਦਿੱਤਾ ਹੈ, ਪਰ ਪੁਰਾਣੀ ਪੈਨਸ਼ਨ ਬਹਾਲ ਕਰਨ ਵਾਲੇ ਆਪਣੇ ਅਧੂਰੇ ਨੋਟੀਫਿਕੇਸ਼ਨ ਨੂੰ ਪੂਰਨ ਰੂਪ ਵਿੱਚ ਲਾਗੂ ਕਰਨ ਵਿੱਚ ਕੁਝ ਨਹੀਂ ਕਰ ਰਹੀ।

ਪੂਰੇ ਦੇਸ਼ ਦੇ ਅਧਿਆਪਕ ਅਤੇ ਵੱਖ-ਵੱਖ ਅਧਿਆਪਕ ਜਥੇਬੰਦੀਆਂ ਟੈੱਟ ਦੇ ਫੈਸਲੇ ਖਿਲਾਫ ਲੋਕ ਸਭਾ, ਰਾਜ ਸਭਾ ਮੈਂਬਰਾਂ, ਵਿਧਾਇਕਾਂ ਨੂੰ ਮਿਲ ਕੇ ਮੰਗ ਪੱਤਰ ਦੇ ਰਹੀਆਂ ਹਨ ਕਿ ਟੈੱਟ ਵਾਲੇ ਫੈਸਲੇ ਵਿੱਚ ਸੋਧ ਕਰਕੇ ਸਭ ਅਧਿਆਪਕ ਲਈ ਸੰਵਿਧਾਨ ਦੇ ਨਿਯਮਾਂ ਅਨੁਸਾਰ ਸਾਰਥਿਕ ਫੈਸਲਾ ਕਰ ਕੇ ਲੱਖਾਂ ਅਧਿਆਪਕਾਂ ਦੀਆਂ ਨੌਕਰੀਆਂ ਨੂੰ ਸੁਰੱਖਿਅਤ ਕੀਤਾ ਜਾਵੇ। ਜੇਕਰ ਕੇਂਦਰ ਸਰਕਾਰ ਨੀਂਦ ਤੋਂ ਨਹੀਂ ਜਾਗਦੀ, ਕੇਂਦਰੀ ਸਿੱਖਿਆ ਮੰਤਰੀ ਟੈੱਟ ਵਾਲੇ ਫੈਸਲੇ ਵਿੱਚ ਯੋਗ ਸੋਧ ਨਹੀਂ ਕਰਵਾਉਂਦੇ ਤਾਂ ਭਾਰਤ ਦੇ ਸਭ ਸਰਕਾਰੀ ਅਧਿਆਪਕਾਂ ਦੇ ਰੋਸ ਦਾ ਸਾਹਮਣਾ ਕਰਨਾ ਪਵੇਗਾ ਅਤੇ ਖਮਿਆਜ਼ਾ ਵੀ ਭੁਗਤਣਾ ਪਵੇਗਾ।

**-ਨੰਗਲ ਅੰਬੀਆ, ਜਲੰਧਰ**

# ਕਰਾਮਾਤਾਂ ਦੇ ਬਾਜ਼ਾਰ 'ਚ ਲੁਟੀਂਦੇ ਲੋਕ



ਗੁਰਚਰਨ ਸਿੰਘ ਨੂਰਪੁਰ

ਇਕ ਸਮਾਗਮ ਵਿਚ ਇਕ ਗਾਉਣ ਵਾਲਾ ਸਦੀਆਂ ਪਹਿਲਾਂ ਹੋਏ ਆਪਣੇ ਧਾਰਮਿਕ ਰਹਿਬਰ ਨੂੰ 'ਵਾਜ਼ਾਂ ਮਾਰ ਰਿਹਾ ਸੀ, 'ਆ ਕੇ ਵੇਖ ਦੁਨੀਆ ਦਾ ਕੀ ਹਾਲ ਹੋ ਗਿਆ ਹੈ, ਤਗੜਾ ਮਾੜੇ ਨੂੰ ਲੁੱਟ ਕੇ ਖਾ ਰਿਹਾ ਹੈ। ਨਿਆਂ ਇਨਸਾਫ਼ ਦੂਰ ਦੀ ਕੌਡੀ ਹੋ ਗਏ ਹਨ, ਇਥੇ ਮਾਰਧਾੜ ਹੈ, ਲੁੱਟ-ਖਸੁੱਟ ਏ, ਤੂੰ ਦੁਬਾਰਾ ਆ ਤੇ ਆ ਕੇ ਇਸ ਦੁਨੀਆ ਨੂੰ ਦਰੁਸਤ ਕਰ।'

ਇਸ ਰਚਨਾ ਮਗਰੋਂ ਇਕ ਸਿਆਣਾ ਬੁਲਾਰਾ ਬੋਲਿਆ ਤੇ ਉਸ ਨੇ ਆਖਿਆ, 'ਸਾਡੇ ਰਹਿਬਰ ਜੋ ਸਦੀਆਂ ਪਹਿਲਾਂ ਹੋ ਗਏ ਹਨ, ਉਨ੍ਹਾਂ ਹੁਣ ਨਹੀਂ ਆਉਣਾ। ਉਨ੍ਹਾਂ ਇਸ ਦੁਨੀਆ ਨੂੰ ਚੰਗਾ ਬਣਾਉਣ ਲਈ ਜੋ ਯੋਗਦਾਨ ਦਿੱਤਾ, ਉਹ ਬਹੁਤ ਮਹਾਨ ਸੀ। ਉਹਨੂੰ ਵਿਸਾਰਿਆ ਨਹੀਂ ਜਾ ਸਕਦਾ। ਉਹ ਸਾਡੇ ਰਾਹ-ਦਸੇਰੇ ਸਨ। ਉਨ੍ਹਾਂ ਦੇ ਸ਼ਬਦ ਅੱਜ ਦੀ ਸਾਡਾ ਮਾਰਗ-ਦਰਸ਼ਨ ਕਰਦੇ ਹਨ, ਪਰ ਸੱਚ ਇਹ ਆ ਕਿ ਉਨ੍ਹਾਂ ਹੁਣ ਨਹੀਂ ਆਉਣਾ। ਉਨ੍ਹਾਂ ਦੇ ਦੱਸੇ ਰਾਹ 'ਤੇ ਚੱਲ ਕੇ ਆਪ ਇਸ ਦੁਨੀਆ ਨੂੰ ਚੰਗਾ ਬਣਾਉਣ ਦਾ ਯਤਨ ਕਰੋ ਜਿਹਾ ਕਿ ਉਨ੍ਹਾਂ ਕਿਹਾ ਸੀ।'

ਜ਼ਮਾਨੇ ਦੇ ਹਰ ਦੌਰ ਵਿਚ ਸਮਾਜ ਦੀ ਬਹੁਗਿਣਤੀ ਨੂੰ ਕਿਸੇ ਨਾ ਕਿਸੇ ਕਰਾਮਾਤ ਦੀ ਉਡੀਕ ਹੁੰਦੀ ਹੈ। ਧਰਮ ਅਸਥਾਨਾਂ 'ਤੇ ਹਰ ਰੋਜ਼ ਪ੍ਰਾਰਥਨਾਵਾਂ, ਬੇਨਤੀਆਂ, ਅਰਜ਼ੋਈਆਂ, ਜੋਦੜੀਆਂ, ਅਰਦਾਸਾਂ ਹੁੰਦੀਆਂ ਹਨ। ਕੁਝ ਭੋਲੇ-ਭਾਲੇ ਲੋਕਾਂ ਨੂੰ ਕੁਝ ਚਲਾਕ ਲੋਕ ਆਪਣੇ ਧਰਮ ਨੂੰ ਦੂਜਿਆਂ ਦੇ ਮੁਕਾਬਲੇ ਵੱਧ ਕਰਾਮਾਤੀ ਦੱਸ ਕੇ ਉਨ੍ਹਾਂ ਦਾ ਧਰਮ ਪਰਿਵਰਤਨ ਵੀ ਕਰਵਾਉਂਦੇ ਹਨ।ਇਸ ਤਰ੍ਹਾਂ ਦੀਆਂ ਗਤੀਵਿਧੀਆਂ ਦਾ ਵਿਰੋਧ ਵੀ ਹੁੰਦਾ ਹੈ, ਪਰ ਸਮਾਜ ਵਿਚ ਅਜਿਹੇ ਵਰਤਾਰੇ ਚਲਦੇ ਰਹਿੰਦੇ ਹਨ। ਹਰ ਧਰਮ ਵਿਚ ਧਰਮ ਨੂੰ ਮੰਨਣ ਵਾਲੇ ਲੋਕਾਂ ਦਾ ਧਰਮ ਵਿਚ ਵਿਸ਼ਵਾਸ ਬਹੁਤ ਜ਼ਰੂਰੀ ਹੈ। ਵਿਸ਼ਵਾਸ ਕਰਨ ਲਈ ਲੋਕ ਕਰਾਮਾਤ ਦੀ ਆਸ ਕਰਦੇ ਹਨ। ਬੇਸ਼ੱਕ ਕਿੰਨੇ ਵੀ ਵਿਗਿਆਨਕ ਢੰਗ ਨਾਲ ਸੋਚਣ ਵਾਲੇ ਧਾਰਮਿਕ ਲੋਕ ਹੋਣ, ਉਨ੍ਹਾਂ 'ਚੋਂ ਬਹੁਗਿਣਤੀ ਦਾ ਕਰਾਮਾਤਾਂ ਵਿਚ ਪੱਕਾ ਵਿਸ਼ਵਾਸ ਹੁੰਦਾ ਹੈ।

ਇਸ ਸਮੇਂ ਕਰਾਮਾਤਾਂ ਦਾ ਬਾਜ਼ਾਰ ਇਕ ਵੱਡਾ ਕਾਰੋਬਾਰ ਬਣ ਗਿਆ ਹੈ। ਬਹੁਤ ਸਾਰੇ ਅਖੌਤੀ ਜੋਤਿਸ਼ੀ, ਸਾਧ-ਸੰਤ ਅਤੇ ਆਪਣੇ-ਆਪ ਨੂੰ ਧਰਮ ਦੇ ਆਗੂ ਅਖਵਾਉਣ ਵਾਲੇ ਕਰਾਮਾਤਾਂ ਦੇ ਨਾਂਅ 'ਤੇ ਲੋਕਾਂ ਨੂੰ ਵਰਗਲਾਉਂਦੇ ਹਨ। ਕਿਸੇ ਨਾ ਕਿਸੇ ਢੰਗ ਨਾਲ ਆਪਣੇ ਡੇਰਿਆਂ 'ਤੇ ਭੀੜਾਂ ਇਕੱਠੀਆਂ ਕਰਦੇ ਹਨ। ਇਨ੍ਹਾਂ ਇਕੱਠੀਆਂ ਹੋਈਆਂ ਭੀੜਾਂ ਤੋਂ ਮੋਟਾ ਪੈਸਾ ਵਸੂਲਿਆ ਜਾਂਦਾ ਹੈ, ਜਿਸ ਨਾਲ ਇਨ੍ਹਾਂ ਦੀਆਂ ਜਾਇਦਾਦਾਂ ਦਿਨਾਂ 'ਚ ਅਮਰਵੇਲ ਵਾਂਗ ਵਧਦੀਆਂ ਹਨ। ਸਾਡੇ ਭਾਰਤੀ ਲੋਕਾਂ ਦੀ ਬਹੁਗਿਣਤੀ ਕਈ ਤਰ੍ਹਾਂ ਦੀਆਂ ਆਰਥਿਕ ਤੰਗੀਆਂ-ਤੁਰਸ਼ੀਆਂ ਦੀ ਸ਼ਿਕਾਰ ਹੈ। ਘਰਾਂ ਵਿਚ ਕਈ ਪ੍ਰਕਾਰ ਦੀਆਂ ਮੁਸ਼ਕਲਾਂ, ਪ੍ਰੇਸ਼ਾਨੀਆਂ ਹਨ। ਪਰਿਵਾਰਕ ਰਿਸ਼ਤਿਆਂ ਵਿਚ ਉਹ ਨਿੱਘ ਨਹੀਂ ਜੋ ਹੋਇਆ ਕਰਦਾ ਸੀ ਜਾਂ ਹੋਣਾ ਚਾਹੀਦਾ ਹੈ। ਬਾਜ਼ਾਰ ਨੇ ਸਾਨੂੰ ਸਿਖਾਇਆ ਹੈ ਕਿ ਸਬਰ-ਸੰਤੋਖ ਵਾਲਾ ਜੀਵਨ ਕੋਈ ਜੀਵਨ ਨਹੀਂ ਹੁੰਦਾ। ਅਸੀਂ ਸਟੇਟਸ ਲਈ ਜਿਊਣ ਲੱਗ ਪਏ ਹਾਂ। ਟੀ ਵੀ ਅਤੇ ਇੰਟਰਨੈੱਟ ਦੀ ਦੁਨੀਆ ਨੇ ਸਾਡੇ ਤੋਂ ਸੁਖ-ਚੈਨ, ਸ਼ਾਂਤੀ, ਸਹਿਜ ਤੇ ਸਬਰ ਖੋਹ ਲਿਆ ਹੈ। ਸਮਾਜ ਦੀ ਬਹੁਗਿਣਤੀ ਲਾਲਸਾਵਾਂ, ਖਾਹਿਸ਼ਾਂ ਦੇ ਵਿਸ਼ਾਲ ਮਾਰੂਥਲ ਵਿਚ ਜਿਵੇਂ ਭਟਕ ਰਹੀ ਹੈ। ਸਾਡੇ ਸਮਾਜ ਦੀ ਵੱਡੀ ਗਿਣਤੀ ਕਈ ਤਰ੍ਹਾਂ ਦੇ ਮਾਨਸਿਕ ਵਿਕਾਰਾਂ ਦੀ ਸ਼ਿਕਾਰ ਹੈ। ਉਦਾਸੀ, ਪ੍ਰੇਸ਼ਾਨੀ, ਕੁਝ ਚੰਗਾ ਨਾ ਲੱਗਣਾ, ਜੀਵਨ ਵਿਚੋਂ ਦਿਲਚਸਪੀ ਮੁੱਕ ਜਾਣਾ, ਮਨ ਕਾਹਲਾ ਪੈਣਾ, ਗੱਲ-ਗੱਲ 'ਤੇ ਗੁੱਸਾ ਆਉਣਾ ਜਾਂ ਰੋਣ ਆਉਣਾ, ਆਤਮ ਹੱਤਿਆ ਕਰਨ ਦੇ ਵਿਚਾਰ ਆਉਣੇ, ਖੁਸ਼ੀ ਨਾ ਆਉਣੀ, ਮਨ ਦਾ ਉਤਸ਼ਾਹ ਮੱਠਾ ਪੈ ਜਾਣਾ, ਮਨ ਨੂੰ ਚੈਨ ਟਿਕਾਅ ਨਾ ਆਉਣਾ ਆਦਿ ਕਈ ਮਾਨਸਿਕ ਵਿਕਾਰ ਹਨ, ਇਨ੍ਹਾਂ ਤੋਂ ਸਮਾਜ ਦੀ ਵੱਡੀ ਗਿਣਤੀ ਪੀੜਤ ਹੈ। ਹਿਸਟੇਰੀਆ, ਡਿਮੈਨਸ਼ੀਆ, ਸਕੀਜ਼ੋਫਰੇਨੀਆ, ਮਾਸ ਹਿਸਟੇਰੀਆ ਅਤੇ ਹੋਰ ਮਾਨਸਿਕ ਵਿਕਾਰਾਂ ਦੇ ਸ਼ਿਕਾਰ ਲੋਕ ਧਰਮਾਂ ਦੇ ਅਖੌਤੀ ਰੱਬ ਨੂੰ ਮਿਲੇ ਹੋਏ ਸਿਆਣਿਆਂ, ਸਾਧਾਂ ਅੱਗੇ ਡਿੱਗਦੇ ਡੰਡੌਤਾਂ ਕਰਦੇ ਚੀਕਾਂ, ਕੂਕਾਂ ਮਾਰਦੇ ਭੂਤਾਂ-ਪ੍ਰੇਤਾਂ ਦੇ ਮਕੜਜਾਲ ਵਿਚੋਂ ਨਿਕਲਣ ਲਈ ਵਾਲ ਖਿਲਾਰ ਕੇ ਖੇਡਦੇ ਹਨ। ਇਨ੍ਹਾਂ ਵਿਚ 90 ਫ਼ੀਸਦੀ ਔਰਤਾਂ ਹੁੰਦੀਆਂ ਹਨ ਤਾਂ ਆਮ ਸਮਝ ਰੱਖਣ ਨੂੰ ਵਾਲੇ ਇਹ ਜ਼ਰੂਰ ਲਗਦਾ ਹੈ ਕਿ ਇਹ ਕਿਸੇ ਕਰਾਮਾਤੀ ਢੰਗ ਨਾਲ ਹੋ ਵਾਪਰ ਰਿਹਾ ਹੈ। ਜ਼ਰੂਰ ਹੀ ਇੱਥੇ ਕਿਸੇ ਸ਼ੈਤਾਨ ਦੀ ਆਤਮਾ ਨੇ ਆ ਕੇ ਇਨ੍ਹਾਂ ਮਾਨਸਿਕ ਰੋਗੀਆਂ ਦੇ ਵਿਹਾਰ ਨੂੰ ਬਦਲ ਦਿੱਤਾ ਹੈ ਤੇ ਕਿਸੇ ਪੈਗ਼ੰਬਰ ਦੀ ਪ੍ਰਾਰਥਨਾ ਕਰਨ ਵਾਲਾ ਉਹ ਸਾਰਾ ਪ੍ਰਪੰਚ ਰਚ ਰਿਹਾ ਅਖੌਤੀ ਸਿਆਣਾ ਹੁਣ ਕਰਾਮਾਤੀ ਢੰਗ ਨਾਲ ਇਨ੍ਹਾਂ ਨੂੰ ਠੀਕ ਕਰ ਦੇਵੇਗਾ, ਪਰ ਅਜਿਹਾ ਕੁਝ ਨਹੀਂ ਹੁੰਦਾ, ਹਕੀਕਤ ਇਹ ਹੈ ਕਿ ਇਹ ਲੋਕ ਘਰਾਂ ਦੀਆਂ ਵੱਖ-ਵੱਖ ਮੁਸ਼ਕਲਾਂ, ਸਮੱਸਿਆਵਾਂ ਤੋਂ ਪੀੜਤ ਹੋਏ ਮਾਨਸਿਕ ਰੋਗੀ ਬਣ ਜਾਂਦੇ ਹਨ। ਕੁਝ ਲੋਕਾਂ ਵਿਚ ਜੈਨੇਟਕਲੀ ਮਾਨਸਿਕ ਵਿਕਾਰ ਹੁੰਦੇ ਹਨ। ਅਜਿਹੀਆਂ ਥਾਵਾਂ ਜਿੱਥੇ ਭੂਤਾਂ ਕੱਢਣ ਦਾ ਪ੍ਰਪੰਚ ਰਚਿਆ ਗਿਆ ਹੁੰਦਾ ਹੈ, ਉੱਥੇ ਆ ਕੇ ਇਹ ਲੋਕ ਇਕ ਤਰ੍ਹਾਂ ਨਾਲ ਮਾਸ ਹਿਸਟੀਰੀਆ ਦੇ ਪ੍ਰਭਾਵ ਹੇਠ ਚਲੇ ਜਾਂਦੇ ਹਨ ਅਤੇ ਖੇਡਣ ਲੱਗ ਪੈਂਦੇ ਹਨ। ਖੇਡ ਆਉਣ ਨਾਲ ਮਨ ਹਲਕਾ ਹੁੰਦਾ ਹੈ, ਬਿਲਕੁਲ ਉਸੇ ਤਰ੍ਹਾਂ ਜਿਵੇਂ ਕਿਸੇ ਨੂੰ ਬਹੁਤ ਵੱਡਾ ਦੁੱਖ ਹੋਵੇ ਤੇ ਉਹ ਰੋ-ਰੋ ਕੇ ਆਪਣਾ ਮਨ ਹਲਕਾ ਕਰ ਲਵੇ। ਇਸ ਤਰ੍ਹਾਂ ਵੱਡੀਆਂ ਭੀੜਾਂ ਵਿਚ ਜਦੋਂ ਕੁਝ ਲੋਕ ਵਾਲ ਖਿਲਾਰ ਕੇ ਖੇਡਦੇ ਹਨ ਤਾਂ ਇਕੱਠੀ ਹੋਈ ਭੀੜ ਹੋਰ ਸ਼ਰਧਾਵਾਨ ਹੋ ਜਾਂਦੀ ਹੈ। ਇਹ ਸਭ ਕੁਝ ਜਿਸ ਗ਼ੈਬੀ ਸ਼ਕਤੀਆਂ ਦਾ ਦਾਅਵਾ ਕਰਨ ਵਾਲੇ ਵਿਅਕਤੀ ਦੀ ਦੇਖਰੇਖ ਹੋ ਰਿਹਾ ਹੁੰਦਾ ਹੈ, ਉਹ ਲੋਕਾਂ ਵਿਚ ਆਪਣੇ ਆਪ ਨੂੰ ਵੱਡੇ ਜੇਤੂ ਅੰਦਾਜ਼ ਵਿਚ ਪੇਸ਼ ਕਰਦਾ ਹੈ, ਜਿਵੇਂ ਭੂਤਾਂ ਪ੍ਰੇਤਾਂ-ਕਾਲੀਆਂ ਤਾਕਤਾਂ ਉਸ ਦੀ ਮੁੱਠ ਵਿਚ ਹੋਣ ਤੇ ਕਿਸੇ ਰੱਬੀ ਸ਼ਕਤੀ ਨਾਲ ਉਹ ਪੀੜਤ ਲੋਕਾਂ ਦਾ ਕਰਾਮਾਤੀ ਢੰਗ ਨਾਲ ਭਲਾ ਕਰ ਰਿਹਾ ਹੋਵੇ। ਮਨੋਵਿਗਿਆਨਕ ਦ੍ਰਿਸ਼ਟੀ ਤੋਂ ਸਮਝਦਿਆਂ ਇਸ ਵਿਚ ਕੁਝ ਵੀ ਕਰਾਮਾਤੀ ਨਹੀਂ ਹੁੰਦਾ, ਨਾ ਹੀ ਇਹ ਕੋਈ ਭੂਤਾਂ, ਬੁਰੀਆਂ ਆਤਮਾਵਾਂ ਜਾਂ ਕਿਸੇ ਸ਼ੈਤਾਨੀ ਤਾਕਤ ਕਰਕੇ ਰਿਹਾ ਹੁੰਦਾ ਹੈ।

ਜਿਹੜੇ ਸਮਾਜਾਂ ਵਿਚ ਦੁੱਖਾਂ, ਮੁਸੀਬਤਾਂ, ਘਰੇਲੂ ਮਸਲਿਆਂ, ਕਲੇਸ਼ਾਂ ਅਤੇ ਬੇਕਾਰੀ, ਮੁਸੀਬਤਾਂ, ਘਰੇਲੂ ਮਸਲਿਆਂ, ਕਲੇਸ਼ਾਂ ਅਤੇ ਬੇਕਾਰੀ ਦੀ ਭਰਮਾਰ ਹੋਵੇਗੀ, ਉਸ ਸਮਾਜ ਵਿਚ ਉਪਰੋਕਤ ਕਿਸਮ ਦੇ ਵਿਕਾਰ ਜ਼ਿਆਦਾ ਹੋਣਗੇ। ਇਸ ਤਰ੍ਹਾਂ ਇਨ੍ਹਾਂ ਖਿੱਤਿਆਂ ਵਿਚ ਧਰਮ ਦੇ ਨਾਂਅ 'ਤੇ ਪਾਖੰਡ ਵੀ ਜ਼ਿਆਦਾ ਹੋਵੇਗਾ ਅਤੇ ਪਾਖੰਡ ਕਰਨ ਵਾਲੇ ਵੀ ਦੁੱਖਾਂ-ਮੁਸੀਬਤਾਂ ਤੇ ਝੰਬੇ ਲੋਕਾਂ ਤੋਂ ਕਮਾਈਆਂ ਕਰ ਕੇ ਆਪਣੇ ਘਰ ਭਰਦੇ ਰਹਿਣਗੇ। ਇੱਥੇ ਸਮਝਣ ਵਾਲੀ ਗੱਲ ਇਹ ਹੈ ਕਿ ਕਰਾਮਾਤਾਂ ਦੇ ਨਾਂਅ 'ਤੇ ਭੂਤਾਂ, ਪ੍ਰੇਤਾਂ ਨੂੰ ਕੱਢਣ ਦਾ ਢਕਵੰਜ ਕਰਨ ਵਾਲੇ ਮੁਸੀਬਤਾਂ ਭੋਗ ਰਹੇ ਲੋਕਾਂ ਤੋਂ ਕਮਾਈਆਂ ਕਰਦੇ ਹਨ। ਇਹ ਪਰਮਾਰਥ ਵਾਲਾ ਕੰਮ ਨਹੀਂ, ਇਹ ਨਿਹਾਇਤ ਘਟੀਆ ਪੱਧਰ ਦਾ ਕਾਰੋਬਾਰ ਹੈ, ਜਿਸ ਵਿਚ ਸੰਤਾਪ ਭੋਗ ਰਹੇ ਲੋਕਾਂ ਦਾ ਆਰਥਕ ਸ਼ੋਸ਼ਣ ਕੀਤਾ ਜਾਂਦਾ ਹੈ।

ਸਾਨੂੰ ਸਮਝਣ ਦੀ ਇਹ ਲੋੜ ਹੈ ਕਿ ਹਰ ਤਰ੍ਹਾਂ ਦੇ ਵਰਤਾਰਿਆਂ ਦੇ ਵਾਪਰਨ ਪਿੱਛੇ ਬਰੀਕ ਕਾਰਨ ਹੁੰਦੇ ਹਨ, ਜੋ ਸਾਨੂੰ ਸੌਖਿਆਂ ਕਈ ਵਾਰ ਸਮਝ ਨਹੀਂ ਆਉਂਦੇ। ਦੂਜਾ ਸਾਡੇ ਅੰਦਰ ਸਦੀਆਂ ਤੋਂ ਬਣੀਆਂ ਅੰਧਵਿਸ਼ਵਾਸੀ ਧਾਰਨਾਵਾਂ ਵੀ ਇਕ ਵੱਡਾ ਕਾਰਨ ਹੁੰਦੀਆਂ ਹਨ। ਸਾਨੂੰ ਆਪਣੇ ਦੁੱਖਾਂ-ਮੁਸੀਬਤਾਂ ਦੇ ਕਾਰਨਾਂ ਨੂੰ ਸਮਝ ਕੇ ਇਨ੍ਹਾਂ ਨੂੰ ਦੂਰ ਕਰਕੇ ਜ਼ਿੰਦਗੀ ਵਿਚ ਅੱਗੇ ਵਧਣ ਦੀ ਜੁਗਤ ਸਿੱਖਣੀ ਚਾਹੀਦੀ ਹੈ। ਉਹ ਲੋਕ ਜੋ ਮਨੁੱਖ ਦੀਆਂ ਮੁਸੀਬਤਾਂ ਨੂੰ ਕਿਸੇ ਸ਼ੈਤਾਨੀ ਸ਼ਕਤੀ ਨਾਲ ਜੋੜਦੇ ਹਨ, ਤੋਂ ਕਰਾਮਾਤੀ ਢੰਗ ਨਾਲ ਦੁੱਖਾਂ ਦਾ ਨਿਵਾਰਨ ਕਰਾਉਣ ਦੀ ਬਜਾਏ ਸਾਨੂੰ ਆਪਣੀਆਂ ਮੁਸ਼ਕਲਾਂ ਦੇ ਮਨੋਵਿਗਿਆਨਕ ਕਾਰਨ ਖੋਜਣੇ ਚਾਹੀਦੇ ਹਨ। ਧਰਤੀ 'ਤੇ ਲੱਖਾਂ ਲੋਕ ਹਨ, ਜੋ ਅੰਧਵਿਸ਼ਵਾਸਾਂ, ਕਰਾਮਾਤਾਂ, ਭੂਤਾਂ-ਪ੍ਰੇਤਾਂ, ਬੁਰੀਆਂ ਆਤਮਾਵਾਂ, ਕਿਸਮਤ ਵਿਚ ਵਿਸ਼ਵਾਸ ਨਹੀਂ ਰੱਖਦੇ ਤੇ ਸਾਡੇ ਨਾਲੋਂ ਕਿਤੇ ਬਿਹਤਰ ਜ਼ਿੰਦਗੀ ਜਿਉਂਦੇ ਹਨ। ਲੱਖਾਂ ਲੋਕ ਹਨ, ਜੋ ਅਖੌਤੀ ਸਾਧਾਂ-ਸੰਤਾਂ, ਸੁਆਮੀਆਂ, ਜੋਤਸ਼ੀਆਂ, ਪੁਜਾਰੀਆਂ ਅੱਗੇ ਮੱਥੇ ਨਹੀਂ ਰਗੜਦੇ, ਸਗੋਂ ਆਪਣੇ ਵਿਵੇਕ ਨਾਲ ਹਰ ਮੁਸ਼ਕਲ ਦਾ ਸਾਹਮਣਾ ਕਰਨ ਦੀ ਹਿੰਮਤ ਰੱਖਦੇ ਹਨ। ਇੱਧਰ ਅਸੀਂ ਹਾਂ ਕਿ ਜੇਕਰ ਉਨ੍ਹਾਂ ਮੁਲਕਾਂ ਵਿਚ ਜਾਣਾ ਵੀ ਹੈ ਤਾਂ ਵੀ ਅੰਧਵਿਸ਼ਵਾਸ ਦਾ ਆਸਰਾ ਲੈਂਦੇ ਹਾਂ। ਧਾਰਮਿਕ ਥਾਵਾਂ 'ਤੇ ਮੱਥੇ ਰਗੜ ਕੇ ਅਸੀਂ ਕਿਸੇ ਬਾਹਰਲੇ ਮੁਲਕ ਜਾਣ ਦਾ ਅਸ਼ੀਰਵਾਦ ਲੈਂਦੇ ਹਾਂ।

ਸਾਨੂੰ ਇਹ ਵੀ ਸਮਝਣ ਦੀ ਲੋੜ ਹੈ ਕਿ ਸਦੀਆਂ ਪਹਿਲਾਂ ਹੋਏ ਸਾਡੇ ਰਹਿਨੁਮਾਵਾਂ ਨੇ ਹੁਣ ਮੁੜ ਕੇ ਕਦੇ ਨਹੀਂ ਆਉਣਾ। ਸਾਨੂੰ ਇਸ ਜੀਵਨ ਨੂੰ ਚੰਗਾ ਬਣਾਉਣ ਲਈ ਆਪ ਯਤਨ ਕਰਨੇ ਪੈਣੇ ਹਨ। ਇਕ ਵਿਅਕਤੀ ਜਾਂ ਪੂਰਾ ਸਮਾਜ ਜਦੋਂ-ਜਦੋਂ ਵੀ ਆਪਣੀਆਂ ਸਮੱਸਿਆਵਾਂ ਨੂੰ ਕਿਸੇ ਕਰਾਮਾਤੀ ਵਰਤਾਰੇ ਨਾਲ ਜੋੜ ਦੇਵੇਗਾ, ਓਦੋਂ ਉਹ ਸਮੱਸਿਆਵਾਂ ਦੇ ਹੱਲ ਲੱਭਣ ਤੋਂ ਭਟਕ ਜਾਵੇਗਾ ਅਤੇ ਹੋਰ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਵਿਚ ਘਿਰ ਜਾਵੇਗਾ। ਧਰਤੀ ਦੇ ਜਿਸ ਖਿੱਤੇ ਵਿਚ ਅੰਧਵਿਸ਼ਵਾਸ, ਪਖੰਡ ਅਤੇ ਡੇਰਾਵਾਦ ਜਕੜ ਵਧੇਰੇ ਹੋਵੇਗੀ, ਉਸ ਖਿੱਤੇ ਵਿਚ ਲੋਕਾਂ ਦੀਆਂ ਸਮੱਸਿਆਵਾਂ ਦੂਰ ਹੋਣ ਦੀ ਬਜਾਏ ਅਮਰਵੇਲ ਵਾਂਗ ਵਧਦੀਆਂ ਜਾਣਗੀਆਂ।

ਸਮਾਜ ਨੂੰ ਉਨ੍ਹਾਂ ਲੋਕਾਂ ਤੋਂ ਸੁਚੇਤ ਹੋਣ ਦੀ ਲੋੜ ਹੈ, ਜੋ ਕਰਾਮਾਤੀ ਸ਼ਕਤੀਆਂ ਦਾ ਪ੍ਰਪੰਚ ਰਚ ਕੇ ਲੋਕਾਈ ਨੂੰ ਅੰਧ-ਵਿਸ਼ਵਾਸਾਂ ਦੀ ਦਲਦਲ ਵਿਚ ਧੱਕ ਰਹੇ ਹਨ। ਅਜਿਹਾ ਕਰਕੇ ਇਕ ਤਰ੍ਹਾਂ ਨਾਲ ਸਾਨੂੰ ਦੱਸਿਆ ਜਾ ਰਿਹਾ ਹੈ ਕਿ ਸਾਡੀਆਂ ਮੁਸ਼ਕਲਾਂ, ਸਮੱਸਿਆਵਾਂ ਕਿਸੇ ਗੰਦੇ ਅਤਿ ਮਾੜੇ ਨਿਜ਼ਾਮ ਦੀ ਦੇਣ ਨਹੀਂ, ਬਲਕਿ ਇਹ ਸਾਡੀ ਮਾੜੀ ਕਿਸਮਤ ਕਰਕੇ ਹਨ। ਅਜਿਹੀ ਮਨੋਬਿਰਤੀ ਸਮਾਜ ਨੂੰ ਰੂੜ੍ਹੀਵਾਦੀ ਧਾਰਨਾਵਾਂ ਦੇ ਰਾਹ ਤੋਰਦੀ ਹੈ। ਸਾਡੇ ਸਮਾਜ ਨੂੰ ਵਿਵੇਕਸ਼ੀਲ ਬਣਨ ਦੀ ਲੋੜ ਹੈ, ਅਸੀਂ ਵਿਗਿਆਨਕ ਸੋਚ ਦੇ ਧਾਰਨੀ ਬਣ ਕੇ ਆਪਣੀਆਂ ਸਮੱਸਿਆਵਾਂ ਤੋ ਨਿਜਾਤ ਪਾ ਸਕਦੇ ਹਾਂ।

**# ਸੰਪਰਕ : 98550-51099**

# ਬੱਚਿਆਂ 'ਚ ਵਧ ਰਹੀ ਅਨੁਸ਼ਾਸਨਹੀਣਤਾ

**ਸੁਖਮੰਦਰ ਸਿੰਘ ਤੂਰ**

ਜਦੋਂ ਬੱਚਾ ਛੋਟਾ ਹੁੰਦਾ ਹੈ ਤਾਂ ਉਸ ਦੀ ਨੀਂਦ ਜਾਗਣਾ ਅਤੇ ਸੌਣਾ ਪੈਂਦਾ ਹੈ, ਕਿਉਂਕਿ ਇਹ ਉਸ ਦੀ ਜ਼ਰੂਰਤ ਹੁੰਦੀ ਹੈ, ਪਰ ਜਿਉਂ-ਜਿਉਂ ਉਹ ਵੱਡਾ ਹੋਣ ਲੱਗਦਾ ਹੈ, ਤਿਉਂ-ਤਿਉਂ ਉਹ ਆਪਣੇ ਮਾਂ-ਪਿਓ ਅਤੇ ਦੂਜੇ ਸਕੇ- ਸਬੰਧੀਆਂ ਦੇ ਵਿਹਾਰ ਨੂੰ ਮਨ ਹੀ ਮਨ ਨਾਪਣ-ਤੋਲਣ ਲੱਗਦਾ ਹੈ। ਉਸ ਨੂੰ ਇਹ ਅਹਿਸਾਸ ਹੋਣ ਲੱਗ ਪੈਂਦਾ ਹੈ ਕਿ ਪਰਵਾਰ ਵਿੱਚ ਉਸ ਦੀ ਕੋਈ ਥਾਂ ਹੈ ਜਾਂ ਉਸ ਦੀਆਂ ਲੋੜਾਂ ਨੂੰ ਕਿਸ ਤਰ੍ਹਾਂ ਪੂਰਾ ਕੀਤਾ ਜਾਵੇਗਾ? ਦੂਸਰੇ ਪਾਸੇ ਜ਼ਰਾ ਜਿਹਾ ਬੱਚਾ ਰੋਇਆ ਨਹੀਂ ਕਿ ਮਾਂ-ਬਾਪ ਪੰਘਰ ਜਾਂਦੇ ਹਨ ਅਤੇ ਉਸ ਦੀਆਂ ਜਾਇਜ਼ -ਨਜਾਇਜ਼ ਸਾਰੀਆਂ ਮੰਗਾਂ ਪੂਰੀਆਂ ਕਰ ਦਿੱਤੀਆਂ ਜਾਂਦੀਆਂ ਹਨ। ਬੱਚਾ ਛੋਟਾ ਹੁੰਦਾ ਹੈ ਤਾਂ ਉਹ ਵੀ ਉਸ ਸਮੇਂ ਪ੍ਰੇਸ਼ਾਨੀਆਂ 'ਚ ਘਿਰਿਆ ਹੁੰਦਾ ਹੈ, ਪਰ ਅਸੀਂ ਬੱਚੇ ਨੂੰ ਹਰ ਕੀਮਤ 'ਤੇ ਸਫਲਤਾ ਬੁੱਕ 'ਚ ਪਾ ਕੇ ਦਿੰਦੇ ਹਾਂ, ਕਦੀ ਧਨ/ਦੌਲਤ ਨਾਲ, ਕਦੇ ਸਿਫਾਰਸ਼ ਨਾਲ, ਯਾਨੀ ਕਿ ਬੱਚੇ ਨੂੰ ਨਿਰਾਸ਼ ਨਹੀਂ ਹੋਣ ਦਿੰਦੇ।ਨਿੱਕੇ ਹੁੰਦੇ ਤੋਂ ਹੀ ਅਸੀਂ ਬੱਚੇ ਦਾ ਕੁਮਲਾਇਆ ਹੋਇਆ ਚਿਹਰਾ ਵੇਖ ਕੇ ਸਭ ਕੁਝ ਕਰਨ ਲਈ ਤਿਆਰ ਹੋ ਜਾਂਦੇ ਹਾਂ, ਪਰ ਜਦੋਂ ਉਹ ਵੱਡਾ ਹੁੰਦਾ ਹੈ ਤਾਂ ਉਸ ਦੇ ਸਨਮੁੱਖ ਜੋ ਦਿਕਤਾਂ ਆਉਂਦੀਆਂ ਹਨ, ਉਨ੍ਹਾਂ ਨੂੰ ਦੂਰ ਕਰਨਾ ਸਾਡੇ ਵੱਸ ਤੋਂ ਬਾਹਰ ਦੀ ਗੱਲ ਹੋ ਜਾਂਦੀ ਹੈ। ਜ਼ਿੰਦਗੀ ਕੋਈ ਫੁੱਲਾਂ ਦੀ ਸੇਜ ਤਾਂ ਨਹੀਂ ਹੈ ਨਹੀਂ, ਆਪਣੇ ਹਿੱਸੇ ਦੀ ਪੀੜ ਤਾਂ ਸਭ ਨੂੰ ਸਹਾਰਨੀ ਪਵੇਗੀ, ਇਸ ਕਰਕੇ ਅਨੁਸ਼ਾਸਨ ਤਾਂ ਬੱਚੇ ਦਾ ਪਹਿਲਾ ਪਾਠ ਹੈ। ਇਹੀ ਸਬਕ ਉਸ ਨੂੰ ਅੱਗੇ ਜਾ ਕੇ ਦੇਸ਼ ਤੇ ਸਮਾਜ ਵਿੱਚ ਅਨੁਸ਼ਾਸਨ ਪਾਲਣ ਦਾ ਰਾਹ ਵਿਖਾਏਗਾ। ਅੱਜ-ਕੱਲ੍ਹ ਦੇ ਇਕਹਿਰੇ ਪਰਵਾਰਾਂ 'ਚ ਪਤੀ-ਪਤਨੀ ਦੋਹੇਂ ਹੀ ਨੌਕਰੀ ਜਾਂ ਬਿਜ਼ਨਸ ਦੇ ਸਿਲਸਲੇ ਵਿੱਚ ਸਾਰਾ-ਸਾਰਾ ਦਿਨ ਘਰ ਤੋਂ ਬਾਹਰ ਰਹਿੰਦੇ ਹਨ ਤੇ ਫਿਰ ਉਨ੍ਹਾਂ ਦੇ ਬੱਚੇ ਨੌਕਰਾਂ ਆਦਿ ਦੇ ਆਸਰੇ ਪਲਦੇ ਹਨ ਤੇ ਨੌਕਰਾਂ ਕੋਲ ਪਲੇ ਬੱਚੇ ਦੇ ਸੰਸਕਾਰ ਕੀ ਹੋਣਗੇ, ਤੁਸੀਂ ਆਪ ਹੀ ਅੰਦਾਜ਼ਾ ਲਗਾ ਸਕਦੇ ਹੋ। ਇਸ ਲਈ ਨੌਕਰੀਪੇਸ਼ਾ ਮਾਂ-ਪਿਓ ਨੂੰ ਸਮੇਂ-ਸਮੇਂ ਆਪਣੇ ਬੱਚਿਆਂ ਵੱਲ ਉਚੇਚਾ ਧਿਆਨ ਦਿੰਦੇ ਰਹਿਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਬੱਚੇ ਕਿੰਨੇ ਕੁ ਅਨੁਸ਼ਾਸਨ ਦੇ ਪਾਬੰਦ ਹਨ, ਵਧੇਰੇ ਨੌਕਰਾਂ ਆਸਰੇ ਪਲੇ ਬੱਚੇ ਅਨੁਸ਼ਾਸਨਹੀਣ ਹੋ ਜਾਂਦੇ ਹਨ, ਜੋ ਬਾਅਦ ਵਿੱਚ ਪਰਵਾਰ ਅਤੇ ਸਮਾਜ ਲਈ ਖਤਰਾ ਬਣਦੇ ਹਨ।

ਬੱਚਿਆਂ ਵਿੱਚ ਅਨੁਸ਼ਾਸਨਹੀਣਤਾ ਦਾ ਇਕ ਮੁੱਖ ਕਾਰਨ ਅੱਜ ਦੀ ਸਿੱਖਿਆ ਪ੍ਰਣਾਲੀ ਵੀ ਹੈ, ਜਿਸ ਵਿੱਚ ਅਧਿਆਤਮਿਕਤਾ ਤੇ ਏਥਿਕਸ ਲਈ ਕੋਈ ਥਾਂ ਨਹੀਂ।ਅਧਿਆਪਕ ਅਤੇ ਵਿਦਿਆਰਥੀਆਂ ਦੇ ਸੰਬੰਧ ਵੀ ਹੁਣ ਪਹਿਲਾਂ ਵਰਗੇ ਨਹੀਂ ਰਹੇ। ਅੱਜ ਸਕੂਲਾਂ ਵਿੱਚ ਸਹੀ ਅਤੇ ਸਖਤ ਪ੍ਰਬੰਧ ਨਾ ਹੋ ਸਕਣਾ ਵੀ ਬੱਚਿਆਂ ਨੂੰ ਅਨੁਸ਼ਾਸਨ ਤੋਂ ਵੰਚਿਤ ਰੱਖਦਾ ਹੈ ਅਤੇ ਬਦਤਮੀਜ਼ ਬਣਾਉਂਦਾ ਹੈ। ਇਕ-ਇਕ ਜਮਾਤ 'ਚ 60-60/70-70 ਬੱਚੇ ਹੁੰਦੇ ਹਨ। ਇਸ ਤਰ੍ਹਾਂ ਅਧਿਆਪਕ ਕਿਸ-ਕਿਸ. 'ਤੇ ਨਜ਼ਰ ਰੱਖੇ। ਇਸ ਤਰ੍ਹਾਂ ਨਾ ਤਾਂ ਵਿਦਿਆਰਥੀ ਪੜ੍ਹ ਸਕਦਾ ਹੈ ਅਤੇ ਨਾ ਹੀ ਅਧਿਆਪਕ ਚੰਗੀ ਤਰ੍ਹਾਂ ਪੜ੍ਹਾ ਸਕਦਾ ਹੈ। ਇਸ ਕਰਕੇ ਵਿਦਿਆਰਥੀ ਅਧਿਆਪਕ ਤੋਂ ਕੱਟਿਆ ਜਿਹਾ ਰਹਿੰਦਾ ਹੈ, ਫਿਰ ਵੱਡੀਆਂ-ਵੱਡੀਆਂ ਫੀਸਾਂ ਆਦਿ ਦੇ ਕੇ ਵੀ ਜਦੋਂ ਸਹੂਲਤਾਂ ਨਹੀਂ ਮਿਲਦੀਆਂ ਤਾਂ ਉਹ ਵਿਰੋਧ ਕਰਦਾ ਹੈ। ਇਹੀ ਅਨੁਸ਼ਾਸਨ ਨੂੰ ਭੰਗ ਕਰਨਾ ਹੈ। ਕਲਾਸ ਰੂਮ 'ਚ ਚਿੰਗਮ ਖਾਣਾ, ਕਾਰਟੂਨ ਬਣਾਉਣਾ, ਚਿੱਟ 'ਤੇ ਲਿਖ ਕੇ ਪਾਸ-ਆਨ ਕਰਦੇ ਰਹਿਣਾ, ਵੇਖਣ 'ਚ ਇਹ ਭਾਵੇਂ ਗੱਲਾਂ ਛੋਟੀਆਂ ਲੱਗਣ, ਪਰ ਇਹ ਅਨੁਸ਼ਾਸਨ ਤੋੜਨ ਦੀ ਪਹਿਲੀ ਪੌੜੀ ਹੁੰਦੀਆਂ ਹਨ। ਇਹ ਸ਼ਰਾਰਤਾਂ ਬੱਚੇ ਅਕਸਰ ਕਰਦੇ ਰਹਿੰਦੇ ਹਨ, ਜੋ ਪੜ੍ਹਾਈ ਤੋਂ ਮਨ ਨੂੰ ਹਟਾਉਂਦੀਆਂ ਹਨ। ਘਰ ਵਿੱਚ ਵੀ ਬੱਚੇ ਅਨੁਸ਼ਾਸਨ ਵਿੱਚ ਬੱਧੇ ਜ਼ਰੂਰ ਹੋਣੇ ਚਾਹੀਦੇ ਹਨ। ਇਹ ਨਹੀਂ ਕਿ ਬਾਹਰੋਂ ਆਏ ਮਹਿਮਾਨਾਂ ਦੀ ਹਜ਼ੂਰੀ ਵਿੱਚ ਸ਼ਰਾਰਤਾਂ ਹੀ ਕਰਦੇ ਰਹਿਣ, ਉੱਚੀ ਆਵਾਜ਼ ਵਿੱਚ ਬੋਲਣ, ਜ਼ਿੱਦ ਕਰਨ। ਕਈ ਬੱਚੇ ਤਾਂ ਸੋਫਿਆਂ 'ਤੇ ਚੜ੍ਹ ਕੇ ਕੁੱਦਦੇ, ਚੀਜ਼ਾਂ ਦੀ ਤੋੜ-ਭੰਨ ਕਰ ਛੱਡਦੇ ਹਨ, ਜੋ ਵੇਖਣ ਵਾਲੇ ਨੂੰ ਬੁਰਾ ਲੱਗਦਾ ਹੈ ਤੇ ਇਹ ਤਮੀਜ਼ ਵੀ ਨਹੀਂ। ਸਕੂਲੋਂ ਘਰ ਆਏ ਵੀ ਬੱਚੇ ਬਸਤਾ ਕਿਤੇ ਸੁੱਟ, ਜੁਰਾਬਾਂ ਕਿਤੇ, ਬੂਟ ਕਿਤੇ। ਇਹ ਆਦਤਾਂ ਚੰਗੀਆਂ ਨਹੀਂ ਹਨ। ਟਿਕਾਣੇ 'ਤੇ ਚੀਜ਼ ਰੱਖਣਾ, ਘੱਟ ਬੋਲਣਾ, ਆਏ-ਗਏ ਦੀ ਇੱਜ਼ਤ ਰੱਖਣਾ, ਉੱਠਣ- ਬੈਠਣ ਦਾ ਢੰਗ ਅਤੇ ਖਾਣ-ਪੀਣ ਦਾ ਤਰੀਕਾ, ਇਹ ਸਭ ਕੁਝ ਬੱਚੇ ਨੂੰ ਆਉਣਾ ਚਾਹੀਦਾ ਹੈ। ਜ਼ਿੰਦਗੀ 'ਚ ਕਦਮ-ਕਦਮ 'ਤੇ ਚੁਣੌਤੀਆਂ ਆਉਂਦੀਆਂ ਹਨ, ਕਾਮਯਾਬੀ-ਨਾਕਾਮਯਾਬੀ ਦੇ ਦੌਰ ਆਸ-ਬੇਆਸ ਦੇ ਰਸਤੇ ਤੁਰਦੀ ਜ਼ਿੰਦਗੀ ਅਗਾਂਹ ਵਧਦੀ ਹੈ। ਸਾਨੂੰ ਬੱਚਿਆਂ 'ਚ ਇਹ ਸਮਰੱਥਾ ਪੈਦਾ ਕਰਨੀ ਹੋਵੇਗੀ ਕਿ ਉਹ ਇਨ੍ਹਾਂ ਹਾਲਤਾਂ ਨਾਲ ਜੂਝ ਸਕਣ। ਇਸ ਤਰ੍ਹਾਂ ਨਾ ਹੋਵੇ ਕਿ ਉਲਟ ਹਾਲਤ ਵਿਚ ਉਨ੍ਹਾਂ ਦੀ ਜ਼ਿੰਦਗੀ ਤਾਰ-ਤਾਰ ਹੋ ਕੇ ਬਿਖਰ ਜਾਵੇ।

# ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਦੋ-ਧਾਰੀ ਤਲਵਾਰ

**ਡਾ. ਕ੍ਰਿਸ਼ਨ ਲਾਲ**

ਆਰਟੀਫੀਸ਼ੀਅਲ ਇੰਟੈਲੀਜੈਂਸ ਅੱਜ ਸਿਰਫ਼ ਇੱਕ ਤਕਨੀਕੀ ਸ਼ਬਦ ਨਹੀਂ, ਸਗੋਂ ਭਾਰਤ ਸਮੇਤ ਪੂਰੀ ਦੁਨੀਆ ਵਿੱਚ ਵਿਕਾਸ, ਸੁਸ਼ਾਸਨ ਅਤੇ ਜਨਤਕ ਸੇਵਾਵਾਂ ਦੇ ਕਾਇਆ-ਕਲਪ ਦਾ ਮੁੱਖ ਆਧਾਰ ਬਣ ਚੁੱਕੀ ਹੈ। ਮਨੁੱਖੀ ਇਤਿਹਾਸ ਵਿੱਚ ਪਹੀਏ, ਬਿਜਲੀ ਅਤੇ ਇੰਟਰਨੈੱਟ ਵਰਗੀਆਂ ਕ੍ਰਾਂਤੀਕਾਰੀ ਕਾਢਾਂ ਨੇ ਜਿਸ ਤਰ੍ਹਾਂ ਦੁਨੀਆ ਦੀ ਤਕਦੀਰ ਬਦਲੀ ਸੀ, ਅੱਜ ਏ ਆਈ ਵੀ ਉਸੇ ਰਾਹ 'ਤੇ ਹੈ। ਸੁਪਰ-ਕੰਪਿਊਟਰਾਂ ਦੀ ਅਥਾਹ ਸ਼ਕਤੀ ਅਤੇ ਡੇਟਾ ਦੇ ਸਮੁੰਦਰ ਨੇ ਇਸ ਬਣਾਵਟੀ ਬੌਧਿਕਤਾ ਨੂੰ ਸਾਡੇ ਰੋਜ਼ਾਨਾ ਜੀਵਨ ਦਾ ਇੱਕ ਅਨਿਖੜਵਾਂ ਅੰਗ ਬਣਾ ਦਿੱਤਾ ਹੈ। ਸਰਲ ਸ਼ਬਦਾਂ 'ਚ ਆਰਟੀਫੀਸ਼ੀਅਲ ਇੰਟੈਲੀਜੈਂਸ ਕੰਪਿਊਟਰ ਵਿਗਿਆਨ ਦੀ ਉਹ ਵਿਕਸਤ ਸ਼ਾਖਾ ਹੈ, ਜੋ ਮਸ਼ੀਨਾਂ ਨੂੰ ਮਨੁੱਖੀ ਬੁੱਧੀ ਵਾਂਗ ਸੋਚਣ, ਸਿੱਖਣ ਅਤੇ ਸੁਤੰਤਰ ਫੈਸਲੇ ਲੈਣ ਦੇ ਯੋਗ ਬਣਾਉਂਦੀ ਹੈ। ਇਸ ਦਾ ਮੁੱਖ ਉਦੇਸ਼ ਅਜਿਹੇ ਸਿਸਟਮ ਤਿਆਰ ਕਰਨਾ ਹੈ, ਜੋ ਉਹਨਾਂ ਕੰਮਾਂ ਨੂੰ ਨਿਪੁੰਨਤਾ ਨਾਲ ਕਰ ਸਕਣ, ਜਿਨ੍ਹਾਂ ਲਈ ਮਨੁੱਖੀ ਸੂਝ-ਬੂਝ ਦੀ ਲੋੜ ਹੁੰਦੀ ਹੈ, ਜਿਵੇਂ ਕਿ ਭਾਸ਼ਾ ਨੂੰ ਸਮਝਣਾ, ਗੁੰਝਲਦਾਰ ਸਮੱਸਿਆਵਾਂ ਨੂੰ ਸੁਲਝਾਉਣਾ ਅਤੇ ਸਹੀ ਫੈਸਲੇ ਲੈਣਾ।21ਵੀਂ ਸਦੀ ਵਿੱਚ ਏ ਆਈ ਇੱਕ ਨਵੀਂ ਬਿਜਲੀ ਵਾਂਗ ਉੱਭਰ ਰਹੀ ਹੈ, ਜੋ ਅੱਜ ਹਰ ਉਦਯੋਗ ਦੀ ਤਰੱਕੀ ਦਾ ਇੰਜਣ ਬਣ ਚੁੱਕੀ ਹੈ।ਏ ਆਈ ਨੇ ਅੱਜ ਲਗਭਗ ਹਰ ਉਦਯੋਗ ਦੀ ਨੁਹਾਰ ਬਦਲ ਦਿੱਤੀ ਹੈ। ਸਿਹਤ ਸੇਵਾਵਾਂ ਵਿੱਚ ਇਹ ਇੱਕ ਵਰਦਾਨ ਸਾਬਤ ਹੋ ਰਹੀ ਹੈ, ਜਿੱਥੇ ਪ੍ਰੀਸੀਜ਼ਨ ਮੈਡੀਸਨ ਰਾਹੀਂ ਮਰੀਜ਼ ਦੇ ਜੈਨੇਟਿਕ ਡੇਟਾ ਦੇ ਆਧਾਰ ਤੇ ਸਹੀ ਇਲਾਜ ਸੰਭਵ ਹੈ। ਏ ਆਈ ਸਿਸਟਮ ਕੈਂਸਰ ਦੇ ਉਹਨਾਂ ਸ਼ੁਰੂਆਤੀ ਲੱਛਣਾਂ ਨੂੰ ਵੀ ਪਛਾਣ ਸਕਦੇ ਹਨ ਜੋ ਅਕਸਰ ਮਨੁੱਖੀ ਅੱਖਾਂ ਤੋਂ ਰਹਿ ਜਾਂਦੇ ਹਨ।ਸਿੱਖਿਆ ਦੇ ਖੇਤਰ ਵਿੱਚ, ਏ ਆਈ ਨੇ ਕਲਾਸਰੂਮ ਦੀਆਂ ਹੱਦਾਂ ਤੋੜ ਦਿੱਤੀਆਂ ਹਨ।ਇਹ ਵਿਦਿਆਰਥੀਆਂ ਦੀਆਂ ਜ਼ਰੂਰਤਾਂ ਅਨੁਸਾਰ ਵਿਸ਼ੇਸ਼ ਪਾਠਕ੍ਰਮ ਤਿਆਰ ਕਰ ਰਿਹਾ ਹੈ ਅਤੇ ਭਾਸ਼ਾਈ ਰੁਕਾਵਟਾਂ ਨੂੰ ਖਤਮ ਕਰਕੇ ਵਿਸ਼ਵ ਪੱਧਰੀ ਗਿਆਨ ਨੂੰ ਪੰਜਾਬੀ ਵਰਗੀਆਂ ਸਥਾਨਕ ਭਾਸ਼ਾਵਾਂ ਵਿੱਚ ਉਪਲੱਬਧ ਕਰਵਾ ਰਿਹਾ ਹੈ।

ਭਾਰਤ ਵਰਗੇ ਖੇਤੀ ਪ੍ਰਧਾਨ ਦੇਸ਼ ਲਈ ਏ ਆਈ ਸਮਾਰਟ ਫਾਰਮਿੰਗ ਰਾਹੀਂ ਕ੍ਰਾਂਤੀ ਲਿਆ ਰਹੀ ਹੈ। ਮਿੱਟੀ ਦੀ ਸਿਹਤ ਦੀ ਜਾਂਚ, ਮੌਸਮ ਦੀ ਸਟੀਕ ਭਵਿੱਖਬਾਣੀ ਅਤੇ ਡਰੋਨ ਰਾਹੀਂ ਫ਼ਸਲਾਂ ਦੀ ਨਿਗਰਾਨੀ ਹੁਣ ਹਕੀਕਤ ਬਣ ਚੁੱਕੀ ਹੈ। ਇਹ ਤਕਨੀਕ ਸਿੰਚਾਈ ਅਤੇ ਕੀੜੇ-ਮਕੌੜਿਆਂ ਦੀ ਰੋਕਥਾਮ ਲਈ ਕਿਸਾਨਾਂ ਨੂੰ ਮੋਬਾਇਲ ਰਾਹੀਂ ਸਹੀ ਸਲਾਹ ਦੇ ਕੇ ਬਰਬਾਦੀ ਘਟਾ ਰਹੀ ਹੈ। ਆਰਥਿਕ ਪੱਖ ਤੋਂ ਦੇਖੀਏ ਤਾਂ ਅਨੁਮਾਨ ਹੈ ਕਿ 2030 ਤੱਕ ਏ ਆਈ ਗਲੋਬਲ ਆਰਥਿਕਤਾ ਵਿੱਚ 15 ਟ੍ਰਿਲੀਅਨ ਡਾਲਰ ਦਾ ਯੋਗਦਾਨ ਪਾਵੇਗੀ। ਹਾਲਾਂਕਿ ਡਰਾਈਵਿੰਗ ਅਤੇ ਡੇਟਾ ਐਂਟਰੀ ਵਰਗੀਆਂ ਰਵਾਇਤੀ ਨੌਕਰੀਆਂ 'ਤੇ ਖ਼ਤਰਾ ਬਣਿਆ ਹੋਇਆ ਹੈ, ਪਰ ਇਸ ਦੇ ਨਾਲ ਹੀ ਏ ਆਈ ਟ੍ਰੇਨਰ, ਡੇਟਾ ਐਨਾਲਿਸਟ ਅਤੇ ਐਥਿਕਸ ਆਫਿਸਰ ਵਰਗੇ ਨਵੇਂ ਅਤੇ ਆਧੁਨਿਕ ਰੁਜ਼ਗਾਰ ਦੇ ਮੌਕੇ ਵੀ ਪੈਦਾ ਹੋ ਰਹੇ ਹਨ।ਏ ਆਈ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਹੈ ਕਿ ਇਹ ਮਸ਼ੀਨਾਂ ਇਨਸਾਨਾਂ ਵਾਂਗ ਥੱਕਦੀਆਂ ਨਹੀਂ, ਜਿਸ ਕਾਰਨ ਇਨ੍ਹਾਂ ਦੇ ਕੰਮ ਵਿੱਚ ਸ਼ੁੱਧਤਾ ਅਤੇ ਨਿਰੰਤਰਤਾ ਬਣੀ ਰਹਿੰਦੀ ਹੈ। ਇਹ ਤਕਨੀਕ ਅਜਿਹੇ ਜੋਖਮ ਭਰਪੂਰ ਕਾਰਜਾਂ ਵਿੱਚ ਸਹਾਇਕ ਸਾਬਤ ਹੋ ਰਹੀ ਹੈ, ਜਿੱਥੇ ਮਨੁੱਖੀ ਜਾਨ ਨੂੰ ਖ਼ਤਰਾ ਹੋ ਸਕਦਾ ਹੈ, ਜਿਵੇਂ ਕਿ ਸਮੁੰਦਰ ਦੀਆਂ ਅਥਾਹ ਗਹਿਰਾਈਆਂ ਵਿੱਚ ਖੋਜ ਕਰਨੀ, ਪੁਲਾੜ ਮਿਸ਼ਨ ਜਾਂ ਬੰਬ ਨਿਕਾਰਾ ਕਰਨਾ। ਅਜਿਹੇ ਮੌਕਿਆਂ 'ਤੇ ਏ ਆਈ ਰੋਬੋਟ ਮਨੁੱਖੀ ਜਾਨਾਂ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਵਪਾਰਕ ਪੱਧਰ 'ਤੇ, ਏ ਆਈ ਚੈਟਬੋਟਸ ਰਾਹੀਂ ਕੰਪਨੀਆਂ ਹੁਣ ਆਪਣੇ ਗਾਹਕਾਂ ਨੂੰ ਤੁਰੰਤ ਸੇਵਾਵਾਂ ਪ੍ਰਦਾਨ ਕਰ ਰਹੀਆਂ ਹਨ। ਸਭ ਤੋਂ ਹੈਰਾਨੀਜਨਕ ਪਹਿਲੂ ਇਸ ਦੀ ਰਫ਼ਤਾਰ ਹੈ, ਜੋ ਗੁੰਝਲਦਾਰ ਕੰਮ ਕਰਨ ਲਈ ਇਨਸਾਨਾਂ ਨੂੰ ਕਈ ਦਿਨ ਲੱਗ ਸਕਦੇ ਹਨ, ਏ ਆਈ ਉਸ ਨੂੰ ਕੁਝ ਹੀ ਸਕਿੰਟਾਂ ਵਿੱਚ ਮੁਕੰਮਲ ਕਰ ਦਿੰਦੀ ਹੈ।

ਇਸ ਤੋਂ ਇਲਾਵਾ ਏ ਆਈ ਪ੍ਰਣਾਲੀਆਂ ਸਾਡੀ ਨਿੱਜੀ ਜਾਣਕਾਰੀ ਅਤੇ ਰਹਿਣ-ਸਹਿਣ 'ਤੇ ਨਜ਼ਰ ਰੱਖਦੀਆਂ ਹਨ, ਜਿਸ ਨਾਲ ਡੇਟਾ ਦੀ ਦੁਰਵਰਤੋਂ ਅਤੇ ਨਿੱਜਤਾ ਦਾ ਖ਼ਤਰਾ ਵਧ ਗਿਆ ਹੈ। ਜੇਕਰ ਏ ਆਈ ਨੂੰ ਸਿਖਾਉਣ ਵਾਲਾ ਡੇਟਾ ਪੱਖਪਾਤੀ ਹੋਵੇ, ਤਾਂ ਇਹ ਜਾਤ, ਨਸਲ ਜਾਂ ਲਿੰਗ ਦੇ ਆਧਾਰ 'ਤੇ ਗਲਤ ਫੈਸਲੇ ਲੈ ਸਕਦਾ ਹੈ, ਜੋ ਸਮਾਜਿਕ ਨਿਆਂ ਲਈ ਇੱਕ ਵੱਡੀ ਵੰਗਾਰ ਹੈ। ਇਸ ਤਕਨੀਕ ਰਾਹੀਂ ਬਣਾਏ ਗਏ ਡੀਪਫੇਕ (ਫਰਜ਼ੀ ਵੀਡੀਓ ਜਾਂ ਫੋਟੋਆਂ) ਅਪਰਾਧਿਕ ਗਤੀਵਿਧੀਆਂ ਅਤੇ ਫਰਜ਼ੀ ਖ਼ਬਰਾਂ ਫੈਲਾਉਣ ਲਈ ਵਰਤੇ ਜਾ ਰਹੇ ਹਨ, ਜੋ ਲੋਕਤੰਤਰ ਲਈ ਬਹੁਤ ਖ਼ਤਰਨਾਕ ਹਨ। ਜਦੋਂ ਅਸੀਂ ਹਰ ਛੋਟੇ-ਵੱਡੇ ਕੰਮ ਲਈ ਏ ਆਈ 'ਤੇ ਨਿਰਭਰ ਹੋ ਜਾਂਦੇ ਹਾਂ, ਤਾਂ ਸਾਡੀ ਆਪਣੀ ਸੋਚਣ ਅਤੇ ਫੈਸਲੇ ਲੈਣ ਦੀ ਸ਼ਕਤੀ ਕਮਜ਼ੋਰ ਹੋਣ ਲੱਗਦੀ ਹੈ। ਖਾਸ ਕਰਕੇ ਬੱਚਿਆਂ ਵਿੱਚ ਇਹ ਰੁਝਾਨ ਉਨ੍ਹਾਂ ਦੀ ਸਿਰਜਣਾਤਮਕਤਾ ਨੂੰ ਖ਼ਤਮ ਕਰ ਰਿਹਾ ਹੈ ਅਤੇ ਉਨ੍ਹਾਂ ਨੂੰ ਸ਼ਾਰਟਕੱਟ ਦਾ ਆਦੀ ਬਣਾ ਰਿਹਾ ਹੈ। ਚੈਟਬੋਟਸ ਨਾਲ ਵੱਧ ਸਮਾਂ ਬਿਤਾਉਣ ਕਾਰਨ ਬੱਚੇ ਸਮਾਜਿਕ ਰਿਸ਼ਤਿਆਂ ਅਤੇ ਮਨੁੱਖੀ ਹਮਦਰਦੀ ਤੋਂ ਦੂਰ ਹੋ ਰਹੇ ਹਨ, ਜਿਸ ਨਾਲ ਉਨ੍ਹਾਂ ਵਿੱਚ ਇਕੱਲਾਪਣ ਅਤੇ ਸਮਾਜਿਕ ਡਰ ਪੈਦਾ ਹੋ ਸਕਦਾ ਹੈ। ਨਾਲ ਹੀ ਵਧੇਰੇ ਸਕ੍ਰੀਨ ਟਾਈਮ ਉਨ੍ਹਾਂ ਦੀ ਸਰੀਰਕ ਸਿਹਤ, ਅੱਖਾਂ ਅਤੇ ਨੀਂਦ 'ਤੇ ਵੀ ਮਾਰੂ ਅਸਰ ਪਾ ਰਿਹਾ ਹੈ। ਅੰਤ ਵਿੱਚ ਜੇਕਰ ਏ ਆਈ ਦੀ ਵਰਤੋਂ ਬਿਨਾਂ ਮਨੁੱਖੀ ਕੰਟਰੋਲ ਵਾਲੇ ਹਥਿਆਰਾਂ ਵਿੱਚ ਕੀਤੀ ਗਈ, ਤਾਂ ਇਹ ਵਿਸ਼ਵ ਪੱਧਰ 'ਤੇ ਵੱਡੀ ਤਬਾਹੀ ਦਾ ਸਬੱਬ ਬਣ ਸਕਦੀ ਹੈ।ਅੱਜ ਦੇ ਉੱਨਤ ਏ ਆਈ ਯੁੱਗ ਵਿੱਚ ਜਾਲ੍ਹੀ ਦਸਤਾਵੇਜ਼ ਏਨੀ ਸਫ਼ਾਈ ਨਾਲ ਤਿਆਰ ਕੀਤੇ ਜਾਂਦੇ ਹਨ ਕਿ ਉਹ ਬਿਲਕੁਲ ਅਸਲੀ ਜਾਪਦੇ ਹਨ, ਜਿਸ ਕਾਰਨ ਪਛਾਣ ਦੇ ਰਵਾਇਤੀ ਤਰੀਕੇ ਇਨ੍ਹਾਂ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਵਿੱਚ ਅਸਫ਼ਲ ਸਾਬਤ ਹੋ ਰਹੇ ਹਨ। ਅਜਿਹੇ ਕਈ ਚਿੰਤਾਜਨਕ ਮਾਮਲੇ ਸਾਹਮਣੇ ਆਏ ਹਨ, ਜਿੱਥੇ ਗੈਰ-ਕਾਨੂੰਨੀ ਪ੍ਰਵਾਸੀਆਂ ਨੇ ਭਾਰਤ ਵਿੱਚ ਰਹਿਣ ਲਈ ਜਾਲ੍ਹੀ ਪਛਾਣ ਪੱਤਰਾਂ ਦਾ ਸਹਾਰਾ ਲਿਆ। ਇਸ ਤੋਂ ਵੀ ਵੱਧ ਖ਼ਤਰਨਾਕ ਉਹ ਘਟਨਾਵਾਂ ਹਨ, ਜਿੱਥੇ ਵਿਦੇਸ਼ੀ ਨਾਗਰਿਕਾਂ ਵੱਲੋਂ ਜਾਲ੍ਹੀ ਦਸਤਾਵੇਜ਼ਾਂ ਦੇ ਅਧਾਰ 'ਤੇ ਭਾਰਤੀ ਅਰਧ ਸੈਨਿਕ ਬਲਾਂ ਵਿੱਚ ਘੁਸਪੈਠ ਕਰਨ ਦੀ ਕੋਸ਼ਿਸ਼ ਕੀਤੀ ਗਈ। ਜੇਕਰ ਅੱਤਵਾਦੀ ਤੱਤ ਅਜਿਹੇ ਦਸਤਾਵੇਜ਼ ਹਾਸਲ ਕਰਨ ਵਿੱਚ ਕਾਮਯਾਬ ਹੋ ਜਾਂਦੇ ਹਨ, ਤਾਂ ਇਸ ਦੇ ਨਤੀਜੇ ਭਿਆਨਕ ਹੋ ਸਕਦੇ ਹਨ।ਇਸੇ ਗੰਭੀਰ ਖ਼ਤਰੇ ਨੂੰ ਦੇਖਦੇ ਹੋਏ ਸਟੀਫਨ ਹਾਕਿੰਗ ਅਤੇ ਐਲੋਨ ਮਸਕ ਵਰਗੇ ਚਿੰਤਕਾਂ ਨੇ ਏ ਆਈ ਦੇ ਵਿਕਾਸ ਲਈ ਸਖ਼ਤ ਨੈਤਿਕ ਨਿਯਮ ਅਤੇ ਅੰਤਰਰਾਸ਼ਟਰੀ ਦਿਸ਼ਾ-ਨਿਰਦੇਸ਼ ਬਣਾਉਣ ਦੀ ਜ਼ੋਰਦਾਰ ਵਕਾਲਤ ਕੀਤੀ ਹੈ। ਇਸ ਤੋਂ ਇਲਾਵਾ ਆਉਣ ਵਾਲਾ ਸਮਾਂ ਮਨੁੱਖ ਅਤੇ ਮਸ਼ੀਨ ਦੇ ਅਨੋਖੇ ਸੁਮੇਲ (ਜਿਵੇਂ ਕਿ ਨਿਊਰਾਲਿੰਕ ਵਰਗੀਆਂ ਤਕਨੀਕਾਂ) ਦਾ ਗਵਾਹ ਵੀ ਬਣ ਸਕਦਾ ਹੈ, ਜੋ ਮਨੁੱਖੀ ਸਮਰੱਥਾ ਨੂੰ ਇੱਕ ਨਵੇਂ ਪੱਧਰ 'ਤੇ ਲੈ ਜਾਵੇਗਾ।

ਆਰਟੀਫੀਸ਼ੀਅਲ ਇੰਟੈਲੀਜੈਂਸ ਮਨੁੱਖੀ ਬੌਧਿਕ ਵਿਕਾਸ ਦੀ ਸਿਖਰ ਹੈ। ਇਹ ਇੱਕ ਅਜਿਹਾ ਸ਼ਕਤੀਸ਼ਾਲੀ ਸੰਦ ਹੈ, ਜਿਸ ਦੀ ਸਹੀ ਵਰਤੋਂ ਗਰੀਬੀ, ਬਿਮਾਰੀ ਅਤੇ ਜਲਵਾਯੂ ਪਰਿਵਰਤਨ ਵਰਗੀਆਂ ਗੁੰਝਲਦਾਰ ਸਮੱਸਿਆਵਾਂ ਦਾ ਹੱਲ ਕੱਢ ਸਕਦੀ ਹੈ, ਪਰ ਜੇਕਰ ਅਸੀਂ ਇਸ ਦੇ ਵਿਕਾਸ ਦੌਰਾਨ ਨੈਤਿਕਤਾ ਨੂੰ ਨਜ਼ਰਅੰਦਾਜ਼ ਕੀਤਾ, ਤਾਂ ਇਸ ਦੇ ਸਿੱਟੇ ਵਿਨਾਸ਼ਕਾਰੀ ਵੀ ਹੋ ਸਕਦੇ ਹਨ। ਅਸਲ ਵਿੱਚ ਏ ਆਈ ਦਾ ਮੁੱਖ ਉਦੇਸ਼ ਮਨੁੱਖ ਦੀ ਥਾਂ ਲੈਣਾ ਨਹੀਂ, ਸਗੋਂ ਮਨੁੱਖੀ ਸਮਰੱਥਾ ਨੂੰ ਕਈ ਗੁਣਾ ਵਧਾਉਣਾ ਹੋਣਾ ਚਾਹੀਦਾ ਹੈ। ਬਦਲਦੇ ਦੌਰ ਵਿੱਚ ਸਾਨੂੰ ਅਜਿਹੇ ਹੁਨਰ ਵਿਕਸਤ ਕਰਨੇ ਪੈਣਗੇ, ਜੋ ਮਸ਼ੀਨਾਂ ਕੋਲ ਨਹੀਂ ਹਨ, ਜਿਵੇਂ ਕਿ ਭਾਵਨਾਤਮਕ ਸੂਝ, ਨੈਤਿਕ ਫੈਸਲੇ ਲੈਣ ਦੀ ਸਮਰੱਥਾ ਅਤੇ ਉੱਚ ਪੱਧਰੀ ਰਚਨਾਤਮਕਤਾ। ਏ ਆਈ ਦਾ ਭਵਿੱਖ ਸਿਰਫ਼ ਤਕਨੀਕੀ ਤਰੱਕੀ 'ਤੇ ਨਹੀਂ, ਸਗੋਂ ਸਮਾਜਿਕ ਬਰਾਬਰੀ ਅਤੇ ਮਨੁੱਖੀ ਕਦਰਾਂ-ਕੀਮਤਾਂ 'ਤੇ ਆਧਾਰਤ ਹੋਣਾ ਚਾਹੀਦਾ ਹੈ।

**# ਸੰਪਰਕ : 62831-16797**

## ਪਾਠਕ-ਸੱਥ

### ਮੁਸ਼ਕਲਾਂ 'ਚ ਘਿਰਿਆ ਪੰਜਾਬ

ਅੱਜ ਪੰਜਾਬ ਬਹੁਤ ਹੀ ਸਮੱਸਿਆਵਾਂ ਵਿਚ ਘਿਰਿਆ ਪਿਆ ਹੈ, ਜਿਨ੍ਹਾਂ ਦੇ ਹੱਲ ਲਈ ਲੋਕ ਤਰਸ ਰਹੇ ਹਨ, ਪਰ ਕੁਝ ਕੁ ਇਹੋ ਜਿਹੀਆਂ ਮੁਸ਼ਕਲਾਂ ਹਨ, ਜਿਨ੍ਹਾਂ ਦਾ ਤੁਰੰਤ ਹੱਲ ਲੱਭਣ ਦੀ ਸਖਤ ਜ਼ਰੂਰਤ ਹੈ। ਜਿਹਨਾਂ ਦੀ ਗੱਲ ਮੈਂ ਅੱਜ ਸਰਕਾਰ ਦੇ ਧਿਆਨ ਵਿੱਚ ਦਿਵਾਉਣਾ ਚਾਹੁੰਦਾ ਹਾਂ। ਜੇਕਰ ਗੱਲ ਕਰੀਏ ਤਾਂ ਕੋਈ ਇਹੋ ਜਿਹਾ ਦਿਨ ਹੋਵੇਗਾ, ਜਿਸ ਦਿਨ ਕਿਸੇ ਅਵਾਰਾ ਪਸ਼ੂ ਨੇ ਕਿਸੇ ਰਾਹਗੀਰ ਦੀ ਜਾਨ ਨਾ ਲਈ ਹੋਵੇਗੀ। ਭਾਵੇ ਸੜਕ ਉਤੇ ਜਾ ਰਿਹਾ ਹੋਵੇ ਭਾਵੇਂ ਉਹ ਬਜ਼ਾਰ ਜਾਂ ਹੋਰ ਕਿਸੇ ਥਾਂ ਉਤੇ ਲੰਘ ਟੱਪ ਰਿਹਾ ਹੋਵੇ। ਇਸ ਤੋਂ ਇਲਾਵਾ ਅਵਾਰਾ ਪਸ਼ੂਆਂ ਦਾ ਅੱਤਵਾਦ ਫਸਲਾਂ ਨੂੰ ਬਹੁਤ ਹੀ ਨੁਕਸਾਨ ਪੁਚਾ ਰਿਹਾ ਹੈ। ਲੋਕ ਦੁਖੀ ਹੋਏ ਬੈਠੇ ਹਨ, ਨਾ ਇਹਨਾਂ ਦਾ ਕੁਝ ਕਰ ਸਕਦੇ ਹਨ। ਬੇਸ਼ੱਕ ਗਊਸ਼ਾਲਾਵਾਂ ਦੇ ਨਾਵਾਂ ਹੇਠ ਬਹੁਤ ਸਾਰੇ ਗਊ ਸੈੱਸ ਲਏ ਜਾਂਦੇ ਹਨ। ਪਤਾ ਨਹੀਂ ਉਹ ਕਿੱਧਰ ਜਾ ਰਹੇ ਹਨ, ਅਵਾਰਾ ਗਾਵਾਂ ਤੇ ਬਲਦ ਉਵੇਂ ਹੀ ਸੜਕਾਂ ਉਤੇ ਭਿੜਦੇ ਫਿਰਦੇ ਹਨ। ਸਗੋਂ ਇਹਨਾਂ ਦਾ ਦਿਨ-ਬ-ਦਿਨ ਵਾਧਾ ਹੋ ਰਿਹਾ ਹੈ। ਜੇ ਕਰ ਹੁਣ ਗੱਲ ਕਰੀਏ ਅਵਾਰਾ ਕੁੱਤਿਆਂ ਦੀ, ਉਹ ਵੀ ਕਿਸੇ ਪਾਸਿਉਂ ਘੱਟ ਨਹੀਂ ਹਨ। ਬੱਚਿਆਂ ਨੂੰ ਨੋਚ-ਨੋਚ ਕੇ ਖਾ ਜਾਂਦੇ ਹਨ। ਕੋਈ ਇਕੱਲਾ ਰਾਹਗੀਰ ਮਿਲ ਜਾਵੇ, ਉਸ ਨੂੰ ਵੱਢ ਕੇ ਖਾ ਜਾਂਦੇ ਹਨ। ਬੇ ਹਿਸਾਬ ਲੋਕਾਂ ਦੀਆਂ ਮੌਤਾਂ ਕੁੱਤਿਆਂ ਦੇ ਵੱਢਣ ਕਰਕੇ ਹੋਈਆਂ ਤੇ ਹੋ ਰਹੀਆਂ ਹਨ। ਲੋਕ ਬਹੁਤ ਪ੍ਰੇਸ਼ਾਨ ਚੱਲ ਰਹੇ ਹਨ, ਇਹਨਾਂ ਖੂੰਖਾਰ ਕੁੱਤਿਆਂ ਤੋਂ। ਇਹ ਤਾਂ ਉਹ ਜਾਨਵਰ ਨੇ ਜੋ ਲੋਕਾਂ ਦੇ ਸਾਹਮਣੇ ਘੁੰਮਦੇ ਫਿਰਦੇ ਨਜ਼ਰ ਰਹੇ ਹਨ, ਜਿਹਨਾਂ ਨੂੰ ਫੜਨਾ ਕੋਈ ਔਖਾ ਨਹੀਂ। ਜੇ ਇਸ ਤੋਂ ਅਗਲੀ ਗੱਲ ਕਰੀਏ ਤਾਂ ਉਹ ਆਪਾਂ ਸਾਰੇ ਹੀ ਜਾਣਦੇ ਹਾਂ ਕਿ ਚਿੱਟਾ ਪੰਜਾਬ ਦੀ ਨੌਜਵਾਨੀ ਨੂੰ ਘੁਣ ਵਾਂਗੂੰ ਲੱਗ ਕੇ ਖਾਈ ਜਾ ਰਿਹਾ ਹੈ। ਹਰ ਰੋਜ਼ ਅਖਬਾਰ ਦੀਆਂ ਸੁਰਖੀਆਂ ਵਿੱਚ ਕਿਧਰੇ ਨਾ ਕਿਧਰੇ ਚਿੱਟੇ ਦੇ ਟੀਕੇ ਲਾਉਣ ਨਾਲ ਮੌਤ ਦੀ ਖਬਰ ਛਪੀ ਹੁੰਦੀ ਹੈ। ਭਾਵੇਂ ਬੜੇ ਵੱਡੇ-ਵੱਡੇ ਵਾਅਦੇ ਕੀਤੇ ਜਾ ਰਹੇ ਨੇ ਕਿ ਚਿੱਟਾ ਬੰਦ ਕਰਕੇ ਵਿਖਾਵਾਂਗੇ, ਪਰ ਅਜੇ ਤਕ ਕੋਈ ਠੋਸ ਹੱਲ ਨਹੀਂ ਲੱਭਿਆ। ਮੌਤਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਚਿੱਟੇ ਦੀ ਥਾਂ ਓਟ ਸੈਂਟਰ ਦੀਆਂ ਗੋਲੀਆਂ ਵੀ ਚਲਾਈਆਂ ਗਈਆਂ, ਪਰ ਉਹ ਵੀ ਫਾਰਮੂਲਾ ਫੇਲ੍ਹ ਹੀ ਸਾਬਿਤ ਹੋਇਆ ਹੈ। ਚਿੱਟੇ ਦੇ ਸਿੱਟੇ ਭਿਆਨਕ ਹੀ ਨਿਕਲ ਰਹੇ ਹਨ। ਕਦੋਂ ਉਹ ਦਿਨ ਆਵੇਗਾ ਜਦੋਂ ਪੰਜਾਬ ਵਿੱਚੋਂ ਚਿੱਟਾ ਖ਼ਤਮ ਹੋਵੇਗਾ।

ਇਸ ਤੋਂ ਇਲਾਵਾ ਇਕ ਨਵਾਂ ਹੀ ਰੋਗ ਗੈਂਗਸਟਰਵਾਦ ਦਾ ਪੰਜਾਬ ਨੂੰ ਲੱਗ ਗਿਆ ਹੈ। ਨਜਾਇਜ਼ ਹੀ ਲੋਕਾਂ ਨੂੰ ਮਾਰੀ ਜਾ ਰਹੇ ਹਨ। ਕੋਈ ਗੈਂਗਵਾਰ ਵਿੱਚ ਮਾਰਿਆ ਜਾ ਰਿਹਾ ਹੈ। ਕੋਈ ਗੈਂਗ ਵੱਲੋਂ ਮਾਰਿਆ ਜਾ ਰਿਹਾ ਹੈ। ਕੋਈ ਸਮਝ ਹੀ ਨਹੀਂ ਰਹੀ ਇਹ ਕੀ ਹੋ ਰਿਹਾ ਹੈ। ਇਨ੍ਹਾਂ ਕੋਲ ਅਸਲਾ ਕਿਥੋਂ ਰਿਹਾ ਹੈ। ਆਮ ਲੋਕਾਂ ਨੂੰ ਤਾਂ ਰੋਟੀ ਦੇ ਲਾਲੇ ਪਏ ਹੋਏ ਨੇ। ਜਿਹੜੇ ਕੋਈ ਸੁੱਖ ਦੀ ਰੋਟੀ ਖਾਂਦੇ ਪਏ ਨੇ, ਉਹਨਾਂ ਲੋਕਾਂ ਦੀ ਨੀਂਦ ਹਰਾਮ ਹੋਈ ਪਈ ਹੈ। ਅਵਾਰਾ ਪਸ਼ੂਆਂ, ਅਵਾਰਾ ਕੁੱਤੇ, ਚਿੱਟਾ ਤੇ ਗੈਂਗਸਟਰ ਨੂੰ ਨੱਥ ਪਾਉਣੀ ਨਿਹਾਇਤ ਹੀ ਜ਼ਰੂਰੀ ਹੈ। ਪੰਜਾਬ ਨੂੰ ਪੰਜਾਬ ਹੀ ਰਹਿਣ ਦਿੱਤਾ ਜਾਵੇ।

**-ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ, ਮਮਦੋਟ। ਸੰਪਰਕ: 75891-55501**

# ਕਾਰੋਬਾਰੀ ਤੋਂ ਫਿਰੌਤੀ ਮੰਗਣ ਵਾਲਾ ਮਾਸਟਰਮਾਈਂਡ ਮੁੰਬਈ ਤੋਂ ਕਾਬੂ

## ਸਾਜ਼ਿਸ਼ 'ਚ ਸ਼ਾਮਲ ਮਾਂ-ਪੁੱਤਰ ਗ੍ਰਿਫ਼ਤਾਰ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਫਰੀਦਕੋਟ ਪੁਲਸ ਨੇ ਜ਼ੀਰੋ ਟੌਲਰੈਂਸ ਨੀਤੀ ਤਹਿਤ ਕਾਰਵਾਈ ਕਰਦਿਆਂ ਇੱਕ ਕਾਰੋਬਾਰੀ ਤੋਂ 2 ਲੱਖ ਰੁਪਏ ਦੀ ਫਿਰੌਤੀ ਮੰਗਣ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਮਾਮਲੇ ਨੂੰ ਸੁਲਝਾਉਂਦੇ ਹੋਏ ਮੁੱਖ ਮੁਲਜ਼ਮ ਨੂੰ ਮੁੰਬਈ ਤੋਂ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਪੁਲਸ ਨੇ ਇਸ ਸਾਜ਼ਿਸ਼ ਵਿੱਚ ਸ਼ਾਮਲ ਮੁਲਜ਼ਮ ਦੀ ਮਾਂ ਨੂੰ ਵੀ ਕਾਬੂ ਕਰ ਲਿਆ ਹੈ।



ਐੱਸ ਪੀ (ਐੱਨ.ਡੀ.ਪੀ.ਐੱਸ.) ਸ੍ਰੀ ਰਮਨਦੀਪ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁੱਖ ਦੋਸ਼ੀ ਦੀ ਪਛਾਣ ਦੀਪਕ ਸ਼ਰਮਾ ਪੁੱਤਰ ਸਤਪਾਲ ਸ਼ਰਮਾ (ਵਾਸੀ ਕੋਟਕਪੂਰਾ) ਵਜੋਂ ਹੋਈ ਹੈ।ਪੁਲਸ ਨੇ ਉਸ ਦੀ ਮਾਂ ਵੀਨਾ ਰਾਣੀ ਨੂੰ ਪਹਿਲਾਂ ਹੀ 12 ਫਰਵਰੀ ਨੂੰ ਗ੍ਰਿਫ਼ਤਾਰ ਕਰ ਲਿਆ ਸੀ।

ਕੋਟਕਪੂਰਾ ਦੇ ਇੱਕ ਕਾਰੋਬਾਰੀ ਨੇ ਸ਼ਿਕਾਇਤ ਦਿੱਤੀ ਸੀ ਕਿ ਦੀਪਕ ਸ਼ਰਮਾ, ਜੋ ਸਾਲ 2020 ਵਿੱਚ ਉਸ ਦੇ ਪੈਟਰੋਲ ਪੰਪ 'ਤੇ ਸੇਲਜ਼ਮੈਨ ਵਜੋਂ ਕੰਮ ਕਰਦਾ ਸੀ, ਉਸ ਨੂੰ ਤੇ ਉਸ ਦੇ ਪਰਿਵਾਰ ਨੂੰ ਇੰਸਟਾਗ੍ਰਾਮ ਤੇ ਵਟਸਐਪ ਰਾਹੀਂ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਰਿਹਾ ਸੀ।ਮੁਲਜ਼ਮ ਨੇ 6 ਮਹੀਨੇ ਪਹਿਲਾਂ 2 ਲੱਖ ਰੁਪਏ ਦੀ ਫਿਰੌਤੀ ਮੰਗੀ ਸੀ ਤੇ ਉਸ ਦੀ ਮਾਂ ਵੀਨਾ ਰਾਣੀ ਵੀ ਕਾਰੋਬਾਰੀ ਨੂੰ ਪੈਸੇ ਦੇਣ ਲਈ ਧਮਕਾ ਰਹੀ ਸੀ।ਐਸ.ਪੀ. (ਇੰਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਤੇ ਡੀ.ਐੱਸ.ਪੀ. ਸੰਜੀਵ ਕੁਮਾਰ ਦੀ ਨਿਗਰਾਨੀ ਹੇਠ ਟੈਕਨੀਕਲ ਇਨਪੁਟਸ ਦੇ ਆਧਾਰ 'ਤੇ ਪੁਲਸ ਨੇ ਮੁਲਜ਼ਮ ਦੀਪਕ ਸ਼ਰਮਾ ਨੂੰ 19 ਫਰਵਰੀ ਨੂੰ ਮੁੰਬਈ ਤੋਂ ਗ੍ਰਿਫ਼ਤਾਰ ਕੀਤਾ।ਅਦਾਲਤ ਨੇ ਮੁਲਜ਼ਮ ਦਾ 2 ਦਿਨ ਦਾ ਪੁਲਸ ਰਿਮਾਂਡ ਦਿੱਤਾ ਹੈ ਤਾਂ ਜੋ ਇਸ ਦੇ ਹੋਰ ਸਬੰਧਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਸਕੇ।

# ਕੇਂਦਰ ਨੇ ਮਨਰੇਗਾ ਦਾ ਨਾਂਅ ਹੀ ਨਹੀਂ ਸਭ ਕੁਝ ਬਦਲ ਦਿੱਤੈ : ਕਾਮਰੇਡ ਤੁੰਗਾਂ

## 8 ਨੂੰ ਮਜ਼ਦੂਰ ਔਰਤ ਦਿਵਸ ਮਨਾਇਆ ਜਾਵੇਗਾ



**ਸੰਗਰੂਰ (ਪ੍ਰਵੀਨ ਸਿੰਘ)**-ਸੀਟੂ ਨਾਲ ਸਬੰਧਤ ਮਨਰੇਗਾ ਮਜ਼ਦੂਰ ਯੂਨੀਅਨ ਦੀ ਇਕ ਮੀਟਿੰਗ ਇਕਾਈ ਪ੍ਰਧਾਨ ਬਲਜੀਤ ਕੌਰ ਦੀ ਪ੍ਰਧਾਨਗੀ ਹੇਠ ਪਿੰਡ ਤੁੰਗਾਂ ਵਿਖੇ ਹੋਈ।ਇਸ ਮੌਕੇ ਬੋਲਦਿਆਂ ਸੀਟੂ ਦੇ ਜ਼ਿਲ੍ਹਾ ਆਗੂ ਕਾਮਰੇਡ ਸਤਵੀਰ ਤੁੰਗਾਂ ਤੇ ਬੇਅੰਤ ਸਿੰਘ ਨੇ ਕਿਹਾ ਕਿ ਅੱਜ ਦੇਸ਼ ਦੀ ਮਜ਼ਦੂਰ ਜਮਾਤ ਦੀ ਬਾਂਹ ਫੜਨ ਵਾਲਾ ਕੋਈ ਨਹੀਂ, ਸਰਕਾਰ ਭਾਵੇਂ ਪੰਜਾਬ ਦੀ ਹੋਵੇ ਜਾਂ ਕੇਂਦਰ ਦੀ ਇਹ ਸਰਕਾਰਾਂ ਸਿਰਫ਼ ਵੱਡੇ ਪੂੰਜੀਪਤੀਆਂ ਤੇ ਕਾਰਪੋਰੇਟ ਘਰਾਣਿਆਂ ਦੇ ਪੱਖ 'ਚ ਕਾਨੂੰਨ ਬਣਾ ਤਾਂ ਲਾਗੂ ਕਰ ਰਹੀਆਂ ਹਨ।ਦੇਸ਼ ਦੀ ਮਜ਼ਦੂਰ ਜਮਾਤ ਨੂੰ ਵੱਡਾ ਸਹਾਰਾ ਦਾਨ ਵਾਲਾ ਮਨਰੇਗਾ ਕਾਨੂੰਨ ਨੂੰ ਵੀ ਕੇਂਦਰ ਦੀ ਮੋਦੀ ਸਰਕਾਰ ਨੇ ਖਤਮ ਕਰਕੇ ਨਵੀਂ ਜੀ ਰਾਮ ਜੀ ਸਕੀਮ ਬਣਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇਸ਼ ਦੇ ਮਜ਼ਦੂਰਾਂ ਨੂੰ ਗੁੰਮਰਾਹ ਕਰ ਰਹੀ ਹੈ ਕਿ ਸਿਰਫ ਇਸ ਦਾ ਨਾਮ ਹੀ ਬਦਲਿਆ ਹੈ, ਜਦਕਿ ਅਸਲੀਅਤ ਇਹ ਹੈ ਕਿ ਇਸ ਕਾਨੂੰਨ ਦਾ ਪੂਰਾ ਮੂਲ ਰੂਪ ਹੀ ਬਦਲ ਦਿੱਤਾ ਗਿਆ ਹੈ।ਨਵੀਂ ਵੀ ਬੀ ਜੀ ਰਾਮ ਜੀ ਸਕੀਮ ਤਹਿਤ ਮਜ਼ਦੂਰਾਂ ਕੋਲ ਕੰਮ ਮੰਗਣ ਦਾ ਅਧਿਕਾਰ ਨਹੀਂ ਰਿਹਾ।ਬਹੁਤ ਸਾਰੇ ਕੰਮ ਕੇਂਦਰ ਨੇ ਪਹਿਲਾਂ ਹੀ ਮਨਰੇਗਾ ਤਹਿਤ ਕਰਵਾਉਣ 'ਤੇ ਪਾਬੰਦੀ ਲਗਾ ਦਿੱਤੀ ਹੈ।ਪਹਿਲਾਂ ਮਨਰੇਗਾ ਕਾਨੂੰਨ ਤਹਿਤ 90 ਫੀਸਦੀ ਪੈਸਾ ਕੇਂਦਰ ਸਰਕਾਰ ਵੱਲੋਂ ਆਉਂਦਾ ਸੀ ਤੇ ਸੂਬਾਈ ਸਰਕਾਰਾਂ ਸਿਰਫ਼ 10 ਫੀਸਦੀ ਹੀ ਪਾਉਂਦੇ ਸੀ, ਪਰ ਹੁਣ ਕੇਂਦਰ ਨੇ ਮਜ਼ਦੂਰ ਵਿਰੋਧੀ ਫੈਸਲਾ ਲੈਂਦੇ ਹੋਏ ਆਪਣਾ ਹੱਥ ਖਿੱਚ ਲਿਆ ਹੈ ਤੇ ਇਸ ਰਕਮ ਨੂੰ ਘਟਾ ਕੇ 60 ਫੀਸਦੀ ਕਰ ਦਿੱਤਾ ਹੈ ਤੇ 40 ਫੀਸਦੀ ਦਾ ਭਾਰ ਸੂਬਾਈ ਸਰਕਾਰਾਂ 'ਤੇ ਪਾ ਦਿੱਤਾ ਹੈ, ਸਰਕਾਰ ਦੇ ਇਸ ਗਲਤ ਫੈਸਲੇ ਦਾ ਖਮਿਆਜ਼ਾ ਦੇਸ਼ ਦੇ ਗਰੀਬ ਮਜ਼ਦੂਰ ਪਰਿਵਾਰਾਂ ਨੂੰ ਭੁਗਤਣਾ ਪਵੇਗਾ। ਇਸ ਨਾਲ ਮਨਰੇਗਾ ਦਾ ਕੰਮ ਠੱਪ ਹੋ ਕੇ ਰਹਿ ਜਾਵੇਗਾ।ਮਜ਼ਦੂਰਾਂ ਕੋਲ ਕੋਈ ਕੰਮ ਮੰਗਣ ਦਾ ਕਾਨੂੰਨੀ ਰਾਹ ਨਹੀਂ ਰਹੇਗਾ।ਇਸ ਲਈ ਸੀਟੂ ਤੇ ਦੇਸ਼ ਦੀਆਂ ਦੂਜੀਆਂ ਜਥੇਬੰਦੀਆਂ ਵੱਲੋਂ ਸ਼ੁਰੂ ਕੀਤੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਜੀ ਰਾਮ ਜੀ ਨੂੰ ਖਤਮ ਕਰਵਾ ਕੇ ਨਰੇਗਾ ਨੂੰ ਹੀ ਮੁੜ ਲਾਗੂ ਕਰਵਾਇਆ ਜਾਵੇਗਾ।ਉਨ੍ਹਾਂ ਜਥੇਬੰਦੀ ਦੀ ਮੈਂਬਰਸ਼ਿਪ ਅਗਲੇ ਪੰਜ ਦਿਨਾਂ 'ਚ ਪੂਰੀ ਕਰਨ ਲਈ ਕਿਹਾ ਤੇ ਸੀਟੂ ਦੇ ਸੂਬਾਈ ਫੈਸਲੇ ਮੁਤਾਬਿਕ 8 ਮਾਰਚ ਨੂੰ ਮਜ਼ਦੂਰ ਔਰਤ ਦਿਵਸ ਮੌਕੇ ਵਿਸ਼ਾਲ ਇਕੱਠ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ।ਇਸ ਮੌਕੇ ਹਰਦਿਆਲ ਸਿੰਘ ਮੈਂਬਰ, ਅਜਮੇਰ ਸਿੰਘ, ਪ੍ਰਕਾਸ਼ ਸਿੰਘ, ਮੇਘਾ ਸਿੰਘ, ਸ਼ਿੰਗਾਰਾ ਸਿੰਘ, ਚਰਨਾ ਸਿੰਘ, ਸੁਖਪਾਲ ਕੌਰ, ਦਰਸ਼ਨਾਂ ਕੌਰ, ਚਿੰਤੋ ਕੌਰ, ਜਸਵੀਰ ਕੌਰ, ਸੁਖਚੈਨ ਕੌਰ, ਰਾਣੀ ਕੌਰ, ਮਨਜੀਤ ਕੌਰ, ਜਸਵਿੰਦਰ ਕੌਰ, ਹਰਮੇਸ਼ ਕੌਰ, ਜੀਤ ਕੌਰ ਤੇ ਹੋਰ ਵੱਡੀ ਗਿਣਤੀ ਵਿੱਚ ਮਨਰੇਗਾ ਵਰਕਰ ਹਾਜ਼ਰ ਸਨ।

# ਪਟਿਆਲਾ ਦੀ ਵਿਵਾਦਤ ਹੈਰੀਟੇਜ ਸਟਰੀਟ ਨੂੰ ਜੜ੍ਹੋਂ ਪੁੱਟਣ ਦੀ ਤਿਆਰੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਦੀ ਦਿੱਖ ਨੂੰ ਇਤਿਹਾਸਕ ਰੰਗਤ ਦੇਣ ਦੇ ਮਕਸਦ ਨਾਲ ਸ਼ੁਰੂ ਕੀਤਾ ਗਿਆ ਹੈਰੀਟੇਜ ਸਟਰੀਟ ਪ੍ਰੋਜੈਕਟ ਹੁਣ ਇਤਿਹਾਸ ਬਣਨ ਜਾ ਰਿਹਾ ਹੈ। ਪਿਛਲੀ ਕਾਂਗਰਸ ਸਰਕਾਰ ਦੌਰਾਨ ਕਰੋੜਾਂ ਰੁਪਏ ਦੀ ਲਾਗਤ ਨਾਲ ਬਣੀ ਇਸ ਵਿਰਾਸਤੀ ਸੜਕ ਨੂੰ ਹੁਣ ਜੜ੍ਹੋਂ ਪੁੱਟਣ ਦੀ ਤਿਆਰੀ ਕਰ ਲਈ ਗਈ ਹੈ।ਲੋਕਾਂ ਤੇ ਦੁਕਾਨਦਾਰਾਂ ਦੀਆਂ ਲਗਾਤਾਰ ਸ਼ਿਕਾਇਤਾਂ ਤੋਂ ਬਾਅਦ ਪ੍ਰਸ਼ਾਸਨ ਨੇ ਇਸ ਸੜਕ ਤੋਂ ਵਿਸ਼ੇਸ਼ ਪੱਥਰ ਹਟਾ ਕੇ ਇੱਥੇ ਮੁੜ ਤੋਂ ਸੀਮਿੰਟ ਵਾਲੀ ਸੜਕ ਬਣਾਉਣ ਦਾ ਫੈਸਲਾ ਕੀਤਾ ਹੈ।

ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਪਟਿਆਲਾ ਨੂੰ ਸੈਰ-ਸਪਾਟੇ ਦੇ ਨਕਸ਼ੇ 'ਤੇ ਉਭਾਰਨ ਲਈ ਸਮਾਨੀਆ ਗੇਟ ਤੋਂ ਸ੍ਰੀ ਹਨੂੰਮਾਨ ਮੰਦਰ ਚੌਕ ਤੱਕ ਹੈਰੀਟੇਜ ਸਟਰੀਟ ਬਣਾਉਣ ਦਾ ਨੀਂਹ ਪੱਥਰ ਰੱਖਿਆ ਗਿਆ ਸੀ।ਇਸ ਬਹੁ-ਕਰੋੜੀ ਪ੍ਰੋਜੈਕਟ ਤਹਿਤ ਸੜਕ 'ਤੇ ਖਾਸ ਕਿਸਮ ਦੇ ਲਾਲ ਪੱਥਰ ਲਾਏ ਗਏ ਸਨ ਤੇ ਪੁਰਾਤਨ ਦਿੱਖ ਵਾਲੀਆਂ ਲਾਈਟਾਂ ਲਾਈਆਂ ਗਈਆਂ ਸਨ।ਮਕਸਦ ਇਹ ਸੀ ਕਿ ਅੰਮ੍ਰਿਤਸਰ ਦੀ ਹੈਰੀਟੇਜ ਸਟਰੀਟ ਦੀ ਤਰਜ਼ 'ਤੇ ਇੱਥੇ ਵੀ ਸੈਲਾਨੀਆਂ ਨੂੰ ਖਿੱਚਿਆ ਜਾ ਸਕੇ, ਪਰ ਜਲਦ ਹੀ ਇਹ ਪ੍ਰੋਜੈਕਟ ਵਿਵਾਦਾਂ ਦੇ ਘੇਰੇ ਵਿਚ ਆ ਗਿਆ।

ਘਟੀਆ ਡਿਜ਼ਾਈਨ ਤੇ ਗੈਰ-ਵਿਗਿਆਨਕ ਤਰੀਕੇ ਨਾਲ ਲਾਏ ਗਏ ਪੱਥਰਾਂ ਕਾਰਨ ਇਹ ਸੜਕ ਆਮ ਲੋਕਾਂ ਲਈ ਸਹੂਲਤ ਦੀ ਬਜਾਏ ਸਿਰਦਰਦੀ ਬਣ ਗਈ।ਇਲਾਕਾ ਨਿਵਾਸੀ ਦੱਸਦੇ ਹਨ ਕਿ ਸੜਕ 'ਤੇ ਲਾਏ ਗਏ ਪੱਥਰ ਏਨੇ ਤਿਲਕਣੇ ਸਨ ਕਿ ਮਾਮੂਲੀ ਮੀਂਹ ਪੈਣ 'ਤੇ ਵੀ ਦੋ-ਪਹੀਆ ਵਾਹਨ ਸਲਿੱਪ ਹੋ ਜਾਂਦੇ ਸਨ।ਪੱਥਰਾਂ ਦੀ ਉੱਚੇ-ਨੀਵੇਂ ਪੱਧਰ ਕਾਰਨ ਗੱਡੀਆਂ ਦੇ ਸਸਪੈਂਸ਼ਨ ਤੇ ਟਾਇਰ ਜਲਦੀ ਖਰਾਬ ਹੋਣ ਲੱਗੇ।ਪ੍ਰੋਜੈਕਟ ਦੌਰਾਨ ਡਰੇਨੇਜ਼ ਸਿਸਟਮ ਦਾ ਸਹੀ ਧਿਆਨ ਨਹੀਂ ਰੱਖਿਆ ਗਿਆ, ਜਿਸ ਕਾਰਨ ਬਰਸਾਤਾਂ ਵਿੱਚ ਪਾਣੀ ਦੁਕਾਨਾਂ ਦੇ ਅੰਦਰ ਵੜਨ ਲੱਗ ਪਿਆ।ਰਸਤਾ ਖਰਾਬ ਹੋਣ ਕਾਰਨ ਗਾਹਕਾਂ ਨੇ ਇਸ ਬਾਜ਼ਾਰ ਵਿਚ ਆਉਣਾ ਘੱਟ ਕਰ ਦਿੱਤਾ, ਜਿਸ ਨਾਲ ਵਪਾਰੀਆਂ ਦਾ ਵੱਡਾ ਆਰਥਿਕ ਨੁਕਸਾਨ ਹੋਇਆ।ਪ੍ਰਸ਼ਾਸਨ ਵੱਲੋਂ ਲਏ ਗਏ ਫੈਸਲੇ ਅਨੁਸਾਰ ਮੌਜੂਦਾ ਵਿਰਾਸਤੀ ਪੱਥਰਾਂ ਨੂੰ ਪੂਰੀ ਤਰ੍ਹਾਂ ਪੁੱਟ ਦਿੱਤਾ ਜਾਵੇਗਾ।ਇਸ ਦੀ ਜਗ੍ਹਾ 4 ਇੰਚ ਮੋਟੀ ਸੀਮੇਂਟ ਦੀ ਮਜਬੂਤ ਸੜਕ ਤੇ ਉਸ ਉੱਪਰ ਲੁੱਕ ਦੀ ਤਹਿ ਵਿਛਾਈ ਜਾਵੇਗੀ।ਜਲ ਨਿਕਾਸੀ ਲਈ ਲੋੜ ਅਨੁਸਾਰ ਨਵੇਂ ਸਿਰੇ ਤੋਂ ਪਾਈਪਾਂ 'ਚ ਸੁਧਾਰ ਕੀਤੇ ਜਾਣਗੇ।ਐਸਟੀਮੇਟ ਤਿਆਰ ਕਰਕੇ ਮੁੱਖ ਸਕੱਤਰ ਦਫ਼ਤਰ ਨੂੰ ਪ੍ਰਵਾਨਗੀ ਲਈ ਭੇਜ ਦਿੱਤਾ ਗਿਆ ਹੈ।ਹੈਰੀਟੇਜ ਸਟਰੀਟ ਹਟਾਉਣ ਦਾ ਫੈਸਲਾ ਪਟਿਆਲਾ ਵਾਸੀਆਂ ਲਈ ਇਕ ਵੱਡੀ ਰਾਹਤ ਵਜੋਂ ਦੇਖਿਆ ਜਾ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਇਹ ਪ੍ਰੋਜੈਕਟ ਸਰਕਾਰੀ ਖਜ਼ਾਨੇ 'ਤੇ ਹੋਏ ਬੇਲੋੜੇ ਖਰਚੇ ਅਤੇ ਗਲਤ ਨੀਤੀਆਂ ਦੀ ਇਕ ਮਿਸਾਲ ਵਜੋਂ ਵੀ ਯਾਦ ਰੱਖਿਆ ਜਾਵੇਗਾ।

## ਕਾਤਰਾਂ

### ਫੈਕਟਰੀ 'ਚੋਂ ਲੱਖਾਂ ਰੁਪਏ ਦਾ ਸਾਮਾਨ ਚੋਰੀ

**ਧੂਰੀ (ਸੱਗੂ)**-ਸਥਾਨਕ ਸ਼ਹਿਰ ਦੇ ਬਾਹਰ ਮਾਲੇਰਕੋਟਲਾ ਸੜਕ 'ਤੇ ਸਥਿਤ ਇੱਕ ਪਲਾਸਟਿਕ ਇੰਡਸਟਰੀ 'ਚ ਚੋਰੀ ਹੋ ਜਾਣ ਦੀ ਖਬਰ ਹੈ।ਸ਼ਹਿਰੋਂ ਬਾਹਰ ਧੂਰੀ-ਮਾਲੇਰਕੋਟਲਾ ਸੜਕ 'ਤੇ ਰਤਨਾ ਹੋਟਲ ਨੇੜੇ ਸਥਿਤ ਭਗਵਤੀ ਪਲਾਸਟਿਕ ਇੰਡਸਟਰੀ ਦੇ ਮਾਲਕ ਅਸ਼ੋਕ ਗੋਇਲ ਨੇ ਚੋਰੀ ਦੀ ਘਟਨਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੋਰ ਲੰਘੀ 21/22 ਫਰਵਰੀ ਦੀ ਰਾਤ ਨੂੰ ਫੈਕਟਰੀ 'ਚੋਂ 5 ਮੋਟਰਾਂ, 25 ਪੱਖੇ, ਇੱਕ ਐੱਲ ਈ ਡੀ, ਗੇਅਰ ਬਾਕਸ, ਬਰਮਾਂ, ਤਿੰਨ ਸਟਾਟਰ, ਮੋਟੀਆਂ ਕੇਬਲਾਂ, ਟੂਟੀਆਂ ਤੇ ਗੈਸ ਸਿਲੰਡਰ ਸਮੇਤ ਕਰੀਬ ਦੋ ਲੱਖ ਰੁਪਏ ਦਾ ਸਾਮਾਨ ਚੋਰੀ ਕਰਕੇ ਲੈ ਗਏ।ਉਨ੍ਹਾਂ ਦੱਸਿਆ ਕਿ ਚੋਰੀ ਦੀ ਘਟਨਾ ਬਾਰੇ ਉਨ੍ਹਾਂ ਨੂੰ ਉਦੋਂ ਪਤਾ ਲੱਗਿਆ, ਜਦੋਂ ਉਹ ਅੱਜ ਫੈਕਟਰੀ ਗੇੜਾ ਮਾਰਨ ਗਏ।

### ਨਸ਼ਾ ਕਰਦੇ ਤਿੰਨ ਗ੍ਰਿਫਤਾਰ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਥਾਣਾ ਗਿੱਦੜਬਾਹਾ ਪੁਲਸ ਨੇ 3 ਵਿਅਕਤੀਆਂ ਨੂੰ ਨਸ਼ਾ ਕਰਦੇ ਹੋਏ ਗ੍ਰਿਫਤਾਰ ਕੀਤਾ ਹੈ।ਜਾਣਕਾਰੀ ਅਨੁਸਾਰ ਏ.ਐੱਸ.ਆਈ. ਬਲਦੇਵ ਸਿੰਘ ਸਾਥੀ ਕਰਮਚਾਰੀਆਂ ਨਾਲ ਜਦੋਂ ਗਸ਼ਤ ਦੌਰਾਨ ਪਿੰਡ ਗਿੱਦੜਬਾਹਾ ਤੋਂ ਪਿੰਡ ਦੌਲਾ ਜਾ ਰਹੇ ਸਨ, ਤਾਂ ਮਾਲ ਗੁਦਾਮ ਤੋਂ ਕਰੀਬ 500 ਮੀਟਰ ਅੱਗੇ ਰੇਲਵੇ ਲਾਇਨ ਵਾਲੇ ਪਾਸੇ ਦਰੱਖਤਾਂ ਹੇਠ ਤਿੰਨ ਵਿਅਕਤੀ ਬੈਠੇ ਦਿਖਾਈ ਦਿੱਤੇ।ਪੁਲਸ ਵੱਲੋਂ ਸ਼ੱਕ ਦੇ ਆਧਾਰ 'ਤੇ ਗੱਡੀ ਰੋਕ ਕੇ ਦੇਖਿਆ ਤਾਂ ਉਥੋਂ ਧੂੰਆਂ ਨਿਕਲ ਰਿਹਾ ਸੀ ਤੇ ਉਕਤ ਵਿਅਕਤੀ ਕੋਈ ਨਸ਼ੀਲੇ ਪਦਾਰਥ ਦਾ ਸੇਵਨ ਕਰਦੇ ਹੋਏ ਨਜ਼ਰ ਆਏ, ਜੋ ਪੁਲਸ ਪਾਰਟੀ ਨੂੰ ਦੇਖ ਕੇ ਮੌਕੇ ਤੋਂ ਖਿਸਕਣ ਲੱਗੇ।ਜਦੋਂ ਉਕਤ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਦਾ ਨਾਮ ਪੁੱਛਿਆ ਤਾਂ ਉਨ੍ਹਾਂ ਆਪਣੇ ਨਾਮ ਜਸਕਰਨ ਸਿੰਘ ਪੁੱਤਰ ਜਸਵੰਤ ਸਿਘ, ਪਵਿੱਤਰ ਸਿੰਘ ਪੁੱਤਰ ਸੁਖਮੰਦਰ ਸਿੰਘ ਤੇ ਤਰਸੇਮ ਰਾਮ ਉਰਫ ਸੇਮਾ ਪੁੱਤਰ ਸ੍ਰੀ ਰਾਮ ਵਾਸੀਆਨ ਪਿੰਡ ਭਾਰੂ ਦੱਸਿਆ।ਉਕ ਵਿਅਕਤੀਆਂ ਪਾਸੋਂ ਪੁਲਸ ਨੇ ਇਕ ਲਾਈਟਰ, ਇਕ ਅਧਜਲੀ ਪੰਨੀ ਤੇ 10 ਰੁਪਏ ਦਾ ਕਰੰਸੀ ਨੋਟ ਵੀ ਬਰਾਮਦ ਕੀਤਾ। ਪੁਲਸ ਨੇ ਉਕਤਾਨ ਵਿਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ

### ਗੁਰੂ ਮਾਨਿਓ ਗ੍ਰੰਥ ਚੇਤਨਾ ਸਮਾਗਮ 27 ਤੋਂ

**ਜਗਰਾਉਂ (ਸੰਜੀਵ ਅਰੋੜਾ)**-ਭਾਈ ਰਣਜੀਤ ਸਿੰਘ ਖਾਲਸਾ ਢੱਡਰੀਆਂ ਵਾਲਿਆਂ ਦਾ ਗੁਰੂ ਮਾਨਿਓ ਗ੍ਰੰਥ ਚੇਤਨਾ ਸਮਾਗਮ ਲੁਧਿਆਣਾ ਦੇ ਗਲਾਡਾ ਗਰਾਉਂਡ ਸਾਹਮਣੇ ਵਰਧਮਾਨ ਮਿੱਲ ਨਜ਼ਦੀਕ ਸਮਰਾਲਾ ਚੌਂਕ ਚੰਡੀਗੜ੍ਹ ਰੋਡ ਵਿਖੇ 27, 28 ਫਰਵਰੀ ਤੇ 1 ਮਾਰਚ ਨੂੰ ਰਾਤ 7 ਵਜੇ ਤੋਂ 10 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤਲਵਿੰਦਰ ਸਿੰਘ ਸੋਨੂੰ ਓਬਰਾਏ, ਜਤਿੰਦਰ ਸਿੰਘ ਰਾਣਾ, ਸਤਨਾਮ ਸਿੰਘ, ਜਤਿੰਦਰਪਾਲ ਸਿੰਘ, ਗਗਨਦੀਪ ਸਿੰਘ, ਨਰਿੰਦਰ ਸਿੰਘ, ਹਰਜਿੰਦਰ ਸਿੰਘ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ ਸਿੱਧੂ, ਭਾਈ ਹਰਮਨ ਸਿੰਘ, ਡਾ: ਚਰਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਚਾਵਲਾ, ਕੁਲਦੀਪ ਸਿੰਘ ਲੱਕੀ, ਏਕਮ ਸਿੰਘ ਤੇ ਨਵਜੋਤ ਸਿੰਘ ਆਦਿ ਨੇ ਦੱਸਿਆ ਕਿ ਇਸ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ। ਇਸ ਤਿੰਨ ਰੋਜ਼ਾ ਸਮਾਗਮ 'ਚ ਸੰਗਤਾਂ ਲਈ ਖਾਸ ਪ੍ਰਬੰਧ ਕੀਤੇ ਗਏ ਹਨ ਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਉਨ੍ਹਾਂ ਦੱਸਿਆ ਕਿ 1 ਮਾਰਚ ਨੂੰ ਅੰਮਿਰ ਸੰਚਾਰ ਵੀ ਹੋਵੇਗਾ।

# ਮੁਆਵਜਾ ਪੰਜਾਬ ਸਰਕਾਰ ਦਾ ਸਰਹੱਦੀ ਕਿਸਾਨਾਂ ਲਈ ਇਤਿਹਾਸਕ ਫੈਸਲਾ : ਗੋਲਡੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ, ਜੋ ਕਿ ਪਹਿਲੇ ਦਿਨੋਂ ਹੀ ਕਿਸਾਨ ਹਿੱਤ ਵਿੱਚ ਕਾਰਜ ਕਰ ਰਹੀ ਹੈ ਤੇ ਲਗਾਤਾਰ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਉਪਰਾਲੇ ਕਰ ਰਹੀ ਹੈ।ਇਸੇ ਲਗਾਤਾਰਤਾ ਵਿੱਚ ਪੰਜਾਬ ਸਰਕਾਰ ਵੱਲੋਂ ਆਯੋਜਿਤ ਕੈਬਨਿਟ ਮੀਟਿੰਗ ਵਿੱਚ ਇਕ ਹੋਰ ਇਤਿਹਾਸਕ ਫੈਸਲਾ ਲੈਂਦਿਆਂ ਕੱਚੀਆਂ ਜ਼ਮੀਨਾਂ (ਸਰਕਾਰੀ ਜ਼ਮੀਨਾਂ) ਵਿੱਚ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੀ ਮੋਹਰ ਲਗਾਈ ਗਈ ਹੈ।ਉਨ੍ਹਾਂ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਬਾਰਡਰ ਪੱਟੀ ਦੇ ਕੱਚੀਆਂ ਜ਼ਮੀਨਾਂ ਵਾਲੇ ਕਿਸਾਨ ਵੀ ਆਬਾਦ ਹੋਣਗੇ।ਵਿਧਾਇਕ ਗੋਲਡੀ ਨੇ ਕਿਹਾ ਕਿ ਕੱਚੀਆਂ ਜ਼ਮੀਨਾਂ ਵਾਲੇ ਕਿਸਾਨ ਪਿਛਲੇ ਕੁਝ ਸਾਲਾਂ ਤੋਂ ਇਨ੍ਹਾਂ ਜ਼ਮੀਨਾਂ 'ਤੇ ਖੇਤੀ ਕਰ ਰਹੇ ਹਨ ਤੇ ਆਪ ਦਾ ਗੁਜ਼ਾਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰ ਜ਼ਿਲ੍ਹਾਂ ਫਾਜ਼ਿਲਕਾ ਵਿੱਚ ਜਦੋਂ ਵੀ ਹੜ੍ਹ ਆਦਿ ਕੁਦਰਤੀ ਆਫਤ ਪੈਂਦੀ ਹੈ ਤਾਂ ਬਾਕੀ ਕਿਸਾਨਾਂ ਨੂੰ ਤਾਂ ਸਰਕਾਰ ਵੱਲੋਂ ਮੁਆਵਜ਼ਾ ਮਿਲ ਜਾਂਦਾ ਸੀ, ਪਰ ਜ਼ਮੀਨਾਂ ਕੱਚੀਆਂ ਹੋਣ ਕਰਕੇ ਇਨ੍ਹਾਂ ਇਲਾਕਿਆਂ ਦੇ ਕਿਸਾਨਾਂ ਨੂੰ ਮੁਆਵਜ਼ਾ ਨਹੀਂ ਮਿਲਦਾ ਸੀ।ਉਨ੍ਹਾਂ ਜਿੱਥੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਸਮੂਹ ਕੈਬਨਿਟ ਦਾ ਧੰਨਵਾਦ ਪ੍ਰਗਟ ਕੀਤਾ ਹੈ, ਉੱਥੇ ਕਿਸਾਨਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਕਿਸਾਨਾਂ ਦੇ ਹਿੱਤਾਂ ਲਈ ਲਗਾਤਾਰ ਕਾਰਜਸ਼ੀਲ ਹੈ।

# ਪ੍ਰਵਾਸੀ ਮਜ਼ਦੂਰਾਂ 'ਤੇ ਗੋਲੀਆਂ ਚਲਾਉਣ ਵਾਲੇ 13 ਕਾਬੂ

**ਮੋਗਾ (ਇਕਬਾਲ ਸਿੰਘ ਖਹਿਰਾ)**

ਜੀਰਾ ਰੋਡ 'ਤੇ ਪ੍ਰਵਾਸੀ ਮਜ਼ਦੂਰਾਂ ਤੇ ਗੋਲੀਆਂ ਚਲਾਉਣ ਦੇ ਮਾਮਲੇ ਨੂੰ ਹੱਲ ਕਰਦਿਆਂ ਮੋਗਾ ਪੁਲਸ ਨੇ ਕੁੱਲ 13 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਮੁੱਖ ਸਰਗਨਾ ਪਾਸੋਂ ਦੋ 30 ਬੋਰ ਦੇ ਪਿਸਤੌਲ, ਚਲੇ ਤੇ ਅਣਚੱਲੇ ਕਾਰਤੂਸ ਅਤੇ ਦੋ ਗਰਨੇਡ ਬਰਾਮਦ ਕੀਤੇ ਹਨ। ਇਹ ਜਾਣਕਾਰੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਫਰੀਦਕੋਟ ਰੇਂਜ ਦੀ ਆਈ.ਜੀ.ਨਿਲਾਂਬਰੀ ਜਗਦਲੇ ਵਿਜੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਇਸ ਮੌਕੇ ਉਹਨਾਂ ਨਾਲ ਐਸ.ਐਸ.ਪੀ ਮੋਗਾ ਅਜੇ ਗਾਂਧੀ, ਐਸ.ਪੀ ਆਈ ਬਾਲ ਕ੍ਰਿਸ਼ਨ ਸਿੰਗਲਾ, ਡੀ.ਐਸ.ਪੀ.ਡੀ ਸੁਖ ਅੰਮ੍ਰਿਤ ਸਿੰਘ, ਡੀ.ਐਸ.ਪੀ ਸਿਟੀ ਗੁਰਪ੍ਰੀਤ ਸਿੰਘ, ਸੀ.ਆਈ.ਏ ਇੰਚਾਰਜ ਦਲਜੀਤ ਸਿੰਘ ਬਰਾੜ ਅਤੇ ਐਸ ਐਚ ਓ ਥਾਣਾ ਸਦਰ ਹਰਵਿੰਦਰ ਸਿੰਘ ਮੌਜੂਦ ਸਨ। ਆਈ.ਜੀ.ਨਿਲਾਂਬਰੀ ਜਗਦਲੇ ਵਿਜੇ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਡੀ.ਜੀ.ਪੀ ਪੰਜਾਬ ਵੱਲੋਂ ਗੈਂਗਸਟਰਾਂ ਖਿਲਾਫ ਵਿੱਢੀ ਮੁਹਿੰਮ ਪਰਹਾਰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਪ੍ਰਵਾਸੀ ਮਜ਼ਦੂਰਾਂ ਤੇ ਗੋਲੀਆਂ ਚਲਾਉਣ ਵਾਲਿਆਂ ਚੋਂ ਮੁੱਖ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 02 ਪਿਸਟਲ .30 ਬੋਰ ਸਮੇਤ ਮੈਗਜੀਨ +01 ਜਿੰਦਾ ਕਾਰਤੂਸ + 04 ਖੋਲ ਅਤੇ 02 ਜਿੰਦਾ ਹੈਡ ਗ੍ਰਨੇਡ ਬਰਾਮਦ ਕੀਤੇ ਗਏ ਹਨ। 10.02.2026 ਏ/ਪੀ 109,3 (5) ਬੀ.ਐਨ.ਐਸ 25/27-54-59 ਆਰਮ ਐਕਟ 4,5,6 ਵਿਸਫੋਟਕ ਪਦਾਰਥ ਐਕਟ 1908 ਅਤੇ 10,13 ਗੈਰ-ਕਾਨੂੰਨੀ ਐਕਟ 1908



(10,13, 19,78) ਇਹ ਮੁਕੱਦਮਾ ਬਰਬਿਆਨ ਸੁਬੋਧ ਕੁਮਾਰ ਪੁੱਤਰ ਯੋਗਿੰਦਰਾ ਮਾਂਜੀ ਪੁੱਤਰ ਬਾਸਕਿਤ ਮਾਂਜੀ ਵਾਰਡ ਨੰਬਰ 02 ਬਿਸਵਰਪੁਰ ਨਾਨਕਰ ਜਿਲਾ ਸੀਤਾਮੜੀ ਬਿਹਾਰ ਹਾਲ ਵਾਸੀ ਵੀ ਐਸ ਐਗਰੋ ਜੀਰਾ ਰੋਡ ਮੋਗਾ ਨੇੜੇ ਨਰੂਲਾ ਫੈਕਟਰੀ ਪਿੰਡ ਖੋਸਾ ਪਾਂਡੋ ਜਿਲਾ ਮੋਗਾ ਬਰਖਿਲਾਫ 03 ਨਾਮਾਲੂਮ ਵਿਅਕਤੀਆਂ ਦੇ ਦਰਜ ਰਜਿਸਟਰ ਹੋਇਆ ਕਿ ਮਿਤੀ 10.02.2026 ਨੂੰ ਮੁਦੱਈ ਅਤੇ ਉਸਦੀ ਭੂਆ ਦਾ ਲੜਕਾ ਦੋਨੋ ਜਾਣੇ ਭਗਵਤੀ ਰਾਈਸ ਮਿਲ ਜੀਰਾ ਰੋਡ ਪਰ ਕੰਮ ਕਰਦੇ ਪੈਦਲ ਵਕਤ ਕ੍ਰੀਬ 11 ਵਜੇ ਦਿਨ ਦੇ ਖਾਣਾ ਖਾਣ ਲਈ ਆ ਰਹੇ ਸੀ ਤਾਂ ਮੋਟਰਸਾਈਕਲ ਤੇ ਸਵਾਰ ਹੋ ਕਿ ਤਿੰਨ ਨੌਜਵਾਨ ਲੜਕੇ ਜਿੰਨਾ ਦੇ ਮੂੰਹ ਪਰ ਕੱਪੜਾ ਬੰਨਿਆ ਹੋਇਆ ਸੀ ਤਾਂ ਮੁਦਈ ਦੇ ਮਾਰ ਦੇਣ ਦੀ ਨਿਯਤ ਨਾਲ ਆਪਣੇ ਫੜ੍ਹੇ ਹਥਿਆਰਾਂ ਨਾਲ ਫਾਇਰ ਕੀਤੇ। ਜਿਸਤੇ ਉਕਤ ਮੁਕੱਦਮਾ ਬਰਖਿਲਾਫ ਨਾ-ਮਾਲੂਮ ਵਿਅਕਤੀ ਦੇ ਦਰਜ ਰਜਿਸਟਰ ਕੀਤਾ ਗਿਆ। ਮਿਤੀ 11.02.26 ਨੂੰ ਮੁਕੱਦਮਾ ਹਜਾ ਵਿੱਚ ਮੁਦਈ ਮੁਕੱਦਮਾ ਸੁਬੋਧ ਮਾਜੀ ਦੇ ਤਰਤੀਮਾ ਬਿਆਨ ਪਰ ਮੁਕੱਦਮਾ ਵਿੱਚ ਦੋਸ਼ੀ ਅਕਾਸ਼ਦੀਪ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਵਾਸੀ ਥੰਮਣਵਾਲਾ, ਜੋਬਨਪ੍ਰੀਤ ਸਿੰਘ ਉਰਫ ਜੋਬਨ ਪੁੱਤਰ ਦਰਸ਼ਨ ਸਿੰਘ ਵਾਸੀ ਭੰਗਾਲੀ ਖੁਰਦ ਅਤੇ ਸ਼ਾਹਵੀਰ ਸਿੰਘ ਪੁੱਤਰ ਹਰਜੀਤ ਸਿੰਘ ਵਾਸੀ ਭੰਗਾਲੀ ਖੁਰਦ ਜਿਲ੍ਹਾ ਫਿਰੋਜਪੁਰ ਨੂੰ ਦੋਸ਼ੀ ਨਾਮਜਦ ਕੀਤਾ ਗਿਆ। ਤਫਤੀਸ਼ ਦੌਰਾਨ ਮੁਕੱਦਮਾ ਦੇ ਮੁੱਖ ਦੋਸ਼ੀਆਂ ਨੂੰ ਆਪਣੇ ਘਰ ਵਿੱਚ ਠਹਿਰਾਉਣ ਸਬੰਧੀ ਮੁਕੱਦਮਾ ਮਿਤੀ 11.02.2026 ਨੂੰ ਹਰਮਨਜੋਤ ਸਿੰਘ ਪੁੱਤਰ ਦਰਸ਼ਨ ਸਿੰਘ (ਜੋਬਨਪ੍ਰੀਤ ਸਿੰਘ ਦਾ ਭਰਾ), ਹਰਜੀਤ ਸਿੰਘ ਪੁੱਤਰ ਗੁਰਦਿਆਲ ਸਿੰਘ (ਸ਼ਾਹਵੀਰ ਸਿੰਘ ਦਾ ਪਿਤਾ), ਇੰਦਰਜੀਤ ਕੌਰ ਪਤਨੀ ਦਰਸ਼ਨ ਸਿੰਘ (ਜੋਬਨਪ੍ਰੀਤ ਸਿੰਘ ਦੀ ਮਾਤਾ) ਵਾਸੀਆਨ ਭੰਗਾਲੀ (ਨਰੈਣਗੜ) ਜਿਲਾ ਫਿਰੋਜਪੁਰ ਅਤੇ ਪ੍ਰਵੀਨ ਕੌਰ ਪਤਨੀ ਗੁਰਪ੍ਰੀਤ ਸਿੰਘ ਅਤੇ ਸੰਦੀਪ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਵਾਸੀ ਥੰਮਣਵਾਲਾ ਜ਼ਿਲ੍ਹਾ ਮੋਗਾ ਨੂੰ ਨਾਮਜਦ ਕੀਤਾ ਗਿਆ। ਰੇਡ ਦੌਰਾਨ ਪੁਲਸ ਪਾਰਟੀ ਦੇ ਡਿਊਟੀ ਵਿੱਚ ਵਿਘਨ ਪਾਉਣ ਸਬੰਧੀ ਗੁਰਪ੍ਰੀਤ ਸਿੰਘ ਪੁੱਤਰ ਸੂਬਾ ਸਿੰਘ (ਅਕਾਸ਼ਦੀਪ ਸਿੰਘ ਦਾ ਪਿਤਾ), ਨਵਦੀਪ ਸਿੰਘ ਪੁੱਤਰ ਜਗਸੀਰ ਸਿੰਘ (ਅਕਾਸ਼ਦੀਪ ਸਿੰਘ ਦੇ ਚਾਚੇ ਦਾ ਲੜਕਾ), ਸੁਖਮੰਦਰ ਸਿੰਘ ਪੁੱਤਰ ਸੂਬਾ ਸਿੰਘ (ਅਕਾਸ਼ਦੀਪ ਸਿੰਘ ਦਾ ਚਾਚਾ) ਅਤੇ ਸਤਨਾਮ ਸਿੰਘ ਪੁੱਤਰ ਗੁਰਜੰਟ ਸਿੰਘ (ਅਕਾਸ਼ਦੀਪ ਸਿੰਘ ਦਾ ਗੁਆਂਢੀ) ਵਾਸੀ ਥੰਮਣਵਾਲਾ ਖਿਲਾਫ ਮੁਕੱਦਮਾ ਨੰਬਰ 30 ਮਿਤੀ 11.02.2026 ਅ/ਧ 221/132 ਬੀ.ਐਨ.ਐਸ ਥਾਣਾ ਸਦਰ ਮੋਗਾ ਦਰਜ ਰਜਿਸਟਰ ਕਰਕੇ ਉਕਤ ਸਾਰਿਆਂ ਨੂੰ ਨੂੰ ਗ੍ਰਿਫਤਾਰ ਕੀਤਾ ਗਿਆ।

# ਐਡਵੋਕੇਟ ਖੰਡੇਬਾਦ ਨੇ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨਾਲ ਕੀਤੀ ਮੁਲਾਕਾਤ



**ਲਹਿਰਾਗਾਗਾ (ਪਵਨ ਸ਼ਰਮਾ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐਡਵੋਕੇਟ ਗਗਨਦੀਪ ਸਿੰਘ ਖੰਡੇਬਾਦ ਵੱਲੋਂ ਹਲਕਾ ਲਹਿਰਾ ਦੇ ਤਾਜ਼ਾ ਸਿਆਸੀ ਹਾਲਾਤਾਂ ਨੂੰ ਲੈ ਕੇ ਪਾਰਟੀ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨਾਲ ਪਿੰਡ ਬਾਦਲ ਵਿਖੇ ਮੁਲਾਕਾਤ ਕਰਦਿਆਂ ਉਨ੍ਹਾਂ ਨੂੰ ਹਲਕਾ ਲਹਿਰਾ ਦੇ ਤਾਜ਼ਾ ਹਾਲਾਤਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਹਲਕੇ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੂੰ ਯਾਦ ਕਰ ਰਹੇ ਹਨ, ਜਿਸ ਦੇ ਚਲਦੇ ਹਲਕੇ ਦੇ ਤਾਜ਼ਾ ਸਿਆਸੀ ਸਮੀਕਰਨ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਹਨ।ਸ੍ਰ. ਬਾਦਲ ਨਾਲ ਮੁਲਾਕਾਤ ਉਪਰੰਤ ਐਡਵੋਕੇਟ ਖੰਡੇਬਾਦ ਨੇ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ 'ਪੰਜਾਬ ਬਚਾਓ, ਸੁਖਬੀਰ ਸਿੰਘ ਬਾਦਲ ਲਿਆਓ' ਨੂੰ ਪੰਜਾਬ ਦੇ ਲੋਕਾਂ ਵੱਲੋਂ ਦਿੱਤੇ ਜਾ ਰਹੇ ਹੁੰਗਾਰੇ ਨੇ ਵਿਰੋਧੀ ਪਾਰਟੀਆਂ ਨੂੰ ਸਕਤੇ ਵਿੱਚ ਲਿਆ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਕਰ ਸਕਦੈ। ਉਨ੍ਹਾਂ ਪੰਜਾਬ ਤੇ ਬਾਹਰ ਵੱਸਦੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਦੀ ਤਰੱਕੀ, ਖੁਸ਼ਹਾਲੀ, ਅਮਨ ਸ਼ਾਂਤੀ ਲਈ ਸ਼੍ਰੋਮਣੀ ਅਕਾਲੀ ਦਲ ਨਾਲ ਜੁੜ ਕੇ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ।ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਅਕਾਲੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ ਤੇ ਪੰਜਾਬ ਨੂੰ ਤਰੱਕੀਆਂ ਦੀਆਂ ਸਿਖਰਾਂ 'ਤੇ ਲੈ ਕੇ ਜਾਵੇਗੀ।ਇਸ ਮੌਕੇ ਹੋਰ ਪਾਰਟੀ ਆਗੂ ਤੇ ਵਰਕਰ ਵੀ ਹਾਜ਼ਰ ਸਨ।

# ਗੁਰੂ ਕਾਸ਼ੀ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਮਿੱਤਰ ਮਿਲਣੀ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਗੁਰੂ ਕਾਸ਼ੀ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਸੋਸ਼ਲ ਮੀਡੀਆ 'ਤੇ ਬਣਾਏ ਗਰੁੱਪ 'ਯਾਰਾਂ ਨਾਲ ਬਹਾਰਾਂ' ਦੇ ਬੈਨਰ ਹੇਠ ਇੱਕ ਮਿੱਤਰ ਮਿਲਣੀ ਦਾ ਆਯੋਜਨ ਕੀਤਾ ਗਿਆ।ਸਭ ਤੋਂ ਪਹਿਲਾਂ ਬੀਤੇ ਸਮੇਂ ਦੌਰਾਨ ਵਿੱਛੜ ਚੁੱਕੇ ਸਾਥੀਆਂ ਪ੍ਰਿੰਸੀਪਲ ਲਾਭ ਸਿੰਘ, ਇਕਬਾਲ ਸਿੰਘ ਸਿੱਧੂ ਤੇ ਕੁਲਵੰਤ ਸਿੰਘ ਸਰਾਂ ਦੇ ਮਾਤਾ ਹਰਬੰਸ ਕੌਰ ਦੇ ਨਮਿਤ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਹਾਜ਼ਰੀਨ ਵੱਲੋਂ ਕਾਲਜ ਸਮੇਂ ਤੋਂ ਲੈ ਕੇ ਵੱਖ-ਵੱਖ ਖੇਤਰਾਂ ਵਿੱਚ ਕੀਤੇ ਕੰਮਾਂ ਤੇ ਜ਼ਿੰਦਗੀ ਦੇ ਹੋਰ ਤਜਰਬੇ ਸਾਂਝੇ ਕੀਤੇ।ਆਪਣੇ ਸੰਬੋਧਨ ਵਿੱਚ ਸਾਬਕਾ ਉਪ ਕੁਲਪਤੀ ਡਾਕਟਰ ਬੂਟਾ ਸਿੰਘ ਸਿੱਧੂ ਨੇ ਕਿਹਾ ਕਿ ਅਜਿਹੀ ਇਕੱਤਰਤਾ ਸਾਨੂੰ ਇੱਕ ਦੂਜੇ ਦੇ ਹੋਰ ਨੇੜੇ ਲੈ ਕੇ ਆਉਂਦੀ ਹੈ ਤੇ ਅਸੀਂ ਸੇਵਾ ਮੁਕਤੀ ਤੋਂ ਬਾਅਦ ਵੀ ਉਤਸ਼ਾਹ ਨਾਲ ਭਰ ਜਾਂਦੇ ਹਾਂ।ਉਨ੍ਹਾਂ ਚਿੰਤਾ ਪ੍ਰਗਟਾਈ ਕਿ ਅਜੋਕੇ ਸਮੇਂ ਸਾਡਾ ਹਵਾ, ਪਾਣੀ ਤੇ ਮਾਂ ਦਾ ਦਰਜਾ ਪ੍ਰਾਪਤ ਧਰਤੀ ਪ੍ਰਦੂਸ਼ਤ ਹੋ ਰਹੀ ਹੈ। ਇਸ ਤੋਂ ਬਚਣ ਲਈ ਸਾਨੂੰ ਸਾਰਿਆਂ ਨੂੰ ਇਕੱਠੇ ਹੋ ਕੇ ਯੋਗ ਉਪਰਾਲੇ ਕਰਨੇ ਚਾਹੀਦੇ ਹਨ।ਗੁਰੂ ਕਾਸ਼ੀ ਯੂਨੀਵਰਸਿਟੀ ਦੇ ਕੈਂਪਸ ਡਾਇਰੈਕਟਰ ਪ੍ਰੋਫੈਸਰ ਡਾਕਟਰ ਹਰਜਸਪਾਲ ਸਿੰਘ ਸਿੱਧੂ ਤੇ ਭਲਾਈ ਅਫਸਰ ਸਰਦੂਲ ਸਿੰਘ ਨੇ ਕਿਹਾ ਕਿ ਜਿਸ ਗੁਰੂ ਕੀ ਕਾਸ਼ੀ ਦਾ ਵਰ ਪ੍ਰਾਪਤ ਧਰਤੀ ਤੋਂ ਪੜ੍ਹ ਲਿਖ ਕੇ ਅਸੀਂ ਉੱਚ ਅਹੁਦਿਆਂ ਤੱਕ ਪਹੁੰਚੇ ਹਾਂ, ਉਸ ਦੀ ਸੇਵਾ ਲਈ ਸਾਨੂੰ ਇੱਕ ਫੋਰਮ ਬਣਾ ਕੇ ਇਲਾਕੇ ਦੇ ਵੱਖ ਵੱਖ ਪਿੰਡਾਂ ਵਿੱਚ ਸੇਵਾ ਕਾਰਜ ਕਰਨੇ ਚਾਹੀਦੇ ਹਨ ਤਾਂ ਕਿ ਅਸੀਂ ਉਸ ਧਰਤੀ ਦਾ ਕੁਝ ਕੁ ਕਰਜ਼ ਤਾਂ ਉਤਾਰ ਸਕੀਏ। ਇਸ ਮੌਕੇ ਸੇਵਾ ਮੁਕਤ ਜ਼ਿਲ੍ਹਾ ਸਿੱਖਿਆ ਅਫਸਰ ਬਲਜੀਤ ਸਿੰਘ ਸੰਦੋਹਾ, ਪ੍ਰਿੰਸੀਪਲ ਜਸਵੀਰ ਸਿੰਘ ਢਿੱਲੋਂ, ਖੁਸ਼ਦੀਪ ਸਿੰਘ ਬੱਬੀ ਚੱਠਾ, ਐਡਵੋਕੇਟ ਗੁਰਵਿੰਦਰ ਸਿੰਘ ਬੱਬੀ, ਸੇਵਾ ਮੁਕਤ ਸਕੱਤਰ ਮਾਰਕੀਟ ਕਮੇਟੀ ਉਜਾਗਰ ਸਿੰਘ ਢਿੱਲੋਂ, ਇੰਜੀਨੀਅਰ ਸਤਪਾਲ ਸਿੰਘ, ਅਧਿਆਪਕ ਆਗੂ ਸ਼ੇਖਰ ਤਲਵੰਡੀ, ਈਓ ਪਰਮਜੀਤ ਸਿੰਘ, ਬਲਵਿੰਦਰ ਸਿੰਘ ਐਨਐਫਐਲ ਅਤੇ ਬਰੌਡਵੇ ਸਵੀਟਸ ਦੇ ਐੱਮ ਡੀ ਜਤਿੰਦਰ ਸਿੰਘ ਸਿੱਧੂ ਨੇ ਵੀ ਆਪਣੇ ਆਪਣੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਰਵਾਇਤ ਅਨੁਸਾਰ ਬੀਤੇ ਦਿਨਾਂ 'ਚ ਸੇਵਾ ਮੁਕਤ ਹੋਏ ਸਾਥੀਆਂ ਨੂੰ ਯਾਰਾਂ ਨਾਲ ਬਹਾਰਾਂ ਗਰੁੱਪ ਵੱਲੋਂ ਯਾਦ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਗਰੁੱਪ ਦੇ ਸਤਿਕਾਰਯੋਗ ਮੈਂਬਰ ਤੇ ਪ੍ਰਸਿੱਧ ਲੋਕ ਗਾਇਕ ਹਰਦੇਵ ਮਾਹੀਨੰਗਲ ਨੇ ਆਪਣੇ ਗੀਤਾਂ ਨਾਲ ਰੌਣਕ 'ਚ ਵਾਧਾ ਕੀਤਾ।

# 'ਵਾਇਸ ਆਫ ਪੰਜਾਬ' ਰਿਸ਼ੀ ਰਛਪਾਲ ਦਾ ਵਿਸ਼ੇਸ਼ ਸਨਮਾਨ ਅੱਜ

**ਕੋਟਕਪੂਰਾ (ਰਛਪਾਲ ਭੁੱਲਰ)**-ਗੁੱਡ ਮੌਰਨਿੰਗ ਵੈਲਫੇਅਰ ਕਲੱਬ ਵੱਲੋਂ ਕੋਟਕਪੂਰੇ ਦਾ ਨਾਮ ਦੁਨੀਆ ਭਰ ਵਿੱਚ ਰੁਸ਼ਨਾਉਣ ਵਾਲੇ ਹੋਣਹਾਰ ਨੌਜਵਾਨ ਰਿਸ਼ੀ ਰਛਪਾਲ ਦਾ ਵਿਸ਼ੇਸ਼ ਸਨਮਾਨ 25 ਫਰਵਰੀ ਨੂੰ ਸਵੇਰੇ ਠੀਕ 7:30 ਵਜੇ ਕਲੱਬ ਦੇ ਮੰਚ 'ਤੇ ਕੀਤਾ ਜਾ ਰਿਹਾ ਹੈ।ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਤੇ ਚੇਅਰਮੈਨ ਪੱਪੂ ਲਹੌਰੀਆ ਨੇ ਦੱਸਿਆ ਕਿ ਰਿਸ਼ੀ ਰਛਪਾਲ ਨੇ ਵਾਈਸ ਆਫ ਪੰਜਾਬ ਦੇ ਮੁਕਾਬਲਿਆਂ ਵਿੱਚ ਦੂਜਾ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ ਤੇ ਇਲਾਕੇ ਦਾ ਨਾਂਅ ਰੁਸ਼ਨਾਇਆ ਹੈ, ਜਿਸ ਕਰਕੇ ਉਸ ਦਾ ਸਨਮਾਨ ਕਰਨ ਦਾ ਮਕਸਦ ਇਹੀ ਹੈ ਕਿ ਰਿਸ਼ੀ ਰਛਪਾਲ ਦੀ ਉਕਤ ਪ੍ਰਾਪਤੀ ਹੋਰਨਾਂ ਬੱਚਿਆਂ ਅਤੇ ਨੌਜਵਾਨਾ ਲਈ ਪ੍ਰੇਰਨਾ ਸਰੋਤ ਬਣੇ।ਪ੍ਰੋ. ਐਚ ਐਸ ਪਦਮ, ਜਸਕਰਨ ਸਿੰਘ ਭੱਟੀ, ਠੇਕੇਦਾਰ ਪ੍ਰੇਮ ਮੈਣੀ, ਸੁਰਿੰਦਰ ਸਿੰਘ ਸਦਿਉੜਾ, ਮੁਖਤਿਆਰ ਸਿੰਘ ਮੱਤਾ, ਡਾ ਦੇਵ ਰਾਜ ਅਤੇ ਓਮ ਪ੍ਰਕਾਸ਼ ਗੁਪਤਾ ਨੇ ਆਖਿਆ ਕਿ ਕਲੱਬ ਵਲੋਂ ਅਕਸਰ ਅਜਿਹੇ ਬੱਚਿਆਂ ਅਤੇ ਨੌਜਵਾਨਾ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ਤਾਂ ਜੁ ਉਹ ਨਸ਼ਿਆਂ ਅਤੇ ਮਾੜੀ ਸੁਸਾਇਟੀ ਤੋਂ ਬਚ ਕੇ ਚੰਗੇ ਇਨਸਾਨ ਬਣਨ।



# ਪੰਜਾਬ ਵਿੱਚ ਦਿਨੋ-ਦਿਨ ਵਧ ਰਹੀਆਂ ਕਤਲ ਦੀਆਂ ਵਾਰਦਾਤਾਂ : ਅਸ਼ਵਨੀ ਸ਼ਰਮਾ

**ਨਾਭਾ (ਵਰਿੰਦਰ ਵਰਮਾ)**

ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਇਕ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਪਹੁੰਚੇ ਸਨ।ਭਾਜਪਾ ਪਾਰਟੀ ਦੇ ਸੂਬਾ ਵਾਈਸ ਪ੍ਰਧਾਨ ਵਪਾਰ ਵਿੰਗ ਰਾਜੇਸ਼ ਬਾਂਸਲ ਬੱਬੂ ਦੇ ਘਰ ਉਨ੍ਹਾਂ ਵੱਲੋਂ ਪੰਜਾਬ ਦੇ ਵਿੱਚ ਦਿਨੋ-ਦਿਨ ਵਿਗੜਦੀ ਜਾ ਰਹੀ ਕਾਨੂੰਨ ਵਿਵਸਥਾ ਨੂੰ ਲੈ ਕੇ ਸੂਬਾ ਸਰਕਾਰ ਤੇ ਸ਼ਬਦੀ ਹਮਲੇ ਬੋਲੇ।ਭਾਜਪਾ ਦੇ ਸੂਬਾ ਕਾਰਜਕਾਰੀ ਪ੍ਰਧਾਨ ਸ਼ਰਮਾ ਨੇ ਕਿਹਾ ਕਿ ਪੰਜਾਬ ਵਿੱਚ ਦਿਨੋ-ਦਿਨ ਵਧ ਰਹੀਆਂ ਕਤਲ ਦੀਆਂ ਵਾਰਦਾਤਾਂ ਤੇ ਹੁਣ ਤਾਂ ਪੰਜਾਬ ਪੁਲਸ ਦੇ ਮੁਲਾਜ਼ਮ ਵੀ ਪੰਜਾਬ ਵਿੱਚ ਸੁਰੱਖਿਅਤ ਨਹੀਂ ਹਨ। ਪੰਜਾਬ ਵਿੱਚ ਅਕਾਲੀ-ਭਾਜਪਾ ਗਠਜੋੜ ਬਾਰੇ ਬੋਲਦਿਆਂ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਭਾਜਪਾ ਪੰਜਾਬ ਦੀਆਂ 117 ਵਿਧਾਨ ਸਭਾ ਹਲਕਿਆਂ ਦੇ ਵਿੱਚ ਇਕੱਲੇ ਹੀ ਚੋਣ ਲੜੇਗੀ, ਜਿਸ ਨੂੰ ਲੈ ਕੇ ਭਾਜਪਾ ਪਾਰਟੀ ਵੱਲੋਂ ਤਿਆਰੀ ਸ਼ੁਰੂ ਕਰ ਦਿੱਤੀ ਗਈ ਹੈ।

**■ ਕਿਹਾ ਹੁਣ ਤਾਂ ਪੰਜਾਬ ਪੁਲਿਸ ਦੇ ਮੁਲਾਜ਼ਮ ਵੀ ਪੰਜਾਬ ਵਿੱਚ ਸੁਰੱਖਿਅਤ ਨਹੀਂ ■ ਰਾਜੇਸ਼ ਬਾਂਸਲ ਬੱਬੂ ਨੇ ਗੁਲਦਸਤਾ ਭੇਟ ਕਰਕੇ ਅਸ਼ਵਨੀ ਸ਼ਰਮਾ ਦਾ ਕੀਤਾ ਸਵਾਗਤ**



ਅਸ਼ਵਨੀ ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਲੋਕ ਪੰਜਾਬ ਦੀ ਤਰੱਕੀ ਤੇ ਬਿਹਤਰੀ ਲਈ ਵਿਧਾਨ ਸਭਾ ਚੋਣਾਂ ਉਪਰੰਤ ਬੀਜੇਪੀ ਦੀ ਸਰਕਾਰ ਦੀ ਉਡੀਕ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਡਬਲ ਇੰਜਣ ਦੀ ਸਰਕਾਰ ਹੀ ਕਰ ਸਕਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਬੀਜੇਪੀ ਦੀ ਸਰਕਾਰ ਬਣਨ 'ਤੇ ਹਰਿਆਣਾ ਦੀ ਤਰਜ਼ 'ਤੇ ਪੰਜਾਬ ਦੇ ਕਿਸਾਨਾਂ ਨੂੰ 24 ਫ਼ਸਲਾਂ 'ਤੇ ਐਮਐਸਪੀ ਮੁਹੱਈਆ ਕਰਾਈ ਜਾਵੇਗੀ।ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਵਿੱਚ ਉਨ੍ਹਾਂ ਦੀ ਸਰਕਾਰ ਬਣਨ ਉਪਰੰਤ ਉਪ ਮੁੱਖ ਮੰਤਰੀ ਦੇ ਐਲਾਨ ਸਬੰਧੀ ਬਾਅਦ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਸਾਡਾ ਪਾਰਲੀਮੈਂਟ ਬੋਰਡ ਹੈ ਜੋ ਕਿ ਨਿਰਣੇ ਕਰਦਾ ਹੈ, ਪਰ ਅਸੀਂ ਅਕਾਲੀ ਦਲ ਦੇ ਵਾਂਗੂ ਥਾਪੀ ਮਾਰ ਕੇ ਕੋਈ ਆਹੁਦੇਦਾਰ ਨਹੀਂ ਬਣਾਉਂਦੇ। ਉਨ੍ਹਾਂ ਕਿਹਾ ਕਿ ਜਿਵੇਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਚੁਟਕਲੇ ਸੁਣਾਉਂਦਾ, ਉਸੇ ਤਰ੍ਹਾਂ ਹੀ ਹੁਣ ਸੁਖਬੀਰ ਸਿੰਘ ਬਾਦਲ ਵੀ ਉਸ ਦੀ ਤਰਜ਼ 'ਤੇ ਚੱਲਣ ਲੱਗ ਪਿਆ ਹੈ।

ਭਾਜਪਾ ਵਪਾਰ ਵਿੰਗ ਦੇ ਸੂਬਾ ਵਾਈਸ ਪ੍ਰਧਾਨ ਰਾਜੇਸ਼ ਬਾਂਸਲ ਬੱਬੂ ਤੇ ਭਾਜਪਾ ਆਗੂ ਬਰਿੰਦਰ ਬਿੱਟੂ ਨੇ ਕਿਹਾ ਕਿ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਦੇ ਨਾਭਾ ਪਹੁੰਚਣ ਨਾਲ ਸਾਡੇ ਵਰਕਰਾਂ ਦੇ ਵਿੱਚ ਜੋਸ਼ ਭਰਿਆ ਹੈ ਤੇ ਆਉਣ ਵਾਲੀਆਂ ਚੋਣਾਂ ਦੇ ਵਿੱਚ ਭਾਜਪਾ ਵੱਡੀ ਜਿੱਤ ਹਾਸਲ ਕਰੇਗੀ।

# ਤੇਲੂ ਰਾਮ ਕੁਹਾੜਾ ਦੀ 'ਭੁਲੱਕੜਨਾਮਾ' ਲੋਕ ਅਰਪਣ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਬੀਤੇ ਦਿਨ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੀ ਮਹੀਨਾਵਾਰ ਮੀਟਿੰਗ ਸ਼ਹੀਦ ਮਿੱਤ ਸਿੰਘ ਸਕਰੌਦੀ ਹਾਲ ਵਿਖੇ ਹੋਈ।ਪਹਿਲੇ ਸੈਸ਼ਨ ਵਿੱਚ ਗੁਰਸੇਵਕ ਸਿੰਘ ਢਿੱਲੋਂ ਨੇ ਸਮਾਗਮ ਦੀ ਰੂਪ-ਰੇਖਾ ਆਏ ਹੋਏ ਲੇਖਕਾਂ ਨਾਲ ਸਾਂਝੀ ਕੀਤੀ।ਉੱਘੇ ਲੇਖਕ ਤੇ ਪੱਤਰਕਾਰ ਮਾਸਟਰ ਤੇਲੂ ਰਾਮ ਕੁਹਾੜਾ ਦੀ ਕਿਤਾਬ 'ਭੁਲੱਕੜਨਾਮਾ' ਲੋਕ ਅਰਪਣ ਕੀਤੀ ਗਈ। ਸਮਾਗਮ ਦੀ ਪ੍ਰਧਾਨਗੀ ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ ਨੇ ਕੀਤੀ ਤੇ ਡਾਕਟਰ ਗੁਲਜ਼ਾਰ ਸਿੰਘ ਪੰਧੇਰ ਜਨਰਲ ਸਕੱਤਰ ਪੰਜਾਬੀ ਸਾਹਿਤਕ ਅਕਾਦਮੀ ਲੁਧਿਆਣਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪੁਸਤਕ ਬਾਰੇ ਪਰਚਾ ਰਘਬੀਰ ਸਿੰਘ ਭਰਤ ਨੇ ਪੜ੍ਹਿਆ।ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ, ਡਾਕਟਰ ਗੁਲਜ਼ਾਰ ਸਿੰਘ ਪੰਧੇਰ, ਰਾਮ ਸਰੂਪ ਰਿਖੀ, ਸ੍ਰ. ਨਿਰਪਾਲ ਸਿੰਘ ਗਰਚਾ, ਸੁਰਿੰਦਰ ਰਾਮਪੁਰੀ, ਸੂਬਾ ਬਲਵਿੰਦਰ ਸਿੰਘ ਝੱਲ ਪ੍ਰਧਾਨ ਨਾਮਧਾਰੀ ਦਰਬਾਰ ਆਦਿਕ ਬੁਲਾਰਿਆਂ ਨੇ ਕਿਤਾਬ ਬਾਰੇ ਡੂੰਘੀ ਵਿਚਾਰ ਚਰਚਾ ਕੀਤੀ ਤੇ ਇਨ੍ਹਾਂ ਸਾਰੀਆਂ ਸ਼ਖਸੀਅਤਾਂ ਨੂੰ ਸਭਾ ਵੱਲੋਂ ਸਨਮਾਨਤ ਕੀਤਾ ਗਿਆ।ਪੁਸਤਕ ਦਾ ਸਰਵਰਕ ਤਿਆਰ ਕਰਨ ਵਾਲੇ ਡਿਜ਼ਾਈਨਰ ਸੁਖਵੰਤ ਸਿੰਘ ਕੁਹਾੜਾ ਨੂੰ ਸਭਾ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਦੂਸਰੇ ਸੈਸ਼ਨ ਵਿੱਚ ਸ਼ਾਨਦਾਰ ਕਵੀ ਦਰਬਾਰ ਹੋਇਆ, ਜਿਸ ਦੀ ਪ੍ਰਧਾਨਗੀ ਰਜਿੰਦਰ ਕੌਰ ਪੰਨੂ, ਗੀਤਕਾਰ ਕਰਨੈਲ ਸਿੰਘ ਸਿਵੀਆ, ਮਨਦੀਪ ਕੌਰ ਭਮਰਾ, ਸੁਰਿੰਦਰਦੀਪ ਕੌਰ, ਅਮਰਜੀਤ ਸ਼ੇਰਪੁਰੀ ਆਦਿ ਨੇ ਕੀਤੀ।ਹਾਜ਼ਰ ਸ਼ਾਇਰਾਂ ਵਿੱਚ ਜੱਗਾ ਜਮਾਲਪੁਰੀ, ਹਰਬੰਸ ਸਿੰਘ ਰਾਏ, ਸ਼ੇਰ ਰਾਣਵਾਂ, ਕਰਮਜੀਤ ਸਿੰਘ ਢਿੱਲੋਂ, ਪੰਮੀ ਹਬੀਬ, ਬਲਦੇਵ ਸਿੰਘ ਰੋਹਣੋਂ, ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਦੇ ਪ੍ਰਧਾਨ ਕਿਰਨਦੀਪ ਸਿੰਘ ਕੁਲਾਰ, ਉੱਪ ਪ੍ਰਧਾਨ ਹਰਬੰਸ ਸਿੰਘ ਸ਼ਾਨ ਬਗਲੀ ਕਲਾਂ, ਪੰਜਾਬੀ ਸਾਹਿਤ ਸਭਾ ਸਾਂਝੀ ਸੱਥ ਦੇ ਸਰਪ੍ਰਸਤ ਅਵਤਾਰ ਸਿੰਘ ਉਟਾਲਾਂ ਆਦਿਕ ਨੇ ਰਚਨਾਵਾਂ ਦਾ ਪਾਠ ਕੀਤਾ।ਸਟੇਜ ਸੰਚਾਲਕ ਦੀ ਭੂਮਿਕਾ ਕਹਾਣੀਕਾਰ ਤਰਨ ਸਿੰਘ ਬੱਲ, ਗੀਤਕਾਰ ਜਗਵੀਰ ਸਿੰਘ ਵਿੱਕੀ ਨੇ ਬਹੁਤ ਖ਼ੂਬਸੂਰਤ ਅੰਦਾਜ਼ ਵਿੱਚ ਨਿਭਾਈ।ਬਲਰਾਜ ਸਿੰਘ ਬਾਜਵਾ ਨੇ ਆਏ ਹੋਏ ਸ਼ਾਇਰਾਂ ਦਾ ਧੰਨਵਾਦ ਕੀਤਾ।

# ਕੰਸਟ੍ਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਵੱਲੋਂ ਧਰਨਾ ਭਲਕੇ

## ਲਾਭਪਾਤਰੀਆਂ ਨੂੰ ਸਮੇਂ ਸਿਰ ਲਾਭ ਨਾ ਮਿਲਣ ਤੇ ਦਫ਼ਤਰਾਂ 'ਚ ਕੀਤਾ ਜਾ ਰਿਹੈ ਖੱਜਲ : ਢਾਬਾਂ, ਧੁੰਨਕੀਆਂ




**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ/ਬਲਵਿੰਦਰ ਸਿੰਘ/ਰਣਬੀਰ ਕੌਰ)**-ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਸਮੇਂ ਸਿਰ ਲਾਭ ਨਾ ਮਿਲਣ, ਦਫਤਰਾਂ ਵਿੱਚ ਹੁੰਦੀ ਖੱਜਲ ਖੁਆਰੀ, ਗੈਰ-ਵਾਜਿਬ ਲਗਾਏ ਜਾ ਰਹੇ ਓਬਜੈਕਸ਼ਨਾਂ ਤੇ ਆਪ-ਹੁਦਰੇ ਢੰਗ ਨਾਲ ਸਕੀਮਾਂ ਵਿੱਚ ਬਦਲਾਅ ਕਰਨ ਖ਼ਿਲਾਫ਼ 26 ਫਰਵਰੀ ਨੂੰ ਅਸਿਸਟੈਂਟ ਲੇਬਰ ਕਮਿਸ਼ਨਰ (ਏਐੱਲਸੀ) ਦਫ਼ਤਰ ਫਾਜ਼ਿਲਕਾ ਸਾਹਮਣੇ ਧਰਨਾ ਦਿੱਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਸੂਬਾ ਡਿਪਟੀ ਜਨਰਲ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਤੇ ਜ਼ਿਲ੍ਹਾ ਸਕੱਤਰ ਸੋਨਾ ਧੁੰਨਕੀਆਂ ਦੱਸਿਆ ਕਿ ਪਿਛਲੇ ਸਮੇਂ ਤੋਂ ਬੋਰਡ ਦੀ ਮੀਟਿੰਗ ਨਾ ਹੋਣ ਕਾਰਨ ਕਿਰਤ ਵਿਭਾਗ ਵੱਲੋਂ ਗਲਤ ਤਰੀਕੇ ਨਾਲ ਸਕੀਮਾਂ ਵਿੱਚ ਬਦਲਾਅ ਕੀਤਾ ਜਾ ਰਿਹਾ ਹੈ, ਜਿਵੇਂ ਕਿ ਲਾਭਪਾਤਰੀਆਂ ਲਈ ਵਾਰ-ਵਾਰ ਪੈਨਸ਼ਨ ਸਕੀਮ ਵਿੱਚ ਬਦਲਾਓ ਕਰਨਾ, ਗਰੇਸ ਮਿਤੀ ਦੇ ਅੰਦਰ ਮਿਲਣ ਵਾਲੇ ਐਕਸਗਰੇਸ਼ੀਆਂ ਵਿੱਚ ਬਦਲਾਓ ਕਰਨਾ, ਐਕਸੀਡੈਂਟਲ ਐਕਸਗਰੇਸ਼ੀਆ ਲਾਭਪਾਤਰੀ ਦੇ ਵਾਰਸਾਂ ਨੂੰ ਨਾ ਮਿਲਣਾ, 27 ਨੰਬਰ ਫਾਰਮ ਦਾ ਆਟੋਪੈਚ ਨਾ ਹੋਣ ਕਾਰਨ ਲਾਭਪਾਤਰੀ ਖੱਜਲ ਖੁਆਰ ਹੋ ਰਹੇ ਹਨ। ਇਸ ਸਬੰਧੀ ਯੂਨੀਅਨ ਵੱਲੋਂ ਮੋਗਾ ਵਿਖੇ ਹੋਈ ਮੀਟਿੰਗ ਵਿੱਚ ਵਿਚਾਰ ਕਰਨ ਉਪਰੰਤ ਮਹਿਕਮਾ ਲੇਬਰ ਖ਼ਿਲਾਫ਼ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ ਹੈ। ਆਗੂਆਂ ਨੇ ਦੱਸਿਆ ਕਿ ਜ਼ਿਲ੍ਹਾ ਫਾਜ਼ਿਲਕਾ ਅੰਦਰ ਕਿਰਤ ਦਫਤਰਾਂ ਵਿੱਚ ਵਾਰ-ਵਾਰ ਚੱਕਰ ਕੱਢਣੇ ਪੈ ਰਹੇ ਹਨ ਤੇ ਸੇਵਾ ਕੇਂਦਰਾਂ ਵੱਲੋਂ ਨਜਾਇਜ਼ ਤੌਰ 'ਤੇ ਗੈਰ-ਵਾਜਿਬ ਇਤਰਾਜ਼ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਕਮੇਟੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ 26 ਫਰਵਰੀ ਨੂੰ ਸੂਬੇ ਦੇ ਅਸਿਸਟੈਂਟ ਲੇਬਰ ਕਮਿਸ਼ਨਰਾਂ ਦੇ ਦਫਤਰਾਂ ਅੱਗੇ ਧਰਨੇ ਦਿੱਤੇ ਜਾ ਰਹੇ ਹਨ। ਇਸ ਮੌਕੇ ਸੰਬੋਧਨ ਕਰਦਿਆਂ ਯੂਨੀਅਨ ਦੇ ਬਲਾਕ ਸਕੱਤਰ ਪਰਮਜੀਤ ਸਿੰਘ ਸੋਹਣਾ ਸਾਂਦੜ ਤੇ ਬਲਾਕ ਮੀਤ ਪ੍ਰਧਾਨ ਰਾਜ ਖੀਵਾ ਨੇ ਕਿਹਾ ਕਿ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਪਿੰਡ ਪਿੰਡ ਜਾ ਕੇ ਜਾਗਰੂਕ ਕੀਤਾ ਜਾ ਰਿਹਾ ਹੈ। ਹੁਣ ਉਸਾਰੀ ਕਿਰਤੀ ਲਾਭਪਾਤਰੀਆਂ ਦੀ ਕਿਸੇ ਵੀ ਕੀਮਤ 'ਤੇ ਆਰਥਿਕ ਲੁੱਟ ਨਹੀਂ ਹੋਣ ਦਿੱਤੀ ਜਾਵੇਗੀ। ਉਕਤ ਸਾਰੇ ਆਗੂਆਂ ਨੇ ਜ਼ਿਲ੍ਹੇ ਦੇ ਸਮੁੱਚੇ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ 26 ਫਰਵਰੀ ਨੂੰ ਡੀ ਸੀ ਦਫਤਰ ਸਾਹਮਣੇ ਵੱਡੀ ਗਿਣਤੀ ਵਿੱਚ ਪੁੱਜਣ ਤਾਂ ਕਿ ਉਨ੍ਹਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ ਰਾਹੀਂ ਤੁਰੰਤ ਹੱਕ ਦਿਵਾਏ ਜਾ ਸਕਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਯੂਨੀਅਨ ਦੇ ਬਲਾਕ ਮੀਤ ਸਕੱਤਰ ਕਰਨੈਲ ਬੱਗੇ ਕੇ, ਕਮੇਟੀ ਮੈਂਬਰ ਲਖਵਿੰਦਰ ਧਾਲੀਵਾਲਾ, ਸੁਨੀਲ ਟਾਣੀ, ਬਚਨ ਸਿੰਘ, ਜਸਵਿੰਦਰ ਸਿੰਘ ਖੀਵਾ, ਰਾਜ ਸਿੰਘ, ਪਰਮਜੀਤ ਫੱਤੂਵਾਲਾ ਤੇ ਜਸਵਿੰਦਰ ਜੱਸੀ ਵੀ ਹਾਜ਼ਰ ਸਨ।

# ਭਗਤੀ ਸਿਰਫ਼ ਸ਼ਬਦਾਂ 'ਚ ਨਹੀਂ, ਕਰਮਾਂ 'ਚ ਪ੍ਰਗਟ ਹੋਣੀ ਚਾਹੀਦੀ : ਮਾਤਾ ਸੁਦੀਕਸ਼ਾ

## ਸੰਤ ਨਿਰੰਕਾਰੀ ਮਿਸ਼ਨ ਬ੍ਰਾਂਚ ਸਮਾਣਾ ਵੱਲੋਂ ਸਫਾਈ ਅਭਿਆਨ



**ਸਮਾਣਾ (ਇਕਬਾਲ ਸਿੰਘ ਬੱਲ)**-ਪਾਣੀ ਕੁਦਰਤ ਦਾ ਇੱਕ ਅਨਮੋਲ ਤੋਹਫ਼ਾ ਹੈ, ਜੀਵਨ ਦੀ ਨੀਂਹ ਤੇ ਮਨੁੱਖੀ ਸੱਭਿਅਤਾ ਦੀ ਜੀਵਨ ਰੇਖਾ।ਜਦੋਂ ਇਹ ਪਾਣੀ ਸਾਫ਼ ਤੇ ਸੁਰੱਖਿਅਤ ਹੁੰਦਾ ਹੈ, ਤਾਂ ਇਹ ਨਾ ਸਿਰਫ਼ ਵਾਤਾਵਰਣ ਨੂੰ ਮਜ਼ਬੂਤ ? ?ਕਰਦਾ ਹੈ, ਸਗੋਂ ਸਮਾਜ ਦੀ ਸਮੂਹਿਕ ਸਿਹਤ ਤੇ ਸੰਤੁਲਨ ਨੂੰ ਵੀ ਮਜ਼ਬੂਤ ? ?ਕਰਦਾ ਹੈ।ਇਸ ਵਿਚਾਰ ਨੂੰ ਸਾਕਾਰ ਕਰਦੇ ਹੋਏ, ਕੁਦਰਤੀ ਜਲ ਸਰੋਤਾਂ, ਨਦੀਆਂ, ਤਲਾਬਾਂ, ਝੀਲਾਂ ਤੇ ਸਮੁੰਦਰੀ ਕੰਢਿਆਂ ਨੂੰ ਨਿਰਸਵਾਰਥ ਤੌਰ 'ਤੇ ਸਾਫ਼ ਤੇ ਸੰਭਾਲਣ ਲਈ ਇੱਕ ਵਿਆਪਕ ਮੁਹਿੰਮ ਹਰ ਕਿਸੇ ਲਈ ਪ੍ਰੇਰਨਾ ਸਰੋਤ ਬਣ ਰਹੀ ਹੈ।ਇਹ ਪਹਿਲ ਸਿਰਫ਼ ਸਫਾਈ ਤੱਕ ਸੀਮਿਤ ਨਹੀਂ ਹੈ, ਸਗੋਂ ਜਾਗਰੂਕਤਾ, ਜ਼ਿੰਮੇਵਾਰੀ ਤੇ ਸਮੂਹਕ ਭਾਗੀਦਾਰੀ ਦਾ ਇੱਕ ਸ਼ਕਤੀਸ਼ਾਲੀ ਸੰਦੇਸ਼ ਹੈ।ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਤੇ ਨਿਰੰਕਾਰੀ ਰਾਜਪਿਤਾ ਰਮਿਤ ਦੇ ਮਾਰਗਦਰਸ਼ਨ ਹੇਠ 'ਸਵੱਛ ਜਲ, ਸਵੱਛ ਮਨ' ਮੁਹਿੰਮ ਦਾ ਵਿਸ਼ਾਲ ਤੇ ਪ੍ਰੇਰਨਾਦਾਇਕ ਚੌਥਾ ਪੜਾਅ ਭਾਰਤ ਦੇ 25 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 930 ਸ਼ਹਿਰਾਂ ਵਿੱਚ 1,600 ਤੋਂ ਵੱਧ ਥਾਵਾਂ 'ਤੇ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ, ਜਿਸ ਵਿੱਚ ਲਗਭਗ 1.2 ਮਿਲੀਅਨ ਵਲੰਟੀਅਰਾਂ ਨੇ ਹਿੱਸਾ ਲਿਆ।ਇਹ ਸਿਰਫ਼ ਇੱਕ ਵਾਤਾਵਰਣਕ ਯਤਨ ਨਹੀਂ ਸੀ, ਸਗੋਂ ਅਧਿਆਤਮਿਕਤਾ, ਸੇਵਾ ਤੇ ਸਮਾਜਿਕ ਜ਼ਿੰਮੇਵਾਰੀ ਦਾ ਇੱਕ ਸ਼ਾਨਦਾਰ ਸੁਮੇਲ ਸੀ, ਜੋ ਹਰੇਕ ਵਿਅਕਤੀ ਦੇ ਦਿਲਾਂ ਨੂੰ ਛੂੰਹਦਾ ਸੀ ਅਤੇ ਉਨ੍ਹਾਂ ਦੀ ਜਾਗਰੂਕਤਾ ਤੇ ਕਰਤੱਵ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਸੀ।ਇਸੇ ਕੜੀ ਤਹਿਤ ਸੰਤ ਨਿਰੰਕਾਰੀ ਮਿਸ਼ਨ ਬਰਾਂਚ ਸਮਾਣਾ ਵੱਲੋਂ ਪਟਿਆਲਾ ਜ਼ੋਨ ਦੇ ਜ਼ੋਨਲ ਇੰਚਾਰਜ ਸ੍ਰੀ ਰਾਧੇ ਸ਼ਾਮ ਤੇ ਪਟਿਆਲਾ ਖੇਤਰ ਦੇ ਖੇਤਰੀ ਸੰਚਾਲਕ ਮਨਮੋਹਨ ਸਿੰਘ ਦੀ ਅਗਵਾਈ ਹੇਠ ਪਟਿਆਲਾ ਰੋਡ 'ਤੇ ਬਣੇ ਨਵੇਂ ਨਿਰੰਕਾਰੀ ਸਾਧ ਸੰਗਤ ਭਵਨ ਤੇ ਆਸ-ਪਾਸ ਦੇ ਖੇਤਰਾਂ ਵਿਖੇ ਸਫਾਈ ਅਭਿਆਨ ਚਲਾਇਆ ਗਿਆ, ਜਿਸ ਵਿੱਚ ਸਮਾਣਾ ਦੇ ਸਮੂਹ ਸੇਵਾ ਦਲ ਤੇ ਸਾਧ ਸੰਗਤ ਨੇ ਸਾਫ ਸਫਾਈ ਕੀਤੀ, ਕੂੜੇ ਨੂੰ ਟਰਾਲੀਆਂ ਨਾਲ ਚੁੱਕ ਕੇ ਠੀਕ ਜਗ੍ਹਾ ਪਹੁੰਚਾਇਆ।

# ਜ਼ਮੀਨ ਦੀ ਵੰਡ ਨੂੰ ਲੈ ਕੇ ਪਿਤਾ ਦਾ ਕਤਲ



**ਬਰੇਟਾ (ਰੀਤਵਾਲ)**-ਪਿੰਡ ਧਰਮਪੁਰਾ ਵਿਖੇ ਬੀਤੀ ਰਾਤ ਜਮੀਨ ਦੀ ਵੰਡ ਨੂੰ ਲੈ ਕੇ ਵੱਡੇ ਪੁੱਤਰ ਵੱਲੋਂ ਆਪਣੇ ਪਿਤਾ ਦਾ ਤੇਜ਼ ਹਥਿਆਰਾਂ ਨਾਲ ਜਿੱਥੇ ਕਤਲ ਕਰ ਦਿੱਤਾ, ਉੱਥੇ ਮਾਂ ਤੇ ਛੋਟੇ ਭਰਾ ਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ।ਰਾਏ ਸਿੰਘ ਪਿੰਡ ਧਰਮਪੁਰਾ ਦੇ ਨੌਜਵਾਨ ਦਾ ਆਪਣੇ ਪਿਤਾ ਗੁਰਜੰਟ ਸਿੰਘ 65 ਸਾਲਾਂ ਦਾ ਜਮੀਨ ਦੀ ਵੰਡ ਨੂੰ ਲੈ ਕੇ ਤਕਰਾਰ ਚੱਲ ਰਿਹਾ ਸੀ, ਜਿਸ ਨੂੰ ਬੀਤੀ ਰਾਤ ਵੱਡੇ ਪੁੱਤਰ ਵੱਲੋਂ ਖ਼ੂਨੀ ਰੂਪ ਵਿੱਚ ਬਦਲਦਿਆਂ ਛੋਟੇ ਭਰਾ ਦੇ ਘਰ ਦੀ ਕੰਧ ਟੱਪ ਕੇ ਉਕਤ ਵੱਡੇ ਭਰਾ ਵੱਲੋਂ ਪਿਤਾ ਗੁਰਜੰਟ ਸਿੰਘ ਦਾ ਤੇਜ਼ ਹਥਿਆਰਾਂ ਨਾਲ ਕਤਲ ਕਰ ਦਿੱਤਾ। ਜ਼ਿਕਰਯੋਗ ਹੈ ਕਿ ਗੁਰਜੰਟ ਸਿੰਘ ਕੋਲ ਚਾਰ ਏਕੜ ਜ਼ਮੀਨ ਸੀ, ਜਿਸ ਦੀ ਵੰਡ ਨੂੰ ਲੈ ਕੇ ਅਕਸਰ ਘਰ ਦੇ ਵਿੱਚ ਵੱਡਾ ਭਰਾ ਕਲੇਸ਼ ਕਰਦਾ ਸੀ ਤੇ ਜ਼ਮੀਨ ਦੀ ਵੰਡ ਵਿੱਚ ਦੋ ਏਕੜ ਜ਼ਮੀਨ ਲੈਣ ਲਈ ਲੜਦਾ ਰਹਿੰਦਾ ਸੀ, ਪਰ ਸਮਾਂ ਤੇ ਤਕਦੀਰ ਪਤਾ ਨਹੀਂ ਕਦੋਂ ਬਦਲ ਜਾਵੇ। ਉਸੇ ਤਰ੍ਹਾਂ ਰਾਏ ਸਿੰਘ ਨੇ ਬੀਤੀ ਰਾਤ ਆਪਣੇ ਛੋਟੇ ਭਰਾ ਦੇ ਘਰ ਵਿੱਚ ਕੰਧ ਟੱਪ ਕੇ ਜਿੱਥੇ ਆਪਣੇ ਪਿਤਾ ਦਾ ਕਤਲ ਕਰ ਦਿੱਤਾ, ਉਥੇ ਆਪਣੀ ਮਾਂ ਅਤੇ ਛੋਟੇ ਭਰਾ ਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ। ਉਧਰ ਦੂਜੇ ਪਾਸੇ ਪੁਲਸ ਨੇ ਮ੍ਰਿਤਕ ਦੇ ਛੋਟੇ ਪੁੱਤਰ ਦੇ ਬਿਆਨਾਂ ਦੇ ਆਧਾਰ 'ਤੇ ਵੱਡੇ ਪੁੱਤਰ ਰਾਏ ਸਿੰਘ ਦੇ ਖਿਲਾਫ ਕਤਲ ਦਾ ਮਾਮਲਾ ਦਰਜ ਕਰ ਲਿਆ।

## ਤਨਦੇਹੀ ਨਾਲ ਜਨਤਾ ਦੀ ਸੇਵਾ ਕਰਨਾ ਮੇਰਾ ਕਰਮ ਧਰਮ : ਐੱਸ ਡੀ ਐੱਮ



**ਸਮਰਾਲਾ (ਸੁਰਜੀਤ ਸਿੰਘ)**-ਤਨਦੇਹੀ ਨਾਲ ਜਨਤਾ ਦੀ ਸੇਵਾ ਕਰਨਾ ਤੇ ਉਨ੍ਹਾਂ ਦੇ ਕੰਮਾਂ ਦਾ ਪਹਿਲ ਦੇ ਅਧਾਰ 'ਤੇ ਨਿਪਟਾਰਾ ਕਰਨਾ ਮੇਰਾ ਕਰਮ ਤੇ ਧਰਮ ਰਿਹਾ ਹੈ।ਇਹ ਵਿਚਾਰ ਇਥੇ ਰਜਨੀਸ਼ ਅਰੋੜਾ ਐੱਸ ਡੀ ਐੱਮ ਸਮਰਾਲਾ ਨੇ ਤਬਾਦਲਾ ਹੋਣ 'ਤੇ ਚਾਰਜ ਛੱਡਣ ਤੋਂ ਪਹਿਲਾਂ ਸਥਾਨਕ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਹੀ।ਉਨ੍ਹਾਂ ਕਿਹਾ ਕਿ ਸਮਰਾਲਾ ਪੋਸਟਿੰਗ ਦੌਰਾਨ ਉਨ੍ਹਾਂ ਲੋਕਾਂ ਅਤੇ ਵਿਸ਼ੇਸ਼ ਤੌਰ 'ਤੇ ਗਰੀਬ ਤੇ ਬੇਸਹਾਰਾ ਵਰਗ ਦੇ ਲੋਕਾਂ ਦੇ ਕੰਮ ਪਹਿਲ ਦੇ ਅਧਾਰ 'ਤੇ ਕੀਤੇ ਹਨ।ਉਨ੍ਹਾਂ ਕਿਹਾ ਕਿ ਮੇਰਾ ਸਟਾਫ ਵੀ ਮੇਰੇ ਹੀ ਨਕਸ਼ੇ ਕਦਮ 'ਤੇ ਚਲਦਾ ਹੋਇਆ ਲੋਕ ਭਲਾਈ ਨੂੰ ਪਹਿਲ ਦਿੰਦਾ ਹੈ।ਉਨ੍ਹਾਂ ਕਿਹਾ ਕਿ ਉਹ ਫ਼ਖ਼ਰ ਨਾਲ ਕਹਿ ਸਕਦੇ ਹਨ ਕਿ ਦਫਤਰ ਦੇ ਸਟਾਫ ਨੇ ਨਾ ਤਾਂ ਕਦੇ ਕਿਸੇ ਦਾ ਕੰਮ ਰੋਕਿਆ ਹੈ ਅਤੇ ਨਾ ਹੀ ਕਿਸੇ ਤੋਂ ਰਿਸ਼ਵਤ ਦੀ ਝਾਕ ਕੀਤੀ ਹੈ।ਉਨ੍ਹਾਂ ਕਿਹਾ ਕਿ ਆਲਸੀ ਤੇ ਕੰਮ ਚੋਰ ਕਰਮਚਾਰੀਆਂ ਨੂੰ ਉਨ੍ਹਾਂ ਕਦੇ ਬਰਦਾਸ਼ਤ ਨਹੀਂ ਕੀਤਾ।ਅਜਿਹੇ ਅਨਸਰਾਂ ਨੂੰ ਪਬਲਿਕ ਡੀਲਿੰਗ ਤੋਂ ਲਾਂਭੇ ਹੀ ਰੱਖਿਆ ਹੈ, ਤਾਂ ਜੋ ਪਬਲਿਕ ਦੇ ਕੰਮਾਂ ਵਿੱਚ ਵਿਘਨ ਨਾ ਪਵੇ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਜ਼ਿੰਦਗੀ ਦਾ ਮਕਸਦ ਹੀ ਲੋਕ ਭਲਾਈ ਨੂੰ ਸਮਰਪਿਤ ਰਹਿਣਾ ਹੈ।ਉਨ੍ਹਾਂ ਕਿਹਾ ਕਿ ਵਾਹਨ ਲਾਇਸੈਂਸ ਹੋਣ ਜਾਂ ਜ਼ਮੀਨ ਸਬੰਧੀ ਮਾਮਲੇ ਹਰ ਇੱਕ ਮਸਲੇ ਨੂੰ ਇੰਨਸਾਫਪੂਰਨ ਢੰਗ ਨਾਲ ਨੇਪਰੇ ਚਾੜ੍ਹਿਆ ਹੈ।ਉਨ੍ਹਾਂ ਕਿਹਾ ਕਿ ਕਿਸੇ ਦਬਾਅ ਅਧੀਨ ਉਨ੍ਹਾਂ ਕੋਈ ਗਲਤ ਫੈਸਲਾ ਕਿਸੇ ਧਿਰ ਨੂੰ ਨੁਕਸਾਨ ਪਹੁੰਚਾਉਣ ਵਾਸਤੇ ਨਹੀਂ ਕੀਤਾ।

## ਕਾਲਜ ਕੈਂਪਸ ਵਿਖੇ ਮੋਬਾਇਲ ਮੁਕਤ ਦਿਹਾੜਾ ਮਨਾਇਆ

**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਦੇ ਆਈ.ਕਿਊ.ਏ. ਸੈਲੋ ਵੱਲੋਂ ਕਾਲਜ ਕੈਂਪਸ ਵਿਖੇ ਮੋਬਾਈਲ ਮੁਕਤ ਦਿਹਾੜਾ ਮਨਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਦੱਸਿਆ ਕਿ ਕਾਲਜ ਦੀਆਂ ਬੈਸਟ ਪ੍ਰੈਕਟਿਸਜ਼ ਅਧੀਨ ਹਰ ਮਹੀਨੇ ਦੇ ਤੀਜੇ ਸ਼ਨੀਵਾਰ ਨੂੰ ਇਹ ਦਿਹਾੜਾ ਮਨਾਇਆ ਜਾਵੇਗਾ।ਇਸ ਮੌਕੇ ਕਾਲਜ ਵਿੱਚ ਹਾਜ਼ਰ ਸਮੂਹ ਵਿਦਿਆਰਥੀਆਂ ਤੇ ਸਮੁੱਚੇ ਸਟਾਫ ਨੇ ਸਾਰਾ ਦਿਨ ਆਪਣੇ ਮੋਬਾਈਲ ਬੰਦ ਰੱਖੇ।ਆਈ ਕਿਊ ਏ ਸੈੱਲ ਦੇ ਕੋਆਰਡੀਨੇਟਰ ਡਾ. ਹਰਕੀਰਤਨ ਕੌਰ ਨੇ ਦੱਸਿਆ ਕਿ ਕਿਸੇ ਵੀ ਐਮਰਜੈਂਸੀ ਹਾਲਤ ਵਿੱਚ ਕਾਲ ਕਰਨ ਲਈ ਕਾਲਜ ਵਿਦਿਆਰਥੀਆਂ ਤੇ ਸਟਾਫ ਮੈਂਬਰਜ਼ ਨੂੰ ਕੁੱਝ ਮੋਬਾਈਲ ਨੰਬਰ ਜਾਰੀ ਕੀਤੇ ਗਏ ਸਨ।ਉਨ੍ਹਾਂ ਕਿਹਾ ਕਿ ਅੱਜਕੱਲ੍ਹ ਅਸੀਂ ਮੋਬਾਈਲ ਫੋਨ ਦੇ ਵਧੇਰੇ ਆਦਿ ਹੋ ਚੁੱਕੇ ਹਾਂ, ਜਿਸ ਕਾਰਨ ਸਾਡੀ ਸਰੀਰਕ ਤੇ ਮਾਨਸਿਕ ਸਿਹਤ ਉੱਪਰ ਮਾੜਾ ਪ੍ਰਭਾਵ ਪੈ ਰਿਹਾ ਹੈ।

ਇਸ ਲਈ ਸਾਨੂੰ ਮੋਬਾਈਲ ਫੋਨ ਦੀ ਵਧੇਰੇ ਵਰਤੋਂ ਤੋਂ ਗੁਰੇਜ ਕਰਨਾ ਚਾਹੀਦਾ ਹੈ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਇਸ ਪ੍ਰਥਾ ਨੂੰ ਸਫਲ ਬਣਾਉਣ ਲਈ ਸਮੁੱਚੇ ਸਟਾਫ ਤੇ ਵਿਦਿਆਰਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਪੰਜਾਬੀ ਭਾਸ਼ਾ ਪ੍ਰੇਮੀਆਂ ਵੱਲੋਂ ਸਿਰਸਾ 'ਚ ਰੋਸ ਪ੍ਰਦਰਸ਼ਨ

### ■ 10 ਸੂਤਰੀ ਭਾਸ਼ਾਈ ਮੰਗਾਂ ਨੂੰ ਲਾਗੂ ਕਰਨ ਦੀ ਕੀਤੀ ਮੰਗ




**ਸਿਰਸਾ (ਸੁਰਿੰਦਰ ਪਾਲ ਸਿੰਘ)**

ਹਰਿਆਣਾ ਵਿੱਚ ਪੰਜਾਬੀ ਭਾਸ਼ਾ ਪ੍ਰਤੀ ਸਰਕਾਰ ਦੇ ਉਦਾਸੀਨ ਰਵੱਈਏ ਨੂੰ ਲੈ ਕੇ ਸਿਰਸਾ ਦੇ ਬੁੱਧੀਜੀਵੀਆਂ ਵੱਲੋਂ ਪੰਜਾਬੀ ਭਾਸ਼ਾ ਸਬੰਧੀ ਮੰਗਾਂ ਨੂੰ ਲੈ ਕੇ ਸਿਰਸਾ ਦੇ ਡੀ ਸੀ ਦਫਤਰ ਬਾਹਰ ਸੰਕੇਤਕ ਧਰਨਾ ਦੇਣੇ ਉਪਰੰਤ ਹਰਿਆਣਾ ਦੇ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਦੇ ਨਾਮ ਮੰਗ ਪੱਤਰ ਦਿੱਤਾ ਗਿਆ। ਵੱਡੀ ਮਾਤਰਾ 'ਚ ਇੱਕਤਰ ਹੋਏ ਪੰਜਾਬੀ ਭਾਸ਼ਾ ਪ੍ਰੇਮੀਆਂ ਦੀ ਅਗਵਾਈ ਪ੍ਰਮੁੱਖ ਬੁੱਧੀਜੀਵੀ ਕਾ: ਸਵਰਨ ਸਿੰਘ ਵਿਰਕ, ਪ੍ਰੋ: ਗੁਰਚਰਨ ਸਿੰਘ ਸਿਰਸਾ ਤੇ ਪ੍ਰੋ: ਹਰਵਿੰਦਰ ਸਿੰਘ ਸਿਰਸਾ ਨੇ ਕੀਤੀ। ਪੰਜਾਬੀ ਭਾਸ਼ਾ ਦੇ ਹੱਕ ਵਿੱਚ ਪ੍ਰਦਰਸ਼ਨ ਦੌਰਾਨ ਮੰਗ ਪੱਤਰ ਦੇਣ ਲਈ ਪੁਜੇ ਬੁੱਧੀਜੀਵੀਆਂ ਦੀਆਂ ਪ੍ਰਮੁੱਖ ਮੰਗਾਂ ਵਿੱਚ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਉਸੇ ਤਰ੍ਹਾਂ ਪੰਜਾਬੀ ਯੂਨੀਵਰਸਿਟੀ ਕਾਇਮ ਕੀਤੀ ਜਾਵੇ, ਜਿਵੇਂ ਕਿ ਸੰਸਕ੍ਰਿਤ ਯੂਨੀਵਰਸਿਟੀ ਕਾਇਮ ਕੀਤੀ ਗਈ ਹੈ। ਤਿੰਨ ਭਾਸ਼ਾਈ ਫਾਰਮਲੇ ਨੂੰ ਲਾਗੂ ਕਰਦੇ ਹੋਏ ਤੀਸਰੀ ਜਮਾਤ ਤੋਂ ਹੀ ਸਕੂਲਾਂ ਵਿੱਚ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਕੀਤੀ ਜਾਵੇ। ਐੱਨ ਐੱਸ ਕਿਊ ਐੱਫ ਦੇ ਕਿੱਤਾ ਮੁਖੀ ਵਿਸ਼ੇ ਨੂੰ ਵੱਖਰੇ ਤੌਰ 'ਤੇ ਲਾਗੂ ਕੀਤਾ ਜਾਵੇ ਨਾ ਕਿ ਭਾਸ਼ਾ ਦੇ ਬਾਦਲ ਵਜੋਂ। ਸਕੂਲਾਂ ਵਿੱਚ 11 ਵਿਦਿਆਰਥੀਆਂ ਵਾਲੀ ਸ਼ਰਤ ਖਤਮ ਕੀਤੀ ਜਾਵੇ ਤੇ ਹਰ ਸਕੂਲ ਵਿੱਚ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਕੀਤੀ ਜਾਵੇ। ਪੰਜਾਬੀ ਨਾ ਪੜ੍ਹਾਉਣ ਵਾਲੇ ਸਕੂਲਾਂ ਦੀ ਮਾਨਤਾ ਰੱਦ ਕੀਤੀ ਜਾਵੇ। ਹਰਿਆਣਾ ਦੇ ਡੀ ਸੀ ਤੇ ਐੱਸ ਡੀ ਐੱਮ ਦਫਤਰਾਂ ਵਿੱਚ ਪੰਜਾਬੀ ਦੇ ਤਰਜਮੇ ਦਾ ਪ੍ਰਬੰਧ ਕੀਤਾ ਜਾਵੇ। ਸੜਕਾਂ 'ਤੇ ਲੱਗੇ ਮੀਲ ਪੱਥਰਾਂ ਸਮੇਤ ਜਨਤਕ ਥਾਵਾਂ ਉੱਤੇ ਪੰਜਾਬੀ ਵਿੱਚ ਵੀ ਲਿਖਿਆ ਜਾਵੇ। ਪੰਜਾਬੀ ਭਵਨ ਲਈ ਜਗ੍ਹਾ ਮੁਹੱਈਆ ਕਰਾਈ ਜਾਵੇ। ਵਿਦਿਆਥੀਆਂ ਨੂੰ ਸਕੂਲਾਂ ਵਿੱਚ ਪੰਜਾਬੀ ਬੋਲਣ ਤੋਂ ਨਾ ਰੋਕਿਆ ਜਾਵੇ। ਪੰਜਾਬੀ ਵਿੱਚ ਲਿਖੀਆਂ ਅਰਜ਼ੀਆਂ ਸਵੀਕਾਰ ਕਰਕੇ ਉੱਤਰ ਪੰਜਾਬੀ ਵਿੱਚ ਭੇਜੇ ਜਾਣ। ਮੰਗ ਪੱਤਰ ਦੇਣ ਵਾਲਿਆਂ ਵਿੱਚ ਉਕਤ ਤੋਂ ਇਲਾਵਾ ਪ੍ਰਿੰਸੀਪਲ ਬੂਟਾ ਸਿੰਘ, ਭੁਪਿੰਦਰ ਸਿੰਘ ਪੰਨੀਵਾਲੀਆ, ਪ੍ਰਭੂ ਦਿਆਲ, ਗੁਰਜੀਤ ਸਿੰਘ ਮਾਨ, ਹੈਪੀ ਸਿੰਘ, ਪ੍ਰਦੀਪ ਸਚਦੇਵਾ, ਆਕਾਸ਼ਦੀਪ ਸਿੰਘ, ਹਰਜਿੰਦਰ ਸਿੰਘ, ਸੇਵਾ ਸਿੰਘ, ਸੁਖਦੇਵ ਸਿੰਘ ਕਰੀਵਾਲਾ, ਡਾ: ਹਰਦੀਪ ਸਿੰਘ, ਬਲਦੇਵ ਸਿੰਘ, ਗੁਰਦੀਪ ਸਿੰਘ ਗੁਰਾਇਆ, ਹਰਪਿੰਦਰ ਸਿੰਘ, ਆਕਾਸ਼ਦੀਪ ਸਿੰਘ, ਗੁਰਚਰਨ ਸਿੰਘ, ਹਰਜਿੰਦਰ ਸਿੰਘ, ਕਸ਼ਮੀਰ ਸਿੰਘ, ਸੇਵਾ ਸਿੰਘ, ਨਵਜੋਤ ਸਿੰਘ ਤੇ ਗੁਰੂ ਕਾਸ਼ੀ ਸਾਹਿਤ ਅਕਾਦਮੀ ਦੇ ਪ੍ਰਧਾਨ ਮਾ: ਸੁਰਿੰਦਰ ਪਾਲ ਸਿੰਘ ਤੋਂ ਬਿਨਾਂ ਸਿਰਸਾ ਖੇਤਰ ਦੇ ਬਹੁਤ ਸਾਰੇ ਬੁੱਧੀਜੀਵੀ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਮਾਂ ਬੋਲੀ ਨੂੰ ਸਮਰਪਤ ਸੈਮੀਨਾਰ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਨਿਹਾਲ ਸਿੰਘ ਵਾਲਾ ਦੀ ਮੀਟਿੰਗ ਪ੍ਰਧਾਨ ਗੁਰਮੇਲ ਸਿੰਘ ਮਾਨ ਦੌਧਰ ਦੀ ਅਗਵਾਈ ਵਿੱਚ ਕਾਮਰੇਡ ਗੁਰਬਖਸ਼ ਸਿੰਘ ਯਾਦਗਾਰੀ ਹਾਲ ਵਿਖੇ ਪੰਜਾਬੀ ਮਾਂ ਬੋਲੀ ਦਿਵਸ ਨੂੰ ਸਮਰਪਤ ਸੈਮੀਨਾਰ ਦੇ ਰੂਪ ਵਿੱਚ ਕੀਤੀ ਗਈ। ਮੀਟਿੰਗ ਦੀ ਸ਼ੁਰੂਆਤ ਡਾਕਟਰ ਭਗਵਾਨ ਸਿੰਘ ਰਾਮਾ ਨੇ ਪੰਜਾਬੀ ਮਾਂ ਬੋਲੀ ਬਾਰੇ ਵਿਸਥਾਰਪੂਰਵਕ ਚਾਨਣਾ ਪਾਉਂਦਿਆਂ ਸੁਚੱਜੇ ਢੰਗ ਨਾਲ ਕੀਤੀ। ਉਨ੍ਹਾਂ ਪੰਜਾਬੀ ਮਾਂ ਬੋਲੀ ਦੀ ਮਹੱਤਤਾ ਤੇ ਮਹਾਨਤਾ ਬਾਰੇ ਚਾਨਣਾ ਪਾਉਂਦਿਆਂ ਫ਼ਿਕਰ ਜ਼ਾਹਿਰ ਕੀਤਾ ਕਿ ਕਿਵੇਂ ਪ੍ਰਾਈਵੇਟ ਸਕੂਲਾਂ ਤੇ ਦਫ਼ਤਰਾਂ ਵਿੱਚੋਂ ਪੰਜਾਬੀ ਭਾਸ਼ਾ ਨੂੰ ਖਤਮ ਕੀਤਾ ਜਾ ਰਿਹਾ ਹੈ ਅਤੇ ਬੱਚਿਆਂ ਨੂੰ ਜੋ ਕਿ ਸਾਡੇ ਦੇਸ਼ ਦਾ ਭਵਿੱਖ ਹਨ, ਨੂੰ ਪੰਜਾਬੀ ਬੋਲੀ ਤੋਂ ਯੋਜਨਾਬੱਧ ਤਰੀਕੇ ਨਾਲ ਦੂਰ ਕੀਤਾ ਜਾ ਰਿਹਾ ਹੈ। ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਨੇ ਕਿਹਾ ਕਿ ਪੰਜਾਬੀ ਪੂਰੀ ਦੁਨੀਆ ਭਰ ਵਿੱਚ ਬੋਲੀਆਂ ਜਾਣ ਵਾਲੀਆਂ ਭਾਸ਼ਾਵਾਂ ਵਿੱਚੋਂ ਹਰਮਨ ਪਿਆਰੀ ਭਾਸ਼ਾ ਹੈ, ਜਿਸ ਨੂੰ ਹਰ ਕੋਈ ਬੋਲਣਾ ਪਸੰਦ ਕਰਦਾ ਹੈ, ਪਰ ਇਸ ਦੇ ਬਿਲਕੁਲ ਉਲਟ ਪੰਜਾਬ ਦੇ ਸਕੂਲਾਂ ਵਿੱਚ ਪੰਜਾਬੀ ਬੋਲਣ 'ਤੇ ਪਾਬੰਦੀ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਕੌਮਾਂ ਆਪਣੀ ਮਾਂ ਬੋਲੀ ਤੇ ਵਿਰਸੇ ਤੋਂ ਦੂਰ ਹੋ ਜਾਂਦੀਆਂ ਹਨ, ਉਹ ਅਕਸਰ ਖਤਮ ਹੋ ਜਾਂਦੀਆਂ ਹਨ। ਉਨ੍ਹਾਂ ਅਪਣੀ ਬੋਲੀ ਤੇ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਚੇਅਰਮੈਨ ਸੋਹਣ ਸਿੰਘ ਸੈਦੋਕੇ ਨੇ ਦੱਸਿਆ ਕਿ ਬੀਤੇ ਦਿਨੀਂ 19 ਫ਼ਰਵਰੀ ਨੂੰ ਜ਼ਿਲ੍ਹਾ ਕਮੇਟੀ ਦੀ ਅਹਿਮ ਮੀਟਿੰਗ ਨਵੇਂ ਬਣੇ ਭਵਨ ਵਿੱਚ ਕੀਤੀ ਗਈ, ਜਿਸ ਵਿੱਚ ਪਿਛਲੇ ਦਿਨ3 ਮੈਡੀਕਲ ਪ੍ਰੈਕਟੀਸ਼ਨਰਾਂ ਖ਼ਿਲਾਫ਼ ਮਾਨਯੋਗ ਸੁਪਰੀਮ ਕੋਰਟ ਵੱਲੋਂ ਲਏ ਗਏ ਫ਼ੈਸਲੇ ਦਾ ਜ਼ੋਰਦਾਰ ਵਿਰੋਧ ਕੀਤਾ ਗਿਆ ਅਤੇ ਜਥੇਬੰਦਕ ਤਾਕਤ ਨੂੰ ਮਜ਼ਬੂਤ ਕਰਨ ਤੇ ਮਿਹਨਤਕਸ਼ ਲੋਕਾਂ ਨਾਲ ਨਹੁੰ-ਮਾਸ ਦੇ ਰਿਸ਼ਤੇ ਨੂੰ ਮਜ਼ਬੂਤ ਕਰਨ ਲਈ ਡੋਰ ਟੂ ਡੋਰ ਮੁਹਿੰਮ ਸ਼ੁਰੂ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਜਰਨਲ ਸਕੱਤਰ ਅਮਨਦੀਪ ਸਿੰਘ ਦੌਧਰ, ਸਰਪ੍ਰਸਤ ਰਛਿੰਦਰ ਸਿੰਘ ਰਣੀਆਂ ਨੇ ਕੇਂਦਰ ਸਰਕਾਰ ਤੇ ਅਮਰੀਕਾ ਸਮਝੌਤੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇਸ ਨਾਲ ਗਰੀਬ ਮਜ਼ਦੂਰ ਵਰਗ ਕਿਸਾਨੀ ਤੇ ਛੋਟੇ ਵਪਾਰੀ ਵਰਗ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸਿ ਮੌਕੇ ਪ੍ਰੈੱਸ ਸਕੱਤਰ ਭਗਵਾਨ ਸਿੰਘ ਖੋਟੇ, ਗਗਨ ਡਾਲਾ, ਕੇਵਲ ਸਿੰਘ ਮਾਛੀਕੇ, ਚਮਕੌਰ ਸਿੰਘ ਖਾਈ, ਗੁਰਪ੍ਰੀਤ ਸਿੰਘ ਰੌਂਤਾ, ਰੁਪਿੰਦਰ ਸਿੰਘ ਦੀਦਾਰੇ ਵਾਲਾ, ਛਿੰਦਰਪਾਲ ਸਿੰਘ ਰਾਊਕੇ, ਰਾਮ ਸਿੰਘ ਸੈਦੋਕੇ ਆਦਿ ਹਾਜ਼ਰ ਸਨ।

## ਬਣਵਾਲਾ ਵਿਖੇ ਨੌਵੇਂ ਫੁੱਟਬਾਲ ਟੂਰਨਾਮੈਂਟ ਦਾ ਆਯੋਜਨ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਨੈਸ਼ਨਲ ਯੂਥ ਸਪੋਰਟਸ ਕਲੱਬ ਬਣਵਾਲਾ ਵੱਲੋਂ ਨੌਵੇਂ ਸਾਲਾਨਾ ਫੁੱਟਬਾਲ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ।ਟੂਰਨਾਮੈਂਟ ਦਾ ਉਦਘਾਟਨ ਗ੍ਰਾਮ ਪੰਚਾਇਤ ਬਣਵਾਲਾ ਦੇ ਸਰਪੰਚ ਬੂਟਾ ਸਿੰਘ ਨੇ ਕੀਤਾ, ਜਦੋਂ ਕਿ ਮੁੱਖ ਮਹਿਮਾਨ ਵਜੋਂ ਸਮਾਜਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਦੇ ਪ੍ਰਧਾਨ ਹਰਮੇਸ਼ ਸਿੰਗਲਾ ਤੇ ਵਿਸ਼ੇਸ਼ ਮਹਿਮਾਨ ਵਜੋਂ ਏ ਆਈ ਵਰਕਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਨਿਸ਼ਾਨ ਸਿੰਘ ਬਣਵਾਲਾ ਨੇ ਸ਼ਿਰਕਤ ਕੀਤੀ।ਸਾਨਾ ਫੁੱਟਬਾਲ ਟੂਰਨਾਮੈਂਟ ਵਿੱਚ ਦਰਜਨ ਤੋਂ ਵੱਧ ਟੀਮਾਂ ਨੇ ਭਾਗ ਲਿਆ, ਜਿਸ ਦੌਰਾਨ ਫਸਵੇਂ ਤੇ ਰੋਮਾਂਚਿਕ ਮੁਕਾਬਲੇ ਹੋਏ।ਇਨ੍ਹਾਂ ਮੁਕਾਬਲਿਆਂ ਵਿੱਚ ਬਣਵਾਲਾ ਤੇ ਛਾਹੜ ਦੀਆਂ ਟੀਮਾਂ ਨੇ ਕ੍ਰਮਵਾਰ ਪਹਿਲਾ ਤੇ ਦੂਜਾ ਸਥਾਨ ਹਾਸਲ ਕੀਤਾ।ਇਕੱਠ ਨੂੰ ਸੰਬੋਧਨ ਕਰਦਿਆਂ ਵਿਸ਼ੇਸ਼ ਮਹਿਮਾਨ ਡਾਕਟਰ ਨਿਸ਼ਾਨ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੇ ਖੇਡ ਟੂਰਨਾਮੈਂਟ ਨਵੀਂ ਪੀੜ੍ਹੀ ਨੂੰ ਖੇਡਾਂ ਵੱਲ ਪ੍ਰੇਰਿਤ ਕਰਦੇ ਹਨ।ਖੇਡਾਂ ਨਾਲ ਜਿੱਥੇ ਨੌਜਵਾਨਾਂ ਦਾ ਮਾਨਸਿਕ ਪੱਧਰ ਉੱਚਾ ਹੁੰਦਾ ਹੈ, ਉੱਥੇ ਸਰੀਰਕ ਤੰਦਰੁਸਤੀ ਵੀ ਬਣੀ ਰਹਿੰਦੀ ਹੈ ਅਤੇ ਨੌਜਵਾਨ ਪੀੜ੍ਹੀ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿੰਦੀ ਹੈ।ਕਲੱਬ ਦੇ ਅਹੁਦੇਦਾਰ ਜਗਜੀਤ ਸਿੰਘ ਤੇ ਵਿਕਰਮਜੀਤ ਸਿੰਘ ਨੇ ਪੰਜਾਬ ਸਰਕਾਰ ਕੋਲ ਮੰਗ ਕੀਤੀ ਕਿ ਪਿੰਡਾਂ ਵਿੱਚ ਯੋਗ ਤੇ ਤਜਰਬੇਕਾਰ ਕੋਚ ਮੁਹੱਈਆ ਕਰਵਾਏ ਜਾਣ।ਇਸ ਦੇ ਨਾਲ ਹੀ ਖੇਡਾਂ ਲਈ ਉਚਿਤ ਸਾਮਾਨ ਤੇ ਸਹੂਲਤਾਂ ਦਿੱਤੀਆਂ ਜਾਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਜੀਤ ਸਿੰਘ, ਵਿਕਰਮਜੀਤ ਸਿੰਘ, ਲਵਪ੍ਰੀਤ ਸਿੰਘ, ਸਤਨਾਮ ਸਿੰਘ, ਪ੍ਰਗਟ ਸਿੰਘ, ਰਸਪਿੰਦਰ ਸਿੰਘ, ਗੁਰਜੀਤ ਸਿੰਘ ਤੇ ਹਾਜ਼ਰ ਸਨ।

# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸੰਗਰੂਰ ਦਾ ਅਜਲਾਸ

### ■ ਗਗਨਦੀਪ ਸਿੰਘ ਧੂਰੀ ਬਣੇ ਸਰਕਲ ਪ੍ਰਧਾਨ



**ਸੰਗਰੂਰ (ਪ੍ਰਵੀਨ ਸਿੰਘ)**-ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਸੰਗਰੂਰ ਦਾ ਡੈਲੀਗੇਟ ਇਜਲਾਸ ਸੁਤੰਤਰ ਭਵਨ ਸੰਗਰੂਰ ਵਿਖੇ ਸੂਬੇ ਦੇ ਵਰਕਿੰਗ ਪ੍ਰਧਾਨ ਗੁਰਵਿੰਦਰ ਸਿੰਘ ਹਜਾਰਾ, ਸੂਬਾ ਸਕੱਤਰ ਸੁਰਿੰਦਰਪਾਲ ਲਾਹੋਰੀਆ ਤੇ ਗੁਰਧਿਆਨ ਸਿੰਘ ਸਕੱਤਰ ਪੰਜਾਬ ਦੀ ਨਿਗਰਾਨੀ ਹੇਠ ਸੰਪੰਨ ਹੋਇਆ।ਇਸ ਡੈਲੀਗੇਟ ਇਜਲਾਸ ਵਿੱਚ ਜਗਦੇਵ ਬਾਹੀਆ ਤੇ ਸੁਰਿੰਦਰ ਮੋਹਣ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਾਥੀ ਜੀਵਨ ਸਿੰਘ ਨੇ ਸੰਬੋਧਨ ਕੀਤਾ ਤੇ ਪੁਰਾਣੀ ਸਰਕਲ ਕਮੇਟੀ ਭੰਗ ਕਰਕੇ ਨਵੀਂ ਕਮੇਟੀ ਦੀ ਚੋਣ ਕਰਨ ਦੇ ਅਧਿਕਾਰ ਸੂਬਾ ਕਮੇਟੀ ਨੂੰ ਦਿੱਤੇ। ਸੁਰਿੰਦਰਪਾਲ ਲਾਹੋਰੀਆ ਨੇ ਇਜਲਾਸ ਨੂੰ ਸੰਬੋਧਨ ਕਰਦਿਆਂ ਪਾਵਰਕਾਮ ਦੀ ਮੈਨੇਜਮੈਂਟ ਦੀ ਸਖਤ ਸ਼ਬਦਾਂ ਦੀ ਨਿਖੇਧੀ ਕਰਦਿਆਂ ਕਿਹਾ ਕਿ ਮੈਨੇਜਮੈਂਟ ਜਥੇਬੰਦੀ ਨਾਲ ਹਮੇਸ਼ਾ ਗੱਲਬਾਤ ਕਰਕੇ ਮੁਕਰਦੀ ਆ ਰਹੀ ਹੈ। ਉਨ੍ਹਾਂ ਵੱਲੋਂ ਨਵਾਂ ਪੈਨਲ ਹਾਊਸ ਅੱਗੇ ਪੇਸ਼ ਕੀਤਾ ਗਿਆ ਤੇ ਹਾਊਸ ਵੱਲੋਂ ਨਾਹਰਿਆਂ ਦੀ ਗੂੰਜ ਵਿੱਚ ਪੇਸ਼ ਕੀਤੇ ਗਏ ਪੈਨਲ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ, ਜਿਸ ਵਿੱਚ ਸਰਕਲ ਦਾ ਸਰਪ੍ਰਸਤ ਜੀਵਨ ਸਿੰਘ, ਪ੍ਰਧਾਨ ਗਗਨਦੀਪ ਸਿੰਘ ਧੂਰੀ, ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ ਗਿੱਲ, ਮੀਤ ਪ੍ਰਧਾਨ ਮਿੱਠੂ ਸਿੰਘ ਸੰਗਰੂਰ, ਮੀਤ ਪ੍ਰਧਾਨ ਜਗਤਾਰ ਸਿੰਘ ਲਹਿਰਾ, ਸਕੱਤਰ ਕ੍ਰਿਸ਼ਨ ਕਾਂਤ ਸੁਨਾਮ, ਸਹਾਇਕ ਸਕੱਤਰ ਗੁਰਪ੍ਰੀਤ ਸਿੰਘ ਧੂਰੀ, ਕੈਸ਼ੀਅਰ ਰਾਜਿੰਦਰ ਕੁਮਾਰ ਸੁਨਾਮ, ਸਹਾਇਕ ਕੈਸ਼ੀਅਰ ਬੇਅੰਤ ਸਿੰਘ ਧੂਰੀ, ਐਡੀਟਰ ਕਸ਼ਮੀਰ ਸਿੰਘ ਦਿੜ੍ਹਬਾ, ਜਥੇਬੰਦਕ ਸਕੱਤਰ ਗੁਰਪ੍ਰੀਤ ਸਿੰਘ ਸੰਗਰੂਰ, ਅਜੈਬ ਗਿਰ ਲਹਿਰਾ, ਪ੍ਰੈੱਸ ਸਕੱਤਰ ਆਯੂਸ਼ ਦਿੜ੍ਹਬਾ, ਮੁੱਖ ਸਲਾਹਕਾਰ ਰਮੇਸ਼ ਦਿੜ੍ਹਬਾ ਨੂੰ ਚੁਣਿਆ ਗਿਆ ਅਤੇ ਸਰਬ ਸੰਮਤੀ ਨਾਲ ਇਹ ਵੀ ਫੈਸਲਾ ਕੀਤਾ ਗਿਆ ਕਿ ਸਾਥੀ ਕ੍ਰਿਸ਼ਨ ਕਾਂਤ ਸਟੇਟ ਅਹੁਦੇਦਾਰ ਲਈ ਚੁਣੇ ਜਾਣਗੇ। ਇਸ ਡੈਲੀਗੇਟ ਇਜਲਾਸ ਨੂੰ ਗੁਰਵਿੰਦਰ ਸਿੰਘ, ਗੁਰਧਿਆਨ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਦੀ ਜਾਣਕਾਰੀ ਪ੍ਰੈੱਸ ਸਕੱਤਰ ਆਯੂਸ਼ ਵੱਲੋਂ ਦਿੱਤੀ ਗਈ।

# ਅਲਾਇੰਸ ਕਲੱਬ ਇੰਟਰਨੈਸ਼ਨਲ ਜ਼ਿਲ੍ਹਾ 111 ਨੌਰਥ ਦੇ ਸਰਬਸੰਮਤੀ ਨਾਲ ਜ਼ਿਲ੍ਹਾ ਗਵਰਨਰ ਬਣੇ ਓਮ ਪ੍ਰਕਾਸ਼ ਗੋਇਲ

**ਕੋਟਕਪੂਰਾ (ਰਛਪਾਲ ਭੁੱਲਰ)**

ਇੰਟਰਨੈਸ਼ਨਲ ਅਲਾਇੰਸ ਕਲੱਬ ਜ਼ਿਲ੍ਹਾ 111 ਨੌਰਥ ਦੀ 15ਵੀਂ ਕਾਨਫਰੰਸ ਅਲਾਅ ਸੁਭਾਸ਼ ਮੰਗਲਾ ਫਾਊਂਡਰ ਅਲਾਇੰਸ ਕਲੱਬ ਪੰਜਾਬ ਦੀ ਦਿਸ਼ਾ-ਨਿਰਦੇਸ਼ ਅਨੁਸਾਰ ਹੋਈ ਤੇ ਮਨਜਿੰਦਰ ਸਿੰਘ ਬੌਬੀ ਮਦਾਨ ਜ਼ਿਲ੍ਹਾ ਗਵਰਨਰ ਦੀ ਰਹਿਨੁਮਾਈ ਹੇਠ ਆਯੋਜਤ ਕੀਤੀ ਗਈ।ਮੀਟਿੰਗ ਵਿੱਚ ਬਠਿੰਡਾ, ਰਾਮਪੁਰਾ ਫੂਲ, ਕੋਟਕਪੂਰਾ, ਸ਼੍ਰੀ ਮੁਕਤਸਰ ਸਾਹਿਬ, ਜ਼ੀਰਾ, ਬਰਗਾੜੀ ਦੀਆਂ ਕਲੱਬਾਂ ਦੇ 80 ਤੋਂ ਜ਼ਿਆਦਾ ਡੈਲੀਗੇਟ ਮੈਂਬਰਾਂ ਨੇ ਸ਼ਿਰਕਤ ਕੀਤੀ।ਕਾਨਫਰੰਸ ਦੇ ਮੁੱਖ ਮਹਿਮਾਨ ਪੰਜਾਬ ਅਲਾਇੰਸ ਦੇ ਫਾਊਂਡਰ ਤੇ ਇੰਟਰਨੈਸ਼ਨਲ ਕਲੱਬ ਦੇ ਸੀਨੀਅਰ ਆਗੂ ਅਲਾਅ ਸੁਭਾਸ਼ ਮੰਗਲਾ ਸਨ, ਜਦਕਿ ਇੰਦਰਜੀਤ ਸਿੰਘ ਮਦਾਨ ਫੰਕਸ਼ਨ ਚੇਅਰਮੈਨ, ਨਿਰੰਜਨ ਸਿੰਘ ਰੱਖੜਾ ਕੋ ਚੇਅਰਮੈਨ, ਜਤਿੰਦਰ ਚਾਵਲਾ ਸਾਬਕਾ ਜ਼ਿਲ੍ਹਾ ਗਵਰਨਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਕਾਨਫਰੰਸ ਦੀ ਸ਼ੁਰੂਆਤ ਜਯੋਤੀ ਜਗਾ ਕੇ ਕੀਤੀ ਗਈ।ਇੰਦਰਜੀਤ ਸਿੰਘ ਮਦਾਨ ਨੇ ਸਾਰੇ ਆਏ ਹੋਏ ਮੈਂਬਰਾਂ ਨੂੰ ਜੀ ਆਇਆਂ ਕਿਹਾ।ਸਾਰੇ ਮੈਂਬਰਾਂ ਨੇ ਮਿਲਕੇ ਵਿਸ਼ਵ ਸ਼ਾਂਤੀ ਦੀ ਪ੍ਰਾਰਥਨਾ ਕੀਤੀ।ਸਮਾਗਮ ਦੌਰਾਨ ਅਲਾਇੰਸ ਕਲੱਬ ਜ਼ਿਲ੍ਹਾ 111 ਨੌਰਥ ਦੀ 2026-27 ਦੇ ਲਈ ਜ਼ਿਲ੍ਹਾ ਗਵਰਨਰ ਅਤੇ ਵਾਈਸ ਜ਼ਿਲ੍ਹਾ ਗਵਰਨਰ ਦੀ ਚੋਣ ਕੀਤੀ ਗਈ, ਜਿਸ ਵਿੱਚ ਅਲਾਅ ਓਮ ਪ੍ਰਕਾਸ਼ ਗੋਇਲ ਨੂੰ ਸਰਬਸੰਮਤੀ ਨਾਲ ਜ਼ਿਲ੍ਹਾ ਗਵਰਨਰ ਤੇ ਅਲਾਅ ਬਲਵਿੰਦਰ ਸਿੰਘ ਸਿਬੀਆ ਨੂੰ ਵਾਈਸ ਜ਼ਿਲ੍ਹਾ ਗਵਰਨਰ ਚੁਣੇ ਜਾਣ 'ਤੇ ਹਾਊਸ ਵਿੱਚ ਹਾਜ਼ਰ ਤਮਾਮ ਮੈਂਬਰਾਂ ਵੱਲੋਂ ਜ਼ੋਰਦਾਰ ਤਾੜੀਆਂ ਮਾਰ ਕੇ ਭਰਵਾਂ ਸਵਾਗਤ ਕੀਤਾ ਗਿਆ।ਸਮਾਗਮ ਦੇ ਮੁੱਖ ਮਹਿਮਾਨ ਅਲਾਅ ਸੁਭਾਸ਼ ਮੰਗਲਾ ਨੇ ਆਪਣੇ ਆਨਲਾਈਨ ਭਾਸ਼ਣ ਦੌਰਾਨ ਜ਼ਿਲ੍ਹਾ ਗਵਰਨਰ ਅਲਾਅ ਓਮ ਪ੍ਰਕਾਸ਼ ਗੋਇਲ ਤੇ ਵਾਈਸ ਜ਼ਿਲ੍ਹਾ ਗਵਰਨਰ ਅਲਾਅ ਬਲਵਿੰਦਰ ਸਿੰਘ ਸਿਬੀਆ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅੰਤਰਰਾਸ਼ਟਰੀ ਅਲਾਇੰਸ ਕਲੱਬ ਦੁਨੀਆ ਦੀ ਸਭ ਤੋਂ ਵੱਧ ਤੇਜ਼ ਗਤੀ ਨਾਲ ਅੱਗੇ ਚੱਲ ਰਹੀ ਸੰਸਥਾ ਹੈ। ਓਮ ਪ੍ਰਕਾਸ਼ ਗੋਇਲ ਇਲੈਕਟਡ ਜ਼ਿਲ੍ਹਾ ਗਵਰਨਰ ਨੇ ਆਪਣੀ ਟੀਮ ਦੀ ਘੋਸ਼ਣਾ ਕਰਦੇ ਹੋਏ ਅਲਾਅ ਰਮੇਸ਼ ਅਹੂਜਾ ਜ਼ਿਲ੍ਹਾ ਸੈਕਟਰੀ, ਅਲਾਅ ਚੰਦਰ ਪ੍ਰਕਾਸ਼ ਅਰੋੜਾ ਜ਼ਿਲ੍ਹਾ ਖ਼ਜ਼ਾਨਚੀ ਤੇ ਅਲਾਅ ਬਲਜਿੰਦਰ ਸਿੰਘ ਬੱਲੀ ਜ਼ਿਲ੍ਹਾ ਪੀ.ਆਰ.ਓ. ਘੋਸ਼ਿਤ ਕੀਤਾ ਗਿਆ ਅਤੇ ਆਪਣੇ ਭਾਸ਼ਣ ਦੌਰਾਨ ਨਵੀਆਂ ਘੋਸ਼ਣਾਵਾਂ ਵੀ ਕੀਤੀਆਂ ਗਈਆਂ।



## ਮੁੱਖ ਮੰਤਰੀ ਦੇ ਓ ਐੱਸ ਡੀ ਨੇ ਸੁਣੀਆਂ ਲੋਕਾਂ ਦੀਆਂ ਸ਼ਿਕਾਇਤਾਂ



**ਧੂਰੀ (ਮਨੋਹਰ ਸਿੰਘ ਸੱਗੂ)**-ਮੁੱਖ ਮੰਤਰੀ ਦੇ ਓ ਐੱਸ ਡੀ ਸੁਖਵੀਰ ਸਿੰਘ ਨੇ ਧੂਰੀ ਵਿਖੇ ਸਥਿਤ ਮੁੱਖ ਮੰਤਰੀ ਸਹਾਇਤਾ ਕੇਂਦਰ ਵਿਖੇ ਧੂਰੀ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਵੱਖ ਵੱਖ ਪਿੰਡਾਂ ਤੇ ਸ਼ਹਿਰੀ ਖੇਤਰਾਂ ਤੋਂ ਪੁੱਜੇ ਲੋਕਾਂ ਵੱਲੋਂ ਆਪਣੇ ਇਲਾਕਿਆਂ ਨਾਲ ਸਬੰਧਤ ਵਿਕਾਸ ਕਾਰਜਾਂ, ਬੁਨਿਆਦੀ ਸਹੂਲਤਾਂ, ਸੜਕਾਂ, ਪਾਣੀ ਤੇ ਬਿਜਲੀ ਸਪਲਾਈ ਦੇ ਮੁੱਦੇ ਧਿਆਨ 'ਚ ਲਿਆਂਦੇ ਗਏ।ਓ ਐੱਸ ਡੀ ਸੁਖਵੀਰ ਸਿੰਘ ਨੇ ਮੌਕੇ 'ਤੇ ਮੌਜੂਦ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਦੀਆਂ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਹਰ ਇੱਕ ਅਰਜ਼ੀ ਨੂੰ ਗੰਭੀਰਤਾ ਨਾਲ ਲਿਆ ਜਾਵੇ ਤਾਂ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਗੇੜੇ ਮਾਰਨ ਲਈ ਮਜਬੂਰ ਨਾ ਹੋਣਾ ਪਵੇ।ਇਸ ਮੌਕੇ ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ ਵੀ ਮੌਜੂਦ ਸਨ, ਜਿਨ੍ਹਾਂ ਨੇ ਮੌਕੇ 'ਤੇ ਹੀ ਕਈ ਮਾਮਲਿਆਂ ਦੀ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ।

## ਫੈਕਟਰੀ 'ਚੋਂ ਸਾਮਾਨ ਤੇ ਨਕਦੀ ਚੋਰੀ ਕਰਨ ਦੇ ਦੋਸ਼ 'ਚ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਬੀਤੇ ਦਿਨੀਂ ਸਰਹਿੰਦ ਦੀ ਇੱਕ ਫੈਕਟਰੀ 'ਚੋਂ ਮਹਿੰਗੇ ਮੁੱਲ ਦਾ ਤਾਂਬਾ, ਪਿੱਤਲ ਤੇ ਨਕਦੀ ਚੋਰੀ ਹੋ ਜਾਣ ਦੇ ਕਥਿਤ ਮਾਮਲੇ ਦੀ ਜਾਂਚ ਵਿੱਚ ਜੁਟੀ ਸਰਹਿੰਦ ਮੰਡੀ ਚੌਕੀ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਇਸ ਸਬੰਧ 'ਚ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਅਸ਼ੋਕ ਕੁਮਾਰ ਵਾਸੀ ਸਰਹਿੰਦ ਨੇ ਪੁਲਸ ਨੂੰ ਦੱਸਿਆ ਸੀ ਕਿ 19 ਤੇ 20 ਫ਼ਰਵਰੀ ਦੀ ਦਰਮਿਆਨੀ ਰਾਤ ਨੂੰ ਸ਼ਰਹਿੰਦ ਵਿਖੇ ਸਥਿਤ ਉਨ੍ਹਾਂ ਦੀ ਬਿਗ ਬੌਸ ਟੈਕਨੋਕਰੇਟਸ ਨਾਮਕ ਫੈਕਟਰੀ ਦੇ ਗੋਦਾਮ 'ਚੋਂ ਪਿੱਤਲ ਤੇ ਤਾਂਬੇ ਦਾ ਸਾਮਾਨ, ਤਾਰਾਂ, ਚਾਂਦੀ ਦੇ ਸਿੱਕੇ ਤੇ 14,500/- ਦੀ ਨਕਦੀ ਚੋਰੀ ਹੋ ਗਈ ਸੀ, ਜਿਸ ਸਬੰਧੀ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਮੁਕੱਦਮਾ ਦਰਜ ਕਰਵਾ ਕੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਆਦਿ ਦੀ ਜਾਂਚ ਕਰ ਰਹੀ ਪੁਲਸ ਵੱਲੋਂ ਇਸ ਮਾਮਲੇ ਵਿੱਚ ਗਗਨ ਵਾਸੀ ਢੇਹਾ ਕਲੋਨੀ ਸਰਹਿੰਦ ਨੂੰ ਨਾਮਜ਼ਦ ਕਰ ਲਿਆ ਗਿਆ, ਜਿਸ ਉਪਰੰਤ ਸਰਹਿੰਦ ਮੰਡੀ ਚੌਕੀ ਦੇ ਇੰਚਾਰਜ ਥਾਣੇਦਾਰ ਸੰਜੀਵ ਕੁਮਾਰ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਗਗਨ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਚੋਰੀ ਕੀਤੇ ਗਏ ਉਕਤ ਸਾਮਾਨ ਨੂੰ ਕਥਿਤ ਤੌਰ 'ਤੇ ਖ਼ਰੀਦਣ ਵਾਲੇ ਨਰੇਸ਼ ਨਾਮਕ ਕਬਾੜੀਏ ਨੂੰ ਵੀ ਪੁਲਸ ਵੱਲੋਂ ਇਸ ਮੁਕੱਦਮੇ 'ਚ ਨਾਮਜ਼ਦ ਕੀਤੇ ਜਾਣ ਦੀ ਸੂਚਨਾ ਹੈ ਤੇ ਮਾਮਲੇ ਦੀ ਤਫ਼ਤੀਸ਼ ਜਾਰੀ ਹੈ।

## ਢੈਂਠਲ 'ਚ ਵਡਿਆਈ ਵਿਚਾਰ ਸਮਾਗਮ ਅੱਜ ਤੋਂ

**ਸਮਾਣਾ (ਗੁਰਪਿਆਰ ਸਿੰਘ ਬੱਲ)**-ਪਿੰਡ ਢੈਂਠਲ ਵਿਖੇ ਬਾਬਾ ਰਣਜੋਧ ਸਿੰਘ ਤੇ ਬਾਬਾ ਹਰਦੀਪ ਸਿੰਘ ਢੈਂਠਲ ਵਾਲਿਆਂ ਅਤੇ ਸਮੂਹ ਨਗਰ ਦੀ ਸੰਗਤ ਦੇ ਸਹਿਯੋਗ ਨਾਲ 25 ਤੋਂ 27 ਫਰਵਰੀ ਤੱਕ ਵਡਿਆਈ ਵਿਚਾਰ ਸਮਾਗਮ ਹਰ ਰੋਜ਼ ਸ਼ਾਮ 7 ਵਜੇ ਤੋਂ ਰਾਤ 10 ਵਜੇ ਤੱਕ ਕਰਵਾਏ ਜਾਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਸਮਾਣਾ ਦੇ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਨੇ ਦੱਸਿਆ ਕਿ ਸਮਾਗਮ ਦੌਰਾਨ ਬਾਬਾ ਰਣਜੋਧ ਸਿੰਘ ਤੇ ਬਾਬਾ ਹਰਦੀਪ ਸਿੰਘ ਵੱਲੋਂ ਸੰਗਤਾਂ ਨੂੰ ਕਥਾ-ਕੀਰਤਨ ਰਾਹੀਂ ਗੁਰੂ ਸਾਹਿਬ ਦੀ ਬਾਣੀ ਨਾਲ ਜੋੜਿਆ ਜਾਵੇਗਾ।

## 500 ਗ੍ਰਾਮ ਹੈਰੋਇਨ ਬਰਾਮਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ 500 ਗ੍ਰਾਮ ਹੈਰੋਇਨ ਬਰਾਮਦ ਹੋਣ ਦੇ ਸਬੰਧ ਵਿੱਚ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਐੱਸ.ਆਈ. ਜੁਗਰਾਜ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਥਾਣਾ ਅਮੀਰ ਖਾਸ ਏਰੀਏ ਵਿੱਚ ਮੌਜੂਦ ਸੀ ਤਾਂ ਇੱਕ ਟੈਲੀਫੋਨ ਬੀ.ਐੱਸ.ਐੱਫ. ਚੌਕੀ ਐੱਨ. ਐੱਸ. ਵਾਲਾ ਤੋਂ ਆਇਆ ਕਿ ਸਰਚ ਦੌਰਾਨ ਪਿੰਡ ਬੋਦਲ ਪੀਰੇਕੇ ਕਣਕ ਦੀ ਫਸਲ ਦੇ ਖੇਤ ਵਿੱਚ ਇਕ ਪੈਕਟ ਬਰਾਮਦ ਹੋਇਆ ਹੈ, ਜਿਸ 'ਤੇ ਪੁਲਸ ਪਾਰਟੀ ਮੌਕੇ 'ਤੇ ਪੁੱਜੀ ਤੇ ਇਸ ਪੈਕਟ ਨੂੰ ਖੋਲ੍ਹ ਕੇ ਚੈੱਕ ਕੀਤਾ ਗਿਆ ਤਾਂ ਉਸ ਵਿੱਚੋਂ 500 ਗ੍ਰਾਮ ਹੈਰੋਇਨ ਬਾਰਮਦ ਹੋਈ। ਪੁਲਸ ਨੇ ਹੈਰੋਇਨ ਆਪਣੇ ਕਬਜ਼ੇ ਵਿੱਚ ਲੈਣ ਉਪਰੰਤ ਥਾਣਾ ਅਮੀਰ ਖਾਸ ਵਿਖੇ ਅਣਪਛਾਤੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

# ਐਲੀਮੈਂਟਰੀ ਸਕੂਲ ਸੁਖਸਾਲ ਵਿਖੇ ਦਾਖਲਾ ਜਾਗੋ ਕੱਢੀ



**ਭਲਾਣ (ਹਰਭਜਨ ਸਿੰਘ ਢਿੱਲੋਂ)**

ਸਕੂਲੀ ਸਿੱਖਿਆ ਵਿਭਾਗ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਮਾਨਯੋਗ ਸਿੱਖਿਆ ਮੰਤਰੀ ਹਰਜੋਤ ਸਿੰਘ ਦੀ ਸੁਚੱਜੀ ਅਗਵਾਈ ਹੇਠ ਤੇ ਜ਼ਿਲ੍ਹਾ ਸਿੱਖਿਆ ਅਫਸਰ ਰੂਪਨਗਰ ਦੀਆਂ ਦਿਸ਼ਾ ਨਿਰਦੇਸ਼ਾਂ ਤਹਿਤ ਦਾਖਲੇ ਸਬੰਧੀ ਜਾਗਰੂਕਤਾ ਪੈਦਾ ਕਰਨ ਹਿਤ ਬਲਾਕ ਨੰਗਲ ਦੇ ਸਰਕਾਰੀ ਐਲੀਮੈਂਟਰੀ ਸਕੂਲ ਸੁਖਸਾਲ ਵਿਖੇ ਦਾਖਲਾ ਜਾਗੋ ਕੱਢੀ ਗਈ। ਇਸ ਮੌਕੇ ਮੁੱਖ ਮਹਿਮਾਨ ਅਨਿਲ ਕੁਮਾਰ ਸੁਖਸਾਲ ਬਲਾਕ ਸੰਮਤੀ ਮੈਂਬਰ ,ਬਲਾਕ ਸਿੱਖਿਆ ਅਫਸਰ ਯੋਗ ਰਾਜ ਜੀ, ਅਮਰਜੀਤ ਸਿੰਘ ਬੀ ਆਰ ਸੀ, ਅਜਮੇਰ ਸਿੰਘ ਬੀ ਆਰ ਸੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਸਮਾਗਮ ਦੀ ਸ਼ੁਰੂਆਤ ਕਰਦੇ ਹੋਏ ਇਸ ਸਕੂਲ ਦੇ ਮੁੱਖੀ ਅਮਰਜੀਤ ਭੱਲੜੀ ਦੁਆਰਾ ਜਿੱਥੇ ਸਮਾਗਮ ਵਿੱਚ ਸ਼ਾਮਿਲ ਮੁੱਖ ਮਹਿਮਾਨ ਬਲਾਕ ਸੰਮਤੀ ਮੈਂਬਰ ਅਨਿਲ ਕੁਮਾਰ ਬੀ ਪੀ ਈ ਓ ਯੋਗਰਾਜ ਤੇ ਆਏ ਹੋਏ ਮਾਪਿਆਂ ਦਾ ਹਾਰਦਿਕ ਸਵਾਗਤ ਕੀਤਾ , ਉੱਥੇ ਹੀ ਸਮੂਹ ਹਾਜ਼ਰੀਨ ਮਾਪਿਆਂ ਨੂੰ ਸਕੂਲ ਵਿੱਚ ਚੱਲ ਰਹੀਆਂ ਗਤੀਵਿਧੀਆਂ ਸਬੰਧੀ ਜਾਣਕਾਰੀ ਦਿੱਤੀ। ਬੀ ਪੀ ਈ ਓ ਨੰਗਲ ਨੇ ਮਾਪਿਆਂ ਨੂੰ ਮੁਖਾਤਬ ਹੁੰਦੇ ਹੋਏ ਦੱਸਿਆ ਕਿ ਬਲਾਕ ਨੰਗਲ ਦੇ ਅਲੱਗ ਅਲੱਗ ਸਕੂਲਾਂ ਵਿੱਚ ਬੜੇ ਹੀ ਉਤਸ਼ਾਹ ਜਨਕ ਢੰਗ ਦੇ ਨਾਲ ਦਾਖਲਾ ਮੁਹਿੰਮ ਜਾਰੀ ਹੈ ਜੋਕਿ ਉਤਸ਼ਾਹਜਨਕ ਸ਼ੁਰੂਆਤ ਦੀ ਝਲਕ ਹੈ।ਉਪਰੋਕਤ ਤੋਂ ਇਲਾਵਾ ਸੈਂਟਰ ਹੈੱਡ ਟੀਚਰ ਰਮਨਜੀਤ, ਹੈੱਡਟੀਚਰ ਜਗਮੋਹਨ ਵਸ਼ਿਸ਼ਟ, ਹੈੱਡਟੀਚਰ ਬਿਨੇ ਕੁਮਾਰੀ, ਤਰਲੋਚਨ ਸਿੰਘ ਭੱਟੀ ਬਲਾਕ ਪ੍ਰਧਾਨ, ਚੇਅਰਮੈਨ ਪ੍ਰਿਆ ਰਾਣੀ, ਨੰਬਰਦਾਰ ਵਿਪਨ ਸ਼ਰਮਾ, ਮਨੋਹਰ ਲਾਲ, ਸੁਰਿੰਦਰ ਕੁਮਾਰ ਸ਼ੇਰਪੁਰ, ਪੰਮੀ ਗੋਸਵਾਮੀ, ਤੇਜਿੰਦਰ ਸਿੰਘ ਪੰਚ, ਪ੍ਰੇਮ ਕੁਮਾਰੀ ਪੰਚ,ਅਨੂੰ ਚੌਧਰੀ, ਭੂਮਿਕਾ ਚੌਧਰੀ, ਸੀਮਾ ਦੇਵੀ, ਰੀਤੂ ਰਾਣੀ, ਸੀਮਾ ਚੌਧਰੀ ਆਦਿ ਹਾਜ਼ਰ ਸਨ।

## ਪਿਉ-ਪੁੱਤ ਦੀ ਜੋੜੀ ਨੇ ਜ਼ਿਲ੍ਹਾ ਮਾਨਸਾ ਦਾ ਨਾਂਅ ਕੀਤਾ ਰੌਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**-ਬੀਤੇ ਦਿਨ ਜੈਤੋ ਵਿਖੇ ਹੋਈ ਚੌਥੀ ਪੰਜਾਬ ਵੈਟਰਨ ਐਥੈਲੈਟਿਕਸ ਚੈਂਪੀਅਨਸ਼ਿਪ ਵਿੱਚ ਭਾਗ ਲੈਂਦੇ ਹੋਏ ਪਿਉ-ਪੁੱਤਰ ਦੀ ਜੋੜੀ ਨੇ ਪਿੰਡ ਉੱਭਾ ਤੇ ਮਾਨਸਾ ਦਾ ਨਾਂ ਰੌਸ਼ਨ ਕੀਤਾ।ਸ੍ਰੀ ਕਾਕਾ ਸਿੰਘ ਉੱਭਾ ਨੇ 5 ਹਜ਼ਾਰ ਮੀਟਰ ਪੈਦਲ ਚਾਲ ਤੇ ਸ਼ਾਟ-ਪੁੱਟ 'ਚ ਭਾਗ ਲੈ ਕੇ ਪੰਜਾਬ ਪੱਧਰ 'ਤੇ ਚਾਂਦੀ ਦੇ ਦੋ ਮੈਡਲ ਹਾਸਲ ਕੀਤੇ।ਇਕਬਾਲ ਸੰਧੂ ਉੱਭਾ ਈ.ਟੀ.ਟੀ. ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਰਾਮਦਿੱਤੇ ਵਾਲਾ ਨੇ 5 ਹਜ਼ਾਰ ਮੀਟਰ ਪੈਦਲ ਚਾਲ 'ਚੋਂ ਕਾਂਸੇ ਦਾ ਤਮਗਾ ਪ੍ਰਾਪਤ ਕੀਤਾ।ਪਿਉ-ਪੁੱਤਰ ਦੀ ਜੋੜੀ ਦਾ ਕਹਿਣਾ ਹੈ ਕਿ ਸਾਰੇ ਇਨਸਾਨਾਂ ਨੂੰ ਖੇਡਾਂ 'ਚ ਭਾਗ ਜ਼ਰੂਰ ਲੈਣਾ ਚਾਹੀਦਾ ਹੈ।ਇਸ ਜੋੜੀ ਨੇ ਨੈਸ਼ਨਲ ਖੇਡਾਂ 'ਚ ਭਾਗ ਲੈਣ ਲਈ ਵੀ ਕੁਆਲੀਫਾਈ ਕੀਤਾ ਹੈ।

## ਹਰਪਾਲਪੁਰ ਨੂੰ ਹਲਕਾ ਇੰਚਾਰਜ ਸਨੌਰ ਲਗਾਇਆ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਜਨਤਾ ਪਾਰਟੀ ਨੇ ਪੰਜਾਬ ਵਿੱਚ 2027 ਦੀਆਂ ਚੋਣਾਂ ਨੂੰ ਲੈ ਕੇ ਆਪਣੀ ਤਿਆਰੀ ਸ਼ੁਰੂ ਕਰ ਦਿੱਤੀ ਹੈ, ਜਿਸ ਤਹਿਤ ਆਉਣ ਵਾਲੇ ਦਿਨਾਂ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਪੰਜਾਬ ਆਉਣਗੇ ਤੇ ਪਾਰਟੀ ਵੱਲੋਂ ਪੰਜਾਬ ਵਿੱਚ ਚੋਣਾਂ ਦਾ ਬਿਗਲ ਵਜਾਉਣਗੇ।ਇਸ ਫੇਰੀ ਨੂੰ ਲੈ ਕੇ ਪਾਰਟੀ ਨੇ ਇਕ ਬਹੁਤ ਵੱਡੀ ਰੈਲੀ ਕਰਨ ਦਾ ਫੈਸਲਾ ਕੀਤਾ ਹੈ ਅਤੇ ਰੈਲੀ ਨੂੰ ਸਫ਼ਲ ਕਰਨ ਲਈ ਪਾਰਟੀ ਨੇ ਪੰਜਾਬ ਦੇ ਸਾਰੇ ਵਿਧਾਨ ਸਭਾ ਹਲਕਿਆਂ ਵਿੱਚ ਪਾਰਟੀ ਦੇ ਸੀਨੀਅਰ ਤੇ ਪ੍ਰਭਾਵਸ਼ਾਲੀ ਆਗੂਆਂ ਨੂੰ ਹਲਕਿਆਂ ਦੇ ਇੰਚਾਰਜ ਨਿਯੁਕਤ ਕੀਤਾ ਹੈ, ਜਿਸ ਤਹਿਤ ਜ਼ਿਲ੍ਹਾ ਪਟਿਆਲਾ ਦੇ ਸਨੌਰ ਹਲਕੇ ਦਾ ਇੰਚਾਰਜ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਹਰਪਾਲਪੁਰ ਨੂੰ ਨਿਯੁਕਤ ਕੀਤਾ ਗਿਆ ਹੈ।

## ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ਭਾਸ਼ਣ ਮੁਕਾਬਲੇ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ-ਸੰਚਾਰ ਵਿਭਾਗ ਵੱਲੋਂ ਬੀ.ਏ.ਜੇ.ਐੱਮ.ਸੀ. ਭਾਗ ਪਹਿਲਾ ਦੇ ਵਿਦਿਆਰਥੀਆਂ ਲਈ ਭਾਸ਼ਣ ਮੁਕਾਬਲੇ 'ਓਰੇਟਰਸ ਅਰੀਨਾ' ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਇੱਕ ਅਜਿਹਾ ਮੰਚ ਪ੍ਰਦਾਨ ਕਰਨਾ ਸੀ, ਜਿਸ ਰਾਹੀਂ ਉਹ ਦੇਸ਼-ਵਿਦੇਸ਼ ਦੀਆਂ ਤਾਜ਼ਾ ਖ਼ਬਰਾਂ ਤੇ ਮਹੱਤਵਪੂਰਨ ਸਮਾਜਿਕ ਮੁੱਦਿਆਂ 'ਤੇ ਖੁੱਲ੍ਹ ਕੇ ਆਪਣੇ ਵਿਚਾਰ ਪੇਸ਼ ਕਰ ਸਕਣ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੇ ਉਸਾਰੂ ਮੁਕਾਬਲੇ ਜਿੱਥੇ ਵਿਦਿਆਰਥੀਆਂ ਦੇ ਵਿੱਦਿਅਕ ਤੇ ਵਿਹਾਰਕ ਗਿਆਨ ਵਿੱਚ ਵਾਧਾ ਕਰਦੇ ਹਨ, ਉਥੇ ਉਨ੍ਹਾਂ ਵਿੱਚ ਦੇਸ਼-ਦੁਨੀਆ ਵਿੱਚ ਵਾਪਰ ਰਹੀਆਂ ਘਟਨਾਵਾਂ ਬਾਰੇ ਵਿਸਥਾਰ ਨਾਲ ਪੜ੍ਹਨ ਦੀ ਰੁਚੀ ਵੀ ਪੈਦਾ ਕਰਦੇ ਹਨ। ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਇਸ ਮੁਕਾਬਲੇ ਨੇ ਵਿਦਿਆਰਥੀਆਂ ਦੀ ਸੰਚਾਰ ਪ੍ਰਤਿਭਾ ਨੂੰ ਨਿਖਾਰਨ, ਆਮ ਜਾਣਕਾਰੀ ਵਿੱਚ ਵਾਧਾ ਕਰਨ, ਆਲੋਚਨਾਤਮਕ ਚਿੰਤਨ ਪੈਦਾ ਕਰਨ ਤੇ ਖ਼ਬਰ ਦਾ ਸਹੀ ਵਿਸ਼ਲੇਸ਼ਣ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।ਪ੍ਰੋਗਰਾਮ ਦੇ ਕੋਆਰਡੀਨੇਟਰ ਪ੍ਰੋ. ਰੰਜਿਤਾ ਸ਼ਰਮਾ ਨੇ ਵਿਦਿਆਰਥੀਆਂ ਦੇ ਸੰਚਾਰਕ ਤੇ ਵਿਹਾਰਕ ਹੁਨਰ ਵਿੱਚ ਵਾਧਾ ਕਰਨ ਲਈ ਅਜਿਹੇ ਮੁਕਾਬਲਿਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

# ਕਰੇਗੁੱਟਾ ਪਹਾੜੀਆਂ 'ਚ ਮਾਓਵਾਦੀਆਂ ਦੀ ਘੇਰਾਬੰਦੀ ਖ਼ਤਮ ਕਰੇ ਭਾਜਪਾ ਸਰਕਾਰ : ਜਮਹੂਰੀ ਫਰੰਟ

**ਲੌਂਗੋਵਾਲ (ਪ੍ਰਦੀਪ ਸੱਪਲ)**

ਆਪ੍ਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਆਗੂਆਂ ਡਾ. ਪਰਮਿੰਦਰ, ਪ੍ਰੋਫੈਸਰ ਏ. ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ, ਯਸ਼ਪਾਲ ਤੇ ਬਲਬੀਰ ਲੌਂਗੋਵਾਲ ਨੇ 'ਆਪ੍ਰੇਸ਼ਨ ਬਲੈਕ ਫਾਰੈਸਟ-2' ਦੇ ਤਹਿਤ ਹਜ਼ਾਰਾਂ ਦੀ ਤਾਦਾਦ 'ਚ ਸੁਰੱਖਿਆ ਬਲਾਂ ਵੱਲੋਂ ਛੱਤੀਸਗੜ੍ਹ-ਤੇਲੰਗਾਨਾ ਸਰਹੱਦੀ ਖੇਤਰ ਦੀਆਂ ਕਰੇਗੁੱਟਾ ਪਹਾੜੀਆਂ ਨੂੰ ਪਾਇਆ ਘੇਰਾ ਖ਼ਤਮ ਕਰਨ ਤੇ 'ਮੁਕਾਬਲਿਆਂ' ਦੀ ਨੀਤੀ ਬੰਦ ਕਰਨ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਮੀਡੀਆ ਰਿਪੋਰਟਾਂ ਅਨੁਸਾਰ ਬਹੁਤ ਸਾਰੇ ਮਾਓਵਾਦੀ ਕਰੇਗੁੱਟਾ ਪਹਾੜੀਆਂ 'ਚ ਮੌਜੂਦ ਹਨ ਅਤੇ ਦਹਿ-ਹਜ਼ਾਰਾਂ ਸੁਰੱਖਿਆ ਬਲਾਂ ਉਨ੍ਹਾਂ ਨੂੰ ਮਾਰ ਮੁਕਾਉਣ ਲਈ ਤਾਇਨਾਤ ਕੀਤੇ ਗਏ ਹਨ ਤਾਂ ਜੋ 31 ਮਾਰਚ 2026 ਤੱਕ ਭਾਰਤ ਨੂੰ 'ਮਾਓਵਾਦ ਮੁਕਤ' ਬਣਾਉਣ ਦਾ ਫਾਸ਼ੀਵਾਦੀ ਟੀਚਾ ਪੂਰਾ ਕੀਤਾ ਜਾ ਸਕੇ।'ਆਪ੍ਰੇਸ਼ਨ ਕਗਾਰ' ਦੇ ਤਹਿਤ ਛੱਤੀਸਗੜ੍ਹ ਰਾਜ 'ਚ ਜਨਵਰੀ 2024 ਤੋਂ ਲੈ ਕੇ ਹੁਣ ਤੱਕ ਸੁਰੱਖਿਆ ਬਲਾਂ ਵੱਲੋਂ 'ਮੁਕਾਬਲਿਆਂ' ਦੇ ਨਾਂ ਹੇਠ 532 ਮਾਓਵਾਦੀਆਂ ਦੀਆਂ ਗ਼ੈਰ-ਅਦਾਲਤੀ ਹੱਤਿਆਵਾਂ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਵੱਡੀ ਗਿਣਤੀ 'ਚ ਔਰਤਾਂ ਵੀ ਹਨ।ਆਦਿਵਾਸੀਆਂ ਤੇ ਹੋਰ ਮਿਹਨਤਕਸ਼ ਜਮਾਤਾਂ ਦੇ ਨੌਜਵਾਨਾਂ ਨੂੰ ਸਰਕਾਰੀ ਲਸ਼ਕਰਾਂ 'ਚ ਭਰਤੀ ਕਰਕੇ 'ਕਾਨੂੰਨ ਵਿਵਸਥਾ ਬਹਾਲ ਕਰਨ' ਦੇ ਨਾਂ ਹੇਠ ਦੱਬੇ-ਕੁਚਲੇ ਲੋਕਾਂ ਦੇ ਹੱਕੀ ਸੰਘਰਸ਼ਾਂ ਨੂੰ ਲਹੂ 'ਚ ਡੁਬੋਣ ਲਈ ਮੋਹਰੇ ਬਣਾ ਕੇ ਵਰਤਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ 'ਮਾਰਚ 2026 ਤੱਕ ਨਕਸਲਵਾਦ ਦਾ ਸਫ਼ਾਇਆ ਕਰਨ' ਦੀ ਭਾਜਪਾ ਦੀ ਨੀਤੀ ਲੋਕਾਂ ਦੇ ਬੁਨਿਆਦੀ ਮਸਲੇ ਹੱਲ ਕਰਨ ਦੀ ਬਜਾਏ ਕਥਿਤ ਵਿਕਾਸ ਦੇ ਨਾਂ ਹੇਠ ਕਾਰਪੋਰੇਟ ਪ੍ਰੋਜੈਕਟਾਂ ਦਾ ਰਾਹ ਸਾਫ਼ ਕਰਨ ਦੀ ਫਾਸ਼ੀਵਾਦੀ ਨੀਤੀ ਹੈ, ਜਿਸ ਦਾ ਮੁਲਕ ਦੇ ਹਿੱਤਾਂ ਤੇ ਲੋਕਾਂ ਦੀ ਬਿਹਤਰੀ ਨਾਲ ਕੋਈ ਲੈਣਾ-ਦੇਣਾ ਨਹੀਂ ਹੈ।ਇਹ ਦਰਅਸਲ, ਆਦਿਵਾਸੀ ਦੇ ਜਲ-ਜੰਗਲ-ਜ਼ਮੀਨ ਉੱਪਰ ਕੁਦਰਤੀ ਹੱਕ ਦੀ ਰਾਖੀ ਲਈ ਜਮਹੂਰੀ ਵਿਰੋਧ ਨੂੰ ਕੁਚਲ ਕੇ ਕੁਦਰਤੀ ਵਸੀਲਿਆਂ ਨਾਲ ਭਰਪੂਰ ਜੰਗਲੀ-ਪਹਾੜੀ ਇਲਾਕੇ ਪੂਰੀ ਤਰ੍ਹਾਂ ਵੱਡੀ ਕਾਰਪੋਰੇਟ ਸਰਮਾਏਦਾਰ ਦੇ ਹਵਾਲੇ ਕਰਨ ਦੀ ਸਾਜ਼ਿਸ਼ ਹੈ। ਉਨ੍ਹਾਂ ਸਾਰੀਆਂ ਹੀ ਜਮਹੂਰੀ ਤੇ ਨਿਆਂਪਸੰਦ ਤਾਕਤਾਂ ਨੂੰ ਹੁਕਮਰਾਨਾਂ ਦੇ ਇਨ੍ਹਾਂ ਮਨਸੂਬਿਆਂ ਤੇ ਕਤਲੇਆਮ ਮੁਹਿੰਮ ਖ਼ਿਲਾਫ਼ ਆਵਾਜ਼ ਉਠਾਉਣ ਦੀ ਪੁਰਜ਼ੋਰ ਅਪੀਲ ਕੀਤੀ ਹੈ।ਉਨ੍ਹਾਂ ਮੰਗ ਕੀਤੀ ਕਿ ਕਰੇਗੁੱਟਾ ਪਹਾੜੀਆਂ ਦੀ ਘੇਰਾਬੰਦੀ ਖ਼ਤਮ ਕੀਤੀ ਜਾਵੇ, ਆਦਿਵਾਸੀ ਇਲਾਕਿਆਂ ਵਿੱਚ ਕਤਲੇਆਮ ਬੰਦ ਕੀਤਾ ਜਾਵੇ, ਸਕਿਊਰਿਟੀ ਕੈਂਪ ਹਟਾਏ ਜਾਣ ਤੇ ਵਿਸ਼ੇਸ਼ ਸੁਰੱਖਿਆ ਤਾਕਤਾਂ ਤੁਰੰਤ ਵਾਪਸ ਬੁਲਾਈਆਂ ਜਾਣ, ਉਜਾੜੇ ਤੇ ਕਾਰਪੋਰੇਟ ਕਬਜ਼ੇ ਦਾ ਸੰਦ ਕਾਰਪੋਰੇਟ ਪੱਖੀ ਆਰਥਕ ਮਾਡਲ ਰੱਦ ਕੀਤਾ ਜਾਵੇ, ਜਲ-ਜੰਗਲ-ਜ਼ਮੀਨ ਉੱਪਰ ਆਦਿਵਾਸੀ ਲੋਕਾਂ ਦਾ ਕੁਦਰਤੀ ਹੱਕ ਤਸਲੀਮ ਕੀਤਾ ਜਾਵੇ, ਜਨਤਕ ਅੰਦੋਲਨਾਂ ਨੂੰ ਗ਼ੈਰਕਾਨੂੰਨੀ/ਪਾਬੰਦੀਸ਼ੁਦਾ ਕਰਾਰ ਦੇ ਕੇ ਕੁਚਲਣ ਤੇ ਹੁਕਮਰਾਨ ਜਮਾਤ ਦੀਆਂ ਲੋਕ ਵਿਰੋਧੀ ਨੀਤੀਆਂ ਉੱਪਰ ਸਵਾਲ ਉਠਾਉਣ ਵਾਲੇ ਚਿੰਤਕਾਂ ਤੇ ਹੱਕਾਂ ਦੇ ਕਾਰਕੁਨਾਂ ਨੂੰ ਝੂਠੇ ਕੇਸ ਬਣਾ ਕੇ ਜੇਲ੍ਹਾਂ ਵਿੱਚ ਡੱਕਣ ਦੀ ਨੀਤੀ ਬੰਦ ਕੀਤੀ ਜਾਵੇ।


**ਪਬਲਿਕ ਨੋਟਿਸ**

**ICICI Bank** Registered Office: ICICI Bank Tower, Near Chakli Circle, Old Padra Road, Vadodara- 390007 Corporate Office: ICICI Bank Towers, Bandra-Kurla Complex Mumbai 400051

**ਸੋਨਾ ਈ-ਨਿਲਾਮੀ ਕਮ ਸੌਦਾ ਨੋਟਿਸ**

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ। ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 7 ਮਾਰਚ 2026 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਾਂ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ 3.30 ਵਜੇ ਤੱਕ https://jewel-auction.procuretiger.com 'ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਅਹਿਮਦਗੜ੍ਹ | |
| 096805004556 | ਗੁਰਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਅਜਨਾਲਾ | |
| 108305009474 | ਬਲਜਿੰਦਰ ਕੌਰ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਵੱਲ੍ਹਾ ਮੰਡੀ | |
| 360662000665 | ਸ਼ਗਨਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਭਿੱਖੀਵਿੰਡ ਪੰਜਾਬ | |
| 361005003921 | ਤਸਵੀਰ ਸਿੰਘ |
| ਬਰਾਂਚ ਦਾ ਨਾਂਅ : ਗੋਨਿਆਣਾ ਮੰਡੀ | |

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| 380362002843 | ਸੁਖਮੰਦਰ ਕੌਰ |
| ਬਰਾਂਚ ਦਾ ਨਾਂਅ : ਜਲੰਧਰ | |
| 008205009513 | ਵਿਕਰਾਂਤ ਧਵਨ |
| ਬਰਾਂਚ ਦਾ ਨਾਂਅ : ਲਹਿਰਾਗਾਗਾ ਪੰਜਾਬ | |
| 358462002760 | ਅਲਮਜੋਤ ਸਿੰਘ |
| ਬਰਾਂਚ ਦਾ ਨਾਂਅ : ਮੁਹਾਲੀ | |
| 005805012347 | ਹਰਪ੍ਰੀਤ ਸਿੰਘ ਕੰਡ |
| ਬਰਾਂਚ ਦਾ ਨਾਂਅ : ਮੁਹਾਲੀ-ਫੇਜ਼ 5 | |
| 189662001434 | ਗੌਰਵ ਸਿਕਰੀ |
| ਬਰਾਂਚ ਦਾ ਨਾਂਅ : ਨਵਾਂ ਅੰਮ੍ਰਿਤਸਰ | |

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| 733505000706 | ਰਮਨਦੀਪ ਸਿੰਘ ਭੁੱਲਰ |
| 733505000711 | ਗੁਰਦੇਵ ਸਿੰਘ |
| ਬਰਾਂਚ ਦਾ ਨਾਂਅ : ਰਾਏਕੋਟ | |
| 201762001834 | ਇਕਬਾਲ ਸਿੰਘ |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | |
| 357162006257 | ਹਰਜੀਤ ਕੌਰ |
| ਬਰਾਂਚ ਦਾ ਨਾਂਅ : ਸਰਦੂਲਗੜ੍ਹ, ਪੰਜਾਬ | |
| 356762001461 | ਮਲਵਿੰਦਰ ਕੌਰ |
| 356762001491 | ਅਜੈਬ ਸਿੰਘ |
| ਬਰਾਂਚ ਦਾ ਨਾਂਅ : ਸੁਜਾਨਪੁਰ | |
| 262005000874 | ਮਮਤਾ ਦੇਵੀ |

ਮਿਤੀ : 25.02.2026
ਸਥਾਨ : ਅੰਮ੍ਰਿਤਸਰ, ਲੁਧਿਆਣਾ, ਮਾਨਸਾ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸੰਗਰੂਰ, ਬਠਿੰਡਾ, ਜਲੰਧਰ, ਤਰਨ ਤਾਰਨ, ਪਠਾਨਕੋਟ, ਫਰੀਦਕੋਟ, ਮਾਲੇਰਕੋਟਲਾ, ਹੁਸ਼ਿਆਰਪੁਰ

ਸਹੀ/- ਅਧਿਕਾਰਤ ਅਫਸਰ
ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ



**OFFICE OF CIVIL JUDGE SENIOR DIVISION, TARN TARAN**

**AUCTION NOTICE**

It is brought to the notice of the General Public that the open auction of following contract regarding lease of Cycle/Scooter/Car Parking, Canteen and Three Shops (for the purpose of Public Utility Services like Photostat/Computer Services/ Petition Writers/Stamp Vendors/ Typists and Juice Bar etc.), situated in Judicial Court Complex, Tarn Taran, for the year 2026-2027 (w.e.f 01.04.2026 to 31.03.2027), will be held on 10.03.2026 at 2.30 PM in Judicial Court Complex, Tarn Taran, on following terms and conditions. Tenders/Applications along-with security amount of Rs. 20,000/- (refundable) will be received in this office till 09.03.2026 upto 5:00 pm.

The successful bidder/lessee will deposit 25 % of lease money at the time of auction. The balance 75% of lease amount shall be deposited within one month of the commencement of lease period. In case of non-deposit of lease money within the prescribed time, deposit of 25% of lease money shall be forfeited and contract will be put to auction for remaining period. The first lease shall be liable to pay difference, if any between the lease money, if the subsequent lease is for lesser amount.

More Information in this regard can be obtained from Civil Nazir/COC of this office, on any working day from 9:30 am to 5:00 pm. Detailed information/terms & conditions can also be obtained from Civil Nazir on his contact No 98154-86070 and also from website of this Session Division-http://district.ecourts.gov.in/india/punjab/tarn-taran/tender. The particulars of the auction are as under:

| Sr. no | Place of Auction | Nature of work | Date and time of auction | Reserve Price |
|---|---|---|---|---|
| 1 | Judicial Court Complex, Tarn Taran | Cycle/Scooter/Car Parking in Judicial Court Complex, Tarn Taran | At 2:30 PM on 10.03.2026 | Rs. 11,86,500/- |
| 2 | Judicial Court Complex, Tarn Taran | Canteen | At 3:00 PM on 10.03.2026 | Rs. 4,31,025/- |
| 3 | Judicial Court Complex, Tarn Taran | Three Shops: 1 Juice Bar 2. Petition Writer/Stamp Vendor/Typists 3. Photostat/ Computer Services | At 3:30 PM on 10.03.2026 | Rs. 60,000/- (each) |

Civil Judge (Senior Division)
Tarn Taran.


# ਪੱਤਰਕਾਰਾਂ ਦੇ ਧਰਨੇ 'ਚ ਏਕਤਾ ਉਗਰਾਹਾਂ ਕਰੇਗੀ ਸ਼ਮੂਲੀਅਤ : ਬਲੌਰ ਸਿੰਘ, ਇਕਬਾਲ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ ਜ਼ਿਲ੍ਹਾ ਕਮੇਟੀ ਮੋਗਾ ਦੀ ਮੀਟਿੰਗ ਸੈਕਟਰੀਏਟ ਮੋਗਾ ਵਿਖੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਆਗੂਆਂ ਨੇ ਦੱਸਿਆ ਕਿ ਲੋਕ ਪੱਖੀ ਖਬਰਾਂ ਲਾਉਣ ਕਰਕੇ ਬਹੁਤ ਸਾਰੇ ਪੱਤਰਕਾਰਾਂ ਖਿਲਾਫ ਸਰਕਾਰ ਵੱਲੋਂ ਪੁਲਸ ਦੇ ਕੇਸ ਦਰਜ ਕਰਵਾਏ ਗਏ ਜਿਸ ਦੇ ਰੋਸ ਵਜੋਂ ਪੱਤਰਕਾਰਾਂ ਵੱਲੋਂ 27 ਫਰਵਰੀ ਨੂੰ ਅੰਮ੍ਰਿਤਸਰ ਵਿਖੇ ਧਰਨੇ ਦਾ ਪ੍ਰੋਗਰਾਮ ਰੱਖਿਆ ਗਿਆ ਹੈ, ਉਸ ਵਿੱਚ ਮੋਗਾ ਜ਼ਿਲ੍ਹੇ ਦੇ ਕਿਸਾਨ ਵੱਡੀ ਗਿਣਤੀ ਵਿੱਚ ਸ਼ਾਮਲ ਕਰਵਾਉਣ ਦਾ ਫੈਸਲਾ ਕੀਤਾ ਗਿਆ। ਆਗੂਆਂ ਨੇ ਇਹ ਵੀ ਕਿਹਾ ਕਿ ਜਗਤਾਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਕਾਦਰਵਾਲਾ ਜ਼ਿਲ੍ਹਾ ਮੋਗਾ ਜੋ ਕਿ 10-10-25 ਨੂੰ ਗੁਰਦਾਸਪੁਰ ਦੇ ਪਿੰਡਾਂ ਵਿੱਚ ਹੜ੍ਹ ਪੀੜਤਾਂ ਨੂੰ ਰਾਸ਼ਨ ਵੰਡਣ ਲਈ ਗਿਆ ਸੀ ਅਤੇ 11-10-25 ਨੂੰ ਵਾਪਸੀ ਤੇ ਉਸ ਦੀ ਰਸਤੇ ਵਿੱਚ ਬਿਮਾਰ ਹੋਣ ਕਰਕੇ ਅਚਾਨਕ ਮੌਤ ਹੋ ਗਈ ਸੀ। ਇਸ ਸਬੰਧ ਵਿੱਚ ਵਾਰ ਵਾਰ ਅਧਿਕਾਰੀਆਂ ਨੂੰ ਮਿਲਣ ਦੇ ਬਾਵਜੂਦ ਉਸ ਦੇ ਵਾਰਸਾਂ ਨੂੰ ਅਜੇ ਤੱਕ ਕੋਈ ਮੁਆਵਜ਼ਾ ਨਹੀਂ ਮਿਲਿਆ, ਜਿਸ ਕਰਕੇ ਅੱਜ ਜ਼ਿਲ੍ਹਾ ਕਮੇਟੀ ਦੇ ਵਫਦ ਨੇ ਯਾਦ ਪਾਤਰ ਡਿਪਟੀ ਕਮਿਸ਼ਨਰ ਮੋਗਾ ਦੇ ਨਾਂ ਸਹਾਇਕ ਕਮਿਸ਼ਨਰ ਹਿਤੇਸ਼ ਵੀਰ ਗੁਪਤਾ ਨੂੰ ਦਿੱਤਾ ਗਿਆ ਤੇ ਮੰਗ ਕੀਤੀ ਗਈ ਉਸ ਦੇ ਪਰਵਾਰ ਨੂੰ 10 ਲੱਖ ਰੁਪਏ ਦਾ ਮੁਆਵਜ਼ਾ, ਪਰਵਾਰ ਦੇ ਇੱਕ ਜੀ ਨੂੰ ਸਰਕਾਰੀ ਨੌਕਰੀ ਤੇ ਸਾਰਾ ਕਰਜ਼ਾ ਮਾਫ ਕੀਤਾ ਜਾਵੇ। ਆਗੂਆਂ ਨੇ ਇਹ ਵੀ ਦੱਸਿਆ ਕਿ ਆਲੂਆਂ ਦੀ ਫਸਲ ਦੀ ਪੁਟਾਈ ਜ਼ੋਰਾਂ 'ਤੇ ਹੋ ਰਹੀ ਹੈ ਪਰ ਆਲੂਆਂ ਨੂੰ ਖਰੀਦਣ ਵਾਲਾ ਕੋਈ ਨਹੀਂ ਮਿਲ ਰਿਹਾ, ਫਸਲ ਰੁਲ ਰਹੀ ਹੈ। ਆਲੂ ਚਾਰ ਪੰਜ ਰੁਪਏ ਕਿਲੋ ਦੇ ਹਿਸਾਬ ਨਾਲ ਵਿਕ ਰਹੇ ਹਨ ਜਿਸ ਕਰਕੇ ਕਿਸਾਨਾਂ ਵਿੱਚ ਬਹੁਤ ਨਿਰਾਸ਼ਾ ਹੈ। ਸਰਕਾਰ ਕਿਸਾਨਾਂ ਨੂੰ ਫਸਲਾਂ ਵਿੱਚ ਵਿਭਿੰਨਤਾ ਲਿਆਉਣ ਲਈ ਕਹਿ ਰਹੀ ਹੈ ਹੁਣ ਜਦੋਂ ਕਿਸਾਨ ਸਰਕਾਰ ਦੀ ਗੱਲ ਮੰਨ ਕੇ ਆਲੂ ਤੇ ਹੋਰ ਸਬਜ਼ੀਆਂ ਬੀਜ ਰਹੇ ਹਨ, ਆਲੂਆਂ ਦੇ ਭਾਅ ਘੱਟ ਹੋਣ ਕਰਕੇ ਉਹਨਾਂ ਦਾ ਖਰਚਾ ਵੀ ਨਹੀਂ ਮੁੜ ਰਿਹਾ। ਜਥੇਬੰਦੀ ਦੀ ਮੰਗ ਹੈ ਕਿ ਸਰਕਾਰ ਨੂੰ ਖੁਦ ਦਖਲ ਦੇ ਕੇ 20 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ ਆਲੂਆਂ ਦੀ ਖਰੀਦ ਕਰਨੀ ਚਾਹੀਦੀ ਹੈ।

ਇਸ ਸਬੰਧੀ ਜ਼ਿਲ੍ਹਾ ਕਮੇਟੀ ਦੇ ਵਫਦ ਨੇ ਪੰਜਾਬ ਸਰਕਾਰ ਦੇ ਨਾਮ ਮੰਗ ਪੱਤਰ ਸਹਾਇਕ ਕਮਿਸ਼ਨਰ ਮੋਗਾ ਹਿਤੇਸ਼ ਵੀਰ ਗੁਪਤਾ ਨੂੰ ਦਿੱਤਾ ਅਤੇ ਮੰਗ ਕੀਤੀ ਕਿ ਸਰਕਾਰ ਜਲਦੀ ਤੋਂ ਜਲਦੀ ਦਖਲ ਦੇ ਕੇ ਕਿਸਾਨਾਂ ਨੂੰ ਆਲੂਆਂ ਦਾ ਪੂਰਾ ਮੁੱਲ ਦੁਆਵੇ।

## ਮੁਲਾਜ਼ਮ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ ਬਜਟ ਸੈਸ਼ਨ ਦੌਰਾਨ ਚੰਡੀਗੜ੍ਹ 'ਚ ਦਿੱਤਾ ਜਾਵੇਗਾ ਧਰਨਾ : ਡਾ. ਕਲਸੀ

### *ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਸੰਗਰੂਰ ਰੈਲੀ ਨਹੀ ਹੋਵੇਗੀ*

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਆਨਲਾਈਨ ਜ਼ੂਮ ਮੀਟਿੰਗ ਕਨਵੀਨਰ ਡਾ. ਐਨ ਕੇ ਕਲਸੀ ਦੀ ਪ੍ਰਧਾਨਗੀ ਹੇਠ ਹੋਈ। ਕਲਸੀ ਨੇ ਦੱਸਿਆ ਕਿ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਪ੍ਰਤੀ ਪੰਜਾਬ ਸਰਕਾਰ ਦੇ ਨਾ-ਪੱਖੀ ਵਤੀਰੇ ਦੀ ਮੀਟਿੰਗ ਵਿੱਚ ਸਮੂਹ ਮੈਂਬਰਾਂ ਨੇ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਪੈਨਸ਼ਨਰਜ਼ ਜੱਥੇਬੰਦੀਆਂ ਨੂੰ ਮੀਟਿੰਗ ਦਾ ਸਮਾਂ ਦੇ ਕੇ ਵਾਰ ਵਾਰ ਮੁਲਤਵੀ ਕਰਨ ਦੀ ਵੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮੀਟਿੰਗ ਵਿੱਚ ਸ਼ਾਮਲ ਪੈਨਸ਼ਨਰ ਆਗੂਆਂ ਕੁਲਵਰਨ ਸਿੰਘ, ਕਰਮ ਸਿੰਘ ਧਨੋਆ, ਅਵਿਨਾਸ਼ ਸ਼ਰਮਾ, ਸੁਰਿੰਦਰ ਰਾਮ ਕੁੱਸਾ, ਦਲੀਪ ਸਿੰਘ, ਨਿਰਮਲ ਸਿੰਘ, ਸ਼ਿਵ ਕੁਮਾਰ ਤਿਵਾੜੀ, ਵੱਲੋਂ ਪੰਜਾਬ ਸਰਕਾਰ ਵਲੋਂ ਸਾਲ 2026-27 ਦੇ ਪੇਸ਼ ਕੀਤੇ ਜਾਣ ਵਾਲੇ ਬਜਟ ਵਿੱਚ ਜੇਕਰ ਪੈਨਸ਼ਨਰਾਂ ਦੇ ਡੀ.ਏ. ਵਿੱਚ 16% ਵਾਧੇ ਸਮੇਤ 31 ਜਨਵਰੀ 2026 ਤੱਕ 158 ਮਹੀਨਿਆਂ ਦਾ ਰਹਿੰਦਾ ਬਕਾਇਆ, 1 ਜਨਵਰੀ 2016 ਤੋਂ ਪਹਿਲੇ ਪੈਨਸ਼ਨਰਾਂ ਦੀ ਪੈਨਸ਼ਨ ਸੋਧਣ ਲਈ 2.59 ਦਾ ਗੁਣਾਂਕ ਅਤੇ ਹੋਰ ਭੱਖਦੀਆਂ ਮੰਗਾਂ ਬਾਰੇ ਕੋਈ ਸਾਰਥਕ ਫੈਸਲੇ ਨਾ ਕੀਤੇ ਗਏ ਤਾਂ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਬਜਟ ਸੈਸ਼ਨ ਤੋਂ ਬਾਅਦ ਇੱਕ ਵਿਸ਼ਾਲ ਰੈਲੀ ਕਰਕੇ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ। ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਬਜਟ ਸੈਸ਼ਨ ਤੋਂ ਪਹਿਲਾਂ ਕੀਤੀ ਜਾਣ ਵਾਲੀ ਸੰਗਰੂਰ ਰੈਲੀ ਨਹੀ ਹੋਵੇਗੀ ਉਸ ਦੀ ਥਾਂ ਹੁਣ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਬਜਟ ਸੈਸ਼ਨ ਦੌਰਾਨ 4 ਦਿਨ ਦਿੱਤੇ ਜਾਣ ਵਾਲੇ ਲਗਾਤਾਰ ਧਰਨਿਆਂ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਅੰਤ ਵਿੱਚ ਸਮੂਹ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹਾਈ ਕੋਰਟ ਦੇ ਪੈਨਸ਼ਨਰ ਪੱਖੀ ਫੈਸਲੇ ਜਨਰਲਾਈਜ਼ ਕਰਕੇ ਲਾਗੂ ਕੀਤੇ ਜਾਣ।

# ਅੰਨ੍ਹੇ ਕਤਲ ਮਾਮਲੇ ਦਾ ਪਰਦਾ ਫਾਸ਼ : ਦੋਸ਼ੀ ਗ੍ਰਿਫ਼ਤਾਰ, ਹਥਿਆਰ ਤੇ ਮੋਟਰਸਾਈਕਲ ਬਰਾਮਦ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਵ ਯਾਦਵ ਡੀ.ਜੀ.ਪੀ ਪੰਜਾਬ ਦੇ ਹੁਕਮਾਂ ਤੇ ਸੰਦੀਪ ਮਲਿਕ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਦਲਜੀਤ ਸਿੰਘ ਖੱਖ ਉਪ ਪੁਲਸ ਕਪਤਾਨ ਸ.ਡ. ਗੜ੍ਹਸ਼ੰਕਰ ਦੀ ਯੋਗ ਅਗਵਾਈ ਹੇਠ ਸੰਗੀਨ ਅਪਰਾਧੀਆਂ ਖਿਲਾਫ ਚਲਾਈ ਜਾ ਰਹੀ ਮੁਹਿੰਮ ਨੂੰ ਉਸ ਸਮੇ ਭਰਵਾਂ ਚੰਗਾ ਹੁੰਗਾਰਾ ਮਿਲਿਆ ਜਦੋਂ ਪਿਛਲੇ ਦਿਨੀਂ ਪਿੰਡ ਮਹਿੰਦਵਾਨੀ ਵਿੱਚ ਹੋਏ ਹਾਈ ਪ੍ਰੋਫਾਈਲ ਬਲਾਇੰਡ ਮਰਡਰ ਨੂੰ ਟਰੇਸ ਕਰਦੇ ਹੋਏ ਮੁਕੱਦਮੇ ਦੇ ਦੋਸ਼ੀ ਰਾਕੇਸ਼ ਕੁਮਾਰ ਪੁੱਤਰ ਲੇਟ ਰੋਸ਼ਨ ਲਾਲ ਵਾਸੀ ਮਹਿੰਦਵਾਨੀ ਥਾਣਾ ਗੜ੍ਹਸ਼ੰਕਰ ਨੂੰ ਸ਼ਾਹਪੁਰ ਘਾਟੇ ਤੋਂ 22 ਫਰਵਰੀ ਨੂੰ ਕਰੀਬ 7.00 ਵਜੇ ਸ਼ਾਮ ਗ੍ਰਿਫਤਾਰ ਕਰ ਲਿਆ ਅਤੇ ਗ੍ਰਿਫਤਾਰ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਕੇ 3 ਦਿਨ ਦਾ ਪੁਲਸ ਰਿਮਾਂਡ ਲੈ ਕੇ ਵਾਰਦਾਤ ਵਿੱਚ ਵਰਤਿਆ ਗਿਆ 32 ਬੋਰ ਪਿਸਤੌਲ 3 ਜ਼ਿੰਦਾ ਕਾਰਤੂਸ ਅਤੇ ਇੱਕ ਦਾਤਰ ਸਮੇਤ ਇੱਕ ਪਲਟੀਨਾ ਮੋਟਰ ਸਾਈਕਲ ਬ੍ਰਾਮਦ ਕੀਤਾ। 7 ਫਰਵਰੀ ਨੂੰ ਰਚਨਾ ਉਮਰ ਕਰੀਬ 60 ਸਾਲ ਪਤਨੀ ਸ਼ਾਮ ਲਾਲ ਵਾਸੀ ਮਹਿੰਦਵਾਨੀ ਦਾ ਮਹਾਰਾਜ ਭੂਰੀਵਾਲੇ ਕੁਟੀਆ ਪਿੰਡ ਮਹਿੰਦਵਾਨੀ ਤੋਂ ਸਵੇਰੇ 5:30 ਏ.ਐਮ ਮੱਥਾ ਟੇਕ ਕੇ ਵਾਪਸ ਆਉਂਦੇ ਸਮੇਂ ਮੋਟਰ ਸਾਈਕਲ 'ਤੇ ਸਵਾਰ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ। ਜਿਸ ਸਬੰਧੀ ਮੁਕੱਦਮਾ ਥਾਣਾ ਗੜ੍ਹਸ਼ੰਕਰ ਦਰਜ ਰਜਿਸਟਰ ਕਰਕੇ ਤਫਤੀਸ਼ ਅਰੰਭ ਕੀਤੀ ਗਈ ਸੀ।



ਇਸ ਸਬੰਧੀ ਐਸ.ਐਸ.ਪੀ ਸਾਹਿਬ ਹੁਸ਼ਿਆਰਪੁਰ ਵਲੋਂ ਦਲਜੀਤ ਸਿੰਘ ਖੱਖ ਡੀ.ਐਸ.ਪੀ ਗੜ੍ਹਸ਼ੰਕਰ ਦੀ ਅਗਵਾਈ ਹੇਠ ਇੱਕ ਸਪੈਸ਼ਲ ਇਨਵੈਸਟੀਗੇਸ਼ਨ ਟੀਮ ਗਠਿਤ ਕੀਤੀ ਗਈ। ਇਸ ਟੀਮ ਨੇ ਰਾਤ ਦਿਨ ਮਿਹਨਤ ਕਰਦੇ ਹੋਏ ਵੱਖ-ਵੱਖ ਥਿਊਰੀਆਂ 'ਤੇ ਕੰਮ ਕੀਤਾ ਤੇ ਇਸ ਹਾਈ ਪ੍ਰੋਫਾਈਲ ਅੰਨ੍ਹੇ ਕਤਲ ਨੂੰ ਟਰੇਸ ਕੀਤਾ।ਪੁੱਛਗਿੱਛ ਦੌਰਾਨ ਦੋਸ਼ੀ ਰਕੇਸ਼ ਕੁਮਾਰ ਨੇ ਮੰਨਿਆ ਕਿ ਉਹ ਰੈਡੀਮੇਡ ਕੱਪੜੇ ਦੀ ਪਿੰਡ ਗੋਂਦਪੁਰ ਹਿਮਾਚਲ ਪ੍ਰਦੇਸ਼ ਵਿੱਚ ਦੁਕਾਨ ਕਰਦਾ ਸੀ।ਉਸ ਦੇ ਪਿਤਾ ਰੋਸ਼ਨ ਲਾਲ ਦੀ ਕੁਝ ਸਮਾਂ ਪਹਿਲਾ ਮੌਤ ਹੋ ਗਈ। ਰਾਕੇਸ਼ ਕੁਮਾਰ ਨੂੰ ਪੂਰਾ ਸ਼ੱਕ ਸੀ ਕਿ ਉਸ ਦੀ ਚਾਚੀ ਰਚਨਾ (ਮ੍ਰਿਤਕਾ) ਪਤਨੀ ਸ਼ਾਮ ਲਾਲ ਵਾਸੀ ਮਹਿੰਦਵਾਨੀ ਵੱਲੋਂ ਉਸ ਦੇ ਘਰ ਕਾਲਾ ਜਾਦੂ ਟੂਣਾ ਕੀਤਾ ਹੈ ਜਿਸ ਕਰਕੇ ਉਸ ਦੇ ਪਿਤਾ ਦੀ ਮੌਤ ਹੋਈ ਹੈ ਅਤੇ ਉਸ ਦੀ ਕੱਪੜੇ ਦੀ ਦੁਕਾਨ ਵੀ ਨਹੀਂ ਚੱਲ ਰਹੀ ਸੀ। ਦੋਸ਼ੀ ਵਲੋਂ ਆਪਣੀ ਚਾਚੀ ਨੂੰ ਜਾਨ ਤੋਂ ਮਾਰਨ ਦੀ ਵਿਉਂਤ ਬਣਾਈ ਗਈ।

ਦੋਸ਼ੀ ਨੇ ਕਤਲ ਤੋਂ ਪਹਿਲਾਂ ਵੀ ਦੋ ਵਾਰ ਸਵੇਰੇ ਕੁਟੀਆ ਨੂੰ ਜਾਂਦੀ ਆਪਣੀ ਚਾਚੀ ਨੂੰ ਮਾਰਨਾ ਚਾਹਿਆ ਪਰ ਡਰ ਗਿਆ ਤੇ ਮਾਰ ਨਾ ਸਕਿਆ। ਫਿਰ ਰਕੇਸ਼ ਕੁਮਾਰ ਨੇ ਆਪਣੀ ਨਿੱਜੀ ਕਾਰ 'ਤੇ ਆਪਣੀ ਘਰਵਾਲੀ ਤੇ ਬੱਚਿਆਂ ਨੂੰ ਦੋ ਦਿਨ ਪਹਿਲਾਂ ਸਹੁਰੇ ਪਿੰਡ ਮੈਲੀ ਛੱਡ ਦਿੱਤਾ ਤੇ ਆਪਣੀ ਕਾਰ ਖਰਾਬ ਹੋਣ ਦਾ ਬਹਾਨਾ ਲਗਾ ਕੇ ਇੱਕ ਢਾਬੇ ਵਾਲੇ ਕੋਲ ਪਿੰਡ ਗੋਂਦਪੁਰ ਦੇ ਮਾਲਕ ਕਰਮ ਚੰਦ ਪੁੱਤਰ ਪ੍ਰੇਮ ਚੰਦ ਵਾਸੀ ਬਖਲੌਰ ਖੱਡ ਥਾਣਾ ਨੂਰਪੁਰ ਬੇਦੀ ਕੋਲ ਛੱਡ ਕੇ ਉਸ ਦਾ ਮੋਟਰ ਸਾਈਕਲ ਮੰਗ ਕੇ ਆਪਣੇ ਘਰ ਆ ਗਿਆ ਤੇ ਅਗਲੇ ਦਿਨ 7 ਫਰਵਰੀ ਨੂੰ ਇਸ ਨੇ ਤੜਕਸਾਰ ਮੂੰਹ ਬੰਨ੍ਹ ਕੇ ਉਸ ਮੋਟਰ ਸਾਈਕਲ 'ਤੇ ਸਵਾਰ ਹੋ ਕੇ 5:15 ਸਵੇਰੇ ਕੁਟੀਆ ਵਾਲੇ ਰਸਤੇ 'ਤੇ ਖੜ੍ਹਾ ਹੋ ਗਿਆ। ਜਦੋਂ ਇਸ ਦੀ ਚਾਚੀ ਰਚਨਾ ਤੁਰਦੀ ਹੋਈ ਇਸ ਦੇ ਕੋਲ ਦੀ ਗੁਜ਼ਰਨ ਲੱਗੀ ਤਾਂ ਇਸ ਨੇ ਉਸ ਦੇ ਪਿਸਟਲ ਤਾਣ ਕੇ ਉਸ 'ਤੇ 3 ਗੋਲੀਆਂ ਮਾਰ ਕੇ ਉਸ ਦਾ ਕਤਲ ਕਰ ਦਿੱਤਾ ਤੇ ਮੋਟਰ ਸਾਈਕਲ ਲੈ ਕੇ ਮੌਕੇ ਤੋਂ ਫਰਾਰ ਹੋ ਗਿਆ। ਇਸ ਨੇ ਆਪਣਾ ਮੋਬਾਇਲ ਫੋਨ ਪਹਿਲਾਂ ਤੋਂ ਹੀ ਬੰਦ ਕਰ ਲਿਆ ਸੀ।

# ਕਿਸਾਨ ਜਾਗਰੂਕਤਾ ਸੈਮੀਨਾਰ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਜੋਰਡਨ ਐਗਰੋ ਅਤੇ ਜੈਨ ਇਰੀਗੇਸ਼ਨ ਸਿਸਟਮ ਲਿਮਿਟਡ ਕੰਪਨੀ ਜਲਗਾਉ ਮਹਾਰਾਸ਼ਟਰ ਸਵ. ਪਦਮਸ਼੍ਰੀ ਭਵਰ ਲਾਲ ਹੀਰਾ ਲਾਲ ਜੈਨ ਅਤੇ ਸਵ. ਸ.ਝਰਮਲ ਸਿੰਘ ਦੀ ਮਿੱਠੀ ਯਾਦ ਨੂੰ ਸਮਰਪਿਤ ਵਿਸ਼ੇਸ਼ ਧਰਤੀ ਬਚਾਓ, ਪਾਣੀ ਬਚਾਓ ਮਿਸ਼ਨ ਸਬੰਧੀ ਵਿਸ਼ੇਸ਼ ਕਿਸਾਨ ਜਾਗਰੂਕਤਾ ਸੈਮੀਨਾਰ ਪਿੰਡ ਜੰਡੂ ਸਿੰਘਾ ਜਿਲ੍ਹਾ ਜਲੰਧਰ ਵਿਖੇ ਕਰਵਾਇਆ ਗਿਆ। ਇਸ ਮੌਕੇ ਐੱਮ ਡੀ ਜਗਤਾਰ ਸਿੰਘ ਗੁਰਬਾਜ ਫਾਰਮ ਮਸ਼ੀਨਰੀ ਵੱਲੋ ਜੋਰਡਨ ਐਗਰੋ ਜੰਡੂ ਸਿੰਘਾ ਵਿਖੇ ਆਪਣੀ ਨਵੀਂ ਸਬ ਬਰਾਂਚ ਦਾ ਉਦਘਾਟਨ ਕੀਤਾ ਗਿਆ ਤੇ ਮਸ਼ੀਨਰੀ ਸਬੰਧੀ ਪ੍ਰਦਰਸ਼ਨੀ ਲਗਾਈ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਜਸਵਿੰਦਰ ਸਿੰਘ ਮੁੱਖ ਖੇਤੀਬਾੜੀ ਅਫਸਰ ਜਲੰਧਰ, ਹਨੀ ਜੋਸ਼ੀ ਜੰਡੂ ਸਿੰਘਾ, ਹਰਿੰਦਰ ਸਿੰਘ ਅਤੇ ਟੀ ਵੀ ਰੇਡੀਓ ਐਂਕਰ ਚਰਨਜੀਤ ਸਿੰਘ ਜੋਗੀ ਵੱਲੋ ਸੈਮੀਨਾਰ ਮੌਕੇ ਪਹੁੰਚਣ ਵਾਲੇ ਕਿਸਾਨਾਂ ਨੂੰ ਜਿੱਥੇ ਖੇਤੀਬਾੜੀ ਤੇ ਪਾਣੀ ਬਚਾਓ, ਧਰਤੀ ਬਚਾਓ ਵਿਸ਼ੇ ਤੇ ਵਿਸ਼ੇਸ਼ ਜਾਣਕਾਰੀ ਦਿੱਤੀ ਗਈ ਉੱਥੇ ਹੀ ਜੈਨ ਇਰੀਗੇਸ਼ਨ ਜਲਗਾਉ ਮਹਾਰਾਸ਼ਟਰਾ ਦੇ ਇੰਜੀਨੀਅਰ ਸੋਰਵ ਸ਼ਰਮਾ ਵੱਲੋਂ ਇਸ ਮੌਕੇ ਡਰਿਪ ਸਿਸਟਮ ਸੰਚਾਈ, ਟਿਸ਼ੂ ਕਲਚਰ ਸੰਚਾਈ, ਪਾਈਪ ਫੈਕਟਰੀਆ, ਜੂਸ ਫੈਕਟਰੀਆਂ ਅਤੇ ਨਰਸਰੀ ਪੌਦਿਆਂ ਅਤੇ ਹੋਰ ਐਗਰੀਕਲਚਰ ਮਸ਼ੀਨਰੀ ਅਤੇ ਕਿਸਾਨਾਂ ਨੂੰ ਮਿਲ ਰਹੀ ਸਬਸਿਡੀ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਉਹਨਾਂ ਤੋਂ ਇਲਾਵਾ ਸੁਚੇਤ ਸਿੰਘ ਸੀਨੀਅਰ ਮੈਨੇਜਰ ਗੁਰਬਾਜ ਫਾਰਮ ਮਸ਼ੀਨਰੀ, ਗੁਰਪਾਹਲ ਸਿੰਘ ਮਹਿੰਦਰਾ ਟਰੈਕਟਰ ਜਲੰਧਰ, ਡਾਕਟਰ ਨਿਰਮਲ ਕੌਲ ਪ੍ਰਧਾਨ ਦੁਆਬਾ ਸਰਪੰਚ ਯੂਨੀਅਨ ਆਦਮਪੁਰ, ਲਖਵੀਰ ਸਿੰਘ ਹਜਾਰਾ ਜ਼ਿਲਾ ਪ੍ਰੀਸ਼ਦ ਮੈਂਬਰ, ਹੈਪੀ ਪਧਿਆਣਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਜਥੇਦਾਰ ਮਨੋਹਰ ਸਿੰਘ ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ, ਸਰਪੰਚ ਰਸ਼ਪਾਲ ਸਿੰਘ, ਧਰਮਪਾਲ ਲੇਸੜੀਵਾਲ, ਕੁਲਵਿੰਦਰ ਬਾਘਾ ਸਮਾਜ ਸੇਵਕ, ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਤੋਂ ਹਰਵਿੰਦਰ ਸਿੰਘ ਮਾਹਲ ਸੀਨੀਅਰ ਮੀਤ ਪ੍ਰਧਾਨ ਰਾਜੇਵਾਲ ਜ਼ਿਲ੍ਹਾ ਜਲੰਧਰ, ਸੁਖਵਿੰਦਰ ਸਿੰਘ ਬਲਾਕ ਪ੍ਰਧਾਨ, ਰਣਜੀਤ ਸਿੰਘ ਪ੍ਰਧਾਨ ਆਦਮਪੁਰ, ਰਣਜੀਤ ਸਿੰਘ ਬੈਂਸ ਵਾਈਸ ਪ੍ਰਧਾਨ ਆਦਮਪੁਰ, ਜੋਗਿੰਦਰ ਪਾਲ ਸਿੰਘ ਵਾਈਸ ਪ੍ਰਧਾਨ ਆਦਮਪੁਰ, ਹਰਜੀਤ ਸਿੰਘ ਪਟਵਾਰੀ ਪਹੁੰਚੇ, ਬਲਜੀਤ ਸਿੰਘ ਪਧਿਆਣਾ ਲੰਬੜਦਾਰ, ਭੁਪਿੰਦਰ ਸਿੰਘ ਭਿੰਦਾ ਕੌਂਸਲਰ, ਅਜੇ ਸੰਗਾਰੀ, ਗੁਰਪ੍ਰੀਤ ਸਿੰਘ ਤੇ ਡਾ. ਪ੍ਰਤਾਪ ਸਿੰਘ, ਮਨਜਿੰਦਰ ਸਿੰਘ ਤੇ ਹੋਰ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।



# ਡਾ. ਅਕਸ਼ੈ ਠਾਕੁਰ ਐੱਸ ਡੀ ਹਸਪਤਾਲ ਵਿਖੇ ਅੱਖਾਂ ਦੇ ਮਾਹਰ ਵਜੋਂ ਹੋਏ ਸ਼ਾਮਲ

**ਬਲਾਚੌਰ (ਜਸਵਿੰਦਰ ਬੈਂਸ)**- ਨੌਜਵਾਨ ਅੱਖਾਂ ਦੇ ਸਰਜਨ ਡਾ. ਅਕਸ਼ੈ ਠਾਕੁਰ ਨੇ ਸੋਮਵਾਰ ਲੈਫਟੀਨੈਂਟ ਜਨਰਲ ਬਿਕਰਮ ਸਿੰਘ ਸਬ-ਡਵੀਜ਼ਨਲ (ਐਸ ਡੀ) ਹਸਪਤਾਲ, ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਅੱਖਾਂ ਦੇ ਮਾਹਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਿੰਦਰਜੀਤ ਕੌਰ ਨੇ ਡਾ. ਅਕਸ਼ੈ ਠਾਕੁਰ ਨੂੰ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਲਗਨ ਨਾਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਕਸ਼ੈ ਠਾਕੁਰ ਨੇ ਪੰਜਾਬ ਸਰਕਾਰ, ਸਿਵਲ ਸਰਜਨ ਅਤੇ ਸੀਨੀਅਰ ਮੈਡੀਕਲ ਅਫ਼ਸਰ ਦਾ ਧੰਨਵਾਦ ਕੀਤਾ ਅਤੇ ਲੋਕਾਂ ਨੂੰ ਆਪਣੀਆਂ ਅੱਖਾਂ ਦੀ ਨਿਯਮਤ ਤੌਰ 'ਤੇ ਜਾਂਚ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਧਦੇ ਪ੍ਰਦੂਸ਼ਣ ਦਾ ਸਾਡੀਆਂ ਅੱਖਾਂ 'ਤੇ ਮਾੜਾ ਪ੍ਰਭਾਵ ਪੈ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਸਾਦਾ ਅਤੇ ਪੌਸ਼ਟਿਕ ਭੋਜਨ ਖਾਣ ਦੀ ਸਲਾਹ ਵੀ ਦਿੱਤੀ।



# ਨਾਮਵਰ ਪ੍ਰਵਾਸੀ ਪੰਜਾਬੀ ਲੇਖਕ ਗੁਰਚਰਨ ਸੱਗੂ ਵਿਦਿਆਰਥੀਆਂ ਦੇ ਰੂਬਰੂ



**ਜਲੰਧਰ (ਸ਼ੈਲੀ ਐਲਬਰਟ)**- ਸਿੱਖਿਆ ਅਤੇ ਸੱਭਿਆਚਾਰ ਦੇ ਖੇਤਰ ਵਿੱਚ ਨਵੀਆਂ ਪੈੜਾਂ ਸਿਰਜਣ ਵਾਲੀ ਉੱਤਰੀ ਭਾਰਤ ਦੀ ਸਿਰਮੌਰ ਵਿਦਿਅਕ ਸੰਸਥਾ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਨਾਮਵਰ ਪ੍ਰਵਾਸੀ ਪੰਜਾਬੀ ਲੇਖਕ ਗੁਰਚਰਨ ਸੱਗੂ ਨਾਲ ਰੂਬਰੂ ਕਰਵਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਡਾ.ਰਛਪਾਲ ਸਿੰਘ ਸੰਧੂ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਕਿਹਾ ਕਿ ਲੇਖਕਾਂ ਦੀਆਂ ਲਿਖਤਾਂ ਸਮਾਜ ਨੂੰ ਸੇਧ ਦੇਣ ਦੇ ਨਾਲ ਸਮਾਜ ਵਿੱਚ ਨਵੀਂ ਊਰਜਾ ਭਰਦੀਆਂ ਹਨ। ਇਸ ਮੌਕੇ ਗੁਰਚਰਨ ਸੱਗੂ ਦੇ ਨਵੇਂ ਨਾਵਲ 'ਲੱਜੋ' ਦੀ ਘੁੰਡ ਚੁਕਾਈ ਵੀ ਕੀਤੀ ਗਈ। ਪੰਜਾਬੀ ਦੇ ਪ੍ਰਸਿੱਧ ਸ਼ਾਇਰ ਅਤੇ ਸਾਹਿਤਕ ਰਸਾਲੇ 'ਮੰਤਵ' ਦੇ ਸੰਪਾਦਕ ਵਿਸ਼ਾਲ ਨੇ ਉਨ੍ਹਾਂ ਦੀ ਪੁਸਤਕ ਉੱਪਰ ਵਿਚਾਰ ਚਰਚਾ ਕਰਦਿਆਂ ਕਿਹਾ ਕਿ ਹਰੇਕ ਲੇਖਕ ਦੀ ਸਿਰਜਣਾ ਉਸ ਦੀ ਅੰਦਰਲੀ ਟੁੱਟ ਭੱਜ ਵਿੱਚੋਂ ਪੈਦਾ ਹੁੰਦੀ ਹੈ। ਲੇਖਕ ਕੁਝ ਸਿਰਜਣ ਲਈ ਪਹਿਲਾਂ ਖੁਦ ਦਾ ਵਿਨਾਸ਼ ਕਰਦਾ ਹੈ ਤੇ ਉਹਦੇ ਵਿੱਚੋਂ ਹੀ ਉਸ ਦੀ ਸਾਹਿਤਕ ਕਿਰਤ ਸਾਕਾਰ ਹੁੰਦੀ ਹੈ। ਸਮਾਗਮ ਵਿੱਚ ਮੰਚ ਸੰਚਾਲਕ ਦੀ ਭੂਮਿਕਾ ਪ੍ਰੋ. ਸੰਦੀਪ ਸਿੰਘ ਨੇ ਸ਼ਾਇਰਾਨਾ ਤੇ ਸਾਹਿਤਕ ਅੰਦਾਜ਼ ਵਿੱਚ ਨਿਭਾਈ।

ਇਸ ਸਮੇਂ ਡਾ. ਹਰਜੀਤ ਸਿੰਘ, ਡਾ. ਜਸਵੰਤ ਕੌਰ,ਸੱਗੂ ਦੀ ਸ਼ਰੀਕੇ-ਹਯਾਤ ਮਨਜੀਤ ਕੌਰ, ਵੱਖ ਵੱਖ ਵਿਭਾਗਾਂ ਦੇ ਮੁਖੀ ਅਤੇ ਪ੍ਰੋਫੈਸਰ ਸਹਿਬਾਨ,ਪੰਜਾਬੀ ਵਿਭਾਗ ਦੇ ਸਮੂਹ ਪ੍ਰੋ ਸਾਹਿਬਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਧਾਰਮਿਕ ਪ੍ਰੀਖਿਆ 'ਚੋਂ ਅੱਵਲ ਰਹੀਆਂ ਵਿਦਿਆਰਥਣਾਂ ਸਨਮਾਨਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੀਆਂ ਵਿਦਿਆਰਥਣਾਂ ਨੇ ਧਾਰਮਿਕ ਸਿੱਖਿਆ ਦੇ ਖੇਤਰ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਹੱਤਵਪੂਰਨ ਉਪਲਬਧੀ ਹਾਸਿਲ ਕੀਤੀ ਹੈ।ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਫ਼ਰਵਰੀ 2025 ਦੌਰਾਨ ਲਈ ਗਈ ਧਾਰਮਿਕ ਪ੍ਰੀਖਿਆ ਵਿਚ ਕਾਲਜ ਦੀਆਂ ਵਿਦਿਆਰਥਣਾਂ ਨੇ ਅੱਵਲ ਸਥਾਨ ਪ੍ਰਾਪਤ ਕੀਤਾ ਹੈ। ਇਸ ਉਪਲੱਬਧੀ ਦੇ ਸਨਮਾਨ ਵਜੋਂ ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਤੇ ਪ੍ਰਚਾਰਕ ਭਾਈ ਗੁਰਜੀਤ ਸਿੰਘ ਦੀ ਹਾਜ਼ਰੀ ਵਿਚ ਵਿਦਿਆਰਥਣਾਂ ਜਸਪਿੰਦਰ ਕੌਰ ਅਤੇ ਹਰਪ੍ਰੀਤ ਕੌਰ ਨੂੰ 3100-3100 ਰੁਪਏ ਨਗਦ ਵਜ਼ੀਫ਼ਾ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮਾ. ਤੀਰਥ ਸਿੰਘ ਰੱਤੂ ਕੈਨੇਡਾ ਨੇ ਵਿਦਿਆਰਥਣਾਂ ਦੀ ਹੌਂਸਲਾ ਅਫ਼ਜ਼ਾਈ ਕਰਦਿਆਂ ਧਾਰਮਿਕ ਅਤੇ ਨੈਤਿਕ ਸਿੱਖਿਆ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਤੇ ਕਾਲਜ ਦੇ ਉਪਰਾਲਿਆਂ ਦੀ ਸਰਾਹਨਾ ਕੀਤੀ। ਇਸੇ ਤਰ੍ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਵਰ੍ਹੇ ਨੂੰ ਸਮਰਪਿਤ ਅਕਤੂਬਰ-2025 ਵਿਚ ਆਯੋਜਿਤ ਪ੍ਰੀਖਿਆ ਵਿਚ ਕਾਮਯਾਬ ਰਹੀਆਂ ਵਿਦਿਆਰਥਣਾਂ ਰਾਜਵਿੰਦਰ ਕੌਰ, ਨਵਲੀਨ, ਸੁਨੇਹਾ ਅਤੇ ਅੰਜੂ ਬਾਲਾ ਨੂੰ ਨਕਦ ਰਾਸ਼ੀ ਅਤੇ ਸਨਮਾਨ ਚਿੰਨ ਦੇ ਕੇ ਨਿਵਾਜ਼ਿਆ ਗਿਆ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਇਸ ਮੌਕੇ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆ ਕਿਹਾ ਕਿ ਧਾਰਮਿਕ ਸਿੱਖਿਆ ਮਨੁੱਖ ਦੇ ਚਰਿੱਤਰ ਦੇ ਨਿਰਮਾਣ ਵਿਚ ਅਹਿਮ ਭੂਮਿਕਾ ਨਿਭਾਉਂਦੀ ਹੈ ਅਤੇ ਵਿਦਿਆਰਥੀਆਂ ਨੂੰ ਅਗਾਂਹ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ। ਇਸ ਮੌਕੇ ਪ੍ਰੋ. ਲਖਵਿੰਦਰਜੀਤ ਕੌਰ, ਡਾ. ਹਰਵਿੰਦਰ ਕੌਰ, ਡਾ. ਜਾਨਕੀ ਅਗਰਵਾਲ, ਧਾਰਮਿਕ ਅਧਿਆਪਕ ਅੰਮ੍ਰਿਤਪਾਲ ਸਿੰਘ, ਪ੍ਰੋ. ਸੌਰਵ ਦਾਦਰੀ ਤੇ ਸਟਾਫ਼ ਹਾਜ਼ਰ ਹੋਇਆ।



# ਜੀਓਫਾਈਨ 5-ਰਿਕਸ਼ਾ ਸ਼ੋਅਰੂਮ ਦਾ ਉਦਘਾਟਨ

**ਜਲੰਧਰ (ਇਕਬਾਲ ਸਿੰਘ ਉਭੀ)**- ਮੁਹੱਲਾ ਲਕਸ਼ਮੀਪੁਰਾ ਵਿੱਚ ਸਮਾਜਸੇਵੀ ਤੇ ਉਦਯੋਗਪਤੀ ਗੁਲਸ਼ਨ ਸ਼ਰਮਾ ਵੱਲੋਂ ਸਥਾਪਿਤ ਜੀਓਫਾਈਨ 5 -ਰਿਕਸ਼ਾ ਸ਼ੋਰੂਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਅਗਰਵਾਲ ਵੈਲਫੇਅਰ ਬੋਰਡ ਪੰਜਾਬ ਦੇ ਚੇਅਰਮੈਨ ਅਸ਼ਵਨੀ ਅਗਰਵਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਅਗਰਵਾਲ ਦਾ ਫੁੱਲਾਂ ਦੇ ਗੁਲਦਸਤੇ ਨਾਲ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਲੈਕਟ੍ਰਿਕ ਵਾਹਨਾਂ ਨੂੰ ਪ੍ਰੋਤਸਾਹਿਤ ਕਰਨਾ ਸਮੇਂ ਦੀ ਲੋੜ ਹੈ। ਇਸ ਨਾਲ ਜਿੱਥੇ ਪਰਿਆਵਰਨ ਸੰਰੱਖਣ ਨੂੰ ਬਲ ਮਿਲੇਗਾ, ਉੱਥੇ ਹੀ ਸਥਾਨਕ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ।ਇਸ ਮੌਕੇ ਪੰਜਾਬ ਸਟੇਟ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਉਦਯੋਗਪਤੀ ਗੁਲਸ਼ਨ ਸ਼ਰਮਾ ਤੇ ਹੋਰ ਵਿਅਕਤੀ ਵੀ ਮੌਜੂਦ ਸਨ।



# ਪ੍ਰੀਖਿਆ ਕੇਂਦਰ ਦੇ 100 ਮੀਟਰ ਦੇ ਘੇਰੇ 'ਚ ਅਣ-ਅਧਿਕਾਰਤ ਵਿਅਕਤੀ ਦੇ ਦਾਖਲ ਹੋਣ 'ਤੇ ਪਾਬੰਦੀ

**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹੇ ਵਿੱਚ 17 ਫਰਵਰੀ ਤੋਂ 4 ਅਪ੍ਰੈਲ 2026 ਤੱਕ ਸਵੇਰੇ 11:00 ਵਜੇ ਤੋਂ ਦੁਪਹਿਰ 02:15 ਵਜੇ ਤੱਕ ਹੋ ਰਹੀਆਂ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਫਰਵਰੀ/ਮਾਰਚ 2026 ਦੀਆਂ ਸਾਲਾਨਾ ਪਰੀਖਿਆਵਾਂ (ਸਮੇਤ ਓਪਨ ਸਕੂਲ) ਦੌਰਾਨ ਬਣਾਏ ਕੁੱਲ 152 ਪ੍ਰੀਖਿਆਂ ਕੇਂਦਰ ਦੇ 100 ਮੀਟਰ ਦੇ ਘੇਰੇ ਵਿੱਚ ਕਿਸੇ ਵੀ ਅਣ-ਸੁਖਾਵੀਂ ਘਟਨਾ ਨੂੰ ਰੋਕਣ ਵਾਸਤੇ ਕਿਸੇ ਵੀ ਅਣ-ਅਧਿਕਾਰਤ ਵਿਅਕਤੀ ਨੂੰ ਦਾਖਲ ਨਾ ਹੋਣ ਤੇ ਪਾਬੰਦੀ ਲਗਾਈ ਹੈ।

# ਡਿਵਾਈਡਰ ਟੱਪ ਕੇ ਦੂਜੀ ਸਾਈਡ ਪਹੁੰਚੀ ਤੇਜ਼ ਰਫ਼ਤਾਰ ਕਾਰ, ਚਾਲਕ ਸੁਰੱਖਿਅਤ

**ਬਲਾਚੌਰ (ਜਸਵਿੰਦਰ ਬੈਂਸ)** ਬਲਾਚੌਰ-ਰੋਪੜ ਮੁੱਖ ਮਾਰਗ 'ਤੇ ਸਥਿਤ ਸਨ ਫਾਰਮਾ ਰੇਲ ਮਾਜਰਾ ਦੇ ਨਜ਼ਦੀਕ ਇੱਕ ਤੇਜ਼ ਰਫ਼ਤਾਰ ਕਾਰ ਹਾਦਸਾਗ੍ਰਸਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ, ਰੋਪੜ ਰੋਡ 'ਤੇ ਜਾ ਰਹੀ ਇੱਕ ਫਰੌਂਸ ਕਾਰ ਅਚਾਨਕ ਸੰਤੁਲਨ ਵਿਗੜਨ ਕਾਰਨ ਡਿਵਾਈਡਰ ਪਾਰ ਕਰਕੇ ਸੜਕ ਦੀ ਦੂਜੀ ਸਾਈਡ 'ਤੇ ਜਾ ਚੜ੍ਹੀ। ਸਨ ਫਾਰਮਾ, ਰੇਲ ਮਾਜਰਾ ਦੇ ਸਾਹਮਣੇ, ਰੋਪੜ ਰੋਡ ਗੱਡੀ ਨੂੰ ਅਰਸ਼ਦੀਪ ਸਿੰਘ ਵਾਸੀ ਪਿੰਡ ਕੋਲਗੜ੍ਹ ਚਲਾ ਰਿਹਾ ਸੀ।ਖ਼ੁਸ਼ਕਿਸਮਤੀ ਰਹੀ ਕਿ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਅਤੇ ਚਾਲਕ ਸੁਰੱਖਿਅਤ ਹੈ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸੜਕ ਸੁਰੱਖਿਆ ਫੋਰਸ ਦੀ ਦੀ ਟੀਮ ਮੌਕੇ 'ਤੇ ਪਹੁੰਚੀ। ਰਾਹਗੀਰਾਂ ਵੱਲੋਂ ਮਿਲੀ ਇਤਲਾਹ ਤੋਂ ਬਾਅਦ ਸੜਕ ਸੁਰੱਖਿਆ ਫੋਰਸ ਨੇ ਤੁਰੰਤ ਕਾਰਵਾਈ ਕਰਦਿਆਂ ਹਾਦਸਾਗ੍ਰਸਤ ਗੱਡੀ ਨੂੰ ਸੜਕ ਤੋਂ ਪਾਸੇ ਕਰਵਾਇਆ।ਆਵਾਜਾਈ ਵਿੱਚ ਆ ਰਹੀ ਰੁਕਾਵਟ ਨੂੰ ਦੂਰ ਕਰਕੇ ਸੜਕ ਨੂੰ ਪੂਰੀ ਤਰ੍ਹਾਂ ਕਲੀਅਰ ਕਰਵਾਇਆ।



# ਫਰੀ ਆਯੁਰਵੈਦਿਕ ਕੈਂਪ ਲਗਾਇਆ



**ਫਗਵਾੜਾ (ਡਾ. ਰਮਨ)**- ਦਯਾਵੰਤੀ ਆਯੂਕੇਅਰ ਚੈਰੀਟੇਬਲ ਡਿਸਪੈਂਸਰੀ, ਬੰਸੀ ਲਾਲ ਮਾਰਕੀਟ, ਬੰਗਾ ਰੋਡ, ਫਗਵਾੜਾ ਵਲੋਂ ਫਾਊਂਡੇਸ਼ਨ ਦੇ ਚੇਅਰਮੈਨ ਸਤੀਸ਼ ਕੁਮਾਰ ਬੱਤਰਾ (ਫਰੰਟੀਅਰ ਕਲੌਥ ਹਾਊਸ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫਰੀ ਆਯੁਰਵੈਦਿਕ ਮੈਡੀਕਲ ਕੈਂਪ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਲਗਾਇਆ ਗਿਆ।ਫਾਊਂਡੇਸ਼ਨ ਦੇ ਪ੍ਰਬੰਧਕ ਪਰਮਜੀਤ ਸਿੰਘ ਚੱਗਰ ਤੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਨਿਗਰਾਨੀ ਹੇਠ ਆਯੋਜਿਤ ਇਸ ਕੈਂਪ ਦਾ ਉਦਘਾਟਨ ਅਰਚਨਾ ਬੱਤਰਾ ਪਤਨੀ ਸਤੀਸ਼ ਕੁਮਾਰ ਬੱਤਰਾ ਚੇਅਰਮੈਨ ਦਇਆਵੰਤੀ ਫਾਊਂਡੇਸ਼ਨ ਫ਼ਗਵਾੜਾ ਵਲੋਂ ਆਪਣੇ ਕਰ ਕਮਲਾਂ ਦੇ ਨਾਲ ਕੀਤਾ ਗਿਆ। ਕੈਂਪ ਦੌਰਾਨ ਡਾ. ਰੀਤੂ ਢੀਂਗਰਾ ਗਰੋਵਰ (ਬੀ ਏ ਐੱਮ ਐੱਸ, ਡੀ ਫਾਰਮੈਸੀ) ਤੇ ਸਹਾਇਕ ਪਰਮਿੰਦਰ ਸਿੰਘ ਦੀ ਟੀਮ ਨੇ 67 ਲੋੜਵੰਦ ਮਰੀਜ਼ਾ ਦੀਆਂ ਵੱਖ-ਵੱਖ ਬਿਮਾਰੀਆਂ ਦੀ ਜਾਂਚ ਕਰਕੇ ਲੋੜ ਅਨੁਸਾਰ ਫਰੀ ਦਵਾਈਆਂ ਦਿੱਤੀਆਂ। ਲੋੜਵੰਦ ਮਰੀਜਾਂ ਨੂੰ ਇਕ ਹਫਤੇ ਦੀ ਫਰੀ ਦਵਾਈ ਦੇਣ ਦੇ ਨਾਲ ਲੋੜ ਮੁਤਾਬਕ ਵਾਧੂ ਦਵਾਈ ਬੰਗਾ ਰੋਡ ਸਥਿਤ ਡਿਸਪੈਂਸਰੀ ਤੋਂ ਪ੍ਰਾਪਤ ਕਰਨ ਦੀ ਹਦਾਇਤ ਕੀਤੀ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਹਾਜ਼ਰੀਨ ਨੂੰ ਦੱਸਿਆ ਕਿ ਮਹਾਰਿਸ਼ੀ ਚਰਕ ਦੇ ਅਨੁਸਾਰ ਇੱਕ ਸਿਹਤਮੰਦ ਵਿਅਕਤੀ ਦੀ ਸਿਹਤ ਦੀ ਰੱਖਿਆ ਕਰਨ ਅਤੇ ਮਰੀਜ ਦੀ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰਨ ਦਾ ਗਿਆਨ ਆਯੁਰਵੇਦ ਪ੍ਰਣਾਲੀ ਵਿੱਚ ਮੌਜੂਦ ਹੈ। ਅਖੀਰ ਵਿੱਚ ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਨੇ ਸਮੂਹ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਤਬੀਰ ਸਿੰਘ ਸਾਬੀ, ਗੁਰਦੁਆਰਾ ਸਾਹਿਬ ਦੇ ਮੈਨੇਜਰ ਦੀਪਿਕਾ, ਭਾਈ ਨਰਿੰਦਰ ਸਿੰਘ ਹੈਡ ਗ੍ਰੰਥੀ, ਭਾਈ ਸੰਦੀਪ ਸਿੰਘ, ਮੀਤ ਗ੍ਰੰਥੀ ਸਿੰਘ, ਕਮਲ ਕੁਮਾਰ, ਮੋਹਨ ਲਾਲ ਤਨੇਜਾ, ਸੁਧਾ ਸ਼ਰਮਾ ਆਦਿ ਹਾਜ਼ਰ ਸਨ।

# ਬਾਡੀ ਬਿਲਡਿੰਗ ਮੁਕਾਬਲੇ 'ਚ ਹਰਜੋਤ ਰਾਏ ਬਣੇ ਓਵਰਆਲ ਚੈਂਪੀਅਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਗ਼ਦਰ ਪਾਰਟੀ ਦੇ ਬਾਨੀ ਖਜਾਨਚੀ ਸ਼ਹੀਦ ਕਾਂਸ਼ੀ ਰਾਮ ਦੀ ਯਾਦ ਵਿੱਚ ਮੋਰਿੰਡਾ ਵਿਖੇ ਭਾਰਤ ਦੇ ਸਭ ਤੋਂ ਵੱਡੇ ਬਾਡੀ ਬਿਲਡਿੰਗ ਮੁਕਾਬਲਾ ਇੰਡੀਆ ਕਲਾਸਿਕ 2026 ਕਰਵਾਇਆ ਗਿਆ। ਇਸ ਦੌਰਾਨ ਪੰਜਾਬ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਤੇ 90 ਕਿਲੋ ਤੋਂ ਉੱਪਰ ਭਾਰ ਵਰਗ ਵਿੱਚ ਹਰਜੋਤ ਰਾਏ ਨੇ ਪਹਿਲਾ ਸਥਾਨ ਹਾਸਲ ਕਰਕੇ ਓਵਰਆਲ ਖਿਤਾਬ ਆਪਣੇ ਨਾਂਅ ਕੀਤਾ। ਪੰਜਾਬ ਐਮੇਚਰ ਬਾਡੀ ਬਿਲਡਿੰਗ ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਅਕਸ਼ੇ ਜੋਸ਼ੀ ਤੇ ਜਨਰਲ ਸਕੱਤਰ ਰਵੀ ਕੁਮਾਰ ਪ੍ਰਸ਼ਾਰ ਨੇ ਦੱਸਿਆ ਕਿ ਇਸ ਮੁਕਾਬਲੇ ਦਾ ਉਦਘਾਟਨ ਸਾਬਕਾ ਡੀ ਜੀ ਪੀ ਰਜਿੰਦਰ ਸਿੰਘ ਤੇ ਫਿਲਮੀ ਕਲਾਕਾਰ ਗੁਰਜੀਤ ਸਿੰਘ ਵਲੋਂ ਕੀਤਾ ਗਿਆ ਜਦੋਂ ਕਿ ਜੇਤੂ ਨੌਜਵਾਨਾਂ ਨੂੰ ਇਨਾਮਾਂ ਦੀ ਵੰਡ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵਲੋਂ ਕੀਤੀ ਗਈ। ਇਸ ਮੁਕਾਬਲੇ ਵਿੱਚ ਪੰਜ ਲੱਖ ਰੁਪਏ ਤੋਂ ਵੱਧ ਨਕਦ ਇਨਾਮ ਵੰਡੇ ਗਏ। ਦੇਸ਼ ਦੇ ਹਰ ਕੋਨੇ ਤੋਂ ਮਸ਼ਹੂਰ ਬਾਡੀ ਬਿਲਡਰ ਤੇ ਫਿਟਨੈੱਸ ਖਿਡਾਰੀ ਇੱਥੇ ਪਹੁੰਚੇ। ਮੁਕਾਬਲੇ ਵਿੱਚ 188 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ ਤੇ ਦਰਸ਼ਕਾਂ ਦਾ ਭਾਰੀ ਇਕੱਠ ਵੀ ਦੇਖਣ ਨੂੰ ਮਿਲਿਆ।ਵੱਖ-ਵੱਖ ਭਾਰ ਵਰਗਾਂ ਦੇ ਨਤੀਜਿਆਂ ਅਨੁਸਾਰ 60 ਕਿਲੋ ਵਰਗ ਵਿੱਚ ਵਿਸ਼ਾਲ ਚੋਪੜਾ ਪਹਿਲੇ, ਗੋਪਾਲ ਬੋਰਾ ਦੂਜੇ ਅਤੇ ਰਾਜ ਮੁਰਾਰ ਤੀਜੇ ਸਥਾਨ 'ਤੇ ਰਹੇ। 60 ਤੋਂ 70 ਕਿਲੋ ਵਰਗ ਵਿੱਚ ਮਨਪ੍ਰੀਤ ਸਿੰਘ ਨੇ ਪਹਿਲਾ, ਦਲੀਪ ਨੇ ਦੂਜਾ ਅਤੇ ਸੁਮਿਤ ਸ਼ੁਕਲਾ ਨੇ ਤੀਜਾ ਸਥਾਨ ਹਾਸਲ ਕੀਤਾ। 70 ਤੋਂ 80 ਕਿਲੋ ਵਰਗ ਵਿੱਚ ਸੁਰੇਸ਼ ਕੁਮਾਰ ਪਹਿਲੇ, ਵਿਕਰਮ ਸਿੰਘ ਤੋਮਰ ਦੂਜੇ ਅਤੇ ਗੌਰਵ ਤੀਜੇ ਸਥਾਨ 'ਤੇ ਰਹੇ। 80 ਤੋਂ 90 ਕਿਲੋ ਵਰਗ ਵਿੱਚ ਪੁਸ਼ਪ ਕੁਮਾਰ ਨੇ ਪਹਿਲਾ, ਮੋਹਨ ਨੇ ਦੂਜਾ ਅਤੇ ਦਲਜੀਤ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। 90 ਕਿਲੋ ਤੋਂ ਉੱਪਰ ਭਾਰ ਵਰਗ ਵਿੱਚ ਹਰਜੋਤ ਰਾਏ ਪਹਿਲੇ, ਮਨਪ੍ਰੀਤ ਸਿੰਘ ਦੂਜੇ ਅਤੇ ਲਲਿਤ ਦਲਾਲ ਤੀਜੇ ਸਥਾਨ 'ਤੇ ਰਹੇ। ਪੁਰਸ਼ ਸ਼ਰੀਰਿਕ ਬਣਤਰ ਮੁਕਾਬਲੇ ਵਿੱਚ 5 ਫੁੱਟ 7 ਇੰਚ ਤੋਂ ਘੱਟ ਲੰਬਾਈ ਵਾਲੇ ਵਰਗ ਵਿੱਚ ਭਾਰਤ ਕੌਸ਼ਲ ਪਹਿਲੇ, ਸਰਬਜੋਤ ਸਿੰਘ ਦੂਜੇ ਤੇ ਸਾਗਰ ਮੋਰੀਆ ਤੀਜੇ ਸਥਾਨ 'ਤੇ ਰਹੇ, ਜਦਕਿ 5 ਫੁੱਟ 7 ਇੰਚ ਤੋਂ ਵੱਧ ਲੰਬਾਈ ਵਾਲੇ ਵਰਗ ਵਿੱਚ ਪੁਸ਼ਪ ਕੁਮਾਰ ਪਹਿਲੇ, ਸਮੀਰ ਬੇਨੀਵਾਲ ਦੂਜੇ ਅਤੇ ਨਿਪਨ ਮੁੰਡਲ ਤੀਜੇ ਸਥਾਨ 'ਤੇ ਰਹੇ। ਪੁਰਸ਼ ਸ਼ਰੀਰਿਕ ਬਣਤਰ ਦਾ ਕੁੱਲ ਖਿਤਾਬ ਭਾਰਤ ਕੌਸ਼ਲ ਨੇ ਆਪਣੇ ਨਾਂਅ ਕੀਤਾ।



# ਸਾਲਾਨਾ ਖੇਡ ਮੇਲਾ ਸੰਪੰਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਰਿਸਰਚ ਸੈਂਟਰ, ਪੰਜਾਬ ਵੱਲੋਂ ਆਯੋਜਿਤ ਸਾਲਾਨਾ ਖੇਡ ਮੇਲਾ 'ਮੈਟਾਪਲੇਜ਼ੀਆ 2026' 22 ਫ਼ਰਵਰੀ ਨੂੰ ਬੜੇ ਉਤਸ਼ਾਹ ਅਤੇ ਜੋਸ਼ ਨਾਲ ਸਮਾਪਤ ਹੋਇਆ। ਖੇਡ ਭਾਵਨਾ ਤੇ ਟੀਮ ਵਰਕ ਦੇ ਹਫ਼ਤੇ ਭਰ ਚੱਲੇ ਇਸ ਸਮਾਗਮ ਦੀ ਸ਼ੁਰੂਆਤ 16 ਫ਼ਰਵਰੀ ਨੂੰ ਹੋਈ ਸੀ, ਜਿਸ ਵਿੱਚ ਨਿਊ ਚੰਡੀਗੜ੍ਹ ਤੇ ਸੰਗਰੂਰ ਦੇ ਦੋਵੇਂ ਯੂਨਿਟਾਂ ਦੇ ਫੈਕਲਟੀ ਮੈਂਬਰਾਂ, ਰੈਜ਼ੀਡੈਂਟ ਡਾਕਟਰਾਂ, ਨਰਸਿੰਗ ਅਫਸਰਾਂ, ਵਿਦਿਆਰਥੀਆਂ ਤੇ ਸਟਾਫ਼ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਸਮਾਪਨ ਸਮਾਰੋਹ ਵਿੱਚ ਡਾ. ਜਯੋਤਸਨਾ ਸਿੰਘ, ਡਾਇਰੈਕਟਰ, ਐੱਨ ਐੱਮ ਆਈ ਐੱਮ ਐੱਸ, ਚੰਡੀਗੜ੍ਹ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਤਸ਼ ਫਾਊਂਡੇਸ਼ਨ ਦੇ ਸੀ ਈ ਓ ਸੰਜੀਵ ਸ਼ਰਮਾ ਵੀ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਡਾ. ਅਸ਼ੀਸ਼ ਗੁਲੀਆ, ਡਾਇਰੈਕਟਰ, ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਰਿਸਰਚ ਸੈਂਟਰ, ਪੰਜਾਬ ਨੇ ਖੇਡਾਂ ਦੀ ਸੰਸਥਾਗਤ ਮੁੱਲਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਤਾ ਉਜਾਗਰ ਕੀਤੀ। ਮੈਟਾਪਲੇਜ਼ੀਆ 2026 ਸਿਹਤ ਸੇਵਾ ਪੇਸ਼ੇਵਰਾਂ ਵਿੱਚ ਸੰਤੁਲਿਤ ਵਿਕਾਸ ਨੂੰ ਉਤਸ਼ਾਹਿਤ ਕਰਨ ਦਾ ਸ਼ਾਨਦਾਰ ਉਦਾਹਰਨ ਹੈ। ਮੇਲੇ ਦਾ ਸਮਾਪਨ ਜੇਤੂਆਂ ਨੂੰ ਇਨਾਮ ਵੰਡ ਕੇ ਕੀਤਾ ਗਿਆ, ਜਿਸ ਨਾਲ ਸੰਸਥਾ ਦੀ ਟੀਮ ਵਰਕ, ਸ਼ਾਰੀਰਿਕ ਤੰਦਰੁਸਤੀ ਅਤੇ ਸਕਾਰਾਤਮਕ, ਸਹਿਯੋਗਾਤਮਕ ਕਾਰਜ ਮਾਹੌਲ ਨੂੰ ਵਧਾਵਾ ਦੇਣ ਦੀ ਵਚਨਬੱਧਤਾ ਦੁਬਾਰਾ ਸਾਬਤ ਹੋਈ।



# ਸਰਬ ਨੌਜਵਾਨ ਸਭਾ ਨੇ ਲੋੜਵੰਦ ਨੂੰ ਭੇਟ ਕੀਤੀ ਟਰਾਈ ਸਾਈਕਲ

**ਫਗਵਾੜਾ (ਡਾ. ਰਮਨ)**- ਸਰਬ ਨੌਜਵਾਨ ਸਭਾ ਫਗਵਾੜਾ ਵੱਲੋਂ ਗੁਰੂ ਮਾਂ ਸਵਰਨ ਦੇਵਾ ਯੂ ਕੇ ਦੇ ਅਸ਼ੀਰਵਾਦ ਸਦਕਾ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਇੱਕ ਹੋਰ ਪ੍ਰੇਰਨਾਦਾਇਕ ਉਪਰਾਲਾ ਕਰਦਿਆਂ ਇੱਕ ਲੋੜਵੰਦ ਅੰਗਹੀਣ ਨੂੰ ਟਰਾਈ ਸਾਈਕਲ ਭੇਟ ਕੀਤੀ ਗਈ ਹੈ। ਇਸ ਮੌਕੇ ਗੁਰੂ ਮਾਂ ਸਵਰਨ ਦੇਵਾ ਨੇ ਆਪਣੇ ਕਰ ਕਮਲਾਂ ਨਾਲ ਟਰਾਈ ਸਾਈਕਲ ਭੇਟ ਕਰਦਿਆਂ ਕਿਹਾ ਕਿ ਸੱਚੀ ਸੇਵਾ ਉਹੀ ਹੈ ਜੋ ਕਿਸੇ ਲੋੜਵੰਦ ਦੇ ਚਿਹਰੇ 'ਤੇ ਮੁਸਕਾਨ ਲਿਆ ਸਕੇ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਅਸਲ ਅਤੇ ਸੱਚੀ ਭਗਤੀ ਹੈ ਤੇ ਸਾਨੂੰ ਹਮੇਸ਼ਾ ਪਰਮਾਤਮਾ ਦੇ ਸ਼ੁਕਰਗੁਜ਼ਾਰ ਰਹਿਣਾ ਚਾਹੀਦਾ ਹੈ ਕਿ ਉਹ ਸਾਨੂੰ ਕਿਸੇ ਦੀ ਮੱਦਦ ਕਰਨ ਦੇ ਯੋਗ ਬਣਾਈ ਰੱਖੇ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਕਿਹਾ ਕਿ ਸੰਸਥਾ ਦਾ ਹਮੇਸ਼ਾ ਇਹੋ ਯਤਨ ਰਹਿੰਦਾ ਹੈ ਕਿ ਲੋੜਵੰਦ ਭੈਣ-ਭਰਾਵਾਂ ਦੀ ਵੱਧ ਤੋਂ ਵੱਧ ਮੱਦਦ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਗੁਰੂ ਮਾਂ ਸਵਰਨ ਦੇਵਾ ਦੇ ਅਸ਼ੀਰਵਾਦ ਨਾਲ ਹੀ ਇਹ ਨੇਕ ਸੇਵਾ ਕਾਰਜ ਸੰਭਵ ਹੋ ਸਕਿਆ ਹੈ ਅਤੇ ਭਵਿੱਖ ਵਿੱਚ ਵੀ ਮਨੁੱਖਤਾ ਦੀ ਭਲਾਈ ਦੇ ਉਪਰਾਲੇ ਜਾਰੀ ਰੱਖੇ ਜਾਣਗੇ। ਇਸ ਦੌਰਾਨ ਪਹੁੰਚੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਡਾ. ਗੁਰਦੀਪ ਸਿੰਘ ਨੇ ਕਿਹਾ ਕਿ ਟਰਾਈ ਸਾਈਕਲ ਲੋੜਵੰਦ ਲਈ ਸਵੈ-ਨਿਰਭਰਤਾ ਵੱਲ ਵਧਣ ਦਾ ਪਹਿਲਾ ਕਦਮ ਹੈ, ਜਿਸ ਨਾਲ ਉਹ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਖੁਦ-ਮੁਖਤਿਆਰ ਹੋ ਸਕੇਗਾ। ਇਸ ਮੌਕੇ ਸਮਾਜ ਸੇਵਕ ਗੁਰਦੀਪ ਸਿੰਘ ਤੁਲੀ, ਵਿੱਕੀ ਸਿੰਘ ਯੂਥ ਆਪ ਆਗੂ, ਪਰਮਜੀਤ ਰਾਏ, ਨਰਿੰਦਰ ਸੈਣੀ, ਆਰ.ਪੀ. ਸ਼ਰਮਾ, ਅਨੂਪ ਦੁੱਗਲ ਤੇ ਬਲਿਹਾਰ ਚੰਦ ਆਦਿ ਹਾਜ਼ਰ ਸਨ।



# ਮਹੇੜੂ ਵਿਖੇ ਕਰਵਾਇਆ ਦੋ ਰੋਜ਼ਾ ਕਬੱਡੀ ਟੂਰਨਾਮੈਂਟ



**ਫਗਵਾੜਾ (ਡਾ. ਰਮਨ)**- ਯੰਗ ਫਾਰਮਰ ਸਪੋਰਟਸ ਕਲੱਬ ਐਂਡ ਵੈਲਫੇਅਰ ਸੁਸਾਇਟੀ ਮਹੇੜੂ ਵਲੋਂ ਤੀਜਾ ਦੋ ਰੋਜਾ ਕਬੱਡੀ ਟੂਰਨਾਮੈਂਟ ਐੱਨ ਆਰ ਆਈ, ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਕਬੱਡੀ ਆਲ ਓਪਨ 'ਚ ਫਗਵਾੜਾ ਤੋਂ ਇਲਾਵਾ ਸ਼ਾਹਕੋਟ, ਨਕੋਦਰ, ਸੁਰਖਪੁਰ, ਰਹੀਮਪੁਰ (ਜਲੰਧਰ) ਤੇ ਨਿਊਜ਼ੀਲੈਂਡ ਤੋਂ ਆਈ ਟੀਮ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਜੇਤੂ ਟੀਮ ਨੂੰ ਪਹਿਲਾ ਇਨਾਮ 1 ਲੱਖ ਰੁਪਏ, ਰਨਰਅੱਪ ਟੀਮ ਨੂੰ 75 ਹਜ਼ਾਰ ਰੁਪਏ ਅਤੇ ਬੈਸਟਾਂ ਨੂੰ 31-31 ਹਜ਼ਾਰ ਰੁਪਏ ਨਗਦ ਇਨਾਮਾਂ ਨਾਲ ਨਵਾਜਿਆ ਗਿਆ। ਇਸ ਤੋਂ ਇਲਾਵਾ ਪਿੰਡ ਪੱਧਰ ਤੇ ਮੁਕਾਬਲੇ ਵੀ ਕਰਵਾਏ ਗਏ। ਜਿਸ ਵਿੱਚ ਮਹੇੜੂ, ਤਲਬਣ, ਸਰਹਾਲੀ, ਮਾਹਲਪੁਰ ਸ਼ਹੀਦਾਂ ਦੀਆਂ ਟੀਮਾਂ ਨੇ ਉਤਸ਼ਾਹ ਦੇ ਨਾਲ ਹਿੱਸਾ ਲਿਆ। ਜੇਤੂ ਟੀਮ ਤੇ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਕਰਨ ਲਈ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਅਤੇ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ (ਹਰਜੀ) ਮਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਉਹਨਾਂ ਪ੍ਰਬੰਧਕਾਂ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਦਾ ਇਹ ਬਹੁਤ ਵਧੀਆ ਉਪਰਾਲਾ ਹੈ। ਕਬੱਡੀ ਪੰਜਾਬ ਦੀ ਰਵਾਇਤੀ ਖੇਡ ਹੋਣ ਦੇ ਨਾਤੇ ਪੰਜਾਬੀ ਸੱਭਿਆਚਾਰ ਦਾ ਅੰਗ ਵੀ ਹੈ। ਰਾਣੀ ਸਰਪੰਚ ਮਹੇੜੂ, ਅਜੇ ਕੁਮਾਰ ਹੈਪੀ ਬਲਾਕ ਸੰਮਤੀ ਮੈਂਬਰ, ਅਮਰਿੰਦਰ ਸਿੰਘ ਯੂਥ ਕੋਆਰਡੀਨੇਟਰ, ਰਵੀ ਕੁਮਾਰ ਮੰਤਰੀ, ਰਾਕੇਸ਼ ਕੁਮਾਰ ਕੇਸ਼ੀ ਕੋਆਰਡੀਨੇਟਰ ਵਿਰਾਸਤ ਸੇਵਾ ਸੰਗਠਨ, ਦਵਿੰਦਰ ਸਿੰਘ ਮਾਧੋਪੁਰ, ਤੀਰਥ ਰਾਮ ਜੱਸੜ, ਅਮਰਜੀਤ ਜੱਸੜ, ਤਰਲੋਕ ਸਿੰਘ ਮੱਲ੍ਹੀ, ਪਰਮਜੀਤ ਸਿੰਘ ਰਾਏਪੁਰ, ਕਿਰਪਾਲ ਸਿੰਘ ਮੱਲ੍ਹੀ, ਅਮਰੀਕ ਪੰਚ, ਗੁਰਮੀਤ ਕੌਰ ਪੰਚ, ਡਾ. ਬਲਵਿੰਦਰ ਕੁਮਾਰ, ਜਸਵਿੰਦਰ ਕੌਰ ਪੰਚ, ਸੰਤੋਸ਼ ਸੰਧੂ ਪੰਚ, ਸਤਬੀਰ ਸਿੰਘ, ਗੁਰਜੀਤ ਪਨੇਸਰ, ਅਮਨਦੀਪ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡ ਦੇ ਪਤਵੰਤੇ ਤੇ ਖੇਡ ਪ੍ਰੇਮੀ ਹਾਜ਼ਰ ਸਨ।

# ਸਰਕਾਰ ਨੇ ਬਜ਼ੁਰਗਾਂ ਦਾ ਹਮੇਸ਼ਾ ਸਨਮਾਨ ਕੀਤਾ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਬਜ਼ੁਰਗ ਸਾਡੇ ਸਨਮਾਨਯੋਗ ਹਨ ਅਤੇ ਉਨ੍ਹਾਂ ਦੀ ਸੁਰੱਖਿਆ ਤੇ ਸਨਮਾਨ ਕਰਨਾ ਸਾਡੀ ਸਰਕਾਰ ਦੀ ਸਰਵੋਚ ਪ੍ਰਾਥਮਿਕਤਾ ਹੈ। ਮੁੱਖ ਮੰਤਰੀ ਹਰਿਆਣਾ ਵਿਧਾਨਸਭਾ ਦੇ ਬਜਟ ਸੈਸ਼ਨ ਦੌਰਾਨ ਪੈਨਸ਼ਨ ਕੱਟਣ ਦੇ ਸਬੰਧ ਵਿੱਚ ਇੱਕ ਸੁਆਲ ਦੇ ਸਬੰਧ ਵਿੱਚ ਬੋਲ ਰਹੇ ਸਨ। ਉਨ੍ਹਾਂ ਨੇ ਸਪਸ਼ਟ ਕੀਤਾ ਕਿ ਪ੍ਰਧਾਨ ਮੰਤਰੀ ਨਰਿਦਰ ਮੋਦੀ ਨੇ ਆਪਣੇ ਸੰਕਲਪ ਪੱਤਰ ਵਿੱਚ ਇਹ ਸਪਸ਼ਟ ਕੀਤਾ ਹੈ ਕਿ 70 ਸਾਲ ਤੋਂ ਉੱਪਰ ਦੇ ਬਜ਼ੁਰਗ ਜੇਕਰ ਕਿਸੇ ਬੀਮਾਰੀ ਤੋਂ ਪੀੜਤ ਹੁੰਦੇ ਹਨ, ਤਾਂ ਉਨ੍ਹਾਂ ਦੇ ਪਰਿਵਾਰ ਨੂੰ ਇਲਾਜ ਦੀ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੈ। ਉਨ੍ਹਾਂ ਦੇ ਇਲਾਜ ਦੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਹਰਿਆਣਾ ਸਰਕਾਰ ਨੇ ਵਿਵਸਥਾ ਕਰਦੇ ਹੋਏ 5 ਲੱਖ ਰੁਪਏ ਤੱਕ ਰਕਮ ਯਕੀਨੀ ਕਰ ਰੱਖੀ ਹੈ। ਉਨ੍ਹਾਂ ਨੇ ਕਿਹਾ ਕਿ ਪੈਨਸ਼ਨ ਦੇ ਸਬੰਧ ਵਿੱਚ ਜੇਕਰ ਕੋਈ ਸ਼ਿਕਾਇਤ ਆਉਂਦੀ ਹੈ ਤਾਂ ਉਸ ਨੂੰ ਤਸਦੀਕ ਕਰਨਾ ਸਰਕਾਰ ਦੀ ਜਿਮੇਵਾਰੀ ਹੈ। ਤਸਦੀਕ ਦੀ ਪ੍ਰਕ੍ਰਿਆ ਦੌਰਾਨ ਪੈਨਸ਼ਨ ਨੂੰ ਹੋਲਡ ਕਰ ਦਿੱਤਾ ਜਾਂਦਾ, ਪਰ ਤਸਦੀਕ ਪੂਰਾ ਹੁੰਦੇ ਹੀ ਰਕਮ ਜਾਰੀ ਕਰ ਦਿੱਤੀ ਜਾਂਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਬਜ਼ੁਰਗਾਂ ਦੇ ਲਈ ਪਾਰਦਰਸ਼ੀ, ਸਨਮਾਨਜਨਕ ਅਤੇ ਸਹੂਲਤਜਨਕ ਵਿਵਸਥਾ ਬਣਾਈ ਹੈ।

# ਰਾਜਪਾਲ ਨੇ ਹੁਸ਼ਿਆਰਪੁਰ ਵਿਲੇਜ ਡਿਫੈਂਸ ਕਮੇਟੀ ਮੈਂਬਰਾਂ ਨਾਲ ਕੀਤੀ ਮੁਲਾਕਾਤ



**ਹੁਸ਼ਿਆਰਪੁਰ, (ਓ ਪੀ ਰਾਣਾ)**- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਹੁਸ਼ਿਆਰਪੁਰ ਵਿਖੇ ਵਿਲੇਜ ਡਿਫੈਂਸ ਕਮੇਟੀ (ਵੀ ਡੀ ਸੀ) ਦੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਕਰਦਿਆਂ ਪਿੰਡ ਪੱਧਰ 'ਤੇ ਸੁਰੱਖਿਆ ਪ੍ਰਬੰਧ ਮਜ਼ਬੂਤ ਕਰਨ ਤੇ ਨਸ਼ਾ ਤਸਕਰੀ ਰੋਕਣ ਲਈ ਜਾਗਰੂਕਤਾ ਵਧਾਉਣ 'ਤੇ ਜ਼ੋਰ ਦਿੱਤਾ। ਰਾਜਪਾਲ ਨੇ ਕਿਹਾ ਕਿ ਵੀ ਡੀ ਸੀ ਮੈਂਬਰ ਪਿੰਡਾਂ ਵਿੱਚ ਕਾਨੂੰਨ-ਵਿਵਸਥਾ ਬਣਾਈ ਰੱਖਣ, ਲੋਕਾਂ ਨੂੰ ਸੁਚੇਤ ਕਰਨ ਤੇ ਸ਼ਾਂਤੀਪੂਰਨ ਮਾਹੌਲ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਨੇ ਮੈਂਬਰਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਨੌਜਵਾਨਾਂ ਨੂੰ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਪਿੰਡਾਂ ਦੇ ਵਿਕਾਸ ਕਾਰਜਾਂ ਵਿੱਚ ਭਾਗੀਦਾਰੀ ਲਈ ਉਤਸ਼ਾਹਿਤ ਕਰਨ ਤਾਂ ਜੋ ਉਹ ਨਕਾਰਾਤਮਕ ਰੁਝਾਨਾਂ ਤੋਂ ਦੂਰ ਰਹਿ ਸਕਣ ਉਨ੍ਹਾਂ ਨੇ ਕਿਹਾ ਕਿ ਜੇਕਰ ਕਿਸੇ ਖੇਤਰ ਵਿੱਚ ਨਸ਼ਾ ਤਸਕਰੀ ਜਾਂ ਸ਼ੱਕੀ ਗਤੀਵਿਧੀਆਂ ਬਾਰੇ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਸੂਚਨਾ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਹਰ ਸੰਭਵ ਸਹਿਯੋਗ ਪ੍ਰਦਾਨ ਕਰੇਗਾ।

# ਐੱਸ ਡੀ ਐੱਮ ਨੇ ਚਾਰਜ ਸੰਭਾਲਿਆ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੈਡਮ ਸੁਰਿੰਦਰ ਕੌਰ ਨੇ ਤਹਿਸੀਲ ਮੋਰਿੰਡਾ ਵਿਖੇ ਐੱਸ ਡੀ ਐੱਮ ਵਜੋਂ ਅਹੁਦੇ ਦਾ ਚਾਰਜ ਸੰਭਾਲਿਆ। ਮੈਡਮ ਸੁਰਿੰਦਰ ਕੌਰ ਇਸ ਤੋਂ ਪਹਿਲਾਂ ਮਲੇਰਕੋਟਲਾ ਵਿਖੇ ਐੱਸ ਡੀ ਐੱਮ. ਵਜੋਂ ਸੇਵਾ ਨਿਭਾ ਚੁੱਕੇ ਹਨ। ਸੁਰਿੰਦਰ ਕੌਰ ਨੇ ਪੱਤਰਕਾਰਾਂ ਨਾਲ ਗਲਬਾਤ ਕਰਦਿਆਂ ਆਖਿਆ ਕਿ ਉਹ ਇਲਾਕੇ ਦੀਆਂ ਸਮੱਸਿਆਂ ਦੀ ਜਾਣਕਾਰੀ ਹਾਸਲ ਕਰਕੇ ਉਹਨਾਂ ਨੂੰ ਛੇਤੀ ਤੋਂ ਛੇਤੀ ਹੱਲ ਕਰਵਾਉਣ ਦਾ ਯਤਨ ਕਰਨਗੇ। ਇਸ ਮੌਕੇ ਤਹਿਸੀਲਦਾਰ ਮੋਰਿੰਡਾ ਸੁਰਿੰਦਰ ਪਾਲ ਸਿੰਘ, ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਕਸ਼ਮੀਰੀ ਲਾਲ ਨਾਫਰੀ, ਜਸਪ੍ਰੀਤ ਸਿੰਘ ਕਲਸੀ, ਕੁਲਦੀਪ ਸਿੰਘ ਮਲੋਆ, ਬਲਵਿੰਦਰ ਸਿੰਘ, ਮਲਕੀਤ ਸਿੰਘ ਆਦਿ ਸਟਾਫ ਮੈਂਬਰ ਤੇ ਪਤਵੰਤੇ ਸੱਜਣ ਹਾਜ਼ਰ ਸਨ।

# ਖ਼ੂਨਦਾਨ ਕੈਂਪ 'ਚ 283 ਯੂਨਿਟ ਖ਼ੂਨ ਇਕੱਤਰ ਕੀਤਾ

**ਦਸੂਹਾ (ਕਰਨੈਲ ਮਾਂਗਟ)**- ਦਸੂਹਾ ਵਿਖੇ ਮਾਨਵਤਾ ਦੀ ਸੇਵਾ ਕਰ ਰਹੀ ਸਮਾਜ ਸੇਵੀ ਸੰਸਥਾ ਬਲੱਡ ਡੋਨਰਜ਼ ਐਂਡ ਵੈਲਫੇਅਰ ਸੁਸਾਇਟੀ ਦਸੂਹਾ ਵੱਲੋਂ ਆਰਮੀ ਗਰਾਊਂਡ ਦਸੂਹਾ ਵਿਖੇ 200ਵਾਂ (ਡਬਲ ਸੈਂਚਰੀ ) ਸਾਲਾਨਾ ਵਿਸ਼ਾਲ ਮੈਗਾ ਖ਼ੂਨਦਾਨ ਕੈਂਪ ਅਤੇ 9ਵਾਂ ਐਵਾਰਡ ਵੰਡ ਸਮਾਗਮ ਕਰਵਾਇਆ ਗਿਆ, ਜਿਸ ਵਿਚ ਇਲਾਕੇ ਤੋਂ ਭਾਰੀ ਗਿਣਤੀ ਨੌਜਵਾਨ ਤੇ ਔਰਤਾਂ ਪਹੁੰਚੇ ਤੇ ਬੜੇ ਉਤਸ਼ਾਹ ਨਾਲ ਖ਼ੂਨਦਾਨ ਕੀਤਾ। ਇਸ ਮੌਕੇ ਬਲੱਡ ਬੈਂਕ ਸਿਵਲ ਹਸਪਤਾਲ ਦਸੂਹਾ, ਬਲੱਡ ਬੈਂਕ ਸਿਵਲ ਹਸਪਤਾਲ ਹੁਸ਼ਿਆਰਪੁਰ, ਬਲੱਡ ਬੈਂਕ ਸਿਵਲ ਹਸਪਤਾਲ ਮੁਕੇਰੀਆਂ, ਰਾਜ ਬਲੱਡ ਬੈਂਕ ਪਠਾਨਕੋਟ ਦੀਆਂ ਟੀਮਾਂ ਇਸ ਕੈਂਪ ਵਿੱਚ ਪਹੁੰਚੀਆਂ ਤੇ ਖ਼ੂਨਦਾਨੀਆਂ ਵੱਲੋਂ ਦਿੱਤਾ ਖ਼ੂਨ ਇਕੱਤਰ ਕੀਤਾ। ਇਸ ਮੌਕੇ ਕੈਂਪ ਵਿੱਚ 283 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਇਸ ਕੈਂਪ ਦੇ ਮੁੱਖ ਮਹਿਮਾਨ ਮੁਕੇਸ਼ ਰੰਜਨ ਐੱਮ ਡੀ (ਐੱਮ ਆਰ ਸੀ ਇਨਫਰਾਕੋਨ ਲਿਮਟਿਡ), ਡਾਇਰੈਕਟਰ ਰਾਘਵ ਰੰਜਨ, ਹਲਕਾ ਵਿਧਾਇਕ ਐਡਵੋਕੇਟ ਕਰਮਬੀਰ ਸਿੰਘ ਘੁੰਮਣ, ਸੁਸ਼ੀਲ ਕੁਮਾਰ ਪਿੰਕੀ , ਵਿਸ਼ਾਲ ਖੋਸਲਾ ਐੱਮ ਡੀ ਹੋਟਲ ਵਿਰਾਟ ਕਿੰਗ, ਰਵਿੰਦਰ ਰਵੀ ਸ਼ਿੰਗਾਰੀ, ਪੰਡਿਤ ਪਵਨ ਸ਼ਰਮਾ, ਡਾਕਟਰ ਅਜੇ ਚੋਪੜਾ ਡਾਇਰੈਕਟਰ ਚੋਪੜਾ ਮਾਲ ਦਸੂਹਾ, ਉੱਗੇ ਸਮਾਜ ਸੇਵੀ ਜੋਗਿੰਦਰ ਪਾਲ ਮਹਾਜਨ , ਪਰਮਿੰਦਰ ਸਿੰਘ ਅਰੋੜਾ ਸਾਬਕਾ ਪ੍ਰਧਾਨ ਰੋਟਰੀ ਕਲੱਬ ਦਸੂਹਾ, ਮੀਤ ਪ੍ਰਧਾਨ ਨਗਰ ਕੌਂਸਲ ਦਸੂਹਾ ਅਮਰਪ੍ਰੀਤ ਸਿੰਘ ਖਾਲਸਾ, ਚੇਅਰਮੈਨ ਮਾਰਕਿਟ ਕਮੇਟੀ ਦਸੂਹਾ ਕੰਵਲਪ੍ਰੀਤ ਸਿੰਘ ਕੇ.ਪੀ. ਸੰਧੂ, ਮਾਨਵ ਸੈਣੀ, ਮੈਡਮ ਸ਼ਬਨਮ, ਅੰਸ਼ੁਲ ਖੰਨਾ ਪ੍ਰਧਾਨ ਦਸੂਹਾ ਮੈਡੀਕਲ ਐਸੋਸੀਏਸ਼ਨ, ਰਾਜੇਸ਼ ਮੁਹਾਜਨ, ਤੇ ਫਿਰ ਦਵਿੰਦਰ ਕੁਮਾਰ , ਵਿਸ਼ਾਲ ਕਸ਼ਯਪ, ਅੰਮ੍ਰਿਤ ਵਾਲੀਆ, ਮਨੂੰ ਕੰਦਰਾ, ਰੋਟਰੀ ਕਲੱਬ ਦਸੂਹਾ ਗ੍ਰੇਟਰ ਦੇ ਪ੍ਰਧਾਨ ਵਿਕਾਸ ਖੁੱਲਰ, ਸੈਕਟਰੀ ਵਿਜੇ ਤੁੱਲੀ, ਦਵਿੰਦਰ ਕੁਮਾਰ ਰੋਜੀ, ਨੀਰਜ ਵਾਲੀਆ, ਸੰਜੀਵ ਸ਼ਰਮਾ, ਅਮਰੀਕ ਸਿੰਘ ਗੱਗੀ ਪ੍ਰਧਾਨ ਵਪਾਰ ਮੰਡਲ ਦਸੂਹਾ, ਬਾਬਾ ਲਖਵੀਰ ਸਿੰਘ, ਪੰਕਜ ਚਾਂਦ, ਪ੍ਰਿੰਸੀਪਲ ਰਿਸ਼ਭ ਗੁਪਤਾ ਦਰਸ਼ਨ ਅਕੈਡਮੀ ਦਸੂਹਾ, ਅੰਤਰਰਾਸ਼ਟਰੀ ਗੋਲਡ ਮੈਡਲਿਸਟ ਸੋਹਨ ਲਾਲ ਰਾਜਪੂਤ, ਬਰਿੰਦਰ ਸਿੰਘ ਮਸੀਤੀ, ਕਮਲਪ੍ਰੀਤ ਸਿੰਘ ਹੈਪੀ, ਡਾਕਟਰ ਰਣਬੀਰ ਸਿੰਘ ਅਰੋੜਾ, ਵਿਵੇਕ ਗੁਪਤਾ, ਤਰਲੋਚਨ ਸਿੰਘ , ਅਮੋਲਕ ਹੁੰਦਲ, ਜਸਪਾਲ ਸਿੰਘ ਬਿੱਲਾ, ਦੀਪਕ ਕੁਮਾਰ ਕਾਂਸਟੇਬਲ ਬੀ ਐੱਸ ਐੱਫ ਵਿਸ਼ੇਸ਼ ਤੌਰ ਤੇ ਪਹੁੰਚੇ । ਇਸ ਮੌਕੇ ਐੱਮ.ਡੀ. ਮੁਕੇਸ਼ ਰੰਜਨ ਅਤੇ ਵਿਧਾਇਕ ਘੁੰਮਣ ਨੇ ਕਿਹਾ ਕਿ ਖ਼ੂਨਦਾਨ ਇੱਕ ਮਹਾਦਾਨ ਹੈ। ਇਸ ਮੌਕੇ ਬਲੱਡ ਡੋਨਰ ਐਂਡ ਵੈਲਫੇਅਰ ਸੋਸਾਇਟੀ ਦੇ ਸੰਸਥਾਪਕ ਮਨੀਸ਼ ਕਾਲੀਆ, ਪ੍ਰਧਾਨ ਪਰਮਿੰਦਰ ਬਬਲੂ, ਚੇਅਰਮੈਨ ਗੁਰਪ੍ਰੀਤ ਸਿੰਘ ਬਿੱਲਾ ਅਰੋੜਾ, ਸੈਕਟਰੀ ਰਾਹੁਲ ਕੁਮਾਰ, ਵਾਈਸ ਪ੍ਰਧਾਨ ਮਨੀਸ਼ ਚੌਧਰੀ, ਵਾਈਸ ਚੇਅਰਮੈਨ ਜਸਪਾਲ ਮਸੀਤੀ, ਕੈਂਪ ਇੰਚਾਰਜ ਸਿਮਰਨ ਸੰਧੂ, ਇਸਤਰੀ ਵਿੰਗ ਦੇ ਪ੍ਰਧਾਨ ਬਲਵਿੰਦਰ ਕੌਰ ਲਗਾਣਾ, ਪ੍ਰੈਸ ਸਕੱਤਰ ਨਵਦੀਪ ਕੁਮਾਰ ਗੌਤਮ ਤੇ ਨੰਬਰਦਾਰ ਤਜਿੰਦਰ ਸਿੰਘ, ਸੌਰਭ ਫੁੱਲ, ਬਜਿੰਦਰ ਸਿੰਘ, ਦਿਲਬਾਗ ਸਿੰਘ ਹਰਦੋਥਾਲਾ, ਸਨੀ ਅਰੋੜਾ, ਅਵਿਸ਼ੇਕ, ਯੋਧਾ, ਜਸਵੀਰ ਡਡਿਆਲੀ, ਹਿਮਾਂਸ਼ੂ ਕੌਂਡਲ ,ਰਵੀ ਸਰਿਆਨਾ, ਡਾਕਟਰ ਦਵਿੰਦਰ ਨਾਗਰਾ, ਦੀਪ ਰੌਨੀ, ਵਿਸ਼ਾਲ ਗਾਲੜੀ ਦਾ ਇਸ ਕੈਂਪ ਲਈ ਵਿਸ਼ੇਸ਼ ਸਹਿਯੋਗ ਰਿਹਾ।



# ਬੀਬੀ ਹਰਜੀਤ ਕੌਰ ਨੂੰ ਸਿਆਸੀ ਤੇ ਧਾਰਮਿਕ ਆਗੂਆਂ ਵੱਲੋਂ ਸ਼ਰਧਾਂਜਲੀਆਂ



**ਆਦਮਪੁਰ, (ਪਰਮਜੀਤ ਸਿੰਘ)**- 'ਆਪ' ਆਗੂ ਅਨੂਪ ਸਿੰਘ ਨੂਪੀ ਦੇ ਮਾਤਾ ਬੀਬੀ ਹਰਜੀਤ ਕੌਰ ਵਾਸੀ ਪਿੰਡ ਪੰਡੋਰੀ ਨਿੱਝਰਾਂ ਜੋ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ, ਦੀ ਅੰਤਿਮ ਅਰਦਾਸ ਗੁਰਦੁਆਰਾ ਸਿੰਘ ਸਭਾ ਪੰਡੋਰੀ ਨਿੱਝਰਾਂ ਵਿਖੇ ਹੋਈ। ਅਖੰਡ ਪਾਠ ਦੇ ਭੋਗ ਪਾਏ ਗਏ ਤੇ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਉਪਰੰਤ ਸਿਆਸੀ ਤੇ ਧਾਰਮਿਕ ਆਗੂ ਜਿਨ੍ਹਾਂ ਵਿਚ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ, ਹਰਕੀਤ ਸਿੰਘ ਭੇਲਾ ਕੁਆਰਡੀਨੇਟਰ ਕਿਸਾਨ ਵਿੰਗ ਆਪ ਆਦਮਪੁਰ, ਜਸਦਿਆਲ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬਹਿਰਾਮ ਸ਼ਰਿਸਤਾ, ਲਖਵੀਰ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪਤਾਰਾ, ਲਖਵੀਰ ਸਿੰਘ ਸਾਬਕਾ ਸਰਪੰਚ ਸਾਰੋਵਾਦ, ਮਨਜਿੰਦਰ ਸਿੰਘ ਅਟਵਾਲ ਯੂ ਐੱਸ ਏ, ਬਲਵਿੰਦਰ ਸਿੰਘ ਸੌਂਕੀ, ਜੱਸਾ ਸੰਘਵਾਲ, ਚਰਨਜੀਤ ਸਿੰਘ ਸ਼ੇਰੀ ਨੰਬਰਦਾਰ, ਸੰਜੀਵ ਗਾਂਧੀ, ਜਗਰੂਪ ਚਾਹਲ,ਜੱਸੀ ਲਾਲੀ,ਜਸਵਿੰਦਰ ਸਿੰਘ ਨਾਜਕਾ, ਅਮਰਜੀਤ ਸਿੰਘ ਪ੍ਰਧਾਨ, ਬੂਟਾ ਸਿੰਘ ਵਾਈਸ ਪ੍ਰਧਾਨ,ਹੈਪੀ ਸਰਪੰਚ ਨੰਗਲ ਫੀਦਾ,ਅਕਾਸ਼ਦੀਪ ਕਾਹਲੋਂ, ਸਤਨਾਮ ਸਿੰਘ, ਪਰਦੀਪ ਸਿੰਘ,ਮਦਨ ਲਾਲ, ਸੁੱਖਦੀਪ ਸਿੰਘ, ਰਾਗਵ,ਹਰਜੀਤ ਸਿੰਘ, ਵੱਲੋਂ ਬੀਬੀ ਹਰਜੀਤ ਕੌਰ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸਮਾਪਤੀ ਉਪਰੰਤ ਆਪ ਆਗੂ ਅਨੂਪ ਨੂਪੀ ਵੱਲੋਂ ਦੁੱਖ ਦੀ ਘੜੀ ਵਿਚ ਹਾਜ਼ਰ ਹੋਣ ਵਾਲਿਆਂ ਦਾ ਧੰਨਵਾਦ ਕੀਤਾ ਗਿਆ।

# ਪਿੰਡਾਂ ਦੇ ਵਿਕਾਸ ਲਈ 12.97 ਕਰੋੜ ਦੇ ਚੈੱਕ ਜਾਰੀ

**ਬੰਗਾ (ਅਵਤਾਰ ਕਲੇਰ)**- ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਹਲਕੇ ਦੇ ਸਮੁੱਚੇ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ ਵੱਖ-ਵੱਖ ਪਿੰਡਾਂ ਵਿੱਚ ਚੱਲ ਰਹੇ ਤੇ ਆਉਣ ਵਾਲੇ ਵਿਕਾਸ ਕਾਰਜਾਂ ਲਈ 12.97 ਕਰੋੜ ਰੁਪਏ ਦੇ ਚੈਕ ਜਾਰੀ ਕੀਤੇ ਗਏ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਗਲੀਆਂ-ਨਾਲੀਆਂ, ਪੀਣਯੋਗ ਪਾਣੀ, ਸੀਵਰੇਜ, ਕਮਿਊਨਿਟੀ ਸੈਂਟਰਾਂ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪ੍ਰਥਮ ਤਰਜੀਹ ਹੈ। ਜਾਰੀ ਕੀਤੀ ਗਈ ਇਹ ਰਕਮ ਵੱਖ-ਵੱਖ ਪਿੰਡਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਕਾਸ ਪ੍ਰੋਜੈਕਟਾਂ ’ਤੇ ਖਰਚ ਕੀਤੀ ਜਾਵੇਗੀ, ਤਾਂ ਜੋ ਲੋਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਡਾ. ਸੁੱਖੀ ਨੇ ਦੱਸਿਆ ਕਿ ਸਰਕਾਰ ਦੀ ਲੋਕ-ਭਲਾਈ ਨੀਤੀ ਅਧੀਨ ਹਲਕੇ ਵਿੱਚ ਬਿਨਾਂ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੱਡੇ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਨੇ ਕਿਹਾ ਕਿ ਹਲਕਾ ਬੰਗਾ ਨੂੰ ਮਾਡਲ ਹਲਕੇ ਵਜੋਂ ਵਿਕਸਿਤ ਕਰਨਾ ਉਨ੍ਹਾਂ ਦਾ ਮੁੱਖ ਲਕਸ਼ ਹੈ।ਇਸ ਮੌਕੇ ਬੀ ਡੀ ਪੀ ਓ ਆਦੇਸ਼ ਕੁਮਾਰ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ, ਦਲਜੀਤ ਦੋਸਾਂਝ ਕਿਸਾਨ ਵਿੰਗ ਪ੍ਰਧਾਨ ਤੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਬਲਾਕ ਸੰਮਤੀ ਮੈਂਬਰ, ਅਤੇ ਪੰਚਾਇਤ ਮੈਂਬਰਾਂ ਹਾਜ਼ਰ ਸਨ।



# ਕੰਗ ਨੇ ਫਿਰਨੀ ਤੇ ਦੋ ਓਪਨ ਜਿੰਮ ਦੇ ਨੀਂਹ ਪੱਥਰ ਰੱਖੇ



**ਮੋਹਾਲੀ, (ਗੁਰਜੀਤ ਬਿੱਲਾ)**

ਮਾਲਵਿੰਦਰ ਸਿੰਘ ਕੰਗ (ਮੈਂਬਰ, ਲੋਕ ਸਭਾ ਸ੍ਰੀ ਆਨੰਦਪੁਰ ਸਾਹਿਬ ਸੰਸਦੀ ਹਲਕਾ) ਵੱਲੋਂ ਜ਼ਿਲ੍ਹਾ ਮੋਹਾਲੀ ਦੇ ਪਿੰਡ ਪਲਹੇੜੀ ਵਿਖੇ ਪਿੰਡ ਦੀ ਫਿਰਨੀ ਤੇ ਓਪਨ ਜਿੰਮ ਦਾ ਨੀਂਹ ਪੱਥਰ ਰੱਖਿਆ ਗਿਆ, ਜਦਕਿ ਪਿੰਡ ਮੱਛਲੀ ਕਲਾਂ ਵਿਖੇ ਵੀ ਓਪਨ ਜਿੰਮ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ।ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਦੱਸਿਆ ਕਿ ਪਿੰਡ ਪਲਹੇੜੀ ਵਿੱਚ 1823 ਫੁੱਟ ਲੰਬੀ ਫਿਰਨੀ ਦੇ ਨਿਰਮਾਣ ਲਈ ਮਗਨਰੇਗਾ ਵਿੱਚੋਂ ਲੱਗਭੱਗ 26 ਲੱਖ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਫਿਰਨੀ ਕਰੀਬ 23 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਦੀ ਸੰਭਾਵਨਾ ਹੈ, ਜਿਸ ਨਾਲ ਪਿੰਡ ਵਾਸੀਆਂ ਨੂੰ ਆਵਾਜਾਈ ਸਹੂਲਤਾਂ ਵਿੱਚ ਵੱਡਾ ਸੁਧਾਰ ਮਿਲੇਗਾ ਅਤੇ ਪਿੰਡ ਦਾ ਬੁਨਿਆਦੀ ਢਾਂਚਾ ਮਜ਼ਬੂਤ ਹੋਵੇਗਾ। ਇਸ ਦੇ ਨਾਲ਼ ਹੀ ਉਨ੍ਹਾਂ ਵੱਲੋਂ ਪਿੰਡ ਮਸਤਗੜ੍ਹ ਲਈ ਤਿੰਨ ਲੱਖ ਰੁਪੈ ਦੀ ਲਾਗਤ ਵਾਲਾ ਪਾਣੀ ਦਾ ਟੈਂਕਰ ਵੀ ਮਹੱਈਆ ਕਰਵਾਇਆ ਗਿਆ।

# ਕੌਮਾਂਤਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ ਮਾਰਚ 26 ਨੂੰ

**ਜਲੰਧਰ (ਸੁਰਿੰਦਰ ਕੁਮਾਰ)**- ਕੌਮਾਂਤਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ ਪੰਜਾਬ ਜਾਗ੍ਰਿਤੀ ਮੰਚ ਵੱਲੋਂ ਮਿਤੀ 26 ਫਰਵਰੀ ਨੂੰ ਜਲੰਧਰ ਸ਼ਹਿਰ ਵਿਖੇ ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਾਂ ਬੋਲੀ ਪੰਜਾਬੀ ਮਾਰਚ ਕੱਢਿਆ ਜਾਵੇਗਾ। ਜਿਸ ਵਿੱਚ ਵੱਖ-ਵੱਖ ਸਕੂਲਾਂ, ਕਾਲਜਾਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਜਥੇਬੰਦੀਆਂ ਤੋਂ ਇਲਾਵਾ ਪੰਜਾਬੀ ਮਾਂ ਬੋਲੀ ਨੂੰ ਪਿਆਰ ਕਰਨ ਵਾਲੀਆਂ ਸਭ ਸਤਿਕਾਰਤ ਸ਼ਖ਼ਸ਼ੀਅਤਾਂ ਸ਼ਾਮਿਲ ਹੋਣਗੀਆਂ। ਇਸ ਸਬੰਧ ਵਿੱਚ ਪੰਜਾਬ ਜਾਗ੍ਰਿਤੀ ਮੰਚ ਦੇ ਪ੍ਰਧਾਨ ਸਤਨਾਮ ਸਿੰਘ ਮਾਣਕ ਅਤੇ ਜਨਰਲ ਸਕੱਤਰ ਦੀਪਕ ਬਾਲੀ ਦੀ ਅਗਵਾਈ ਵਿੱਚ ਜਲੰਧਰ ਸਰਕਿਟ ਹਾਊਸ ਵਿਖੇ ਪੰਜਾਬੀ ਪ੍ਰੇਮੀਆਂ ਦੀ ਇੱਕ ਮੀਟਿੰਗ ਬੁਲਾਈ ਗਈ ਜਿਸ ਵਿੱਚ ਮਾਂ ਬੋਲੀ ਪੰਜਾਬੀ ਮਾਰਚ ਦੇ ਸਬੰਧ ਵਿੱਚ ਵਿਚਾਰ ਵਟਾਂਦਰੇ ਕੀਤੇ ਗਏ ਤੇ ਮਾਰਚ ਨੂੰ ਹੋਰ ਚੰਗੇ ਅਤੇ ਸੁਚੱਜੇ ਢੰਗ ਨਾਲ ਕੱਢਣ ਲਈ ਵੱਖ ਵੱਖ ਡਿਊਟੀਆਂ ਲਗਾਈਆਂ ਗਈਆਂ।ਇਹ ਮਾਰਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਲਾਇਲਪੁਰ ਖਾਲਸਾ ਸਕੂਲ ਨਕੋਦਰ ਰੋਡ ਤੋਂ ਸ਼ੁਰੂ ਹੋ ਕੇ ਡਾ. ਅੰਬੇਡਕਰ ਚੌਂਕ, ਭਗਵਾਨ ਵਾਲਮੀਕੀ ਚੌਂਕ, ਸ੍ਰੀ ਰਾਮ ਚੌਂਕ, ਭਗਤ ਨਾਮਦੇਵ ਚੌਂਕ ਤੋਂ ਹੁੰਦਾ ਹੋਇਆ ਦੇਸ਼ ਭਗਤ ਯਾਦਗਾਰ ਹਾਲ ਵਿਖੇ ਪਹੁੰਚੇਗਾ। ਦੇਸ਼ ਭਗਤ ਯਾਦਗਾਰ ਹਾਲ ਵਿਖੇ ਪੰਜਾਬ ਦੇ ਵੱਖ ਵੱਖ ਪੰਜਾਬੀ ਗਾਇਕ ਮਾਂ ਬੋਲੀ ਪੰਜਾਬੀ ਦੇ ਗੀਤਾਂ ਦਾ ਗੁਣਗਾਨ ਕਰਨਗੇ। ਇਸ ਮੀਟਿੰਗ ਵਿੱਚ ਕਮਲੇਸ਼ ਦੁੱਗਲ, ਆਤਮ ਪ੍ਰਕਾਸ਼ ਬਬਲੂ ,ਪਰਵੀਨ ਅਬਰੋਲ, ਸੁਖਬੀਰ ਚੱਠਾ, ਸੰਗਤ ਰਾਮ, ਕੁਲਵੰਤ ਸਿੰਘ ਦਾਲਮ, ਸੁਰਜੀਤ ਲਾਲ, ਬਾਬਾ ਸੁਖਜੀਤ ਸਿੰਘ, ਪ੍ਰਿੰਸੀਪਲ ਅਨੂਪ ਵਤਸ, ਪੰਜਾਬੀ ਗਾਇਕ ਦਲਵਿੰਦਰ ਦਿਆਲਪੁਰੀ, ਪੁਨੀਤ, ਪਰਮਜੀਤ ਸੇਠੀ, ਗੁਰਪ੍ਰੀਤ ਧਾਮੀ, ਰਸ਼ਮੀ ਅਗਰਵਾਲ, ਗੌਤਮ ਬਾਲੀ, ਅਰਜਨ ਮਲਹੋਤਰਾ, ਮਨਜੀਤ ਸਿੰਘ ਥਿੰਦ, ਹਰਸਿਮਰਨਜੀਤ ਸਿੰਘ, ਗੁਰਦਾਸ ਸਿੰਘ ਆਦਿ ਪੰਜਾਬੀ ਪ੍ਰੇਮੀ ਸ਼ਾਮਿਲ ਹੋਏ।



# ‘ਅਦਭੁਤ ਦੀ ਵਾਪਸੀ’ ’ਤੇ ਵਿਚਾਰ-ਚਰਚਾ



ਮੋਹਾਲੀ, (ਗੁਰਜੀਤ ਬਿੱਲਾ)-ਭਾਸ਼ਾ ਵਿਭਾਗ, ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਐੱਸ ਏ ਐੱਸ ਨਗਰ ਵੱਲੋਂ ਕੌਮਾਂਤਰੀ ਮਾਂ-ਬੋਲੀ ਦਿਹਾੜੇ ਦੇ ਮੌਕੇ ’ਤੇ ਅਮਰਜੀਤ ਗਰੇਵਾਲ ਦੇ ਕਾਵਿ-ਸੰਗ੍ਰਹਿ ‘ਅਦਭੁਤ ਦੀ ਵਾਪਸੀ’ ’ਤੇ ਵਿਚਾਰ-ਚਰਚਾ ਦਾ ਆਯੋਜਨ ਕੀਤਾ ਗਿਆ। ਇਸ ਵਿਚਾਰ-ਚਰਚਾ ਵਿੱਚ ਮੁੱਖ ਮਹਿਮਾਨ ਦੇ ਤੌਰ ’ਤੇ ਪ੍ਰੋ. ਯੋਜਨਾ ਰਾਵਤ, ਡੀ.ਯੂ.ਆਈ. ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਸ਼ਾਮਲ ਹੋਏ।ਵਿਚਾਰ-ਚਰਚਾ ਦੀ ਪ੍ਰਧਾਨਗੀ ਉੱਘੇ ਚਿੰਤਕ ਅਤੇ ਆਲੋਚਕ ਡਾ. ਮਨਮੋਹਨ ਵੱਲੋਂ ਕੀਤੀ ਗਈ।

## ਕਣਕ ਦੇ ਦਾਣੇ ਭਰਨ ਸਮੇਂ 2 ਪ੍ਰਤੀਸ਼ਤ ਪੋਟਾਸ਼ੀਅਮ ਨਾਈਟਰੇਟ ਦੇ ਛਿੜਕਾਅ ਕਰਨ ਦੀ ਸਲਾਹ : ਬਾਜਵਾ

**ਮੋਹਾਲੀ, (ਗੁਰਜੀਤ ਬਿੱਲਾ)**-ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਲਗਭਗ 50 ਹਜ਼ਾਰ ਹੈਕਟੇਅਰ ਰਕਬੇ ਤੇ ਕਣਕ ਦੀ ਫਸਲ ਦੀ ਕਾਸ਼ਤ ਕੀਤੀ ਜਾਂਦੀ ਹੈ।ਕਣਕ ਦੀ ਫਸਲ ਦਾ ਚੰਗਾ ਝਾੜ ਅਨਾਜ ਦੇ ਉਤਪਾਦਨ ਵਿੱਚ ਵਾਧਾ ਕਰਦਾ ਹੈ ਤੇ ਕਿਸਾਨ ਦੀ ਆਰਥਿਕ ਹਾਲਤ ਸੁਧਾਰ ਕੇ ਕਿਸਾਨੀ ਜੀਵਨ ਵਿੱਚ ਖੁਸ਼ਹਾਲੀ ਲਿਆਉਂਦਾ ਹੈ । ਪਿਛਲੇ ਕੁਝ ਦਿਨਾਂ ਤੋਂ ਤਾਪਮਾਨ ਵਿੱਚ ਵਾਧਾ ਵੇਖਣ ਨੂੰ ਆਇਆ ਹੈ ਅਤੇ ਕਣਕ ਦੇ ਦਾਣੇ ਭਰਨ ਸਮੇਂ ਵੱਧ ਰਹੇ ਤਾਪਮਾਨ ਤੋਂ ਬਚਾਉਣ ਲਈ ਅਤੇ ਝਾੜ ਵਧਾਉਣ ਲਈ ਯੋਗ ਯਤਨ ਕਰਨ ਸਬੰਧੀ ਜਾਗਰੂਕਤਾ ਦੇ ਮੱਦੇਨਜ਼ਰ ਮੁੱਖ ਖੇਤੀਬਾੜੀ ਅਫਸਰ ਡਾ. ਸੁਖਜਿੰਦਰ ਸਿੰਘ ਬਾਜਵਾ ਐੱਸ.ਏ.ਐੱਸ.ਨਗਰ ਨੇ ਕਿਹਾ ਕਿ ਕਿਸਾਨਾਂ ਨੂੰ ਕਣਕ ਦੇ ਦਾਣੇ ਭਰਨ ਸਮੇਂ ਵੱਧ ਤਾਪਮਾਨ ਦੇ ਬਚਾਅ ਅਤੇ ਵੱਧ ਝਾੜ ਲੈਣ ਲਈ ਦੋ ਪ੍ਰਤੀਸ਼ਤ ਪੋਟਾਸ਼ੀਅਮ ਨਾਈਟਰੇਟ ਦੇ ਦੋ ਛਿੜਕਾਅ ਕਰਨ ਦੀ ਸਲਾਹ ਦਿੱਤੀ ਹੈ।

# ‘ਮੇਰੀ ਰਸੋਈ’ ਯੋਜਨਾ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਕਰੇਗੀ ਮਜ਼ਬੂਤ : ਪੰਨੂ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਵੀਂ ਭਲਾਈ ਸਕੀਮ ‘ਮੇਰੀ ਰਸੋਈ’ ਸ਼ੁਰੂ ਕਰਨ ਦੇ ਕੀਤੇ ਐਲਾਨ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਇੱਕ ਵਾਰ ਫਿਰ ਪੰਜਾਬ ਦੇ ਲੋਕਾਂ, ਖਾਸ ਕਰਕੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹਨ ਦੀ ਮਾਨ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ‘ਮੇਰੀ ਰਸੋਈ’ ਸਕੀਮ ਤਹਿਤ ਸੂਬੇ ਭਰ ਦੇ ਨੀਲੇ ਕਾਰਡ ਧਾਰਕਾਂ ਨੂੰ ਹਰ ਤਿੰਨ ਮਹੀਨੇ ਬਾਅਦ ਇੱਕ ਰਾਸ਼ਨ ਕਿੱਟ ਮਿਲੇਗੀ। ਇਸ ਕਿੱਟ ਵਿੱਚ ਦਾਲਾਂ, ਨਮਕ, ਹਲਦੀ ਅਤੇ ਸਰ੍ਹੋਂ ਦਾ ਤੇਲ ਵਰਗੀਆਂ ਜ਼ਰੂਰੀ ਵਸਤੂਆਂ ਸ਼ਾਮਲ ਹੋਣਗੀਆਂ, ਜੋ ਇਹ ਯਕੀਨੀ ਬਣਾਉਣਗੀਆਂ ਕਿ ਪਰਿਵਾਰਾਂ ਨੂੰ ਉਨ੍ਹਾਂ ਦੀਆਂ ਰਸੋਈਆਂ ਲਈ ਪੌਸ਼ਟਿਕ ਅਤੇ ਮਿਆਰੀ ਸਮੱਗਰੀ ਮਿਲ ਸਕੇ। ਬਲਤੇਜ ਪੰਨੂ ਨੇ ਕਿਹਾ ਕਿ ਸਰਕਾਰ ਵੰਡ ਤੋਂ ਪਹਿਲਾਂ ਸਹੀ ਤਸਦੀਕ ਤੇ ਗੁਣਵੱਤਾ ਦੀ ਜਾਂਚ ਯਕੀਨੀ ਬਣਾਏਗੀ ਤਾਂ ਜੋ ਸਿਰਫ਼ ਅਸਲ ਲਾਭਪਾਤਰੀਆਂ ਨੂੰ ਹੀ ਕਿੱਟਾਂ ਮਿਲਣ ਤੇ ਮੁਹੱਈਆ ਕਰਵਾਈਆਂ ਗਈਆਂ ਖਾਣ-ਪੀਣ ਦੀਆਂ ਵਸਤੂਆਂ ਸ਼ੁੱਧ ਅਤੇ ਵਰਤੋਂ ਲਈ ਸੁਰੱਖਿਅਤ ਹੋਣ।



# ਭਾਸ਼ਾ ਵਿਭਾਗ ਨੇ ਕਰਵਾਇਆ ਕਵੀ ਦਰਬਾਰ

**ਹੁਸ਼ਿਆਰਪੁਰ, (ਓ ਪੀ ਰਾਣਾ)**- ਭਾਸ਼ਾ ਵਿਭਾਗ, ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਅਤੇ ਕਪੂਰਥਲਾ ਦੇ ਸਾਂਝੇ ਉਪਰਾਲੇ ਨਾਲ ਕੌਮਾਂਤਰੀ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ ਸਮਾਗਮ ਸਰਕਾਰੀ ਕਾਲਜ ਹੁਸ਼ਿਆਰਪੁਰ ਵਿਖੇ ਕਰਵਾਇਆ ਗਿਆ। ਮੁਖ ਮਹਿਮਾਨ ਵਜੋਂ ਡਾ. ਲਖਵਿੰਦਰ ਜੌਹਲ ਤੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਕੁਲਦੀਪ ਦੀਪ ਸ਼ਾਮਿਲ ਹੋਏ। ਸਮਾਗਮ ਦੀ ਸ਼ੁਰੂਆਤ ਵਿਭਾਗੀ ਧੁੰਨ ਨਾਲ ਕੀਤੀ ਗਈ। ਆਏ ਹੋਏ ਮਹਿਮਾਨਾਂ ਲਈ ਜੀ ਆਇਆਂ ਸ਼ਬਦ ਜਸਪ੍ਰੀਤ ਕੌਰ ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਆਖੇ। ਉਪਰੰਤ ਤਰੰਨਮ ਕਵੀ ਦਰਬਾਰ ਵਿੱਚ ਹਾਜ਼ਰ ਕਵੀਆਂ ਹਰਦਿਆਲ ਹੁਸ਼ਿਆਰਪੁਰੀ, ਸੁਰਿੰਦਰ ਕੰਗਵੀ, ਪ੍ਰੋ. ਮਲਕੀਤ ਜੌੜਾ, ਅੰਜੂ ਵੀ. ਰੱਤੀ ਅਤੇ ਸ਼ਹਿਬਾਜ਼ ਖ਼ਾਨ ਨੇ ਆਪਣੀ ਸੁਰ ਸਾਧਨਾ ਰਾਹੀਂ ਰਚਨਾਵਾਂ ਨੂੰ ਗਾ ਕੇ ਅਜਿਹਾ ਜਾਦੂ ਵਿਖੇਰਿਆ ਕਿ ਸਰੋਤੇ ਝੂਮ ਉੱਠੇ। ਇਸ ਤੋਂ ਬਾਅਦ ਪ੍ਰਸਿੱਧ ਗਾਇਕ ਤੇ ਸ਼ਾਇਰ ਦੇਬੀ ਮਖਸੂਸਪੁਰੀ ਜਿਹੜੇ ਇਸ ਕਾਲਜ ਦੇ ਵਿਦਿਆਰਥੀ ਰਹੇ ਹਨ ਨਾਲ ਰੂ-ਬ-ਰੂ ਡਾ. ਕੁਲਦੀਪ ਚੌਹਾਨ ਨੇ ਕਰਵਾਇਆ। ਦੇਬੀ ਮਖਸੂਸਪੁਰੀ ਨੇ ਕਾਲਜ ਦੀਆਂ ਯਾਦਾਂ, ਸਾਹਿਤਕ ਸਫ਼ਰ ਤੇ ਸਿਰਜਣਾ ਬਾਰੇ ਭਾਵਪੂਰਤ ਗੱਲਾਂ ਕਰਦਿਆਂ ਆਪਣੇ ਗੀਤਾਂ ਦੇ ਕਾਵਿ ਮੁਖੜੇ ਹਾਜ਼ਰੀਨ ਨਾਲ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਭਾਸ਼ਾ ਅਤੇ ਸਭਿਆਚਾਰ ਨਾਲ ਮੋਹ, ਸ਼ਬਦ ਸਾਧਨਾ ਲਈ ਸਖ਼ਤ ਮਿਹਨਤ ਨਾਲ਼ ਇਵੇਂ ਦੇ ਮੁਕਾਮ ਹਾਸਲ ਕੀਤੇ ਜਾ ਸਕਦੇ ਹਨ। ਧੰਨਵਾਦੀ ਸ਼ਬਦ ਪ੍ਰਿੰ. ਡਾ. ਗਗਨਦੀਪ ਚੀਮਾ ਨੇ ਆਖੇ। ਸਮਾਗਮ ਵਿੱਚ ਬਤੌਰ ਮੰਚ ਸੰਚਾਲਨ ਦੀ ਭੂਮਿਕਾ ਡਾ. ਜਸਵੰਤ ਰਾਏ ਖੋਜ ਅਫ਼ਸਰ ਵਲੋਂ ਨਿਭਾਈ ਗਈ। ਸਮਾਗਮ ਮੌਕੇ ਭਾਸ਼ਾ ਵਿਭਾਗ, ਪੰਜਾਬ ਵੱਲੋਂ ਪ੍ਰਕਾਸ਼ਿਤ ਸਾਹਿਤ ਦੀਆਂ ਪੁਸਤਕਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਸਮੇਂ ਗਗਨਦੀਪ ਸਿੰਘ, ਮੁਨੀਸ਼ ਕੁਮਾਰ, ਡਾ. ਵਿਜੇ ਕੁਮਾਰ, ਪ੍ਰੋ. ਰਣਜੀਤ ਸਿੰਘ, ਡਾ. ਸਾਂਵਲ ਧਾਮੀ, ਪ੍ਰੋ ਹਰਜਿੰਦਰ ਅਮਨ, ਡਾ. ਰੰਜਨਾ, ਡਾ. ਸੁਖਦੀਪ ਕੌਰ ਤੇ ਵਿਦਿਆਰਥੀ ਹਾਜ਼ਰ ਸਨ।



# ਕੰਢੀ ਇਲਾਕੇ ’ਚ ਨਹਿਰ ਦੇ ਪਾਣੀ ਦੀ ਨਹੀਂ ਹੋ ਰਹੀ ਸਹੀ ਵਰਤੋਂ

**ਪੋਜੇਵਾਲ (ਰਾਮ ਲਾਲ)**

ਪੰਜਾਬ ਸਰਕਾਰ ਵੱਲੋਂ ਨਹਿਰਾਂ ਬਣਾ ਕੇ ਛੋਟੇ ਛੋਟੇ ਪਾਈਪਾਂ ਰਹੀ ਜਾਂ ਸੂਏ ਬਣਾ ਕੇ ਉੱਥੇ ਤੱਕ ਪਾਣੀ ਨੂੰ ਪਹੁੰਚਾਇਆ ਗਿਆ ਤਾਂ ਜੋ ਕੰਢੀ ਇਲਾਕੇ ਦੇ ਵਿੱਚ ਖੇਤਾਂ ਦੀ ਸਹੀ ਸਿੰਚਾਈ ਹੋ ਸਕੇ ਤੇ ਫਸਲਾਂ ਹੋ ਸਕਣ ਪਰ ਉਥੇ ਨਾਲ ਹੀ ਜਿੱਥੇ ਤੱਕ ਪਾਣੀ ਨੂੰ ਪਾਈਪਾਂ ਰਾਹੀਂ ਪਹੁੰਚਾਇਆ ਗਿਆ ਪਰ ਪਾਣੀ ਨੂੰ ਨਹੀਂ ਸੰਭਾਲਿਆ ਜਾ ਰਿਹਾ। ਖੇਤਾਂ ਨੂੰ ਲਾਉਣ ਦੀ ਬਜਾਏ ਇਹ ਪਾਣੀ ਸੜਕਾਂ ਦੇ ਵਿੱਚ ਘੁੰਮ ਰਿਹਾ ਹੈ। ਜ਼ਿਲਾ ਸ਼ਹੀਦ ਭਗਤ ਸਿੰਘ ਦੀ ਸਬ ਡਿਵੀਜ਼ਨ ਬਲਾਚੌਰ ਅਧੀਨ ਪੈਂਦੇ ਪਿੰਡ ਕੁੱਲ ਭਰ ਵਿੱਚ ਜਿੱਥੇ ਇਸ ਨਹਿਰ ਦੇ ਪਾਣੀ ਨੂੰ ਪਾਈਪਾਂ ਰਾਹੀਂ ਪਹੁੰਚਾਇਆ ਗਿਆ ਹੈ ਪਿਛਲੇ ਇੱਕ ਦੋ ਦਿਨ ਤੋਂ ਲਗਾਤਾਰ ਇਸ ਦਾ ਪਾਣੀ ਖੁੱਲੇ ਆਮ ਚੱਲ ਰਿਹਾ ਹੈ। ਇਹ ਪਾਣੀ ਖੇਤਾਂ ਵਿੱਚ ਨਹੀਂ ਪਹੁੰਚ ਰਿਹਾ ਪਰ ਸੜਕ ਦੇ ਵਿੱਚ ਬਹੁਤ ਜ਼ਿਆਦਾ ਪਾਣੀ ਭਰ ਗਿਆ ਹੈ ਇਸ ਸੰਬੰਧੀ ਜਦੋਂ ਕਿਸੇ ਵੀ ਨਹਿਰੀ ਵਿਭਾਗ ਜਾਂ ਕਿਸੇ ਹੋਰ ਨਾਲ ਸੰਪਰਕ ਕੀਤਾ ਜਾਂਦਾ ਹੈ ਤਾਂ ਉਹ ਫੋਨ ਨਹੀਂ ਚੁੱਕਦੇ। ਜੇਕਰ ਖੇਤ ਨੂੰ ਪਾਣੀ ਲਾਉਣ ਦੇ ਲਈ ਸਾਨੂੰ ਜ਼ਰੂਰਤ ਨਹੀਂ ਹੈ ਤਾਂ ਇਸ ਪਾਣੀ ਨੂੰ ਬੰਦ ਕਰ ਦੇਣਾ ਚਾਹੀਦਾ ਹੈ ਤਾਂ ਜੋ ਇਹ ਪਾਣੀ ਕਿਸੇ ਹੋਰ ਦੇ ਖੇਤਾਂ ਨੂੰ ਜਾ ਸਕੇ ਪਰ ਜਿਹੜਾ ਨਹਿਰੀ ਵਿਭਾਗ ਦੇ ਅਧਿਕਾਰੀ ਗੂੜੀ ਨੀਂਦ ਸੁੱਤੇ ਪਏ ਹਨ। ਪਾਣੀ ਦੀ ਦੁਰਵਰਤੋਂ ਨੂੰ ਰੋਕਿਆ ਜਾਵੇ ਤਾਂ ਜੋ ਸਹੀ ਲੋਕਾਂ ਤੱਕ ਇਹ ਪਾਣੀ ਪਹੁੰਚ ਸਕੇ ।



# ਭਾਰਤ-ਅਮਰੀਕਾ ਵਪਾਰਕ ਸਮਝੌਤੇ ਵਿਰੁੱਧ ਕਾਂਗਰਸੀਆਂ ਨੇ ਡੀ ਸੀ ਨੂੰ ਦਿੱਤਾ ਮੰਗ ਪੱਤਰ

**ਜਲੰਧਰ (ਇਕਬਾਲ ਸਿੰਘ ਉਭੀ)**

ਕੇਂਦਰ ਸਰਕਾਰ ਨੇ ਜੋ ਸੰਯੁਕਤ ਰਾਜ ਅਮਰੀਕਾ ਦਰਮਿਆਨ ਟਰੇਡ ਡੀਲ ਕੀਤੀ ਹੈ, ਇਹ ਬਿਲਕੁਲ ਹੀ ਕਿਸਾਨ ਤੇ ਮਜ਼ਦੂਰ ਵਿਰੋਧੀ ਵਪਾਰ ਸਮਝੌਤਾ ਹੈ । ਇਸ ਵਪਾਰਕ ਸਮਝੌਤੇ ਸੰਬੰਧੀ ਸ਼ਹਿਰੀ ਤੇ ਦਿਹਾਤੀ ਕਾਂਗਰਸ ਕਮੇਟੀ ਵਲੋ ਡਿਪਟੀ ਕਮਿਸ਼ਨਰ ਜਲੰਧਰ ਨੂੰ ਮੰਗ ਪੱਤਰ ਸੌਂਪਿਆ ਗਿਆ ।ਸਾਬਕਾ ਮੰਤਰੀ ਪ੍ਰਗਟ ਸਿੰਘ ਨੇ ਕਿਹਾ ਕਿ ਇਸ ਸਮਝੌਤਾ ਦਾ ਦੇਸ਼ ਭਰ ਦੇ ਕਿਸਾਨਾਂ ਤੇ ਮਜਦੂਰਾਂ ਤੇ ਨਕਰਾਤਮਕ ਅਸਰ ਪਵੇਗਾ । ਇਹ ਵਪਾਰ ਸਮਝੌਤਾ ਭਾਰਤ ਦੇ ਕਿਸਾਨਾਂ ਦੇ ਹਿਤਾਂ ਦੇ ਵਿਰੁੱਧ ਹੈ, ਤੇ ਇਸ ਨਾਲ ਦੇਸ਼ ਦੀ ਖੇਤੀਬਾੜੀ ਦੀ ਆਰਥਿਕਤਾ ਨੂੰ ਬੁਰੀ ਤਰਾਂ ਨਾਲ ਨੁਕਸਾਨ ਹੋਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਬੇਰੀ, ਹਲਕਾ ਇੰਚਾਰਜ ਜਲੰਧਰ ਵੈਸਟ ਸੁਰਿੰਦਰ ਕੌਰ, ਹਲਕਾ ਇੰਚਾਰਜ ਕਰਤਾਰਪੁਰ ਸਾਬਕਾ ਐਸ ਐਸ ਪੀ ਰਜਿੰਦਰ ਸਿੰਘ, ਹਲਕਾ ਇੰਚਾਰਜ ਨਕੋਦਰ ਡਾ ਨਵਜੋਤ ਦਹੀਆਂ, ਪਵਨ ਕੁਮਾਰ, ਪਰਮਜੋਤ ਸਿੰਘ ਸ਼ੈਰੀ ਚੱਢਾ, ਡਾ ਜਸਲੀਨ ਸੇਠੀ, ਨਵਦੀਪ ਜਰੇਵਾਲ, ਜਤਿੰਦਰ ਜੋਨੀ, ਪ੍ਰੇਮ ਨਾਥ ਦਕੋਹਾ, ਰਾਜੇਸ਼ ਜਿੰਦਲ, ਹਰਮੀਤ ਸਿੰਘ, ਰਸ਼ਪਾਲ ਜੱਖੂ, ਹਰਲਗਨ ਸਿੰਘ, ਬ੍ਰਹਮ ਦੇਵ ਸਹੋਤਾ, ਲਵੀ ਸੋਹਲ, ਸਤਪਾਲ ਰਾਏ, ਐਡਵੋਕੇਟ ਵਿਕਰਮ ਦੱਤਾ, ਅਨਿਲ ਗਿੱਲ, ਮਨਮੋਹਨ ਮੋਨਾ, ਸੁਧੀਰ ਘੁੱਗੀ, ਜਗਦੀਪ ਸੋਨੂੰ ਸੰਧਰ ਮੌਜੂਦ ਸਨ।



# ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਨੇ ਲਗਾਇਆ ਕੇਡਰ ਕੈਂਪ

**ਫਗਵਾੜਾ (ਡਾ. ਰਮਨ)**

ਬਾਬਾ ਸਾਹਿਬ ਡਾ. ਅੰਬੇਡਕਰ ਦੇ ਮਿਸ਼ਨ ’ਤੇ ਪਹਿਰਾ ਦੇ ਰਹੀ ਸਮਾਜਿਕ ਜਥੇਬੰਦੀ ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਵੱਲੋਂ ਸਰਪ੍ਰਸਤ ਪ੍ਰਿੰਸੀਪਲ ਕੇਵਲ ਸਿੰਘ ਦੇ ਦਿਸ਼ਾ ਨਿਰਦੇਸ਼ਾ ’ਤੇ ਫਾਊਂਡਰ ਪ੍ਰਧਾਨ ਡਾ. ਹਰਜਿੰਦਰ ਸਿੰਘ ਜੱਖੂ ਦੀ ਅਗਵਾਈ ਵਿੱਚ ਸਾਡੇ ਸਮਾਜ ਦੀ ਅਸਲ ਹਕੀਕਤ ਅਤੇ ਕਾਰਨਾਂ ’ਤੇ ਡੂੰਘੀ ਝਾਤ (ਧਾਰਮਿਕ, ਸਮਾਜਿਕ, ਰਾਜਨੀਤਕ ਅਤੇ ਆਰਥਿਕ) ਤੇ ਸਾਡਾ ਸਮਾਜ ਕਿਸ ਦੀ ਚੁੰਗਲ ’ਚ ਵਿਸ਼ੇ ’ਤੇ ਵਿਸ਼ਾਲ ਕੇਡਰ ਕੈਂਪ ਜੱਖੂ ਹਸਪਤਾਲ ਚਾਹਲ ਨਗਰ ਫਗਵਾੜਾ ਵਿਖੇ ਲਗਾਇਆ ਗਿਆ। ਕੈਡਰ ਕੈਂਪ ਵਿੱਚ ਜਥੇਬੰਦੀ ਦੇ ਸਰਪ੍ਰਸਤ ਪ੍ਰਿੰਸੀਪਲ ਕੇਵਲ ਸਿੰਘ, ਬਹੁਜਨ ਪ੍ਰਚਾਰਕ ਤੇ ਸੀਨੀਅਰ ਆਗੂ ਐਡਵੋਕੇਟ ਸੰਜੀਵ ਭੌਰਾ ਤੇ ਮਿਸ਼ਨਰੀ ਸਾਥੀ ਜਸਵਿੰਦਰ ਤਲਵਣ ਸਾਬਕਾ ਸਰਪੰਚ ਵਿਸ਼ੇਸ਼ ਤੌਰ ਤੇ ਪਹੁੰਚੇ। ਕੇਡਰ ਕੈਂਪ ਦੌਰਾਨ ਫਾਊਂਡਰ ਪ੍ਰਧਾਨ ਡਾ. ਹਰਜਿੰਦਰ ਸਿੰਘ ਜੱਖੂ ਨੇ ਕਿਹਾ ਕਿ ਬਹੁਜਨ ਸਮਾਜ ਦੀ ਦੁਰਦਸ਼ਾ ਨੂੰ ਸੁਧਾਰਨ ਲਈ ਬਾਬਾ ਸਾਹਿਬ ਅੰਬੇਡਕਰ ਜੀ ਦੀ ਵਿਚਾਰਧਾਰਾ ਨੂੰ ਹਰ ਘਰ ਤੱਕ ਲੈ ਕੇ ਜਾਣਾ ਜ਼ਰੂਰੀ ਹੈ। ਇਸ ਮੌਕੇ ਪ੍ਰਿੰਸੀਪਲ ਕੇਵਲ ਸਿੰਘ ਸਰਪ੍ਰਸਤ, ਡਾ.ਅਵਨੀਤ ਕੌਰ ਜੱਖੂ, ਹੈਪੀ ਕੌਲ ਸਟੇਟ ਕੋਆਰਡੀਨੇਟਰ, ਐਡਵੋਕੇਟ ਸੰਜੀਵ ਕੁਮਾਰ ਭੌਰਾ ਸੀਨੀਅਰ ਆਗੂ, ਜਸਵਿੰਦਰ ਤਲਵਣ ਯੂ.ਕੇ., ਸੰਜੀਵ ਮੂਲਨਿਵਾਸੀ, ਜਸਵੰਤ ਸਿੰਘ ਫੋਜੀ, ਮਾ. ਕੁਲਦੀਪ ਸਿੰਘ ਟਾਂਡਾ, ਮਹਿੰਦਰ ਸਿੰਘ, ਸ਼ੋਕੀਨ ਕੁਮਾਰ ਮਾਹੀ, ਸੋਨੂੰ ਜੱਖੂ, ਨਿਰਮਲ ਸਮਰਾ, ਗੁਰਦੀਪ ਗੁਰਾਇਆ, ਹੈਂਸੀ ਸਿੰਘ, ਮੈਡਮ ਮਨਜੀਤ ਕੌਰ, ਹਰਮੀਤ ਕੌਰ, ਸਿਮਰਨਜੀਤ ਕੌਰ ਸਟਾਫ ਸੁਪਰਵਾਈਜ਼ਰ, ਅੰਜਲੀ ਰਾਜਪੂਤ, ਪੂਜਾ ਅੰਬੇਡਕਰੀ, ਰੰਜਨਾ ਤੋਂ ਇਲਾਵਾ ਹੋਰ ਵੀ ਆਗੂ ਤੇ ਵਰਕਰ ਹਾਜ਼ਰ ਸਨ।



# ਅੱਖਾਂ ਦਾ ਮੁਫ਼ਤ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ

**ਫਗਵਾੜਾ (ਡਾ. ਰਮਨ)**

ਪ੍ਰਵਾਸੀ ਭਾਰਤੀ ਨਾਗਰਾ ਪਰਵਾਰ ਪਿੰਡ ਕੋਟਲਾ ਅਤੇ ਮਿੱਤਰਾ ਆਈ ਹਸਪਤਾਲ ਦੇ ਸਹਿਯੋਗ ਨਾਲ ਲਾਇਨਜ਼ ਕਲੱਬ ਫਗਵਾੜਾ ਰਾਇਲ ਵੱਲੋਂ ਹਰ ਸਾਲ ਦੀ ਤਰ੍ਹਾਂ ਬ੍ਰਹਮਲੀਨ 108 ਸੰਤ ਬਾਬਾ ਹਰੀ ਸਿੰਘ ਜੀ ਨੈਕੀ ਵਾਲਿਆਂ ਦੀ ਨਿੱਘੀ ਯਾਦ ਨੂੰ ਸਮਰਪਿਤ 56ਵਾਂ ਅੱਖਾਂ ਦਾ ਮੁਫ਼ਤ ਜਾਂਚ ਤੇ ਆਪ੍ਰੇਸ਼ਨ ਕੈਂਪ ਕੁਟੀਆ ਅਮਰੂਦਾਂ ਵਾਲੀ ਗੁਰਦੁਆਰਾ ਹਰਿਸਰ ਸਾਹਿਬ ਮੰਨਣਹਾਨਾ ਵਿਖੇ ਆਯੋਜਿਤ ਕੀਤਾ ਗਿਆ ਜਿਸ ਦਾ ਉਦਘਾਟਨ ਸੰਤ ਬਾਬਾ ਅਮਰੀਕ ਸਿੰਘ ਡੇਰਾ ਮੰਨਣਹਾਨਾ ਤੇ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਗਵਰਨਰ ਲਾਇਨ ਵੀ ਐੱਮ ਗੋਇਲ ਨੇ ਸਾਂਝੇ ਤੌਰ ’ਤੇ ਕੀਤਾ। ਇਸ ਦੌਰਾਨ ਗੈਸਟ ਆਫ ਆਨਰ ਵਜੋਂ ਵਾਈਸ ਡਿਸਟ੍ਰਿਕਟ ਗਵਰਨਰ-1 ਲਾਇਨ ਜੀ ਐੱਸ ਭਾਟੀਆ ਐੱਮ ਜੇ ਐੱਫ, ਵਾਈਸ ਡਿਸਟ੍ਰਿਕਟ ਗਵਰਨਰ-2 ਲਾਇਨ ਰਾਜੀਵ ਖੋਸਲਾ ਐੱਮ ਜੇ ਐੱਫ ਤੇ ਲਾਇਨ ਰਾਜੀਵ ਵਿਜ ਜੀ ਐੱਮ ਟੀ ਕੋਆਰਡੀਨੇਟਰ ਨੇ ਹਾਜ਼ਰੀ ਲਗਵਾਈ। ਉਨ੍ਹਾਂ ਨਾਗਰਾ ਪਰਵਾਰ, ਲਾਇਨਜ਼ ਕਲੱਬ ਫਗਵਾੜਾ ਰਾਇਲ ਤੇ ਮਿੱਤਰਾ ਹਸਪਤਾਲ ਦੇ ਇਸ ਸਾਂਝੇ ਉਪਰਾਲੇ ਨੂੰ ਮਨੁੱਖਤਾ ਦੀ ਸੱਚੀ ਸੇਵਾ ਦੱਸਿਆ। ਡਿਸਟ੍ਰਿਕਟ ਗਵਰਨਰ ਲਾਇਨ ਗੋਇਲ ਨੇ ਕਲੱਬ ਮੈਂਬਰਾਂ ਨੂੰ ਇਸ ਯਤਨ ਲਈ ਪਿਨ ਲਗਾ ਕੇ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ। ਕੈਂਪ ਦੌਰਾਨ ਨੇਤਰ ਰੋਗਾਂ ਦੇ ਮਾਹਿਰ ਡਾ. ਹਰਿੰਦਰਪਾਲ ਮਿੱਤਰਾ ਨੇ ਕਰੀਬ 950 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਕੇ ਲੋੜਵੰਦਾਂ ਨੂੰ ਨਜ਼ਰ ਦੇ ਚਸ਼ਮੇ ਤੇ ਦਵਾਈਆਂ ਮੁਫ਼ਤ ਭੇਟ ਕੀਤੀਆਂ। ਵੱਖ-ਵੱਖ ਨੇਤਰ ਰੋਗਾਂ ਤੋਂ ਪੀੜਤ ਆਪ੍ਰੇਸ਼ਨ ਲਈ ਚੁਣੇ ਗਏ 175 ਮਰੀਜ਼ਾਂ ਦੀਆਂ ਅੱਖਾਂ ਦੇ ਫਰੀ ਆਪ੍ਰੇਸ਼ਨ ਮਿੱਤਰਾ ਆਈ ਹਸਪਤਾਲ ਫਗਵਾੜਾ ਵਲੋਂ ਕੀਤੇ ਗਏ। ਆਪ੍ਰੇਸ਼ਨ ਵਾਲੇ ਮਰੀਜ਼ਾਂ ਦੇ ਰਹਿਣ ਦੀ ਉਚਿਤ ਵਿਵਸਥਾ ਪ੍ਰਾਚੀਨ ਸ੍ਰੀ ਹਨੂਮਾਨ ਗੜ੍ਹੀ ਮੰਦਰ, ਜੀ.ਟੀ. ਰੋਡ ਫਗਵਾੜਾ ’ਚ ਕੀਤੀ ਗਈ ਸੀ। ਪ੍ਰਬੰਧਕਾਂ ਵੱਲੋਂ ਮਰੀਜ਼ਾਂ ਲਈ ਬਿਸਤਰੇ, ਦਵਾਈਆਂ ਤੇ ਲੰਗਰ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ ਸੀ।



# ਰੋਟਰੀ ਆਈ ਬੈਂਕ ਤੇ ਆਰ ਬੀ ਯੂ ਮਿਲ ਕੇ ਨੇਤਰਦਾਨ ਸੰਬੰਧੀ ਕਰਨਗੇ ਕੰਮ : ਬਾਹਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਰੋਟਰੀ ਆਈ ਬੈਂਕ ਅਤੇ ਕੌਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਦੇ ਪ੍ਰਧਾਨ ਜੇ. ਬੀ. ਬਹਲ ਅਤੇ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਦੀ ਅਗਵਾਈ ਹੇਠ ਉਨ੍ਹਾਂ ਦੇ ਦਫ਼ਤਰ ਵਿੱਚ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਨੇਤਰਦਾਨ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਸਹਿਮਤੀ ਪੱਤਰ (ਐੱਮ ਓ ਯੂ) ’ਤੇ ਹਸਤਾਖਰ ਕੀਤੇ ਗਏ।ਇਸ ਮੌਕੇ ਸੋਸਾਇਟੀ ਦੇ ਚੇਅਰਮੈਨ ਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ, ਮਦਨ ਲਾਲ ਮਹਾਜਨ, ਜਸਵੀਰ ਕੌਰ ਅਤੇ ਡਾ. ਰਾਜੀਵ ਸ਼ਰਮਾ ਵੀ ਹਾਜ਼ਰ ਸਨ। ਪ੍ਰਧਾਨ ਜੇ. ਬੀ. ਬਹਿਲ ਤੇ ਚੇਅਰਮੈਨ ਸੰਜੀਵ ਅਰੋੜਾ ਨੇ ਦੱਸਿਆ ਕਿ ਇਸ ਸਹਿਮਤੀ ਪੱਤਰ ਦਾ ਮੁੱਖ ਉਦੇਸ਼ ਦੋਵੇਂ ਪੱਖਾਂ ਵੱਲੋਂ ਲੋਕਾਂ ਨੂੰ ਨੇਤਰਦਾਨ ਲਈ ਜਾਗਰੂਕ ਕਰਨਾ ਹੈ। ਸਹਿਮਤੀ ਪੱਤਰ ਅਨੁਸਾਰ ਹੀ ਨੇਤਰਦਾਨ ਸੰਬੰਧੀ ਗਤੀਵਿਧੀਆਂ ਚਲਾਈਆਂ ਜਾਣਗੀਆਂ, ਜਿਸ ਦਾ ਲਾਭ ਕੌਰਨੀਅਲ ਅੰਨ੍ਹੇਪਣ ਨਾਲ ਪੀੜਤ ਮਰੀਜ਼ਾਂ ਨੂੰ ਮਿਲੇਗਾ। ਮੀਟਿੰਗ ਦੌਰਾਨ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਕਾਲਜ ਪ੍ਰਾਂਗਣ ਵਿੱਚ ਨੇਤਰਦਾਨ ਸੰਬੰਧੀ ਹੋਣ ਵਾਲੇ ਹਰ ਕਾਰਜ ਵਿੱਚ ਰੋਟਰੀ ਆਈ ਬੈਂਕ ਦਾ ਪੂਰਾ ਸਹਿਯੋਗ ਰਹੇਗਾ। ਜਲਦੀ ਹੀ ਕਾਲਜ ਵਿੱਚ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਸੈਮੀਨਾਰ ਕਰਵਾਏ ਜਾਣਗੇ ਤੇ ਨਾਟਕ ਦੇ ਰੂਪ ਵਿੱਚ ਵੀ ਨੇਤਰਦਾਨ ਬਾਰੇ ਸੰਦੇਸ਼ ਦਿੱਤਾ ਜਾਵੇਗਾ ਤਾਂ ਜੋ ਵਿਦਿਆਰਥੀ ਆਪਣੇ-ਆਪਣੇ ਇਲਾਕਿਆਂ ਵਿੱਚ ਜਾ ਕੇ ਲੋਕਾਂ ਨੂੰ ਜਾਗਰੂਕ ਕਰ ਸਕਣ।ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਦੱਸਿਆ ਕਿ ਹਸਤਾਖਰ ਕੀਤਾ ਗਿਆ ਇਹ ਸਹਿਮਤੀ ਪੱਤਰ 5 ਸਾਲ ਦੀ ਮਿਆਦ ਲਈ ਲਾਗੂ ਰਹੇਗਾ।



# ਸਰਬਸੰਮਤੀ ਨਾਲ ਚੁਣੀ ਪੰਚਾਇਤ ਨੂੰ ਦਿੱਤਾ ਪੰਜ ਲੱਖ ਦਾ ਚੈੱਕ



**ਪੋਜੇਵਾਲ (ਰਾਮ ਲਾਲ)**

ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਅਧੀਨ ਪੈਂਦੇ ਪਿੰਡ ਖੁਰਦਾਂ ਵਿਖੇ ਐਮ ਐਲ ਏ ਸੰਤੋਸ਼ ਕਟਾਰੀਆ ਵੱਲੋਂ ਪਿੰਡ ਦੀ ਸਰਬਸੰਮਤੀ ਨਾਲ ਚੁਣੇ ਹੋਏ ਸਰਪੰਚ ਨੂੰ ਪੰਜ ਲੱਖ ਦਾ ਚੈੱਕ ਦੇ ਕੇ ਆਪਣਾ ਵਾਅਦਾ ਪੂਰਾ ਕੀਤਾ। ਇਸ ਸਮੇਂ ਐਮ ਐਲ ਏ ਮੈਡਮ ਸੰਤੋਸ਼ ਕਟਾਰੀਆ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਤੇ ਉਹਨਾਂ ਦਾ ਜਲਦ ਹੀ ਨਿਪਟਾਰਾ ਕਰਨ ਦਾ ਵਾਅਦਾ ਕੀਤਾ। ਕੈਪਟਨ ਤਰਸੇਮ ਸਿੰਘ ਨੇ ਐਮ ਐਲ ਏ ਸੰਤੋਸ਼ ਕਟਾਰੀਆ ਦਾ 5 ਲੱਖ ਦੀ ਗਰਾਂਟ ਦੇਣ ਤੇ ਧੰਨਵਾਦ ਕੀਤਾ। ਪਿੰਡ ਖੁਰਦਾਂ ਦੇ ਸਰਪੰਚ ਕੁਲਵੰਤ ਸਿੰਘ, ਨਿਰਮਲ ਸਿੰਘ ਸਾਬਕਾ ਪੰਚ, ਤਰਸੇਮ ਸਿੰਘ ਕੈਪਟਨ, ਕਸ਼ਮੀਰ ਸਿੰਘ ਕੈਪਟਨ, ਸੀਤਲ ਸਿੰਘ, ਅਵਤਾਰ ਸਿੰਘ ਪੰਚ, ਗੁਰਮੁਖ ਸਿੰਘ ਪੰਚ, ਬਹਾਦੁਰ ਸਿੰਘ, ਹਜ਼ੂਰਾ ਸਿੰਘ, ਵਿਜੈ ਕੁਮਾਰ, ਵਿਜੈ ਕੁਮਾਰ ਗੋਖਾ,ਚਰਨਜੀਤ ਸਿੰਘ, ਸੂਬੇਦਾਰ ਕੁਲਦੀਪ ਸਿੰਘ, ਕੇਵਲ ਸਿੰਘ ਮਿਸਤਰੀ, ਮੇਜਰ ਸਿੰਘ, ਸ਼ਿਵ ਕੁਮਾਰ ਸਾਬਕਾ ਪੰਚ, ਜਸਵਿੰਦਰ ਕੌਰ ਸਾਬਕਾ ਪੰਚ, ਊਸ਼ਾ ਰਾਣੀ ਸਾਬਕਾ ਪੰਚ, ਮੀਨਾ ਰਾਣੀ, ਹਰਦੀਪ ਕੌਰ, ਸੁਰਜੀਤ ਕੌਰ, ਰਾਜ ਰਾਣੀ, ਮਹਿੰਦਰ ਕੌਰ, ਸੁਰਿੰਦਰ ਕੌਰ ਤੇ ਲਵਲੀਨ ਸੋਨੀਆ ਆਦਿ ਪਿੰਡ ਵਾਸੀ ਹਾਜ਼ਰ ਸਨ।

# ਖੇਡ ਮੈਦਾਨ ਲਈ ਦਿੱਤੀ ਇੱਕ ਲੱਖ ਰੁਪਏ ਦੀ ਗ੍ਰਾਂਟ

**ਬਲਾਚੌਰ (ਜਸਵਿੰਦਰ ਬੈਂਸ)**

ਸ਼ਹੀਦ ਭਗਤ ਸਿੰਘ ਨਗਰ ਤੋਂ ਆਮ ਆਦਮੀ ਪਾਰਟੀ ਦੇ ਜ਼ਿਲਾ ਪ੍ਰਧਾਨ ਤੇ ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡ ਬਾਲੇਵਾਲ ਦੇ ਖੇਡ ਮੈਦਾਨ ਦੀ ਉਸਾਰੀ ਲਈ ਇਕ ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ। ਇਸ ਮੌਕੇ ਤੇ ਉਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਪਿੰਡਾਂ ਵਿੱਚ ਨੌਜਵਾਨਾਂ ਲਈ ਖੇਡਾਂ ਦੇ ਮੈਦਾਨ ਤਿਆਰ ਕੀਤੇ ਜਾ ਰਹੇ ਹਨ ਉਸ ਮਕਸਦ ਨਾਲ ਉਹਨਾਂ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਖੇਡ ਮੈਦਾਨ ਦੇ ਲਈ 1 ਲੱਖ ਰੁਪਏ ਦੀ ਗਰਾਂਟ ਪਿੰਡ ਦੀ ਪੰਚਾਇਤ ਨੂੰ ਦਿੱਤੀ ਗਈ ਹੈ। ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਜਲਾਲਪੁਰ ਨੇ ਦੱਸਿਆ ਕਿ ਪਿੰਡ ਬਾਲੇਵਾਲ ਪੰਚਾਇਤ ਵੱਲੋਂ ਪਿਛਲੇ ਦਿਨੀ ਉਹਨਾਂ ਨਾਲ ਰਾਬਤਾ ਕਾਇਮ ਕਰਕੇ ਪਿੰਡ ਦੇ ਖੇਡ ਮੈਦਾਨ ਲਈ ਗਰਾਂਟ ਦੀ ਮੰਗ ਕੀਤੀ ਗਈ ਸੀ ਜਿਸ ਮੰਗ ਨੂੰ ਮੁੱਖ ਰੱਖਦਿਆ ਹੋਇਆ ਉਹਨਾਂ ਵੱਲੋਂ ਪਿੰਡ ਦੀ ਇਕ ਲੱਖ ਰੁਪਏ ਦੀ ਇਕ ਲੱਖ ਰੁਪਏ ਦਾ ਚੈਕ ਦਿਤਾ ਗਿਆ। ਇਸ ਮੌਕੇ ਤੇ ਪਿੰਡ ਦੀ ਪੰਚਾਇਤ ਨੇ ਸਤਨਾਮ ਜਲਾਲਪੁਰ ਦਾ ਵਿਸ਼ੇਸ਼ ਤੌਰ ’ਤੇ ਸਨਮਾਨ ਕੀਤਾ ਤੇ ਉਹਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸਰਪੰਚ ਰਾਮ ਸਰੂਪ, ਰਿਟਾਇਰਡ ਐਕਸੀਅਨ ਅੱਛਰ ਦਾਸ ਜੀ,ਪੰਚ ਹਰਮੇਸ਼ ਕੁਮਾਰ, ਰੋਸ਼ਨ ਨਾਲ, ਪੰਚ ਨੀਲਮ ਦੇਵੀ, ਰਾਜ ਰਾਣੀ, ਕੇਵਲ ਕ੍ਰਿਸ਼ਨ ਬਿਮਲਾ ਦੇਵੀ, ਦੇਸ ਰਾਜ, ਸੀਤਾ ਰਾਮ, ਸੁੱਚਾ ਭਾਟੀਆ, ਰੋਸ਼ਨ ਲਾਲ, ਦਿਲਜੀਤ ਕੁਮਾਰ, ਵਿਜੇ ਕੁਮਾਰ, ਅਮਰਜੀਤ ਬਲਕਾਰ ਸਿੰਘ ਤੋਂ ਇਲਾਵਾ ਬਹੁਤ ਸਾਰੇ ਪਿੰਡ ਵਾਸੀ ਮੌਜੂਦ ਸਨ।



# ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ਼ ਫੈਡਰੇਸ਼ਨ ਦੀ ਕਾਨਫਰੰਸ ਸਮਾਪਤ

**ਜਲੰਧਰ (ਰਾਜੇਸ਼ ਥਾਪਾ)**

ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ਼ ਫੈਡਰੇਸ਼ਨ ਦੀ ਦੋ ਦਿਨਾਂ ਦੂਜੀ ਕੌਮੀ ਕਾਨਫਰੰਸ ਕੁਰੂਕਸ਼ੇਤਰ (ਹਰਿਆਣਾ) ਵਿਖੇ ਕਾਮਰੇਡ ਅਸ਼ੋਕ ਬੂਲ ਨਗਰ, ਕਾਮਰੇਡ ਆਰ ਨਿਵਾਸਨ ਹਾਲ ਤੇ ਕਾਮਰੇਡ ਵੇਦ ਪ੍ਰਕਾਸ਼ ਸ਼ਰਮਾ ਮੰਚ ਤੇ ਸ਼ੁਰੂ ਹੋ ਕੇ ਸਫਲਤਾ ਪੂਰਵਕ ਹੋਈ ਸਮਾਪਤ ਵਿਖੇ ਸ਼ੁਰੂ ਹੋਈ। ਕੌਮੀ ਕਾਨਫਰੰਸ ਦੇ ਦੂਜੇ ਦਿਨ ਜਨਰਲ ਸਕੱਤਰ ਦੀ ਕਾਰਵਾਈ ਰਿਪੋਰਟ ’ਤੇ ਸੰਬੋਧਨ ਕਰਦੇ ਹੋਏ ਕਰਮ ਸਿੰਘ ਧਨੋਆ ਪ੍ਰਧਾਨ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਨੇ ਦੱਸਿਆ ਕਿ ਲਗਾਤਾਰ ਸੰਘਰਸ਼ ਕਰਨ ਦੇ ਬਾਵਜੂਦ ਵੀ ਸਰਕਾਰ ਨੇ ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀ ਮੰਗਾਂ ਪ੍ਰਤੀ ਸਾਜਿਸੀ ਚੁੱਪੀ ਧਾਰੀ ਹੋਈ ਹੈ ਅਤੇ ਵਾਰ ਵਾਰ ਮੀਟਿੰਗਾਂ ਦੀਆਂ ਮਿਤੀਆਂ ਦੇ ਕੇ ਗੱਲਬਾਤ ਕਰਨ ਤੋਂ ਭੱਜ ਰਹੀ ਹੈ। ਆਲ ਇੰਡੀਆ ਸਟੇਟ ਪੈਨਸ਼ਨਰਜ਼ ਫੈਡਰੇਸ਼ਨ ਦੇ ਕੌਮੀ ਸਕੱਤਰ ਮਨਜੀਤ ਸਿੰਘ ਸੈਣੀ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਤੁਰੰਤ ਬਹਾਲ ਕਰਕੇ ਮੁਲਾਜ਼ਮਾਂ ਦੇ ਬੁਢਾਪੇ ਦੀ ਪੰਡੋਰੀ ਨੂੰ ਸੁਰੱਖਿਅਤ ਕੀਤਾ ਜਾਵੇ ਤੇ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਵਾਉਣ ਲਈ ਲਗਾਤਾਰ ਸੰਘਰਸ਼ ਜਾਰੀ ਰੱਖਣ ਦਾ ਭਰੋਸਾ ਦਿੱਤਾ। ਕਾਨਫਰੰਸ ਦੇ ਆਖਰ ਵਿੱਚ ਪੁਰਾਣੀ ਕਮੇਟੀ ਨੂੰ ਭੰਗ ਕਰਦੇ ਹੋਏ ਅਰੁਣਾ ਘੋਸ਼ ਨੇ ਨਵੀਂ ਕੇਂਦਰੀ ਕਮੇਟੀ ਦਾ ਪੈਨਲ ਪੇਸ਼ ਕੀਤਾ। ਪੇਸ਼ ਪੈਨਲ ਨੂੰ ਸਰਬਸੰਮਤੀ ਨਾਲ ਪਾਸ ਕੀਤੇ ਗਏ ਪੈਂਨਲ ਅਨੁਸਾਰ ਸੁਰਿੰਦਰ ਚੌਧਰੀ ਬਿਹਾਰ ਪ੍ਰਧਾਨ, ਵਜ਼ੀਰ ਸਿੰਘ ਹਰਿਆਣਾ ਜਨਰਲ ਸਕੱਤਰ ਤੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਵਲੋਂ ਕਰਮ ਸਿੰਘ ਧਨੋਆ ਮੀਤ ਪ੍ਰਧਾਨ ਤੇ ਮਨਜੀਤ ਸਿੰਘ ਸੈਣੀ ਸਕੱਤਰ ਚੁਣੇ ਗਏ। ਨਵੀਂ ਚੁਣੀ ਗਈ ਕਮੇਟੀ ਵਲੋਂ 21 ਅਪ੍ਰੈਲ 2026 ਨੂੰ ਪੂਰੇ ਦੇਸ਼ ਵਿੱਚ ਜ਼ਿਲ੍ਹਾ ਪੱਧਰੀ ਐਕਸ਼ਨ ਕਰਦੇ ਹੋਏ ਮੰਗ ਪੱਤਰ ਵਿੱਚ ਦਰਜ਼ ਮੰਗਾਂ ਅੱਠਵਾਂ ਪੇ ਕਮਿਸ਼ਨ ਸਮੂਹ ਪੈਨਸ਼ਨਰਾਂ ਤੇ ਲਾਗੂ ਕਰਨ, ਪੀ ਐੱਫ ਆਰ ਡੀ ਏ ਬਿੱਲ ਰੱਦ ਕਰਨ,ਪੁਰਾਣੀ ਪੈਨਸ਼ਨ ਬਹਾਲ ਕਰਨ, ਫਾਈਨਾਂਸ ਬਿੱਲ 2025 ਰੱਦ ਕਰਨ,ਚਾਰ ਕਿਰਤ ਕੋਡਾਂ ਨੂੰ ਰੱਦ ਕਰਨ,ਕਰੋਨਾ ਦੌਰਾਨ ਯਾਤਰਾ ਕਿਰਾਏ ਵਿੱਚ ਮਿਲਦੀ 50 ਪ੍ਰਤੀਸ਼ਤ ਦੀ ਬੰਦ ਕੀਤੀ ਛੋਟ ਬਹਾਲ ਕਰਨ, ਪਬਲਿਕ ਅਦਾਰਿਆਂ ਦਾ ਨਿੱਜੀਕਰਨ ਬੰਦ ਕਰਨ, ਨਵੀਂ ਸਿੱਖਿਆ ਨੀਤੀ 2020 ਅਤੇ ਜ਼ਬਰੀ ਟੈੱਟ ਦੀ ਸ਼ਰਤ ਨੂੰ ਰੱਦ ਕਰਨ ਆਦਿ ਮੰਗ ਪੱਤਰ ਵਿੱਚ ਦਰਜ਼ ਮੰਗਾਂ ਦੇ ਸਬੰਧ ਵਿੱਚ ਮੰਗ ਪੱਤਰ ਭੇਜਣ ਦਾ ਐਲਾਨ ਕੀਤਾ।ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਗਿਆਰਾਂ ਮੈਂਬਰੀ ਡੈਲੀਗੇਸ਼ਨ ਵਿੱਚ ਕੌਮੀ ਸਕੱਤਰ ਮਨਜੀਤ ਸਿੰਘ ਸੈਣੀ ਤੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਸੂਬਾਈ ਪ੍ਰਧਾਨ ਕਰਮ ਸਿੰਘ ਧਨੋਆ ਇਲਾਵਾ ਕਰਨੈਲ ਸਿੰਘ ਸੰਧੂ, ਕੁਲਦੀਪ ਸਿੰਘ ਕੌੜਾ, ਗੁਰਦੀਪ ਸਿੰਘ ਵਾਲੀਆ, ਅਜੈਬ ਸਿੰਘ ਭੰਗੂ, ਹਰਦੇਵ ਸਿੰਘ, ਤਰਲੋਚਨ ਸਿੰਘ, ਗੁਰਦੀਪ ਸਿੰਘ ਸੀ ਟੀ ਯੂ, ਗਿਆਨ ਸਿੰਘ ਰਾਜਨ, ਪਰਮਜੀਤ ਸਿੰਘ ਮੱਗੋ ਆਦਿ ਸਾਥੀ ਸ਼ਾਮਲ ਹੋਏ।



# ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



**ਫਗਵਾੜਾ (ਡਾ. ਰਮਨ)**

ਸਤਿਗੁਰੂ ਰਵਿਦਾਸ ਮਹਾਰਾਜ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਜੀ ਆਰ ਡੀ ਕੋਐਜੂਕੇਸ਼ਨਲ ਕਾਲਜ ਫਗਵਾੜਾ ਵਿਖੇ ਹਰ ਸਾਲ ਦੀ ਤਰ੍ਹਾਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਵੇਰੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਕੀਰਤਨੀ ਜੱਥੇ ਵਲੋਂ ਰਸਭਿੰਨੇ ਕੀਰਤਨ ਰਾਹੀਂ ਗੁਰੂ ਮਹਾਰਾਜ ਦੀ ਬਾਣੀ ਸਰਵਣ ਕਰਵਾਈ ਗਈ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਈ। ਸਮਾਗਮ ਦੌਰਾਨ ਮੁੱਖ ਮਹਿਮਾਨਾਂ ਵਜੋਂ ਜੀ ਆਰ ਡੀ ਐਜੂਕੇਸ਼ਨਲ ਟਰੱਸਟ ਦੇ ਚੇਅਰਮੈਨ ਯੂ ਸੀ ਸਰੋਆ ਦੇ ਨਾਲ ਜੇ ਐੱਸ ਰਾਏ ਤੇ ਪਰਮਾਨੰਦ ਬਰਮਿੰਗਮ (ਯੂ ਕੇ) ਨੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਨਗਰ ਸੁਧਾਰ ਟਰੱਸਟ ਫਗਵਾੜਾ ਦੇ ਚੇਅਰਮੈਨ ਜਰਨੈਲ ਨੰਗਲ,ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ, ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਤੇ ਗੁਰੂ ਰਵਿਦਾਸ ਐਜੂਕੇਸ਼ਨਲ ਟਰੱਸਟ (ਯੂ.ਕੇ.) ਦੇ ਪੰਜਾਬ ਕੋਆਰਡੀਨੇਟਰ ਸੇਵਾ ਸਿੰਘ ਨੇ ਵੀ ਉਚੇਚੇ ਤੌਰ ’ਤੇ ਹਾਜ਼ਰੀ ਲਗਵਾਈ ਅਤੇ ਸਮੂਹ ਹਾਜਰੀਨ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਤੋਂ ਪਹਿਲਾਂ ਸਮੂਹ ਮਹਿਮਾਨਾਂ ਦਾ ਰਸਮੀ ਸਵਾਗਤ ਮਿਸ ਮੀਨਾਕਸ਼ੀ ਤੇ ਜਸਵਿੰਦਰ ਕੌਰ ਵਲੋਂ ਗੁਲਦਸਤੇ ਭੇਟ ਕਰਕੇ ਕੀਤਾ ਗਿਆ। ਕਾਲਜ ਵਿਦਿਆਰਥਣਾਂ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਆਰਤੀ ਦਾ ਗਾਇਨ ਕੀਤਾ ਗਿਆ। ਬੀ.ਏ. ਚੌਥੇ ਸਮੈਸਟਰ ਦੇ ਵਿਦਿਆਰਥੀ ਗੌਰਵ ਕੌਲ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਅਤੇ ਫਲਸਫੇ ਬਾਰੇ ਚਾਨਣਾ ਪਾਇਆ। ਪਤਵੰਤਿਆਂ ਨੇ ਗੁਰੂ ਮਹਾਰਾਜ ਦਾ ਅਸ਼ੀਰਵਾਦ ਲੈਣ ਉਪਰੰਤ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਉਹਨਾਂ ਦੀਆਂ ਸਿੱਖਿਆਵਾਂ ’ਤੇ ਚੱਲਣ ਲਈ ਪ੍ਰੇਰਿਆ। ਕਾਲਜ ਦੇ ਡਾਇਰੈਕਟਰ (ਐਜੂਕੇਸ਼ਨ) ਡਾ. ਨੀਲਮ ਸੇਠੀ ਤੇ ਪ੍ਰਿੰਸੀਪਲ ਗੁਰਜੀਤ ਕੌਰ ਨੇ ਮੁੱਖ ਮਹਿਮਾਨਾਂ ਦਾ ਪਹੁੰਚਣ ਲਈ ਧੰਨਵਾਦ ਕੀਤਾ। ਮੁੱਖ ਮਹਿਮਾਨਾਂ ਨੂੰ ਕਾਲਜ ਵਲੋਂ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਕੜਾਹ ਪ੍ਰਸਾਦ ਅਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ। ਇਸ ਮੌਕੇ ਕਾਲਜ ਟਰੱਸਟ ਦੇ ਸੀਨੀਅਰ ਵਾਈਸ ਚੇਅਰਮੈਨ ਤਾਰਾ ਚੰਦ ਚੁੰਬਰ, ਜਨਰਲ ਸਕੱਤਰ ਅਸ਼ੋਕ ਭਾਟੀਆ, ਵਿੱਤ ਸਕੱਤਰ ਬੀ.ਐਸ. ਬਾਗਲਾ, ਕੋਆਰਡੀਨੇਟਰ ਟੀ.ਆਰ. ਬਸਰਾ, ਟਰੱਸਟੀ ਮੈਂਬਰ ਅਵਿਨਾਸ਼ ਲੇਖ, ਅਸਿਸਟੈਂਟ ਕਮਿਸ਼ਨਰ ਸੀ.ਆਰ. ਦਰਬੰਗਾ, ਨਿਰਵੈਰ ਸਿੰਘ ਪ੍ਰਧਾਨ ਲੋਕ ਸੇਵਾ ਦਲ ਤੋਂ ਇਲਾਵਾ ਸਮੂਹ ਕਾਲਜ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

# ਆਲੋਵਾਲ ਤੋਂ ਬਕਾਪੁਰ ਵੇਈਂ ਪੁਲ ਜਲਦ ਲੋਕ ਅਰਪਣ ਕੀਤਾ ਜਾਵੇਗਾ : ਕਟਾਰੀਆ

**ਪੋਜੇਵਾਲ (ਰਾਮ ਲਾਲ)**- ਜਿਲ੍ਹਾ ਸ਼ਹੀਦ ਭਗਤ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਅਧੀਨ ਪੈਂਦੇ ਪਿੰਡ ਬਕਾਪੁਰ ਅਤੇ ਆਲੋਵਾਲ ਦੇ ਵਿਚਾਰ ਪੈਂਦੀ ਵੇਈ ਦਾ ਕੰਮ ਕਾਫੀ ਤੇਜੀ ਨਾਲ ਚੱਲ ਰਿਹਾ ਹੈ। ਬਲਾਚੌਰ ਹਲਕੇ ਵਿੱਚ ਵਿਕਾਸ ਦੇ ਕੰਮਾਂ ਵਿੱਚ ਤੇਜੀ ਲਿਆਂਦੀ ਜਾ ਰਹੀ ਹੈ।ਇਸ ਗੱਲ ਦਾ ਪ੍ਰਗਟਾਵਾ ਕਰਦੇ ਹੋਏ ਜਿਲ੍ਹਾ ਪ੍ਰੀਸ਼ਦ ਦੇ ਮੈਬਰ ਹਲਕਾ ਪੋਜੇਵਾਲ ਤੋਂ ਕਰਨਵੀਰ ਕਟਾਰੀਆ ਨੇ ਕਿਹਾ ਕਿ ਬਕਾਪੁਰ ਤੋਂ ਆਲੋਵਾਲ ਨੂੰ ਜਾਣ ਵਾਲੀ ਵੇਈ ਤੇ ਪੰਜਾਬ ਸਰਕਾਰ ਵਲੋ ਪੁੱਲ ਬਣਾਇਆ ਜਾ ਰਿਹਾ ਹੈ ਜਿਸ ਦਾ ਕੰਮ ਕਾਫੀ ਤੇਜੀ ਨਾਲ ਚੱਲ ਰਿਹਾ ਹੈ। ਥੋੜ੍ਹੇ ਹੀ ਸਮੇਂ ਵਿੱਚ ਬਣ ਕੇ ਤਿਆਰ ਹੋ ਜਾਵੇਗਾ।ਜਿਸ ਦਾ ਇਲਾਕੇ ਦੇ ਲੋਕਾਂ ਨੂੰ ਕਾਫੀ ਫਾਇਦਾ ਹੋਵੇਗਾ । ਉਹਨਾਂ ਨੇ ਦੱਸਿਆ ਕਿ ਅੱਡਾ ਚਣਕੋਆ ਤੋਂ ਵਾਇਆ ਛਦੋੜੀ ਤੇ ਆਕਲਿਆਣਾ,ਨਵਾ ਪਿੰਡ ਟੱਪਰੀਆਂ ਤੱਕ 11 ਕਿਲੋਮੀਟਰ ਸੜਕ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਜਿਸ ਦਾ ਕੰਮ ਬਹੁਤ ਜਲਦ ਸ਼ੁਰੂ ਹੋ ਜਾਵੇਗਾ ।ਇਸ ਸਮੇਂ ਉਹਨਾਂ ਦੇ ਨਾਲ ਰਸ਼ਪਾਲ ਸਿੰਘ ਮੰਡੇਰ , ਜਸਵਿੰਦਰ ਸਿੰਘ ਸਿਆਣ,ਪਰਸ਼ੋਤਮ ਰਾਮ ਸਾਬਕਾ ਸਰਪੰਚ ,ਬਾਬਾ ਗੁਰਦੀਪ ਸਿੰਘ ਸਰਪੰਚ ਛਦੋੜੀ, ਬਚਿੱਤਰ ਸਿੰਘ ਸਾਬਕਾ ਸਰਪੰਚ ਭਾਰਾਪੁਰ,ਚਰਨ ਸਿੰਘ ਛਦੋੜੀ ਆਦਿ ਹਾਜ਼ਰ ਸਨ ।

# ਜ਼ਿਲ੍ਹਾ ਰੋਜ਼ਗਾਰ ਤੇ ਉੱਦਮ ਬਿਊਰੋ ਵੱਲੋਂ ਰੋਜ਼ਗਾਰ ਯੋਗਤਾ ਸਿਖਲਾਈ ਪ੍ਰੋਗਰਾਮ ਸ਼ੁਰੂ

**ਨਵਾਂਸ਼ਹਿਰ, (ਮਨੋਜ ਲਾਡੀ)**-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਉੱਦਮ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਨੇ ਟੈਕ ਮਹਿੰਦਰਾ ਅਤੇ ਨੰਦੀ ਫਾਊਂਡੇਸ਼ਨ ਦੇ ਸਹਿਯੋਗ ਨਾਲ, ਇੱਕ ਪ੍ਰਮਾਣਿਤ ਦਸ-ਦਿਨਾਂ ਰੁਜ਼ਗਾਰ ਯੋਗਤਾ ਸਿਖਲਾਈ ਪ੍ਰੋਗਰਾਮ ਸ਼ੁਰੂ ਕੀਤਾ। ਇਹ ਜਾਣਕਾਰੀ ਜ਼ਿਲ੍ਹਾ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਧਿਕਾਰੀ ਸੰਦੀਪ ਕੁਮਾਰ ਨੇ ਦੱਸਿਆ ਕਿ ਇਹ ਸਿਖਲਾਈ ਪ੍ਰੋਗਰਾਮ ਉਮੀਦਵਾਰਾਂ ਨੂੰ ਲਾਭ ਪਹੁੰਚਾਉਣ ਤੇ ਉਨ੍ਹਾਂ ਦੇ ਭਵਿੱਖ ਦੇ ਕਰੀਅਰ ਨੂੰ ਬਣਾਉਣ ਵਿੱਚ ਮਦਦ ਕਰਨ ਲਈ ਆਯੋਜਿਤ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਪ੍ਰੋਗਰਾਮ ਤਹਿਤ ਸੰਚਾਰ ਹੁਨਰਾਂ ਵਿੱਚ ਵਾਧਾ, ਪੇਸ਼ੇਵਰ ਸ਼ਿਸ਼ਟਾਚਾਰ ਵਿੱਚ ਸੁਧਾਰ, ਕੰਪਿਊਟਰ-ਅਧਾਰਤ ਟੈਸਟ (ਸੀ ਬੀ ਟੀ) ਦੀ ਤਿਆਰੀ, ਮੁੱਢਲੇ ਕੰਪਿਊਟਰ ਹੁਨਰ, ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਸਬੰਧੀ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਮਾਡਿਊਲ ਉਮੀਦਵਾਰਾਂ ਦੇ ਰੁਜ਼ਗਾਰ ਯੋਗਤਾ ਹੁਨਰਾਂ ਨੂੰ ਵਧਾਉਣ ਅਤੇ ਉਨ੍ਹਾਂ ਨੂੰ ਬਿਹਤਰ ਕਰੀਅਰ ਦੇ ਮੌਕਿਆਂ ਲਈ ਤਿਆਰ ਕਰਨ ਲਈ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਸਿਖਲਾਈ ਦੇ ਸਫਲਤਾਪੂਰਵਕ ਪੂਰਾ ਹੋਣ ’ਤੇ, ਭਾਗੀਦਾਰਾਂ ਨੂੰ ਸਰਟੀਫਿਕੇਟ ਦਿੱਤੇ ਜਾਣਗੇ। ਇਸ ਸਿਖਲਾਈ ਦਾ ਪਹਿਲਾ ਪੜਾਅ 23 ਫਰਵਰੀ ਤੋਂ ਸ਼ੁਰੂ ਹੋਇਆ, ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਤਰ੍ਹਾਂ ਦੇ ਪ੍ਰੋਗਰਾਮ ਸ਼ੁਰੂ ਕੀਤੇ ਜਾਣਗੇ।

# ਖ਼ੂਨਦਾਨ ਕੈਂਪ ਲਗਾਉਣ ਤੇ ਸੰਸਥਾ ਸਨਮਾਨਤ

**ਰੂਪਨਗਰ (ਸੈਣੀ)**

ਕਾਕਾ ਰਾਮ ਸੈਣੀ ਚੈਰੀਟੇਬਲ ਟਰੱਸਟ ਸੈਣੀ ਭਵਨ ਰੂਪਨਗਰ ਵਲੋਂ ਸਮਾਜ ਭਲਾਈ ਦੇ ਖੇਤਰ ਕੀਤੇ ਜਾ ਰਹੇ ਕਾਰਜ਼ ਸਦਕਾ ਹਰ ਸਾਲ ਦੋ ਖ਼ੂਨਦਾਨ ਕੈਂਪ ਲਗਾਉਣ ਕਾਰਨ ਸਾਲ 2025 ਲਈ ਵੀ ਸਨਮਾਨ ਪ੍ਰਾਪਤ ਹੋਇਆ ਹੈ। ਸੰਸਥਾ ਨੂੰ ਇਹ ਸਨਮਾਨ ਰੋਟਰੀ ਐਂਡ ਬਲੱਬ ਬੈਕ ਸੁਸਾਇਟੀ ਰਿਸੋਰਸ ਸੈਂਟਰ ਚੰਡੀਗੜ੍ਹ ਵਲੋਂ ਮਗਸੀਪਾ ਸੈਕਟਰ 26 ਵਿਖੇ ਕੀਤੇ ਵਿਸ਼ੇਸ਼ ਸਮਾਰੋਹ ਦੌਰਾਨ ਭੇਟ ਕੀਤਾ ਗਿਆ।ਸਮਾਰੋਹ ਦੇ ਮੁੱਖ ਮਹਿਮਾਨ ਚੰਡੀਗੜ੍ਹ ਤੋਂ ਲੋਕ ਸਭਾ ਮੈਂਬਰ ਮਨੀਸ਼ ਤਿਵਾੜੀ ਸਨ।ਇਹ ਸਨਮਾਨ ਸੰਸਥਾ ਵਲੋਂ ਟਰੱਸਟੀਆ ਰਾਜਿੰਦਰ ਸੈਣੀ, ਦਲਜੀਤ ਸਿੰਘ, ਜਗਦੇਵ ਸਿੰਘ ਅਤੇ ਬਲੱਡ ਡੋਨਰ ਚਰਨਦੀਪ ਸਿੰਘ ਚੈਰੀ ਵਲੋਂ ਪ੍ਰਾਪਤ ਕੀਤਾ ਗਿਆ। ਸਾਲ 2025 ਦੌਰਾਨ ਸੰਸਥਾ ਵਲੋਂ ਲਗਾਏ ਗਏ ਦੋ ਖ਼ੂਨਦਾਨ ਕੈਂਪਾ ਦੌਰਾਨ 111 ਯੂਨਿਟ ਇਕੱਠਾ ਕੀਤਾ ਗਿਆ ਸੀ ਤੇ ਇਹ ਸੰਸਥਾ ਹੁਣ ਤੱਕ ਲਗਾਤਾਰ 25 ਖ਼ੂਨਦਾਨ ਕੈਂਪ ਲਗਾ ਚੁੱਕੀ ਹੈ। ਇਸ ਮੌਕੇ ਤਿਵਾੜੀ ਨੇ ਸੰਸਥਾ ਦੇ ਪ੍ਰਤੀਨਿਧਾ ਨੂੰ ਵਧਾਈ ਦਿੱਤੀ ਅਤੇ ਸੈਣੀ ਭਵਨ ਨਾਲ ਨਾਲ ਆਪਣੀ ਨੇੜਤਾ ਵਾਰੇ ਇਸ ਹਲਕੇ ਦੇ ਸੰਸਦ ਮੈਂਬਰ ਸਮੇਂ ਦੀਆ ਯਾਦਾ ਨੂੰ ਵੀ ਸਾਂਝਾ ਕੀਤਾ।

ਇਸ ਸਮਾਰੋਹ ਸਮੇਂ ਵੱਡੀ ਗਿਣਤੀ ਵਿੱਚ ਖ਼ੂਨਦਾਨੀ, ਵੱਖ ਵੱਖ ਸਮਾਜ ਸੇਵੀ ਸੰਸਥਾਵਾ ਦੇ ਨੁਮਾਇਦੇਂ ਅਤੇ ਬਲੱਡ ਬੈਂਕ ਦੇ ਡਾਇਰੈਕਟਰ ਡਾ. ਮੁਨੀਸ, ਡਾ. ਰੌਲੀ ਅਗਰਵਾਲ, ਆਰ. ਕੇ. ਸਾਬੂ ਤੇ ਸ਼੍ਰੀ ਨਹਿਰੂ ਆਦਿ ਪਤਵੰਤੇ ਹਾਜ਼ਰ ਸਨ।



25-FEB-PAGE-10.qxd 2/24/2026 9:18 PM Page 1



## ਸਮਿਤੀ ਵੱਲੋਂ ਅਨੁਵਰਤ ਵਾਟਿਕਾ ਦਾ ਸ਼ੁਭ-ਆਰੰਭ



**ਜਗਰਾਉਂ (ਅਮਿਤ ਖੰਨਾ)**-ਅਨੁਵਰਤ ਸਮਿਤੀ ਜਗਰਾਉਂ ਵੱਲੋਂ ਅਨੁਵਰਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸ਼ਾਸਤਰੀ ਨਗਰ ਜਗਰਾਉਂ ਵਿੱਚ ਅਨੁਵਰਤ ਵਾਟਿਕਾ ਦਾ ਸ਼ੁਭ-ਆਰੰਭ ਕੀਤਾ ਗਿਆ। ਇਸ ਮੌਕੇ ਪਰਵੀਨ ਜੈਨ, ਚੇਅਰਮੈਨ ਅਨੁਵਰਤ ਸੰਮਤੀ ਜਗਰਾਉਂ, ਪ੍ਰਧਾਨ ਤਰਨ ਪੰਥ ਸਭਾ ਰਾਜਪਾਲ ਜੈਨ, ਪ੍ਰਧਾਨ ਅਨੁਵਰਤ ਸੰਮਤੀ ਜਗਰਾਉਂ ਨੇ ਕਿਹਾ ਕਿ ਵਾਤਾਵਰਣ ਸੁਰੱਖਿਆ ਤੇ ਅਨੁਸ਼ਾਸਨ ਵਰਗੇ ਮੁੱਲਾਂ ਨੂੰ ਪੈਦਾ ਕਰਨ ਦਾ ਸੰਦੇਸ਼ ਦਿੱਤਾ ਗਿਆ ਤੇ ਬੱਚਿਆਂ ਵਿੱਚ ਵਾਤਾਵਰਣ ਜਾਗਰੂਕਤਾ ਵਧਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।ਇਸ ਮੌਕੇ ਪਰਵੀਨ ਜੈਨ, ਚੇਅਰਮੈਨ ਅਨੁਵਰਤ ਸੰਮਤੀ ਜਗਰਾਉਂ, ਪ੍ਰਧਾਨ ਤਰਨ ਪੰਥ ਸਭਾ ਰਾਜਪਾਲ ਜੈਨ, ਪ੍ਰਧਾਨ ਅਨੁਵਰਤ ਸੰਮਤੀ ਜਗਰਾਉਂ, ਲਲਿਤ ਜੈਨ, ਤਰਨਪੰਥ ਸਭਾ ਜਗਰਾਉਂ, ਸ਼ਸ਼ੀ ਭੂਸ਼ਣ ਜੈਨ, ਸਲਾਹਕਾਰ ਅਨੁਵਰਤ ਸੰਮਤੀ ਜਗਰਾਉਂ, ਸੈਕੰ. ਸੀਨੀਅਰ ਸਿਟੀਜ਼ਨ ਫੋਰਮ ਜਗਰਾਉਂ, ਰਜਿੰਦਰ ਕੁਮਾਰ ਗੋਇਲ, ਸਲਾਹਕਾਰ ਅਨੁਵਰਤ ਸੰਮਤੀ ਜਗਰਾਉਂ, ਵਿਨੋਦ ਜੈਨ, ਉਪ ਪ੍ਰਧਾਨ ਅਨੁਵਰਤ ਸੰਮਤੀ ਜਗਰਾਉਂ, ਪੂਜਾ ਜੈਨ, ਟੀ ਪੀ ਐੱਮ ਐੱਮ ਜਗਰਾਉਂ ਸ਼੍ਰੀਮਤੀ ਅਮਰਜੀਤ ਕੌਰ, ਡਾਇਰੈਕਟਰ ਅਨੁਵਰਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਪ੍ਰਿੰਸੀਪਲ ਗੋਲਡੀ ਜੈਨ ਅਨੁਵਰਤ, ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਲਲਿਤ ਅਗਰਵਾਲ, ਸਾਬਕਾ ਪ੍ਰਧਾਨ ਸੀਨੀਅਰ ਸਿਟੀਜ਼ਨ ਫੋਰਮ ਜਗਰਾਉਂ ਤੇ ਹੋਰ ਹਾਜ਼ਰ ਸਨ।

## ਰੋਡਵੇਜ਼ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਵਿਸ਼ੇਸ਼ ਇਕੱਤਰਤਾ



**ਲੁਧਿਆਣਾ (ਸਤੀਸ਼ ਸਚਦੇਵਾ)**-ਰੋਡਵੇਜ਼ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਲੁਧਿਆਣਾ ਦੀ ਵਿਸ਼ੇਸ਼ ਇਕੱਤਰਤਾ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਪ੍ਰਧਾਨ ਰਾਜਿੰਦਰ ਸਿੰਘ ਲਲਤੋਂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਉਨ੍ਹਾਂ ਆਪਣੀਆਂ ਮੰਗਾਂ, ਮੁਸ਼ਕਲਾਂ ਵਿਚਾਰੀਆਂ ਤੇ ਉਨ੍ਹਾਂ ਦੇ ਹੱਲ ਬਾਰੇ ਗੰਭੀਰ ਵਿਚਾਰ ਚਰਚਾ ਕੀਤੀ ਗਈ।ਵੱਖ-ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ਼ ਨੂੰ ਮਿਲਦਾ ਘੱਟ ਮਹਿੰਗਾਈ ਭੱਤਾ 42% ਤੇ ਗੁਆਂਢੀ ਰਾਜਾਂ ਵਿੱਚ 58% ਤੇ ਸਾਰੇ ਪੈਨਸ਼ਨਰ ਇੱਕਮੱਤ ਸਨ, ਸਰਕਾਰ ਤੋਂ 58% ਮਹਿੰਗਾਈ ਭੱਤਾ ਕਰਨ ਦੀ ਮੰਗ ਕੀਤੀ ਗਈ। ਰਾਜਿੰਦਰ ਸਿੰਘ ਲਲਤੋਂ ਨੇ ਦੱਸਿਆ ਕਿ ਸਾਡੀ ਪੈਨਸ਼ਨ 2.59 ਦੇ ਫੈਕਟਰ ਨਾਲ ਫਿਕਸ ਕੀਤੀ ਜਾਵੇ, ਮਹਿੰਗਾਈ ਭੱਤੇ ਦਾ ਸਾਰਾ ਬਕਾਇਆ ਯੱਕਮੁਸ਼ਤ ਭੁਗਤਾਨ ਕੀਤਾ ਜਾਵੇ, 2004 ਤੋਂ ਬੰਦ ਕੀਤੀ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ।ਇਸ ਮੌਕੇ 75 ਤੇ 80 ਸਾਲ ਦੀ ਉਮਰ ਪੂਰੀ ਕਰਨ ਵਾਲੇ ਪੈਨਸ਼ਨਰਾਂ ਨੂੰ ਸਨਮਾਨਤ ਕੀਤਾ ਗਿਆ, ਜਿਸ ਵਿੱਚ ਗੁਰਜੀਤ ਸਿੰਘ, ਚੂਹੜ ਸਿੰਘ, ਮਹਿੰਦਰ ਸਿੰਘ, ਮੋਹਨ ਸਿੰਘ ਰਤਨ, ਬਲਵੀਰ ਸਿੰਘ ਘੁੜਾਣੀ, ਸੰਤੋਖ ਸਿੰਘ, ਨਰਿੰਦਰ ਕੁਮਾਰ ਸੂਦ, ਬਖ਼ਸ਼ੀਸ਼ ਲਾਲ, ਦਿਆਲ ਸਿੰਘ, ਸੁਰਿੰਦਰ ਕੁਮਾਰ ਸ਼ਾਮਲ ਸਨ।ਚੇਅਰਮੈਨ ਪੈਨਸ਼ਨਰ ਭਵਨ ਲੁਧਿਆਣਾ ਦਲੀਪ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਉਨ੍ਹਾਂ ਪੱਤਰਕਾਰ ਭਾਈਚਾਰੇ ਨੂੰ ਵੀ ਮੋਮੈਂਟੋ ਤੇ ਸ਼ਾਲ ਨਾਲ ਸਨਮਾਨਤ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲ ਸਿੰਘ ਲਲਤੋਂ, ਜਨਰਲ ਸਕੱਤਰ ਗੁਰਦਿਆਲ ਸਿੰਘ, ਬਾਪੂ ਬਲਕੌਰ ਸਿੰਘ, ਹਰਮਿੰਦਰ ਕੁਮਾਰ, ਕੁਲਵੰਤ ਸਿੰਘ, ਬੀਰਾ ਸਿੰਘ, ਮੋਹਨਜੀਤ ਸਿੰਘ ਹਾਜ਼ਰ ਸਨ।

## ਆਰੀਅਨਜ਼ ਗਰੁੱਪ ਤੇ ਫਿਊਟਰੇਡ ਇਨੋਵੇਸ਼ਨ ਵਿਚਕਾਰ ਸਮਝੌਤਾ



**ਰਾਜਪੁਰਾ (ਰਮੇਸ਼ ਕਟਾਰੀਆ)**-ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਰਾਜਪੁਰਾ ਨੇੜੇ ਚੰਡੀਗੜ੍ਹ ਨੇ ਆਰੀਅਨਜ਼ ਕੈਂਪਸ ਵਿਖੇ ਵਿਕਸਤ ਭਾਰਤ ਵਿਜ਼ਨ ਨਾਲ ਜੁੜੇ ਖੋਜ ਅਨੁਵਾਦ ਤੇ ਏਆਈ-ਡਰਾਈਵਡ ਇਨੋਵੇਸ਼ਨ ਈਕੋਸਿਸਟਮ 'ਤੇ ਇੱਕ ਅੰਤਰਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ।ਕਾਨਫਰੰਸ ਦੀ ਪ੍ਰਧਾਨਗੀ ਡਾ. ਅੰਸ਼ੂ ਕਟਾਰੀਆ ਚੇਅਰਮੈਨ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਨੇ ਕੀਤੀ।ਇੰਜੀਨੀਅਰਿੰਗ, ਕਾਨੂੰਨ, ਫਾਰਮੇਸੀ, ਨਰਸਿੰਗ, ਪੈਰਾਮੈਡੀਕਲ, ਫਿਜ਼ੀਓਥੈਰੇਪੀ, ਐੱਮਬੀਏ, ਬੀਬੀਏ ਤੇ ਬੀਸੀਏ ਸਟ੍ਰੀਮ ਦੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ ਤੇ ਅੰਤਰਰਾਸ਼ਟਰੀ ਮਾਹਰਾਂ ਨਾਲ ਗੱਲਬਾਤ ਕੀਤੀ।ਖੋਜ ਸਹਿਯੋਗ, ਨਵੀਨਤਾ ਤੇ ਉਦਯੋਗ-ਅਕਾਦਮਿਕ ਭਾਈਵਾਲੀ ਨੂੰ ਉਤਸ਼ਾਹਤ ਕਰਨ ਲਈ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਤੇ ਫਿਊਟਰੇਡ ਇਨੋਵੇਸ਼ਨ ਸਟੂਡੀਓਜ਼ ਵਿਚਕਾਰ ਇੱਕ ਸਮਝੌਤਾ ਪੱਤਰ (ਐਮਓਯੂ) 'ਤੇ ਵੀ ਹਸਤਾਖਰ ਕੀਤੇ ਗਏ।ਮੁੱਖ ਬੁਲਾਰਿਆਂ ਵਿੱਚ ਰਸਲ ਮਰਜ਼ ਸੰਸਥਾਪਕ ਬ੍ਰਿਸਬੇਨ ਸਟ੍ਰੈਟਜੀ ਵੈਂਚਰਸ ਆਸਟ੍ਰੇਲੀਆ, ਮਾਈਕਲ ਕਲੇਮੈਂਟਸ ਐਮਰੀਟਸ ਪ੍ਰੋਫੈਸਰ ਕਾਲਜ ਆਫ਼ ਪ੍ਰੈਕਟਿਸ ਪ੍ਰੋਫੈਸਰ ਆਸਟ੍ਰੇਲੀਆ, ਮਨੀਸ਼ ਮਲਹੋਤਰਾ ਫਿਊਟਰੇਡ ਇਨੋਵੇਸ਼ਨ ਸਟੂਡੀਓਜ਼, ਪ੍ਰਸਿੱਧ ਸਿੱਖਿਆ ਸ਼ਾਸਤਰੀ ਡਾ. ਮਨਪ੍ਰੀਤ ਸਿੰਘ ਮੰਨਾ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਉੱਚ ਸਿੱਖਿਆ ਸੰਸਥਾਵਾਂ ਨੂੰ ਉਦਯੋਗ ਦੀਆਂ ਜ਼ਰੂਰਤਾਂ ਨਾਲ ਖੋਜ ਨੂੰ ਜੋੜਨਾ ਚਾਹੀਦਾ ਹੈ, ਉੱਦਮਤਾ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ ਤੇ ਉਦਯੋਗ-ਤਿਆਰ ਗ੍ਰੈਜੂਏਟਾਂ ਨੂੰ ਵਿਕਸਤ ਕਰਨ ਲਈ ਅੰਤਰ-ਅਨੁਸ਼ਾਸਨੀ ਸਿੱਖਿਆ ਨੂੰ ਉਤਸ਼ਾਹਤ ਕਰਨਾ ਚਾਹੀਦਾ ਹੈ।ਕਾਨਫਰੰਸ ਇੱਕ ਦਿਲਚਸਪ ਇੰਟਰਐਕਟਿਵ ਸੈਸ਼ਨ ਨਾਲ ਸਮਾਪਤ ਹੋਈ, ਜਿੱਥੇ ਵਿਦਿਆਰਥੀਆਂ ਨੇ ਅੰਤਰਰਾਸ਼ਟਰੀ ਮਾਹਰਾਂ ਨਾਲ ਉੱਭਰ ਰਹੀਆਂ ਤਕਨਾਲੋਜੀਆਂ, ਕਰੀਅਰ ਦੇ ਮੌਕਿਆਂ ਤੇ ਭਵਿੱਖ ਦੇ ਸਿੱਖਿਆ ਮਾਰਗਾਂ 'ਤੇ ਚਰਚਾ ਕੀਤੀ।

## ਪੰਜਾਬੀ 'ਵਰਸਿਟੀ 'ਚ ਨਾਟਕ 'ਬੰਦੇ ਬਣੋ ਬੰਦੇ' ਦਾ ਮੰਚਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਅੰਤਰ-ਰਾਸ਼ਟਰੀ ਮਾਤ-ਭਾਸ਼ਾ ਦਿਵਸ ਦੇ ਹਵਾਲੇ ਨਾਲ਼ ਕਰਵਾਏ ਗਏ ਪ੍ਰੋਗਰਾਮਾਂ ਦੀ ਲੜੀ ਵਿੱਚ ਉੱਘੇ ਪੰਜਾਬੀ ਅਦਾਕਾਰ, ਲੇਖਕ ਤੇ ਰੰਗਕਰਮੀ ਰਾਣਾ ਰਣਬੀਰ ਦੇ ਨਾਟਕ 'ਬੰਦੇ ਬਣੋ ਬੰਦੇ' ਦਾ ਮੰਚਨ ਕਰਵਾਇਆ ਗਿਆ।ਪੰਜਾਬੀ ਵਿਭਾਗ ਦੀ ਸਾਹਿਤ ਸਭਾ ਵੱਲੋਂ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਦੇ ਸਹਿਯੋਗ ਨਾਲ਼ ਸ੍ਰੀ ਗੁਰੂ ਤੇਗ ਬਹਾਦਰ ਹਾਲ ਵਿੱਚ ਕਰਵਾਈ ਇਸ ਪੇਸ਼ਕਾਰੀ ਨੂੰ ਵੇਖਣ ਲਈ ਵੱਡੀ ਗਿਣਤੀ ਵਿੱਚ ਦਰਸ਼ਕ ਪੁੱਜੇ। ਲਗਭਗ ਦੋ ਘੰਟੇ ਨਿਰੰਤਰ ਚੱਲੇ ਇਸ ਨਾਟਕ ਰਾਹੀਂ ਰਾਣਾ ਰਣਬੀਰ ਨੇ ਆਪਣੇ ਸਹਿ-ਕਲਾਕਾਰ ਰਾਜਵੀਰ ਬੋਪਾਰਾਏ ਨਾਲ਼ ਮਨੁੱਖਤਾ, ਨੈਤਿਕਤਾ ਤੇ ਸਮਾਜਿਕ ਜ਼ਿੰਮੇਵਾਰੀ ਵਾਲੇ ਅਹਿਮ ਮਸਲਿਆਂ ਨੂੰ ਛੂੰਹਦਿਆਂ ਦਰਸ਼ਕਾਂ ਨੂੰ ਆਪਣੇ ਅੰਦਰ ਝਾਤੀ ਮਾਰਨ ਲਈ ਪ੍ਰੇਰਿਤ ਕੀਤਾ।ਇਸ ਨਾਟਕ ਦਾ ਮੂਲ ਆਸ਼ਾ ਇਹ ਸੀ ਕਿ ਹਉਮੈ, ਬੇਈਮਾਨੀ, ਗ਼ੁਲਾਮੀ, ਭ੍ਰਿਸ਼ਟਾਚਾਰ, ਸ਼ੋਸ਼ਣ, ਲੋਭ-ਲਾਲਸਾ ਤੇ ਨਫ਼ਰਤ-ਸਾੜੇ ਵਰਗੀਆਂ ਅਲ੍ਹਾਮਤਾਂ ਨੂੰ ਆਪਣੇ ਕਿਰਦਾਰ ਦਾ ਹਿੱਸਾ ਨਾ ਬਣਾ ਕੇ ਹੀ ਬੰਦੇ ਬਣਨ ਦੇ ਰਾਹ ਤੁਰਿਆ ਜਾ ਸਕਦਾ ਹੈ।ਉਨ੍ਹਾਂ ਆਪਣੇ ਵਾਰਤਾਲਾਪਾਂ ਰਾਹੀਂ ਟਕੋਰਾਂ ਲਗਾਉਂਦੇ ਹੋਏ ਦਰਸ਼ਕਾਂ ਨੂੰ ਹਸਾਇਆ ਵੀ ਤੇ ਗੰਭੀਰਤਾ ਨਾਲ ਸੋਚਣ ਲਈ ਮਜਬੂਰ ਵੀ ਕੀਤਾ।ਇਹ ਨਾਟਕ ਦਰਸ਼ਕਾਂ ਦੇ ਦਿਲਾਂ 'ਤੇ ਡੂੰਘੀ ਛਾਪ ਛੱਡ ਗਿਆ।ਨਾਟਕੀ ਪੇਸ਼ਕਾਰੀ ਉਪਰੰਤ ਰਣਬੀਰ ਰਾਣਾ ਤੇ ਸਹਿ-ਕਲਾਕਾਰ ਰਾਜਵੀਰ ਬੋਪਾਰਾਏ ਦਾ ਸਨਮਾਨ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬੀ ਯੂਨੀਵਰਸਿਟੀ ਦੇ ਡੀਨ ਖੋਜ ਡਾ. ਗੀਤੂ ਲਹਿਲ ਨੇ ਕੀਤੀ। ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਤੇ ਅੰਤ ਵਿੱਚ ਡਾ. ਗੁਰਸੇਵਕ ਸਿੰਘ ਲੰਬੀ ਨੇ ਧੰਨਵਾਦੀ ਸ਼ਬਦ ਕਹੇ।ਇਸ ਮੌਕੇ ਡੀਨ ਵਿਦਿਆਰਥੀ ਭਲਾਈ ਡਾ. ਮਮਤਾ ਸ਼ਰਮਾ, ਡੀਨ ਭਾਸ਼ਾਵਾਂ ਬਲਵਿੰਦਰ ਕੌਰ ਸਿੱਧੂ, ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਆਦਿ ਸ਼ਾਮਲ ਹੋਏ।

## ਯੋਗ ਭਾਰਤ ਦੀ ਪ੍ਰਾਚੀਨ ਵੈਦਿਕ ਪ੍ਰੰਪਰਾ ਦਾ ਅਨਮੋਲ ਤੋਹਫਾ : ਸਵਾਮੀ ਵਿਗਿਆਨਾ ਨੰਦ




**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਸਥਾਨਕ ਆਸ਼ਰਮ ਵਿਖੇ ਆਪਣੇ ਸਿਹਤ ਜਾਗਰੂਕਤਾ ਪ੍ਰੋਗਰਾਮ ਆਰੋਗਯ ਤਹਿਤ ਵਿਸ਼ਾਲ ਵਿਲੱਖਣ ਯੋਗ ਤੇ ਧਿਆਨ ਸਾਧਨਾ ਕੈਂਪ ਲਾਇਆ ਗਿਆ, ਜਿਸ ਵਿੱਚ ਸੰਸਥਾਨ ਵੱਲੋਂ ਸ੍ਰੀ ਆਸ਼ੂਤੋਸ਼ ਮਹਾਰਾਜ ਜੀ ਦੇ ਸ਼ਿਸ਼ ਸਵਾਮੀ ਵਿਗਿਆਨਾ ਨੰਦ ਜੀ ਨੇ ਭਾਰਤੀ ਸੰਸਕ੍ਰਿਤੀ ਦੀ ਮਹਾਨ ਵਿਰਾਸਤ ਯੋਗ ਤੋਂ ਜਾਣੂ ਕਰਵਾਉਂਦੇ ਹੋਏ ਯੋਗ ਸਾਧਕਾਂ ਨੂੰ ਦੱਸਿਆ ਕਿ ਯੋਗ ਭਾਰਤ ਦੀ ਪ੍ਰਾਚੀਨ ਪ੍ਰੰਪਰਾ ਵਿੱਚੋਂ ਇੱਕ ਹੈ। ਇਹ ਇੱਕ ਅਨਮੋਲ ਤੋਹਫ਼ਾ ਹੈ, ਇਹ ਸਰੀਰ, ਮਨ ਤੇ ਆਤਮਾ ਦੀ ਇੱਕ ਅਵਸਥਾ, ਮਨੁੱਖ ਤੇ ਕੁਦਰਤ ਵਿਚਕਾਰ ਏਕਤਾ, ਸੰਜਮ ਤੇ ਪੂਰਤੀ ਪ੍ਰਦਾਨ ਕਰਦਾ ਹੈ ਅਤੇ ਸਿਹਤ ਤੇ ਤੰਦਰੁਸਤੀ ਲਈ ਇੱਕ ਸੰਪੂਰਨ ਪਹੁੰਚ ਨੂੰ ਦਰਸਾਉਂਦਾ ਹੈ।ਯੋਗ ਦੀ ਰਹੱਸਮਈ ਵਿਆਖਿਆ 'ਤੇ ਚਾਨਣਾ ਪਾਉਂਦੇ ਹੋਏ ਸਵਾਮੀ ਜੀ ਨੇ ਕਿਹਾ ਕਿ ਯੋਗ ਸ਼ਬਦ ਸੰਸਕ੍ਰਿਤ ਦੇ ਮੂਲ ਯੁਜ ਤੋਂ ਲਿਆ ਗਿਆ ਹੈ, ਜਿਸ ਦਾ ਅਰਥ ਹੈ ਮਿਲਾਪ ਹੋਣਾ।ਯਾਨੀ ਸਾਡੇ ਸਰੀਰ, ਮਨ ਤੇ ਆਤਮਾ ਦਾ ਮਿਲਾਪ ਹੀ ਯੋਗ ਹੈ।ਮਹਾਰਿਸ਼ੀ ਪਤੰਜਲੀ ਨੇ ਯੋਗ ਦੀ ਪਰਿਭਾਸ਼ਾ ਦਿੰਦੇ ਹੋਏ ਕਿਹਾ ਹੈ ਕਿ ਯੋਗ : ਚਿੱਤ ਵਿਰਤਿ ਨਿਰੋਧ, ਜਿਸ ਦਾ ਅਰਥ ਹੈ ਮਨ ਦੀਆਂ ਪ੍ਰਵਿਰਤੀਆਂ ਦਾ ਖਾਤਮਾ ਹੀ ਯੋਗ ਹੈ। ਤਦ ਹੀ ਯੋਗਹ ਕਰਮਸੁ ਕੌਸ਼ਲਮ ਦਾ ਸੰਕਲਪ ਸਿੱਧ ਹੁੰਦਾ ਹੈ।ਪਤੰਜਲੀ ਯੋਗ ਸੂਤਰ ਦੇ ਅਨੁਸਾਰ ਸਾਧਕਾਂ ਨੂੰ ਉਨ੍ਹਾਂ ਦੇ ਵਿਗਿਆਨਕ ਪੱਖ ਦੁਆਰਾ ਸਰੀਰਕ ਲਾਭਾਂ ਤੋਂ ਜਾਣੂ ਕਰਵਾਇਆ ਗਿਆ, ਜਦੋਂ ਕਿ ਉਨ੍ਹਾਂ ਨੂੰ ਤਾੜਾਸਨ, ਦੰਡਾਸਨ, ਕਟੀਚਕ੍ਰਾਸਨ, ਅਰਧ ਚੰਦਰਾਸਨ, ਦਵਿਚਕ੍ਰਾਸਨ, ਭੁਜੰਗਾਸਨ, ਨਾੜੀ ਸ਼ੋਧਨ, ਅਨੁਲੋਮ ਵਿਲੋਮ ਪ੍ਰਾਣਾਯਾਮ ਆਦਿ ਦਾ ਅਭਿਆਸ ਕਰਵਾਇਆ ਗਿਆ।ਸਾਰੇ ਹੀ ਸਾਧਕਾਂ ਨੇ ਸਰੀਰਕ ਸਿਹਤ ਨਾਲ ਭਰਪੂਰ ਪ੍ਰੋਗਰਾਮ ਦਾ ਭਰਪੂਰ ਲਾਭ ਉਠਾਇਆ।

# ਮੁਕਤ ਵਪਾਰ ਸਮਝੌਤਾ ਕਿਸਾਨਾਂ ਦੀ ਮੌਤ ਦੇ ਵਾਰੰਟ : ਚੌਹਾਨ/ਢਿੱਲੋਂ



**ਮਾਨਸਾ (ਆਤਮਾ ਸਿੰਘ ਪਮਾਰ)**-ਕੇਂਦਰ ਦੀ ਮੋਦੀ ਸਰਕਾਰ ਲਗਾਤਾਰ ਤਾਨਾਸ਼ਾਹੀ ਰਵੱਈਏ ਤੋਂ ਇਲਾਵਾ ਆਮ ਜਨਤਾ ਵਿਰੋਧੀ ਕਾਲੇ ਕਾਨੂੰਨ ਤੇ ਦੇਸ਼ ਦੇ ਸੰਵਿਧਾਨ ਨੂੰ ਖਤਮ ਕਰਨ ਲਈ ਗੋਂਦਾਂ ਗੁੰਦ ਰਹੀ ਹੈ।ਬਿਜਲੀ ਬਿੱਲ ਤੇ ਬੀਜ ਬਿੱਲ ਨਾਲ ਆਮ ਲੋਕਾਂ, ਕਿਸਾਨਾਂ, ਮਜ਼ਦੂਰਾਂ, ਛੋਟੇ ਕਾਰੋਬਾਰੀਆਂ 'ਤੇ ਆਰਥਿਕ ਬੋਝ ਪਾਇਗਾ ਤੇ ਇਹ ਕੇਵਲ ਕਾਰਪੋਰੇਟ ਪੱਖੀ ਵਪਾਰ ਹੀ ਸਿੱਧ ਹੋਵੇਗਾ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਰੂਪ ਸਿੰਘ ਢਿੱਲੋਂ ਵੱਲੋਂ ਨੇੜਲੇ ਪਿੰਡ ਦਲੇਲ ਸਿੰਘ ਵਾਲਾ ਵਿਖੇ ਮੋਦੀ ਤੇ ਟਰੰਪ ਦੀ ਅਰਥੀ ਫੂਕਣ ਮੌਕੇ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਕੀਤਾ।ਇਸ ਸਮੇਂ ਉਨ੍ਹਾਂ ਕਿਹਾ ਕਿ ਜੋ ਮੁਕਤ ਵਪਾਰ ਸਮਝੌਤਾ ਵਿਰੋਧੀ ਕੇਂਦਰ ਤੇ ਪੰਜਾਬ ਸਰਕਾਰ ਖ਼ਿਲਾਫ਼ ਬਿਜਲੀ ਸੋਧ ਬਿੱਲ, ਬੀਜ ਬਿਲ, ਮੁਕਤ ਵਪਾਰ ਸਮਝੌਤਾ ਤੇ ਮਜ਼ਦੂਰਾਂ ਲਈ ਚੱਲ ਰਹੀ ਮਗਨਰੇਗਾ ਸਕੀਮ ਨੂੰ ਤੋੜ ਮਰੋੜ ਕੇ ਜੀ ਰਾਮ ਜੀ ਦੇ ਨਾਂ ਹੇਠ ਲਾਗੂ ਕਰਨ ਦੀ ਕੋਝੀ ਤੇ ਸ਼ੈਤਾਨੀ ਚਾਲ ਅਤੇ ਨਿੱਜੀਕਰਨ, ਵਪਾਰੀਕਰਨ ਤੇ ਉਦਾਰੀਕਰਨ ਦੀਆਂ ਲੋਕ ਵਿਰੋਧੀ ਕਾਰਪੋਰੇਟਾਂ ਪੱਖੀ ਨੀਤੀਆਂ ਖ਼ਿਲਾਫ਼ ਤਿੱਖਾ ਸੰਘਰਸ਼ ਜਾਰੀ ਰਹੇਗਾ।ਆਗੂਆਂ ਨੇ ਕਿਹਾ ਕਿ ਮੁਕਤ ਵਪਾਰ ਸਮਝੌਤਾ ਕਿਸਾਨਾਂ ਦੀ ਮੌਤ ਦੇ ਵਾਰੰਟ ਸਾਬਿਤ ਹੋਵੇਗਾ।ਇਸ ਮੌਕੇ ਹੋਰਨਾਂ ਤੋਂ ਗੁਰਦਿਆਲ ਸਿੰਘ ਦਲੇਲ ਸਿੰਘ ਵਾਲਾ, ਕ੍ਰਿਸ਼ਨ ਸ਼ਰਮਾ, ਸੁਖਦੇਵ ਭੱਠਲ, ਉਜਾਗਰ ਸਿੰਘ, ਸੁਖਦੇਵ ਸਿੰਘ, ਦਰਸ਼ਨ ਸਿੰਘ, ਗੁਰਦੇਵ ਸਿੰਘ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

## ਅਦਬ ਨਵਾਜ਼ ਗਰੁੱਪ ਵੱਲੋਂ ਆਲ ਇੰਡੀਆ ਆਨਲਾਈਨ ਮੁਸ਼ਾਇਰੇ ਦਾ ਆਯੋਜਨ

**ਮਲੇਰਕੋਟਲਾ (ਪੱਤਰ ਪ੍ਰੇਰਕ)**-ਅਦਬ ਨਵਾਜ਼ ਗਰੁੱਪ ਵਲੋਂ ਮਾਤਰ ਭਾਸ਼ਾ ਦਿਵਸ ਦੇ ਸੰਦਰਭ ਵਿੱਚ ਆਪਣੇ ਇੱਕ ਵਿਸ਼ੇਸ਼ ਆਨ-ਲਾਈਨ ਆਲ ਇੰਡੀਆ ਮੁਸ਼ਾਇਰੇ ਦਾ ਆਯੋਜਨ ਕੀਤਾ ਗਿਆ।ਇਸ ਮੁਸ਼ਾਇਰੇ ਦੀ ਪ੍ਰਧਾਨਗੀ ਪ੍ਰਸਿੱਧ ਲੋਕ ਗਾਇਕ, ਗੀਤਕਾਰ ਤੇ ਕਹਾਣੀਕਾਰ ਜਸਵੰਤ ਸਿੰਘ ਧਾਲੀਵਾਲ ਹੁਰਾਂ ਨੇ ਫਰਮਾਈ, ਜਦੋਂ ਕਿ ਪਟਿਆਲਾ ਤੋਂ ਮਸ਼ਹੂਰ ਵਿਅੰਗਕਾਰ ਕਵੀ ਬਜਿੰਦਰ ਠਾਕੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਨ੍ਹਾਂ ਤੋਂ ਇਲਾਵਾ ਇਸ ਵਿੱਚ ਪੰਜਾਬੀ, ਹਿੰਦੀ, ਉਰਦੂ, ਮਰਾਠੀ ਤੇ ਮਾਰਵਾੜੀ ਕਵੀਆਂ ਤੇ ਕਵਿਤ੍ਰੀਆ 'ਚੋਂ ਵਿਸ਼ੇਸ਼ ਮਹਿਮਾਨਾਂ ਦੇ ਰੂਪ ਵਿੱਚ ਮੁੰਬਈ ਤੋਂ ਪ੍ਰਸਿੱਧ ਹਿੰਦੀ ਤੇ ਅੰਗਰੇਜ਼ੀ ਕਵਿਤਰੀ ਮੀਨੂ ਲੋਢਾ, ਹਰਿਦੁਆਰ ਤੋਂ ਹਿੰਦੀ ਅਤੇ ਅੰਗਰੇਜ਼ੀ ਕਵਿਤਰੀ, ਮੌਸਮੀ ਹਲਦਰ ਜਦੋਂ ਕਿ ਮੁੰਬਈ ਤੋਂ ਮਸ਼ਹੂਰ ਹਿੰਦੀ ਅਤੇ ਮਰਾਠੀ ਹਾਈਕੂ ਕਵਿਤਰੀ ਡਾ. ਨੀਲਿਮਾ ਪਾਂਡੇ, ਗੁੜਗਾਓਂ ਤੋਂ ਪ੍ਰਸਿੱਧ ਮੰਚ ਸੰਚਾਲਿਕਾ ਤੇ ਕਵਿਤਰੀ ਸਰਸਵਤੀ ਪੋਸਵਾਲ ਨੇ ਸ਼ਮੂਲੀਅਤ ਕੀਤੀ, ਜਦੋਂ ਕਿ ਨਾਭਾ 'ਚੋਂ ਪੰਜਾਬੀ ਕਵੀ ਸੁਰਿੰਦਰਜੀਤ ਸਿੰਘ ਚੌਹਾਨ, ਮਲੇਰਕੋਟਲਾ ਤੋਂ ਪੰਜਾਬੀ ਤੇ ਹਿੰਦੀ ਕਵੀ ਕਮਲਕਾਂਤ ਮੋਦੀ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦਾ ਸੰਚਾਲਨ ਮਸ਼ਹੂਰ ਲੇਖਕ ਕਹਾਣੀਕਾਰ ਤੇ ਕਵੀ ਮੁਹੰਮਦ ਅੱਬਾਸ ਧਾਲੀਵਾਲ ਨੇ ਕੀਤਾ।ਉਕਤ ਪ੍ਰੋਗਰਾਮ ਦਾ ਆਰੰਭ ਮੁਹੰਮਦ ਅੱਬਾਸ ਧਾਲੀਵਾਲ ਨੇ ਕੁਰਾਨ ਮਜੀਦ ਦੀ ਇੱਕ ਸੂਰਤ ਤੇ ਉਸਦਾ ਅਨੁਵਾਦ ਕਰਦਿਆਂ ਕੀਤਾ।ਇਸ ਉਪਰੰਤ ਜਸਵੰਤ ਧਾਲੀਵਾਲ ਨੇ ਆਪਣਾ ਇੱਕ ਹਮਦੀਆ ਕਲਾਮ ਪੇਸ਼ ਕੀਤਾ।

# ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਖੇ ਮਾਤ-ਭਾਸ਼ਾ ਦਿਵਸ ਨੂੰ ਸਮਰਪਤ ਸਮਾਗਮ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵਿਖੇ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਨੂੰ ਸਮਰਪਤ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਸਿੱਖਿਆਤਮਕ ਗਤੀਵਿਧੀਆਂ ਤੇ ਮੁਕਾਬਲਿਆਂ ਵਿੱਚ ਭਰਪੂਰ ਉਤਸ਼ਾਹ ਨਾਲ ਹਿੱਸਾ ਲਿਆ।ਮੁੱਖ ਮਹਿਮਾਨ ਵਜੋਂ ਪੰਜਾਬੀ ਯੂਨੀਵਰਸਿਟੀ ਰੀਜਨਲ ਸੈਂਟਰ ਬਠਿੰਡਾ ਦੇ ਪ੍ਰੋਫੈਸਰ ਡਾ. ਰਾਜਿੰਦਰ ਸਿੰਘ ਨੇ ਸ਼ਿਰਕਤ ਕੀਤੀ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਬੰਗਲਾਦੇਸ਼ ਵਿੱਚ ਮਾਂ-ਬੋਲੀ ਲਈ ਹੋਏ ਸੰਘਰਸ਼ ਦੀ ਯਾਦ ਵਜੋਂ ਵਿਸ਼ਵ ਭਰ ਵਿੱਚ 21 ਫਰਵਰੀ ਨੂੰ ਅੰਤਰਰਾਸ਼ਟਰੀ ਮਾਤ-ਭਾਸ਼ਾ ਦਿਵਸ ਮਨਾਇਆ ਜਾਂਦਾ ਹੈ।ਇਹ ਦਿਵਸ ਹਰ ਕੌਮ ਨੂੰ ਆਪਣੀ ਬੋਲੀ ਤੇ ਵਿਲੱਖਣ ਪਛਾਣ ਨੂੰ ਸੰਭਾਲ ਕੇ ਰੱਖਣ ਲਈ ਪ੍ਰੇਰਿਤ ਕਰਦਾ ਹੈ।ਕਿਸੇ ਵੀ ਕੌਮ ਦਾ ਸੱਭਿਆਚਾਰ, ਵਿਚਾਰਧਾਰਾ, ਕਦਰਾਂ-ਕੀਮਤਾਂ ਤੇ ਮਨੁੱਖੀ ਸ਼ਖਸੀਅਤ ਦਾ ਨਿਰਮਾਣ ਉਸ ਦੀ ਮਾਂ-ਬੋਲੀ ਰਾਹੀਂ ਹੀ ਸੰਭਵ ਹੁੰਦਾ ਹੈ।ਕਿਸੇ ਖੇਤਰ ਦੀ ਬੋਲੀ ਸਿਰਫ਼ ਸੰਚਾਰ ਦਾ ਸਾਧਨ ਨਹੀਂ, ਸਗੋਂ ਵਿਕਾਸ ਦਾ ਮਜ਼ਬੂਤ ਅਧਾਰ ਵੀ ਹੁੰਦੀ ਹੈ।ਸੰਸਥਾ ਦੇ ਚੇਅਰਮੈਨ ਸੁਖਮੰਦਰ ਸਿੰਘ ਚੱਠਾ ਨੇ ਸਵਾਗਤੀ ਸੰਬੋਧਨ ਵਿੱਚ ਕਿਹਾ ਕਿ ਹਰ ਵਿਅਕਤੀ ਨੂੰ ਆਪਣੀ ਮਾਂ-ਬੋਲੀ 'ਤੇ ਮਾਣ ਮਹਿਸੂਸ ਕਰਨਾ ਚਾਹੀਦਾ ਹੈ।ਜਿਹੜੀਆਂ ਕੌਮਾਂ ਆਪਣੀ ਬੋਲੀ ਦਾ ਸਤਿਕਾਰ ਨਹੀਂ ਕਰਦੀਆਂ, ਉਹ ਅੰਤ ਵਿੱਚ ਲੁੱਪਤ ਹੋ ਜਾਂਦੀਆਂ ਹਨ।ਇਸ ਮੌਕੇ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ।

ਇਸ ਮੌਕੇ ਐੱਮ ਡੀ ਮਨਜੀਤ ਕੌਰ ਚੱਠਾ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ, ਪ੍ਰਿੰਸੀਪਲ ਬਘੇਲ ਸਿੰਘ, ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ, ਪੰਜਾਬੀ ਵਿਭਾਗ ਦੇ ਮੁਖੀ ਪ੍ਰੋ. ਸੈਲਜ਼ਾ ਕੁਮਾਰੀ, ਪ੍ਰੋ. ਲਵਪ੍ਰੀਤ ਸਿੰਘ, ਪ੍ਰੋ. ਹਰਜੀਤ ਕੌਰ, ਪ੍ਰੋ. ਰੋਬਿਨ ਮੰਗਲਾ, ਪ੍ਰੋ. ਸੰਦੀਪ ਕੌਰ, ਪ੍ਰੋ. ਵਰਿੰਦਰ ਕੌਰ, ਪ੍ਰੋ. ਕੁਲਦੀਪ ਸਿੰਘ ਸਮੇਤ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।

# ਡੀ ਐੱਸ ਟੀ ਸੀ ਟੀ ਐੱਸ ਕੰਟਰੈਕਟ ਇੰਸਟਰਕਟਰ ਯੂਨੀਅਨ ਦੇ ਅਹੁਦੇਦਾਰਾਂ ਦੀ ਮੀਟਿੰਗ



**ਕੋਟਕਪੂਰਾ (ਰਛਪਾਲ ਭੁੱਲਰ)**

ਆਲ ਪੰਜਾਬ ਡੀ.ਐਸ.ਟੀ. ਸੀਟੀਐਸ ਕੰਟਰੈਕਟ ਇੰਸਟਰਕਟਰ ਯੂਨੀਅਨ ਦੇ ਅਹੁਦੇਦਾਰਾਂ ਦੀ ਅਹਿਮ ਮੀਟਿੰਗ ਹੋਈ, ਜਿਸ ਦੇ ਚੱਲਦਿਆਂ ਅਹੁਦੇਦਾਰਾਂ ਨੇ ਦੱਸਿਆ ਕਿ ਬਹੁਤ ਹੀ ਲੰਮੇ ਸਮੇਂ ਤੋਂ ਉਹ ਵੱਖ-ਵੱਖ ਪੰਜਾਬ ਦੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਬਤੌਰ ਗੈਸਟ ਫੈਕਲਟੀ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ ਤੇ ਉਕਾ ਪੁੱਕਾ 15000 ਉੱਪਰ ਆਪਣਾ ਜੀਵਨ ਬਹੁਤ ਹੀ ਮੁਸ਼ਕਲ ਨਾਲ ਬਸਰ ਕਰ ਰਹੇ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਅੱਜ ਤੱਕ ਉਹ ਆਪਣੀਆਂ ਜਾਇਜ਼ ਮੰਗਾਂ ਜਿਵੇਂ ਕਿ ਤਨਖਾਹਾਂ ਵਿੱਚ ਵਾਧਾ ਅਤੇ 58 ਸਾਲ ਤੱਕ ਸੇਵਾ ਸੁਰੱਖਿਆ ਦੇ ਸਬੰਧ ਵਿੱਚ ਪੰਜਾਬ ਸਰਕਾਰ ਦੇ ਵੱਖ-ਵੱਖ ਮੰਤਰੀਆਂ ਜਿਵੇਂ ਮੁੱਖ ਮੰਤਰੀ, ਵਿੱਤ ਮੰਤਰੀ ਤੇ ਤਕਨੀਕੀ ਸਿੱਖਿਆ ਮੰਤਰੀਆਂ ਨਾਲ ਬਹੁਤ ਵਾਰ ਮੀਟਿੰਗਾਂ ਕਰ ਚੁੱਕੇ ਹਨ, ਪਰ ਸਰਕਾਰ ਵੱਲੋਂ ਕੇਵਲ ਅੱਜ ਤੱਕ ਉਨ੍ਹਾਂ ਨੂੰ ਲਾਰੇ ਹੀ ਮਿਲੇ। ਪਿਛਲੇ ਇੱਕ ਮਹੀਨੇ ਵਿੱਚ ਵਿੱਤ ਮੰਤਰੀ ਚੀਮਾ ਸਾਹਿਬ ਵੱਲੋਂ ਉਹਨਾਂ ਨੂੰ ਦੋ ਵਾਰ ਮੀਟਿੰਗਾਂ ਦਿੱਤੀਆਂ ਗਈਆਂ ਤੇ ਚੰਡੀਗੜ੍ਹ ਬੁਲਾ ਕੇ ਮੀਟਿੰਗਾਂ ਮੰਤਰੀ ਸਾਹਿਬ ਵੱਲੋਂ ਨਹੀਂ ਕੀਤੀਆਂ ਗਈਆਂ ਅਤੇ ਨਾ ਹੀ ਉਹਨਾਂ ਦੀਆਂ ਜਾਇਜ਼ ਮੰਗਾਂ, ਜੋ ਸਰਕਾਰ ਨੇ ਪੂਰੀਆਂ ਕਰਨ ਦੇ ਵਾਅਦੇ ਕੀਤੇ ਹੋਏ ਸਨ, ਅੱਜ ਤੱਕ ਨਹੀਂ ਪੂਰੀਆਂ ਨਹੀਂ ਕੀਤੀਆਂ, 700 ਦੇ ਕਰੀਬ ਕੱਚੇ ਇੰਸਟਰਕਟਰ ਹਨ, ਜੋ ਵੱਖ-ਵੱਖ ਆਈ ਟੀ ਆਈਜ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ, ਉਨ੍ਹਾਂ ਨੂੰ ਅੱਖੋਂ ਪਰੋਖੇ ਕਰਕੇ ਤਕਨੀਕੀ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਇੰਸਟਰਕਟਰਾਂ ਦੀਆਂ ਪੋਸਟਾਂ ਕੱਢਣ ਜਾ ਰਹੇ ਹਨ, ਜਿਸ ਦੇ ਚੱਲਦੇ ਜੋ ਇੰਸਟਰਕਟਰ ਲੰਮੇ ਸਮੇਂ ਤੋਂ ਇਹਨਾਂ ਆਈਟੀਆਈਜ ਵਿੱਚ ਸੇਵਾਵਾਂ ਨਿਭਾਅ ਰਹੇ ਹਨ, ਉਹ ਓਵਰਏਜ ਹੋ ਚੁੱਕੇ ਹਨ।ਜੇਕਰ ਇਹ ਭਰਤੀ ਕੀਤੀ ਗਈ ਤਾਂ ਬਹੁਤ ਸਾਰੇ ਕੱਚੇ ਇੰਸਟਰਕਟਰਾਂ ਘਰ ਤੋਰ ਦਿੱਤਾ ਜਾਵੇਗਾ, ਜਦਕਿ ਮੁੱਖ ਮੰਤਰੀ ਮਾਨ ਨੇ ਸਰਕਾਰ ਬਣਨ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਜੇਕਰ ਸਾਡੀ ਸਰਕਾਰ ਆਉਂਦੀ ਹੈ ਤਾਂ ਜਿੰਨੇ ਵੀ ਕੱਚੇ ਮੁਲਾਜ਼ਮ ਹਨ ਸਾਰਿਆਂ ਨੂੰ ਪੱਕਾ ਕਰ ਦਿੱਤਾ ਜਾਵੇਗਾ, ਪਰ ਇਨ੍ਹਾਂ ਸਾਰੇ ਕੱਚੇ ਇੰਸਟਰਕਟਰਾਂ ਨੂੰ ਪੱਕਾ ਕਰਨ ਦੀ ਬਜਾਏ ਪੰਜਾਬ ਸਰਕਾਰ ਨੇ ਆਪਣੇ ਵਾਅਦੇ ਤੋਂ ਭੱਜ ਕੇ ਨਵੀਆਂ ਇੰਸਟਰਕਟਰਾਂ ਦੀਆਂ ਪੋਸਟਾਂ ਕੱਢ ਕੇ ਇਨ੍ਹਾਂ ਨੂੰ ਘਰ ਤੋਰਨ ਦੀ ਤਿਆਰੀ ਕਰ ਲਈ ਹੈ।ਜੇਕਰ ਪੰਜਾਬ ਸਰਕਾਰ ਨੇ ਕੱਚੇ ਇੰਸਟਰਕਟਰਾਂ ਦੀਆਂ ਮੰਗਾਂ ਆਉਣ ਵਾਲੇ ਦਿਨਾਂ ਵਿੱਚ ਨਾ ਮੰਨੀਆਂ ਤੇ ਇੰਸਟਰਕਟਰਾਂ ਦੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਤਾਂ ਪੂਰੀ ਯੂਨੀਅਨ ਵੱਲੋਂ ਆਪਣੇ ਹੱਕਾਂ ਨੂੰ ਬਚਾਉਣ ਲਈ ਸੜਕਾਂ ਉੱਪਰ ਉਤਰਨ ਲਈ ਮਜਬੂਰ ਹੋਣਾ ਪਵੇਗਾ ਤੇ ਸਰਕਾਰ ਖਿਲਾਫ ਪੂਰੇ ਕੱਚੇ ਇੰਸਟਰਕਟਰ ਵੱਡੇ ਸੰਘਰਸ਼ ਨੂੰ ਵਿੱਢ ਦੇਣਗੇ।ਇਸ ਵਿੱਚ ਜੋ ਵੀ ਹਰਜਾਨਾ ਹੋਵੇਗਾ, ਉਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਤਕਨੀਕੀ ਸਿੱਖਿਆ ਵਿਭਾਗ ਦੀ ਹੋਵੇਗੀ।

# ਉਦਯੋਗਾਂ ਨੂੰ ਸਸਤੀ ਬਿਜਲੀ ਦੇਵੇ ਸਰਕਾਰ : ਮੁਕੇਸ਼, ਸ਼ੈਂਟੀ ਸਿੰਗਲਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਬਲਾਕ ਧੂਰੀ ਵੱਲੋਂ ਪ੍ਰਧਾਨ ਮੁਕੇਸ਼ ਬੰਟੀ ਸਿੰਗਲਾ ਦੀ ਅਗਵਾਈ ਹੇਠ ਇੱਕ ਸਨਮਾਨ ਸਮਾਗਮ ਕਰਾਇਆ ਗਿਆ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਉਦਯੋਗਾਂ ਦੇ ਖੇਤਰ 'ਚ ਦਿੱਤੇ ਜਾ ਰਹੇ ਵਡਮੁੱਲੇ ਸਹਿਯੋਗ ਬਦਲੇ ਉਨ੍ਹਾਂ ਦੇ ਓ.ਐਸ.ਡੀ. ਸੁਖਵੀਰ ਸਿੰਘ ਦਾ ਸਨਮਾਨ ਕੀਤਾ ਗਿਆ।ਐੱਸ.ਡੀ.ਐਮ ਧੂਰੀ ਰਿਸ਼ਭ ਬਾਂਸਲ, ਮੁੱਖ ਮੰਤਰੀ ਫੀਲਡ ਅਫਸਰ ਅਰਵਿੰਦ ਕੁਮਾਰ, ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਜੱਸੀ ਸੇਖੋਂ, ਆਲ ਇੰਡੀਆ ਐਫ.ਸੀ.ਆਈ ਐਗਜੀਕਿਊਟਾਫ਼ ਸਟਾਫ਼ ਯੂਨੀਅਨ ਦੇ ਪ੍ਰਧਾਨ ਸਤਿੰਦਰ ਸਿੰਘ ਚੱਠਾ, ਜ਼ਿਲ੍ਹਾ ਪ੍ਰਧਾਨ ਸ਼ਾਮ ਸਿੰਗਲਾ ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਨੇ ਵੀ ਸ਼ਿਰਕਤ ਕੀਤੀ।ਚੈਂਬਰ ਦੇ ਜ਼ਿਲ੍ਹਾ ਚੇਅਰਮੈਨ ਤੇ ਰਾਈਸਿਲਾ ਗਰੁੱਪ ਦੇ ਸੀ.ਐੱਮ.ਡੀ. ਡਾ. ਏ.ਆਰ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਉਦਯੋਗਾਂ ਦੇ ਵਿਕਾਸ ਲਈ ਦਿਨ-ਰਾਤ ਕੰਮ ਕਰ ਰਹੀ ਹੈ।ਉਨ੍ਹਾਂ ਮੁੱਖ ਮੰਤਰੀ ਨੂੰ 'ਮਨ ਦਾ ਫ਼ਕੀਰ' ਤੇ ਦੂਰਅੰਦੇਸ਼ ਆਗੂ ਦੱਸਦਿਆਂ ਕਿਹਾ ਕਿ ਇਹ ਧੂਰੀ ਨਿਵਾਸੀਆਂ ਲਈ ਬਹੁਤ ਵੱਡੀ ਖ਼ੁਸ਼ਕਿਸਮਤੀ ਹੈ ਕਿ ਧੂਰੀ ਹਲਕੇ ਦਾ ਨੁਮਾਇੰਦਾ ਸੂਬੇ ਦੀ ਵਾਂਗਡੋਰ ਸੰਭਾਲ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਸਦਕਾ ਨਿਵੇਸ਼ਕਾਂ ਦਾ ਪੰਜਾਬ ਪ੍ਰਤੀ ਭਰੋਸਾ ਵਧਿਆ ਹੈ।ਚੈਂਬਰ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸ਼ੈਂਟੀ ਸਿੰਗਲਾ ਨੇ ਉਦਯੋਗ ਦੇ ਖੇਤਰ 'ਚ ਪ੍ਰਾਪਤੀਆਂ ਦੱਸਦਿਆਂ ਧੂਰਾ ਰੋਡ ਤੇ ਬਿਜਲੀ ਫੀਡਰ ਬਣਾਉਣ, ਸਸਤੀ ਬਿਜਲੀ ਦੇਣ, ਸੀ.ਐਲ.ਯੂ ਪ੍ਰਕਿਰਿਆ ਸਰਲ ਕਰਨ, ਫੋਕਲ ਪੁਆਇੰਟ ਬਣਾਉਣ ਦੀ ਗੱਲ ਕਰਦਿਆਂ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਦਿੱਤੇ ਜਾ ਰਹੇ ਵਡਮੁੱਲੇ ਸਹਿਯੋਗ ਬਦਲੇ ਧੰਨਵਾਦ ਕੀਤਾ।

ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਉਦਯੋਗ ਜਗਤ ਦਾ ਅਹਿਮ ਯੋਗਦਾਨ ਹੈ ਤੇ ਸੂਬਾ ਸਰਕਾਰ ਉਦਯੋਗਪਤੀਆਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੁਹਰਾਇਆ ਕਿ ਉਦਯੋਗ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ।

## ਰਾਹੁਲ ਗਾਂਧੀ ਦੀ ਬਰਨਾਲਾ ਰੈਲੀ 'ਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਬਰਨਾਲਾ ਵਿਖੇ ਬਹੁਤ ਵੱਡੀ ਰੈਲੀ ਹੋਣ ਜਾ ਰਹੀ ਹੈ। ਇਸ ਰੈਲੀ ਵਿੱਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਹ ਰੈਲੀ ਮਨਰੇਗਾ ਮਜ਼ਦੂਰਾਂ ਦੇ ਹੱਕ ਵਿੱਚ ਤੇ ਕਿਸਾਨ ਭਰਾਵਾਂ ਦੇ ਹੱਕ ਵਿੱਚ ਕੀਤੀ ਜਾ ਰਹੀ ਹੈ, ਜੋ ਮੋਦੀ ਸਰਕਾਰ ਨੇ ਮਨਰੇਗਾ ਬੰਦ ਕਰਨ ਦਾ ਪ੍ਰੋਗਰਾਮ ਬਣਾਇਆ। ਮਨਰੇਗਾ ਕੋਈ ਸਰਕਾਰੀ ਅਹਿਸਾਨ ਨਹੀਂ ਇਹ ਮਜ਼ਦੂਰ ਵਰਗ ਦਾ ਸੰਵਿਧਾਨਕ ਅਧਿਕਾਰ ਹੈ। ਹੁਣ ਮਨਰੇਗਾ ਮਜ਼ਦੂਰਾਂ ਦੇ ਪੈਸੇ ਹੜੱਪਣ ਵਾਲੀ ਮੋਦੀ ਸਰਕਾਰ ਦੇ ਵਿਰੁੱਧ ਕਰੋ ਜਾਂ ਮਰੋ ਦੀ ਲੜਾਈ ਹੈ, ਜੋ ਕਾਂਗਰਸ ਪਾਰਟੀ ਲੜ ਰਹੀ ਹੈ। ਮੋਦੀ ਸਰਕਾਰ ਦੀਆਂ ਨੀਤੀਆਂ ਦੇਸ਼ ਦੇ ਲੱਖਾਂ ਮਨਰੇਗਾ ਮਜ਼ਦੂਰਾਂ ਦੀ ਰੋਜ਼ੀ-ਰੋਟੀ 'ਤੇ ਡੂੰਘਾ ਪ੍ਰਭਾਵ ਪਾ ਰਹੀਆਂ ਹ। ਰਾਹੁਲ ਗਾਂਧੀ 28 ਫਰਵਰੀ ਨੂੰ ਬਰਨਾਲਾ ਵਿਖੇ ਮਨਰੇਗਾ ਮਜ਼ਦੂਰਾਂ ਅਤੇ ਗਰੀਬਾਂ ਅਤੇ ਕਿਸਾਨਾਂ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਇੱਕ ਮਹਾਂ ਰੈਲੀ ਨੂੰ ਸੰਬੋਧਨ ਕਰਨ ਲਈ ਆ ਰਹੇ ਹਨ। ਨਿਰਮਲ ਸਿੰਘ ਭੱਟੀਆ ਸੀਨੀਅਰ ਕਾਂਗਰਸੀ ਆਗੂ ਨੇ ਕਿਹਾ ਕਿ ਇਸ ਮਹਾਂ ਰੈਲੀ ਵਿੱਚ ਹੁੰਮ ਹੁਮਾ ਕੇ ਪਹੁੰਚੋ।

# ਬੀ ਐੱਫ ਜੀ ਆਈ 'ਚ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਮੌਕੇ ਭਾਸ਼ਣ ਮੁਕਾਬਲੇ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਬੀ.ਐਫ.ਜੀ.ਆਈ. ਦੇ ਵੱਖ-ਵੱਖ ਸਟੂਡੈਂਟ ਵੈਲਫੇਅਰ ਸੈੱਲਾਂ ਵੱਲੋਂ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਦੇ ਮੌਕੇ 'ਤੇ ਭਾਸ਼ਣ ਮੁਕਾਬਲੇ ਆਯੋਜਤ ਕਰਾਏ ਗਏ।ਸਮਾਗਮ ਦਾ ਉਦੇਸ਼ ਮਾਤ ਭਾਸ਼ਾਵਾਂ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣਾ ਤੇ ਵਿਦਿਆਰਥੀਆਂ ਨੂੰ ਆਪਣੀਆਂ ਮਾਤ ਭਾਸ਼ਾਵਾਂ ਦਾ ਸਤਿਕਾਰ ਅਤੇ ਪ੍ਰਚਾਰ ਕਰਨ ਲਈ ਪ੍ਰੇਰਿਤ ਕਰਨਾ ਸੀ।ਇਨ੍ਹਾਂ ਮੁਕਾਬਲਿਆਂ ਵਿੱਚ ਬੀ ਐਫ ਜੀ ਆਈ ਦੇ ਹਰੇਕ ਸਕੂਲ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਉਨ੍ਹਾਂ ਨੇ ਮਾਤ ਭਾਸ਼ਾਵਾਂ ਨੂੰ ਸੰਭਾਲ ਕੇ ਰੱਖਣ ਦੀ ਲੋੜ, ਸੱਭਿਆਚਾਰਕ ਪਛਾਣ ਤੇ ਮਜ਼ਬੂਤ ਭਾਈਚਾਰਿਆਂ ਦੇ ਨਿਰਮਾਣ ਵਿੱਚ ਭਾਸ਼ਾ ਦੀ ਭੂਮਿਕਾ ਵਰਗੇ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ।ਜੱਜਾਂ ਵੱਲੋਂ ਭਾਸ਼ਣ ਦੀ ਸਮੱਗਰੀ, ਵਿਸ਼ਵਾਸ, ਉਚਾਰਣ ਤੇ ਸਮੁੱਚੀ ਪੇਸ਼ਕਾਰੀ ਦੇ ਆਧਾਰ 'ਤੇ ਭਾਗੀਦਾਰਾਂ ਦਾ ਮੁਲਾਂਕਣ ਕੀਤਾ ਗਿਆ।ਮੁਕਾਬਲਿਆਂ ਦੇ ਅੰਤ ਵਿੱਚ ਹਰੇਕ ਸਕੂਲ ਵਿੱਚੋਂ ਪਹਿਲੇ ਤੇ ਦੂਜੇ ਸਥਾਨ ਹਾਸਲ ਕਰਨ ਵਾਲਿਆਂ ਦੀ ਚੋਣ ਕੀਤੀ ਗਈ।ਇਸ ਤੋਂ ਇਲਾਵਾ, ਬਾਬਾ ਫ਼ਰੀਦ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ ਅਤੇ ਬਾਬਾ ਫ਼ਰੀਦ ਕਾਲਜ ਦੇ ਸਾਹਿਤ ਕਲੱਬ ਵੱਲੋਂ ਬੀ.ਐਫ.ਜੀ.ਆਈ. ਪੱਧਰੀ ਭਾਸ਼ਣ ਮੁਕਾਬਲਾ ਵੀ ਆਯੋਜਤ ਕੀਤਾ ਗਿਆ।ਸਮਾਗਮ ਵਿੱਚ ਕਿਰਪਾਲ ਸਿੰਘ, ਜ਼ਿਲ੍ਹਾ ਭਾਸ਼ਾ ਅਫ਼ਸਰ, ਬਠਿੰਡਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਬੀ.ਐਫ.ਜੀ.ਆਈ. ਦੇ ਡਿਪਟੀ ਡਾਇਰੈਕਟਰ (ਐਕਟੀਵਿਟੀਜ਼) ਸ੍ਰੀ ਬੀ. ਡੀ. ਸ਼ਰਮਾ ਵੱਲੋਂ ਉਨ੍ਹਾਂ ਦਾ ਫੁੱਲਾਂ ਦੇ ਗੁਲਦਸਤੇ ਨਾਲ ਸਵਾਗਤ ਕੀਤਾ ਗਿਆ।ਬੀ.ਐਫ.ਜੀ.ਆਈ. ਦੇ ਵੱਖ-ਵੱਖ ਸਕੂਲਾਂ ਦੇ ਜੇਤੂਆਂ ਨੇ ਇਸ ਉੱਚ-ਪੱਧਰੀ ਮੁਕਾਬਲੇ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਅਤੇ ਆਪਣੇ ਬੋਲਣ ਦੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਮੁੱਖ ਮਹਿਮਾਨ ਕਿਰਪਾਲ ਸਿੰਘ ਨੇ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਸਬੰਧੀ ਆਪਣੇ ਕੀਮਤੀ ਵਿਚਾਰ ਸਾਂਝੇ ਕਰਦੇ ਹੋਏ ਮਾਤ ਭਾਸ਼ਾਵਾਂ ਦੀ ਅਹਿਮੀਅਤ ਉਜਾਗਰ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਮਾਤ ਭਾਸ਼ਾ ਦਾ ਸਤਿਕਾਰ ਕਰਨ ਅਤੇ ਉਸ ਦੇ ਪ੍ਰਚਾਰ-ਪ੍ਰਸਾਰ ਲਈ ਅੱਗੇ ਆਉਣ ਲਈ ਪ੍ਰੇਰਿਤ ਕੀਤਾ।ਘੋਸ਼ਿਤ ਨਤੀਜਿਆਂ ਅਨੁਸਾਰ ਬੀ.ਏ. ਬੀ.ਐਡ. ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ ਪਹਿਲਾ ਸਥਾਨ, ਬੀ.ਏ. ਦੀ ਵਿਦਿਆਰਥਣ ਸਾਕਸ਼ੀ ਨੇ ਦੂਜਾ ਸਥਾਨ ਅਤੇ ਬੀ.ਸੀ.ਏ. ਦੀ ਵਿਦਿਆਰਥਣ ਮੁਸਕਾਨ ਨੇ ਤੀਜਾ ਸਥਾਨ ਹਾਸਲ ਕੀਤਾ।

ਮੁੱਖ ਮਹਿਮਾਨ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਸਮਾਗਮ ਦੇ ਆਯੋਜਕਾਂ ਵੱਲੋਂ ਕਿਰਪਾਲ ਸਿੰਘ ਨੂੰ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਧੰਨਵਾਦ ਦੇ ਤੌਰ 'ਤੇ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ।

## ਲੋਜਪਾ ਵਰਕਰਾਂ ਨੇ ਕੀਤੀ ਚਿਰਾਗ ਪਾਸਵਾਨ ਨਾਲ ਵਿਸ਼ੇਸ਼ ਮੁਲਾਕਾਤ

**ਭੀਖੀ (ਗੁਰਿੰਦਰ ਸਿੰਘ ਔਲਖ)**-ਸੂਬੇ ਅੰਦਰ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਲੋਕ ਜਨਸ਼ਕਤੀ ਪਾਰਟੀ ਰਾਮਬਿਲਾਸ ਵੱਲੋਂ ਆਪਣੀ ਚੁਣਾਵੀ ਸਰਗਰਮੀਆਂ ਬਠਿੰਡਾ ਲੋਕ ਸਭਾ ਹਲਕੇ ਨਾਲ ਸੰਬੰਧਿਤ ਸ਼ਹਿਰਾਂ ਮੰਡੀਆਂ ਅਤੇ ਪਿੰਡਾਂ ਵਿੱਚ ਤੇਜ਼ ਕਰਦੇ ਹੋਏ ਲੋਜਪਾ ਪੰਜਾਬ ਦੇ ਸੀਨੀਅਰ ਮੀਡੀਆ ਇੰਚਾਰਜ ਚੌਧਰੀ ਰਾਜੇਸ਼ ਕੁਮਾਰ ਗਹਿਰੀਵਾਲਾ ਦੀ ਅਗਵਾਈ ਹੇਠ ਪਾਰਟੀ ਦੇ ਸੁਪਰੀਮੋ ਅਤੇ ਕੈਬਨਿਟ ਮੰਤਰੀ ਚਿਰਾਗ ਪਾਸਵਾਨ ਨਾਲ ਦਿੱਲੀ ਵਿਖੇ ਵਿਸ਼ੇਸ਼ ਮੁਲਾਕਾਤ ਕਰਦੇ ਹੋਏ ਬਠਿੰਡਾ ਲੋਕ ਸਭਾ ਹਲਕੇ ਅਧੀਨ ਪੈਂਦੇ ਭੀਖੀ ਸ਼ਹਿਰ ਅਤੇ ਬੁਢਲਾਡਾ ਸ਼ਹਿਰ ਅੰਦਰ ਲੜਕੀਆਂ ਲਈ ਸਰਕਾਰੀ ਗਰਲਜ਼ ਕਾਲਜ ਬਣਾਉਣ ਤੋਂ ਲੈ ਕੇ ਸਰਕਾਰੀ ਹਸਪਤਾਲ ਅੰਦਰ ਦਿਲ ਦੇ ਮਰੀਜ਼ਾਂ ਲਈ ਡੀਐਮ ਕਾਰਡਲੋਜੀ ਸਪੈਸ਼ਲ ਡਾਕਟਰਾਂ ਦੀ ਨਿਯੁਕਤੀ ਕਰਨ ਦੀ ਵਿਸ਼ੇਸ਼ ਤੌਰ 'ਤੇ ਮੰਗ ਉਠਾਈ ਗਈ ਹੈ।ਚੌਧਰੀ ਰਾਜੇਸ਼ ਕੁਮਾਰ ਗਹਿਰੀ ਵਾਲਾ ਨੇ ਦੱਸਿਆ ਕਿ ਪਾਰਟੀ ਸੂਬੇ ਅੰਦਰ ਹੋਣ ਵਾਲੀਆਂ ਵਿਧਾਨ ਸਭਾ ਦੀਆਂ ਸਾਰੀਆਂ ਸੀਟਾਂ ਉੱਤੇ ਆਪਣੇ ਪ੍ਰਭਾਵਸ਼ਾਲੀ ਉਮੀਦਵਾਰ ਖੜ੍ਹੇ ਕਰਨ ਜਾ ਰਹੀ ਹੈ ਤਾਂ ਜੁ ਪੰਜਾਬ ਨੂੰ ਚੌਥਾ ਬਦਲ ਦਿੰਦੇ ਹੋਏ ਲੋਕ ਜਨ ਸ਼ਕਤੀ ਪਾਰਟੀ ਦੀ ਮਜਬੂਤ ਸਰਕਾਰ ਬਣਾਈ ਜਾ ਸਕੇ। ਚੌਧਰੀ ਰਾਜੇਸ਼ ਕੁਮਾਰ ਗਹਿਰੀ ਵਾਲਾ ਨੇ ਸਪੱਸ਼ਟ ਕੀਤਾ ਕਿ ਜ਼ਰੂਰੀ ਨਹੀਂ ਕਿ ਅਸੀਂ ਬਿਹਾਰ ਤੇ ਕੇਂਦਰ ਦੀ ਤਰਜ਼ 'ਤੇ ਪੰਜਾਬ ਅੰਦਰ ਵੀ ਭਾਜਪਾ ਨਾਲ ਗਠਜੋੜ ਕਰਕੇ ਵਿਧਾਨ ਸਭਾ ਦੀਆਂ ਚੋਣਾਂ ਲੜੀਏ।

## ਗੁਰੂ ਨਾਨਕ ਨੈਸ਼ਨਲ ਕਾਲਜ ਦਾ ਨਤੀਜਾ ਸ਼ਾਨਦਾਰ



**ਦੋਰਾਹਾ (ਹਰਮਿੰਦਰ ਸੇਠ)**-ਬੀਤੇ ਦਿਨੀਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਬੀ.ਬੀ.ਏ. ਪੰਜਵੇਂ ਸਮੈਸਟਰ ਦਾ ਨਤੀਜਾ ਐਲਾਨਿਆ ਗਿਆ, ਜਿਸ ਵਿੱਚ ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਦੇ ਵਿਦਿਆਰਥੀਆਂ ਨੇ ਖ਼ੂਬ ਮੱਲਾਂ ਮਾਰੀਆਂ।ਨਤੀਜੇ ਬਾਰੇ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਬੀ.ਬੀ.ਏ. ਪੰਜਵੇਂ ਸਮੈਸਟਰ ਵਿੱਚੋਂ ਰਾਧਾ ਨੇ 79.6% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ।ਸੁਖਮਾਨਜੋਤ ਸਿੰਘ ਨੇ 78% ਅੰਕ ਪ੍ਰਾਪਤ ਕਰਕੇ ਦੂਜਾ ਤੇ ਅਰਵਿੰਦਰ ਸਿੰਘ ਨੇ 75% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਸ਼ਾਨਦਾਰ ਨਤੀਜੇ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ ਅਤੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਿਦਿਆਰਥੀਆਂ ਦੇ ਮਾਪਿਆਂ, ਅਧਿਆਪਕਾਂ ਤੇ ਵਿਸ਼ੇਸ਼ ਕਰਕੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੀ ਮਿਹਨਤ ਸਦਕਾ ਕਾਲਜ ਤੇ ਇਲਾਕੇ ਦਾ ਨਾਂਅ ਰੌਸ਼ਨ ਹੋਇਆ।

## ਅਜੇ ਸੋਨੀ ਵੱਲੋਂ 'ਸ਼ਾਮਾਂ ਫਾਗੁਨ ਆਇਓ ਰੇ' ਦਾ ਪੋਸਟਰ ਰਿਲੀਜ਼




**ਜਗਰਾਉਂ (ਸੰਜੀਵ ਅਰੋੜਾ)**-ਸਥਾਨਕ ਨਿਰਮਾਣ ਅਧੀਨ ਖਾਟੂ ਸ਼ਾਮ ਮੰਦਰ ਵਿਖੇ ਉਘੇ ਧਾਰਮਿਕ ਗਾਇਕ ਅਜੇ ਸੋਨੀ ਵੱਲੋਂ ਆਪਣੇ ਆਉਣ ਵਾਲੇ ਨਵੇਂ ਭਜਨ 'ਸ਼ਾਮਾਂ ਫਾਗੁਨ ਆਇਓ ਰੇ' ਦਾ ਪੋਸਟਰ ਰਿਲੀਜ਼ ਕੀਤਾ ਗਿਆ। ਕਲਾਕਾਰ ਵੱਲੋਂ ਦੱਸਿਆ ਕਿ ਫੱਗਣ ਦੇ ਮਹੀਨੇ ਵਿੱਚ ਖਾਟੂ ਸ਼ਾਮ ਮੰਦਰ ਰਾਜਸਥਾਨ ਵਿੱਚ ਭਾਰੀ ਮੇਲਾ ਭਰਦਾ ਹੈ, ਜਿਸ ਨੂੰ ਦੇਖਦੇ ਹੋਏ ਉਨ੍ਹਾਂ ਨੇ ਆਪਣਾ ਨਵਾਂ ਭਜਨ ਰਿਕਾਰਡ ਕੀਤਾ ਹੈ, ਜਿਸ ਨੂੰ ਲਿਖਿਆ ਤੇ ਗਾਇਆ ਅਜੇ ਸੋਨੀ ਨੇ ਹੈ, ਜਿਸ ਦਾ ਮਿਊਜ਼ਿਕ ਮਨੀ ਮਿਸ਼ਲ ਨੇ ਕੀਤਾ ਹੈ ਤੇ ਵੀਡੀਓਗ੍ਰਾਫੀ ਸ਼ੈਂਪੀ ਸੀਨ ਵੱਲੋਂ ਕੀਤੀ ਗਈ ਹੈ, ਇਹ ਭਜਨ ਇਕ ਮਾਰਚ ਨੂੰ ਯੂ-ਟਿਊਬ 'ਤੇ ਰਿਲੀਜ਼ ਕੀਤਾ ਜਾਵੇਗਾ। ਇਸ ਮੌਕੇ ਭਾਰੀ ਸੰਗਤਾਂ ਦੇ ਨਾਲ ਸ਼ਾਮ ਪ੍ਰੇਮੀ ਨਵੀਨ ਖੰਨਾ, ਯੂ-ਟਿਊਬ ਬਲੌਗਰ ਸੈਮ ਅਰੋੜਾ, ਸੂਰਜ ਅਰੋੜਾ, ਗੌਰਵ ਅਰੋੜਾ, ਮੋਹਿਤ ਜੈਨ ਤੇ ਖਾਟੂ ਸ਼ਾਮ ਮੰਦਰ ਦੇ ਅਹੁਦੇਦਾਰ ਅਵਿਨਾਸ਼ ਮਿੱਤਲ, ਪ੍ਰਦੀਪ ਬਾਂਸਲ, ਅਮਿਤ ਸਿੰਗਲ ਤੇ ਕਮਲ ਗੁਪਤਾ ਆਦਿ ਹਾਜ਼ਰ ਸਨ।

## ਜ਼ੁਬਾਨਬੰਦੀ ਖਿਲਾਫ ਅੰਮ੍ਰਿਤਸਰ ਸਾਹਿਬ ਵਿਖੇ ਵਿਸ਼ਾਲ ਮੁਜ਼ਾਹਰਾ ਭਲਕੇ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪ੍ਰੈੱਸ ਦੀ ਆਜ਼ਾਦੀ ਬਹਾਲ ਕਰੋ ਸੰਘਰਸ਼ ਕਮੇਟੀ ਦੀ ਇੱਕ ਅਹਿਮ ਮੀਟਿੰਗ ਬਠਿੰਡਾ ਵਿਖੇ ਹੋਈ, ਜਿਸ ਵਿੱਚ ਕਈ ਮਹੱਤਵਪੂਰਨ ਫੈਸਲੇ ਲਏ ਗਏ।ਮੀਟਿੰਗ ਦੌਰਾਨ ਮੌਜੂਦਾ ਹਾਲਾਤਾਂ 'ਤੇ ਗੰਭੀਰ ਚਰਚਾ ਕਰਦੇ ਹੋਏ ਕਮੇਟੀ ਨੇ ਸਰਕਾਰ ਦੀ ਦਬਾਉ ਨੀਤੀ ਦਾ ਡੱਟ ਕੇ ਵਿਰੋਧ ਕਰਨ ਦਾ ਐਲਾਨ ਕੀਤਾ।ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਬਠਿੰਡਾ ਦੀ ਤਰਜ਼ 'ਤੇ ਮਾਝੇ ਵਿੱਚ ਵੀ ਇਕ ਵਿਸ਼ਾਲ ਇਕੱਠ ਕੀਤਾ ਜਾਵੇਗਾ।ਇਹ ਵਿਸ਼ਾਲ ਮੁਜ਼ਾਹਰਾ 27 ਫ਼ਰਵਰੀ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਡੀ. ਸੀ. ਦਫ਼ਤਰ ਦੇ ਸਾਹਮਣੇ ਕੀਤਾ ਜਾਵੇਗਾ।ਇਸ ਮੌਕੇ ਜਨਤਕ ਜਥੇਬੰਦੀਆਂ, ਕਾਰਕੁਨਾਂ, ਪੱਤਰਕਾਰਾਂ ਤੇ ਆਮ ਲੋਕਾਂ ਵੱਲੋਂ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਕੋਰ ਕਮੇਟੀ ਮੈਂਬਰਾਂ ਵੱਲੋਂ ਡਿਊਟੀਆਂ ਦੀ ਵੰਡ ਤੇ ਵਿਸਥਾਰਪੂਰਵਕ ਯੋਜਨਾਬੰਦੀ ਕੀਤੀ ਗਈ।ਕਮੇਟੀ ਵੱਲੋਂ ਸਮੂਹ ਜਨਤਾ ਤੇ ਜਥੇਬੰਦੀਆਂ ਨੂੰ ਅਪੀਲ ਕੀਤੀ ਗਈ ਕਿ 27 ਫ਼ਰਵਰੀ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਡੀ. ਸੀ. ਦਫ਼ਤਰ ਸਾਹਮਣੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਸੰਘਰਸ਼ ਨੂੰ ਕਾਮਯਾਬ ਬਣਾਇਆ ਜਾਵੇ, ਕਿਉਂਕਿ ਇਹ ਲੜਾਈ ਪੰਜਾਬ ਦੇ ਹਰ ਨਾਗਰਿਕ ਦੀ ਆਵਾਜ਼ ਤੇ ਹੱਕਾਂ ਦੀ ਲੜਾਈ ਹੈ।ਜ਼ੁਬਾਨਬੰਦੀ ਕਿਸੇ ਵੀ ਹਾਲਤ ਵਿੱਚ ਕਬੂਲ ਨਹੀਂ ਕੀਤੀ ਜਾਵੇਗੀ।ਇਸ ਮੌਕੇ ਕੋਰ ਕਮੇਟੀ ਪ੍ਰਧਾਨ ਸ੍. ਬਖਤੌਰ ਢਿੱਲੋਂ, ਮਨਿੰਦਰਜੀਤ ਸਿੱਧੂ, ਮਾਨਿਕ ਗੋਇਲ, ਜੱਸ ਗਰੇਵਾਲ, ਸੰਦੀਪ ਲਾਧੂਕਾ, ਮਨਦੀਪ ਮੱਕੜ, ਮੋਹਨ ਔਲਖ ਆਦਿ ਹਾਜ਼ਰ ਸਨ।

## ਕਾਕਾ ਬਰਾੜ ਨੇ ਪੰਜਾਬ ਸਖੀ ਸ਼ਕਤੀ ਮੇਲੇ ਦਾ ਕੀਤਾ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਜ਼ਿਲ੍ਹਾ ਉਦਯੋਗ ਕੇਂਦਰ ਸ੍ਰੀ ਮੁਕਤਸਰ ਸਾਹਿਬ (ਉਦਯੋਗ ਤੇ ਵਣਜ ਵਿਭਾਗ ਪੰਜਾਬ) ਤੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਸ੍ਰੀ ਮੁਕਤਸਰ ਸਹਿਬ ਵੱਲੋਂ ਸ੍ਰੀ ਅਭਿਜੀਤ ਕਪਲਿਸ਼ ਡਿਪਟੀ ਕਮਿਸ਼ਨਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਰੈਂਪ (ਰੇਜ਼ਿੰਗ ਐਂਡ ਐਕਸਲਰੇਟਿੰਗ ਐੱਮ.ਐੱਸ.ਐੱਮ.ਈ. ਪ੍ਰਫੋਮਿਸ) ਸਕੀਮ ਅਧੀਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਮਹਿਲਾ ਉੱਦਮੀਆਂ, ਸਵੈ ਸਹਾਇਤਾ ਸਮੂਹਾਂ ਅਤੇ ਸੂਖਮ ਲਘੂ ਤੇ ਮੱਧਮ ਉਦਯੋਗਿਕ ਯੂਨਿਟਾਂ ਨੂੰ ਪ੍ਰੋਤਸਾਹਣ ਦੇਣ ਲਈ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਮਹਿਲਾ ਹਾਟ/ਟ੍ਰੇਡ ਫੇਅਰ/ਮੇਲਾ ਪੰਜਾਬ ਸਖੀ ਸ਼ਕਤੀ ਮੇਲਾ-ਮਹਿਲਾ ਉੱਦਮੀਆਂ ਦਾ ਸਸ਼ਕਤੀਕਰਨ ਦਾ ਉਦਘਾਟਨ ਹਲਕਾ ਵਿਧਾਇਕ ਸ੍. ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਕੀਤਾ ਗਿਆ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮਹਿਲਾਵਾਂ ਦੇ ਆਰਥਿਕ ਤੇ ਸਮਾਜਿਕ ਸਸ਼ਕਤੀਕਰਨ ਲਈ ਇਸ ਤਰ੍ਹਾਂ ਦੇ ਮੇਲੇ ਬਹੁਤ ਮਹੱਤਵਪੂਰਨ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾ ਸਵੈ-ਸਹਾਇਤਾ ਸਮੂਹਾਂ ਤੇ ਛੋਟੇ ਉੱਦਮੀਆਂ ਨੂੰ ਪ੍ਰੋਤਸਾਹਿਤ ਕਰਨ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਤਾਂ ਜੋ ਮਹਿਲਾਵਾਂ ਆਤਮਨਿਰਭਰ ਬਣ ਸਕਣ ਤੇ ਆਪਣੇ ਪਰਿਵਾਰ ਦੀ ਆਰਥਿਕ ਮਜ਼ਬੂਤੀ ਵਿੱਚ ਯੋਗਦਾਨ ਪਾ ਸਕਣ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਸ੍ਰੀ ਮੁਕਤਸਰ ਸਾਹਿਬ ਸੁਰਜੀਤ ਸਿੰਘ ਸੰਧੂ, ਚੇਅਰਮੈਨ ਮਾਰਕੀਟ ਕਮੇਟੀ ਬਰੀਵਾਲਾ ਰਜਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਢਿੱਲੋਂ, ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਦੀਪ ਸਿੰਘ ਗਿੱਲ, ਫੰਕਸ਼ਨਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਗੁਰਨਿਸ਼ਾਨ ਸਿੰਘ, ਫੰਕਸ਼ਨਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਸੰਗੀਤ ਸਰੋਤਾ, ਫੰਕਸ਼ਨਲ ਮੈਨੇਜਰ ਜ਼ਿਲ੍ਹਾ ਉਦਯੋਗ ਕੇਂਦਰ ਵਿਸ਼ਵਦੀਪ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਪੀ.ਐੱਸ.ਆਰ. ਐੱਲ ਐੱਮ ਰਮਣੀਕ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਸ਼ਹਿਰ ਵਾਸੀ ਹਾਜ਼ਰ ਸਨ।

## 210 ਕਿੱਲੋ ਭੁੱਕੀ ਸਮੇਤ ਕਾਬੂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤੇ ਗੈਂਗਸਟਰਾਂ 'ਤੇ ਵਾਰ ਸਬੰਧੀ ਪਾਤੜਾਂ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਬਾਹਰਲੇ ਰਾਜਾਂ ਤੋਂ ਲਿੰਕ ਸੜਕਾਂ ਰਾਹੀਂ ਲਿਆ ਕੇ ਭੁੱਕੀ ਸਪਲਾਈ ਕਰਨ ਵਾਲੇ ਇੱਕ ਵਿਅਕਤੀ ਨੂੰ 210 ਕਿੱਲੋ ਭੁੱਕੀ ਸਮੇਤ ਕਾਬੂ ਕੀਤਾ ਗਿਆ।ਜਾਣਕਾਰੀ ਦਿੰਦਿਆਂ ਡੀਐੱਸਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਥਾਣਾ ਮੁਖੀ ਪਾਤੜਾਂ ਇੰਸਪੈਕਟਰ ਹਰਪ੍ਰੀਤ ਸਿੰਘ ਦੀ ਦੇਖ-ਰੇਖ ਹੇਠ ਸਬ ਡਵੀਜ਼ਨ ਪਾਤੜਾਂ ਵਿੱਚ ਨਸ਼ਿਆਂ ਦੀ ਸਪਲਾਈ ਕਰਨ ਵਾਲਿਆਂ ਖਿਲਾਫ ਕੀਤੀ ਜਾ ਰਹੀ ਕਾਰਵਾਈ ਤਹਿਤ ਨਿਸ਼ਾਨ ਸਿੰਘ ਦੀ ਅਗਵਾਈ ਵਿੱਚ ਪੁਲਸ ਪਾਰਟੀ ਵੱਲੋਂ ਆਨੰਦ ਬਸਤੀ ਪਾਤੜਾਂ ਵਿਖੇ ਨਾਕਾਬੰਦੀ ਦੌਰਾਨ ਕਥਿਤ ਦੋਸ਼ੀ ਅਮਨਦੀਪ ਸਿੰਘ ਉਰਫ ਕਾਲਾ ਵਾਸੀ ਪਿੰਡ ਚੁਨਾਗਰਾ ਤੋਂ 210 ਕਿੱਲੋ ਭੁੱਕੀ ਸਮੇਤ ਗੱਡੀ ਬੋਲੈਰੋ ਬ੍ਰਾਮਦ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਮੁੱਢਲੀ ਤਫਤੀਸ਼ ਦੌਰਾਨ ਸਾਹਮਣੇ ਆਇਆ ਹੈ ਕਿ ਕਥਿਤ ਦੋਸ਼ੀ ਵੱਲੋਂ ਇਹ ਭੁੱਕੀ ਬਾਹਰਲੀ ਸਟੇਟ ਤੋਂ ਲਿਆ ਕੇ ਵਾਇਆ ਹਰਿਆਣਾ ਲਿੰਕ ਸੜਕਾਂ ਰਾਹੀਂ ਹੁੰਦੇ ਹੋਏ ਪੰਜਾਬ ਦੇ ਵੱਖ ਵੱਖ ਇਲਾਕੇ ਵਿੱਚ ਸਪਲਾਈ ਕਰਨੀ ਸੀ।ਇਸ ਸਬੰਧੀ ਮੁਲਜ਼ਮ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## ਰਾਹੁਲ ਗਾਂਧੀ ਦੀ 'ਮਨਰੇਗਾ ਬਚਾਓ ਰੈਲੀ' ਨੂੰ ਲੈ ਕੇ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਗਾਮੀ 28 ਫਰਵਰੀ 2026 ਨੂੰ ਬਰਨਾਲਾ ਵਿਖੇ ਕਾਂਗਰਸ ਦੇ ਕੌਮੀ ਆਗੂ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਣ ਜਾ ਰਹੀ 'ਮਨਰੇਗਾ ਬਚਾਓ ਰੈਲੀ' ਦੀਆਂ ਤਿਆਰੀਆਂ ਸਿਖਰਾਂ 'ਤੇ ਹਨ। ਇਸੇ ਸਬੰਧ ਵਿੱਚ ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਦੇ ਗ੍ਰਹਿ ਵਿਖੇ ਇਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਇਲਾਕੇ ਦੇ ਕਾਂਗਰਸੀ ਆਗੂਆਂ, ਐੱਮ.ਸੀਜ਼ ਤੇ ਸਰਪੰਚਾਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਰਮਿੰਦਰ ਸਿੰਘ ਪਿੰਕੀ ਨੇ ਕਿਹਾ ਕਿ ਮਨਰੇਗਾ ਸਕੀਮ ਗਰੀਬਾਂ ਤੇ ਮਜ਼ਦੂਰਾਂ ਦੀ ਰੋਜ਼ੀ-ਰੋਟੀ ਦਾ ਆਧਾਰ ਹੈ ਤੇ ਇਸ ਨੂੰ ਬਚਾਉਣ ਲਈ ਰਾਹੁਲ ਗਾਂਧੀ ਖੁਦ ਮੈਦਾਨ ਵਿੱਚ ਨਿੱਤਰ ਰਹੇ ਹਨ। ਉਨ੍ਹਾਂ ਆਪਣੇ ਸਾਥੀਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਇਸ ਰੈਲੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਈ ਜਾਵੇ ਤਾਂ ਜੋ ਕੇਂਦਰ ਸਰਕਾਰ ਤੱਕ ਗਰੀਬਾਂ ਦੀ ਆਵਾਜ਼ ਪਹੁੰਚਾਈ ਜਾ ਸਕੇ। ਮੀਟਿੰਗ ਵਿੱਚ ਬਲਾਕ ਪ੍ਰਧਾਨ ਸੁਖਵਿੰਦਰ ਅਟਾਰੀ ਤੇ ਰਜਨੀਸ਼ ਗੋਇਲ, ਨਗਰ ਕੌਂਸਲ ਪ੍ਰਧਾਨ ਰੋਹਿਤ ਗਰੋਵਰ, ਯੂਥ ਕਾਂਗਰਸ ਜ਼ਿਲ੍ਹਾ ਪ੍ਰਧਾਨ ਯਕੂਬ ਭੱਟੀ ਤੇ ਸ਼ਹਿਰੀ ਪ੍ਰਧਾਨ ਬਲੀ ਸਿੰਘ, ਐੱਮ. ਸੀਜ਼ ਵਿਜੇ ਗੋਰੀਆ, ਰਜਿੰਦਰ ਸਿੱਪੀ, ਰਿਸ਼ੀ ਸ਼ਰਮਾ, ਰਾਜੂ ਚੰਗਿਆੜਾ, ਕਸ਼ਮੀਰ ਭੁੱਲਰ, ਬੋਹੜ ਸਿੰਘ, ਸਤਨਾਮ ਸਿੰਘ ਤੇ ਹਰਵਿੰਦਰ ਕਾਜੂ ਤੋਂ ਇਲਾਵਾ ਕਰਮਾ ਖਾਈ, ਬਿੱਟੂ ਕਰੀਆਂ ਪਹਿਲਵਾਨ, ਸ਼ਿੰਗਾਰਾ ਸਿੰਘ, ਗੁਰਭੇਜ ਸਿੰਘ, ਗੁਰਪ੍ਰੀਤ ਸਿੰਘ, ਰਵੀ ਤਾਈਲ, ਜਥੇਦਾਰ ਮਲਕੀਤ ਸਿੰਘ, ਰਣਜੋਤ ਸਿੰਘ ਸਰਪੰਚ ਇਲਮੇਵਾਲਾ ਵਰਗੇ ਮਿਹਨਤੀ ਵਰਕਰਾਂ ਨੇ ਰੈਲੀ ਨੂੰ ਇਤਿਹਾਸਕ ਬਣਾਉਣ ਦਾ ਪ੍ਰਣ ਲਿਆ। ਮੀਟਿੰਗ ਦੇ ਅਖੀਰ ਵਿੱਚ ਪਿੰਕੀ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਰੈਲੀ ਪੰਜਾਬ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਸਾਬਿਤ ਹੋਵੇਗੀ।

25 Feb Page 12.qxd 2/24/2026 9:25 PM Page 1



## ਐੱਲ ਪੀ ਯੂ 'ਚ ਨਿਊ ਏਜ ਜਰਨਲਿਜ਼ਮ ਸਮਿਟ 2026 'ਤੇ ਚਰਚਾ

**ਜਲੰਧਰ (ਸ਼ੈਲੀ ਐਲਬਰਟ)**- ਜਿਵੇਂ ਕਿ ਪੱਤਰਕਾਰੀ ਰਵਾਇਤੀ ਨਿਊਜ਼ਰੂਮਾਂ ਤੋਂ ਸੁਤੰਤਰ ਡਿਜੀਟਲ ਈਕੋਸਿਸਟਮ ਤੱਕ ਵਿਕਸਤ ਹੁੰਦੀ ਰਹਿੰਦੀ ਹੈ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਨਿਊ ਏਜ ਜਰਨਲਿਜ਼ਮ ਸਮਿਟ 2026 ਦੇ ਨਾਲ ਉਸ ਕ੍ਰਾਂਤੀ ਨੂੰ ਕੇਂਦਰ ਵਿੱਚ ਲਿਆਂਦਾ। 'ਨਿਊਜ਼ ਬਿਓਂਡ ਦ ਨਿਊਜ਼ਰੂਮ-ਦ ਰਾਈਜ਼ ਆਫ਼ ਡੀਸੈਂਟਰਲਾਈਜ਼ਡ ਜਰਨਲਿਜ਼ਮ' ਥੀਮ 'ਤੇ ਕੇਂਦ੍ਰਤ ਕਰਦੇ ਹੋਏ, ਸੰਮੇਲਨ ਨੇ ਖੋਜ ਕੀਤੀ ਕਿ ਕਿਵੇਂ ਭਰੋਸੇਯੋਗਤਾ, ਤਕਨਾਲੋਜੀ ਤੇ ਵਿਅਕਤੀਗਤ ਆਵਾਜ਼ਾਂ ਮੀਡੀਆ ਦੇ ਭਵਿੱਖ ਨੂੰ ਮੁੜ ਪਰਿਭਾਸ਼ਿਤ ਕਰ ਰਹੀਆਂ ਹਨ। ਸਮਿਟ ਨੇ ਬਦਲਦੇ ਮੀਡੀਆ ਲੈਂਡਸਕੇਪ ਦੀਆਂ ਪ੍ਰਮੁੱਖ ਹਸਤੀਆਂ ਨੂੰ ਇਕੱਠਾ ਕੀਤਾ, ਜਿਸ ਵਿੱਚ ਨਿਊਜ਼ ਪਿੰਚ ਦੇ ਸੰਸਥਾਪਕ ਅਭਿਨਵ ਪਾਂਡੇ, ਜਿਸਟ ਨਿਊਜ਼ ਦੇ ਸੀਨੀਅਰ ਰਿਪੋਰਟਰ ਮੁਕੁਲ ਸਿੰਘ, ਤਰੁਣ ਕੇਡੀਆ ਤੇ ਨਿਤਿਨ ਸੋਨੀ ਸ਼ਾਮਲ ਹੋਏ, ਦੋਵੇਂ ਸੁਤੰਤਰ ਪੱਤਰਕਾਰ ਡਿਜੀਟਲ ਭਾਸ਼ਣ ਨੂੰ ਆਕਾਰ ਦੇ ਰਹੇ ਹਨ। ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਤੇ ਕਰਨਲ ਡਾ. ਰਸ਼ਮੀ ਮਿੱਤਲ, ਐਲਪੀਯੂ ਦੀ ਪ੍ਰੋ ਚਾਂਸਲਰ ਦੇ ਨਾਲ, ਪੱਤਰਕਾਰੀ ਦੇ ਭਵਿੱਖ 'ਤੇ ਕੇਂਦ੍ਰਿਤ ਗੱਲਬਾਤ ਵਿੱਚ ਯੂਨੀਵਰਸਿਟੀ ਦੀ ਡੂੰਘਾਈ ਨੂੰ ਜੋੜਦੀ ਹੈ। ਸਿਖਰ ਸੰਮੇਲਨ ਦੌਰਾਨ, ਹਰੇਕ ਬੁਲਾਰੇ ਨੇ ਡਿਜੀਟਲ ਨਿਊਜ਼ ਈਕੋਸਿਸਟਮ ਵਿੱਚ ਆਪਣੇ ਸਿੱਧੇ ਅਨੁਭਵ ਤੋਂ ਲਏ ਗਏ ਦ੍ਰਿਸ਼ਟੀਕੋਣ ਪੇਸ਼ ਕੀਤੇ।



ਅਭਿਨਵ ਪਾਂਡੇ ਨੇ ਸ਼ੁਰੂ ਤੋਂ ਇੱਕ ਸੁਤੰਤਰ ਮੀਡੀਆ ਪਲੇਟਫਾਰਮ ਬਣਾਉਣ ਬਾਰੇ ਗੱਲ ਕੀਤੀ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਕੇਂਦਰੀਕ੍ਰਿਤ ਪੱਤਰਕਾਰੀ ਵਿੱਚ, ਵਿਸ਼ਵਾਸ ਸਭ ਤੋਂ ਕੀਮਤੀ ਵਸਤੂ ਬਣ ਜਾਂਦਾ ਹੈ। ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਲਈ ਮਹੱਤਵਪੂਰਨ ਹਨ ਕਿਉਂਕਿ ਇਹ ਉਨ੍ਹਾਂ ਪੇਸ਼ੇਵਰਾਂ ਨੂੰ ਸਿੱਧਾ ਸੰਪਰਕ ਪ੍ਰਦਾਨ ਕਰਦੇ ਹਨ ਜੋ ਸਰਗਰਮੀ ਨਾਲ ਆਪਣੇ ਖੇਤਰਾਂ ਦੀ ਅਗਵਾਈ ਕਰ ਰਹੇ ਹਨ ਅਤੇ ਅਕਾਦਮਿਕ ਢਾਂਚੇ ਤੋਂ ਪਰੇ ਜਾਣ ਵਾਲੇ ਲਾਈਵ ਸੂਝ ਪ੍ਰਦਾਨ ਕਰਦੇ ਹਨ। ਡਾ. ਮਿੱਤਲ ਨੇ ਵਿਦਿਆਰਥੀਆਂ ਨੂੰ ਮੀਡੀਆ ਨੂੰ ਸਿਰਫ਼ ਇੱਕ ਪੇਸ਼ੇ ਵਜੋਂ ਨਹੀਂ, ਸਗੋਂ ਇੱਕ ਜ਼ਿੰਮੇਵਾਰੀ ਵਜੋਂ ਦੇਖਣ ਲਈ ਉਤਸ਼ਾਹਿਤ ਕੀਤਾ ਜਿਸ ਲਈ ਇਮਾਨਦਾਰੀ, ਹਿੰਮਤ ਅਤੇ ਜਵਾਬਦੇਹੀ ਦੀ ਲੋੜ ਹੁੰਦੀ ਹੈ।ਸਕੂਲ ਆਫ਼ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਦੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ, ਗਲਤ ਜਾਣਕਾਰੀ, ਮੀਡੀਆ ਨੈਤਿਕਤਾ, ਸੁਤੰਤਰ ਪੱਤਰਕਾਰੀ ਦੀ ਸਥਿਰਤਾ, ਅਤੇ ਜਨਤਕ ਧਾਰਨਾ 'ਤੇ ਐਲਗੋਰਿਦਮ ਦੇ ਪ੍ਰਭਾਵ 'ਤੇ ਵਿਚਾਰਸ਼ੀਲ ਸਵਾਲ ਉਠਾਏ।

## ਇਲੈਕਟ੍ਰੀਕਲ ਵਿਭਾਗ ਵੱਲੋਂ ਇੰਡਸਟਰੀਅਲ ਟ੍ਰੇਨਿੰਗ ਦੀ ਸਮੀਖਿਆ ਲਈ ਵੱਖ-ਵੱਖ ਉਦਯੋਗਾਂ ਦਾ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੌਲੀਟੈਕਨਿਕ ਕਾਲੇਜ ਜਲੰਧਰ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਇਲੈਕਟ੍ਰਿਕਲ ਵਿਭਾਗ ਵੱਲੋਂ ਲੰਬੇ ਸਮੇਂ ਦੀ ਇੰਡਸਟਰੀਅਲ ਟ੍ਰੇਨਿੰਗ ਸੰਬੰਧੀ ਵਿਦਿਆਰਥੀਆਂ ਦੀ ਪ੍ਰਗਤੀ ਦੀ ਸਮੀਖਿਆ ਕਰਨ ਲਈ ਵੱਖ-ਵੱਖ ਉਦਯੋਗਾਂ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਮੈਨਟਰਾਂ ਨੇ ਹੇਠ ਲਿਖੀਆਂ ਇਕਾਈਆਂ ਦਾ ਨਿਰੀਖਣ ਕੀਤਾ: ਐਕਸ਼ਨ ਬੈਟਰੀ, ਏ-ਸਟਾਰ ਪਾਵਰ ਐਂਡ ਸਵਿੱਚ ਗੀਅਰ, ਸੈਣੀ ਇਲੈਕਟ੍ਰਿਕਲ, ਪਾਵਰ ਆਟੋਮੇਸ਼ਨ ਅਤੇ ਇਨਵੋ-ਟੈਕ ਇੰਜੀਨੀਅਰ। ਦੌਰੇ ਦੌਰਾਨ ਵਿਦਿਆਰਥੀਆਂ ਦੀ ਹਾਜ਼ਰੀ, ਤਕਨੀਕੀ ਰੁਝਾਨ ਤੇ ਉਦਯੋਗਕ ਮਾਹੌਲ ਵਿੱਚ ਕੰਮ ਕਰਨ ਦੀ ਸਮਰੱਥਾ ਦਾ ਮੁਲਾਂਕਣ ਕੀਤਾ ਗਿਆ। ਸਮੁੱਚੇ ਤੌਰ 'ਤੇ ਟ੍ਰੇਨਿੰਗ ਦਾ ਮਾਹੌਲ ਸੰਤੋਸ਼ਜਨਕ ਪਾਇਆ ਗਿਆ। ਵਿਦਿਆਰਥੀ ਨਿਯਮਿਤ ਤੌਰ 'ਤੇ ਆਪਣੀ ਡਿਊਟੀ ਨਿਭਾ ਰਹੇ ਹਨ ਤੇ ਉਦਯੋਗ ਦੀਆਂ ਲੋੜਾਂ ਅਨੁਸਾਰ ਪ੍ਰਯੋਗਾਤਮਕ ਗਿਆਨ ਅਤੇ ਹੁਨਰ ਪ੍ਰਾਪਤ ਕਰ ਰਹੇ ਹਨ। ਇਸ ਮੌਕੇ 'ਤੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਇੰਡਸਟਰੀਅਲ ਟ੍ਰੇਨਿੰਗ ਵਿਦਿਆਰਥੀਆਂ ਦੇ ਭਵਿੱਖ ਲਈ ਬਹੁਤ ਮਹੱਤਵਪੂਰਨ ਹੈ, ਕਿਉਂਕਿ ਇਸ ਨਾਲ ਉਹਨਾਂ ਨੂੰ ਅਸਲ ਉਦਯੋਗਕ ਤਜਰਬਾ ਮਿਲਦਾ ਹੈ। ਕਾਲਜ ਵੱਲੋਂ ਹਮੇਸ਼ਾ ਵਿਦਿਆਰਥੀਆਂ ਦੇ ਕੌਸ਼ਲ ਵਿਕਾਸ ਲਈ ਯਤਨ ਕੀਤੇ ਜਾਂਦੇ ਹਨ। ਇਹ ਦੌਰਾ ਕਾਲਜ ਅਤੇ ਉਦਯੋਗਾਂ ਵਿਚਕਾਰ ਸਹਿਯੋਗ ਨੂੰ ਹੋਰ ਮਜ਼ਬੂਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ ਹੈ।



## ਅੱਜ ਭੋਗ 'ਤੇ ਵਿਸ਼ੇਸ਼ — ਮਾਤਾ ਪ੍ਰੀਤਮ ਕੌਰ ਨੂੰ ਯਾਦ ਕਰਦਿਆਂ

ਮਾਤਾ ਪ੍ਰੀਤਮ ਕੌਰ ਜੀ ਸਿਰਫ਼ ਇਕ ਮਾਂ ਨਹੀਂ ਸਨ, ਉਹ ਸੰਘਰਸ਼, ਸਾਦਗੀ ਅਤੇ ਸੰਸਕਾਰਾਂ ਦੀ ਮੂਰਤ ਸਨ। ਉਨ੍ਹਾਂ ਨੇ ਆਪਣੀ ਜ਼ਿੰਦਗੀ ਵਿੱਚ ਘਰ-ਪਰਵਾਰ ਦੀ ਸੰਭਾਲ ਕਰਦਿਆਂ ਉੱਚੇ ਆਦਰਸ਼ਾਂ ਨੂੰ ਜੀਅ ਕੇ ਦਿਖਾਇਆ। ਅਜਿਹੀਆਂ ਮਾਵਾਂ ਹੀ ਉਹ ਮਜ਼ਬੂਤ ਨੀਂਹ ਬਣਦੀਆਂ ਹਨ, ਜਿਨ੍ਹਾਂ ਦੇ ਸਹਾਰੇ ਸੰਘਰਸ਼ਸ਼ੀਲ ਪੁੱਤਰ ਅਤੇ ਧੀਆਂ ਸਮਾਜਿਕ ਤੇ ਰਾਜਨੀਤਕ ਮੈਦਾਨ ਵਿੱਚ ਅੱਗੇ ਵਧਦੇ ਹਨ।



ਮਾਤਾ ਪ੍ਰੀਤਮ ਕੌਰ ਦਾ ਜਨਮ 19 ਜੁਲਾਈ 1932 ਨੂੰ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਪੁੱਟਾ ਵਿਖੇ ਪਿਤਾ ਮਾਧੋ ਸਿੰਘ ਤੇ ਮਾਤਾ ਸ਼ਾਂਤੀ ਜੀ ਦੇ ਗ੍ਰਹਿ ਵਿਖੇ ਹੋਇਆ। ਮਾਤਾ ਜੀ ਨੇ ਪੰਜਾਬ ਦੀ 1947 ਦੀ ਵੰਡ ਆਪਣੇ ਅੱਖੀਂ ਦੇਖੀ ਤੇ ਦੱਸਦੇ ਸੀ ਕਿ ਇਹ ਮਨੁੱਖਤਾ ਦਾ ਘਾਣ ਸੀ, ਜੋ ਧਾਰਮਿਕ ਜਨੂੰਨ ਤਹਿਤ ਮਨੁੱਖ ਨੇ ਮਨੁੱਖ ਦਾ ਕਤਲੇਆਮ ਕੀਤਾ ਅਤੇ ਧਰਮ ਨੂੰ ਸ਼ਰਮਸਾਰ ਕੀਤਾ। ਮਾਤਾ ਪ੍ਰੀਤਮ ਕੌਰ ਦੀ ਸ਼ਾਦੀ ਸਰਦਾਰ ਪਰਮਜੀਤ ਸਿੰਘ ਭੰਮਰਾ, ਪਿੰਡ ਰਾਜਗੜ੍ਹ ਵਿਖੇ ਹੋਈ। ਉਹਨਾਂ ਦੇ ਪੰਜ ਬੱਚੇ ਹੋਏ। ਸਭ ਤੋਂ ਵੱਡੇ ਰਣਜੀਤ ਸਿੰਘ, ਇੱਕ ਬੇਟੀ (ਭੋਲੀ) ਜੋ ਕਿ ਬਚਪਨ ਵਿੱਚ ਹੀ ਗੁਜ਼ਰ ਗਈ ਸੀ, ਬੇਟੇ ਨਿਰਮਲ ਸਿੰਘ, ਗੁਰਜੀਤ ਸਿੰਘ ਤੇ ਹਰਮਿੰਦਰ ਸਿੰਘ।

1978 ਵਿੱਚ ਉਹਨਾਂ ਦੇ ਪਤੀ ਵਿਛੋੜਾ ਦੇ ਗਏ। ਬੇਟੇ ਨਿਰਮਲ ਸਿੰਘ ਦੀ 1993 ਵਿੱਚ ਇੱਕ ਐਕਸੀਡੈਂਟ ਵਿੱਚ ਮੌਤ ਹੋ ਗਈ ਸੀ। ਦੂਜੇ ਬੇਟੇ ਰਣਜੀਤ ਸਿੰਘ ਦੀ ਮੌਤ 2022 ਵਿੱਚ ਹੋ ਗਈ।

ਗੁਰਜੀਤ ਸਿੰਘ ਤੇ ਹਰਮਿੰਦਰ ਸਿੰਘ ਮਾਤਾ ਜੀ ਦੇ ਕੋਲ ਰਹਿੰਦੇ ਹਨ। ਹਰਮਿੰਦਰ ਸਿੰਘ ਸੇਠ 'ਨਵਾਂ ਜਮਾਨਾ' ਅਖਬਾਰ ਦੇ ਦੋਰਾਹਾ ਤੋਂ ਪੱਤਰਕਾਰ ਹਨ। ਮਾਤਾ ਜੀ ਦੇ ਅੰਦਰ ਦੇਸ਼ ਭਗਤੀ ਦਾ ਜਜ਼ਬਾ ਕੁੱਟ-ਕੁੱਟ ਕੇ ਭਰਿਆ ਹੋਇਆ ਸੀ। ਮਾਤਾ ਪ੍ਰੀਤਮ ਕੌਰ ਦੋਰਾਹੇ ਸ਼ਹਿਰ ਦੀ ਰੂਹ ਸਨ। ਹਰ ਕੋਈ ਉਹਨਾਂ ਤੋਂ ਆਸ਼ੀਰਵਾਦ ਲੈ ਕੇ ਜਾਂਦਾ। ਹਰ ਇੱਕ ਲੋੜਵੰਦ ਦੀ ਲੋੜ ਅਨੁਸਾਰ ਮਦਦ ਕੀਤੀ।

17 ਫਰਵਰੀ ਨੂੰ ਮਾਤਾ ਜੀ 93 ਸਾਲ ਦੀ ਉਮਰ ਵਿੱਚ ਸਾਨੂੰ ਵਿਛੋੜਾ ਦੇ ਗਏ।

ਕਾਮਰੇਡ ਹਰਮਿੰਦਰ ਸੇਠ ਜੀ ਵਰਗਾ ਸੰਘਰਸ਼ਸ਼ੀਲ ਅਤੇ ਜ਼ਿੰਮੇਵਾਰ ਸਾਥੀ ਤਿਆਰ ਕਰਨ ਵਿੱਚ ਮਾਤਾ ਜੀ ਦਾ ਵੱਡਾ ਯੋਗਦਾਨ ਰਿਹਾ ਹੈ। ਉਨ੍ਹਾਂ ਦੇ ਸੰਸਕਾਰਾਂ, ਉਨ੍ਹਾਂ ਦੀ ਸਹਿਣਸ਼ੀਲਤਾ ਅਤੇ ਉਨ੍ਹਾਂ ਦੀ ਮਮਤਾ ਨੇ ਪਰਵਾਰ ਨੂੰ ਹਮੇਸ਼ਾ ਮਜ਼ਬੂਤ ਰੱਖਿਆ। ਅਸੀਂ ਜਾਣਦੇ ਹਾਂ ਕਿ ਜਦੋਂ ਕੋਈ ਵਿਅਕਤੀ ਲੋਕ ਹਿੱਤ ਦੇ ਸੰਘਰਸ਼ਾਂ ਵਿੱਚ ਲੱਗਦਾ ਹੈ, ਤਾਂ ਪਿੱਛੇ ਘਰ ਵਿੱਚ ਮਾਂ ਦੀ ਹੌਸਲਾ ਅਫਜ਼ਾਈ ਅਤੇ ਦੁਆਵਾਂ ਹੁੰਦੀਆਂ ਹਨ।

ਅੱਜ ਇਸ ਦੁੱਖ ਦੀ ਘੜੀ ਵਿੱਚ ਅਸੀਂ ਸੇਠ ਪਰਵਾਰ ਨਾਲ ਖੜ੍ਹੇ ਹਾਂ। ਮਾਂ ਦਾ ਵਿਛੋੜਾ ਨਾ ਪੂਰਾ ਹੋਣ ਵਾਲਾ ਘਾਟਾ ਹੁੰਦਾ ਹੈ। ਇਹ ਖਾਲੀਪਨ ਕਦੇ ਨਹੀਂ ਭਰਿਆ ਜਾ ਸਕਦਾ, ਪਰ ਮਾਂ ਦੀਆਂ ਯਾਦਾਂ, ਉਨ੍ਹਾਂ ਦੇ ਦਿੱਤੇ ਹੋਏ ਸੰਸਕਾਰ ਅਤੇ ਉਨ੍ਹਾਂ ਦੀ ਸਿੱਖਿਆ ਹਮੇਸ਼ਾ ਸਾਡੇ ਨਾਲ ਰਹਿੰਦੀ ਹੈ।ਅੱਜ ਉਹਨਾਂ ਦੇ ਚਲੇ ਜਾਣ ਨਾਲ ਸਮਾਜ ਤੇ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਮਾਤਾ ਪ੍ਰੀਤਮ ਕੌਰ ਦੀ ਯਾਦ ਵਿੱਚ ਰੱਖੇ ਅਖੰਡ ਪਾਠ ਦੇ ਭੋਗ 25 ਫਰਵਰੀ ਬੁੱਧਵਾਰ ਨੂੰ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦੋਰਾਹਾ ਵਿਖੇ ਪੈਣਗੇ।

—ਐੱਮ ਐੱਸ ਭਾਟੀਆ

## ਕੁਸ਼ਤੀ ਦੰਗਲ 'ਚ ਜੇਤੂ ਪਹਿਲਵਾਨ ਨੂੰ ਮਿਲਿਆ ਫੋਰਡ ਟਰੈਕਟਰ



**ਸੰਗਰੂਰ/ਘਰਾਚੋਂ**- ਬਾਬਾ ਫ਼ਕੀਰਾ ਦਾਸ ਜੀ ਦੇ ਸਲਾਨਾ ਜੋੜ ਮੇਲੇ ਮੌਕੇ ਪਿੰਡ ਘਰਾਚੋਂ ਵਿਖੇ ਸਰਪੰਚ ਦਲਜੀਤ ਸਿੰਘ ਘੁਮਾਣ ਤੇ ਸਮੁੱਚੀ ਗ੍ਰਾਮ ਪੰਚਾਇਤ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਅੰਤਰਰਾਸ਼ਟਰੀ ਪੱਧਰ ਦਾ ਮਹਾਂ ਕੁਸ਼ਤੀ ਦੰਗਲ ਕਰਵਾਇਆ ਗਿਆ। ਇਸ ਖੇਡ ਮੇਲੇ ਵਿੱਚ ਸਿਆਸੀ ਜਗਤ ਦੀਆਂ ਨਾਮੀ ਹਸਤੀਆਂ ਨੇ ਸ਼ਿਰਕਤ ਕਰਕੇ ਖਿਡਾਰੀਆਂ ਦਾ ਹੌਸਲਾ ਵਧਾਇਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਮੁੱਖ ਮੰਤਰੀ ਪੰਜਾਬ ਦੇ ਵਿਸ਼ੇਸ਼ ਕਾਰਜ ਅਫ਼ਸਰ ਰਾਜਬੀਰ ਸਿੰਘ ਘੁਮਾਣ ਅਤੇ ਮੁੱਖ ਮੰਤਰੀ ਦੇ ਨਿੱਜੀ ਸਕੱਤਰ ਸੁਖਵੀਰ ਸਿੰਘ ਸੁੱਖੀ ਨੇ ਜੇਤੂ ਪਹਿਲਵਾਨਾਂ ਨੂੰ ਆਸ਼ੀਰਵਾਦ ਦਿੱਤਾ। ਸਮਾਗਮ ਦੌਰਾਨ ਜ਼ਿਲ੍ਹਾ ਮੈਜਿਸਟ੍ਰੇਟ ਸੰਗਰੂਰ ਰਾਹੁਲ ਚਾਂਬਾ, ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਤੇ ਵੱਖ-ਵੱਖ ਅਦਾਰਿਆਂ ਦੇ ਪ੍ਰਧਾਨ ਵੀ ਹਾਜ਼ਰ ਰਹੇ। ਇਸ ਦੰਗਲ ਦੀ ਖਾਸੀਅਤ ਇਹ ਰਹੀ ਕਿ ਪਹਿਲੀ ਝੰਡੀ ਦੀ ਕੁਸ਼ਤੀ ਜਿੱਤਣ ਵਾਲੇ ਪਹਿਲਵਾਨ ਨੂੰ ਫੋਰਡ ਟਰੈਕਟਰ ਨਾਲ ਸਨਮਾਨਿਤ ਕੀਤਾ ਗਿਆ। ਇਸ ਮੁਕਾਬਲੇ ਵਿੱਚ ਨਾ ਸਿਰਫ਼ ਭਾਰਤ ਬਲਕਿ ਇਰਾਨ ਦੇ ਨਾਮੀ ਪਹਿਲਵਾਨਾਂ ਨੇ ਵੀ ਆਪਣੀ ਤਾਕਤ ਦਾ ਪ੍ਰਦਰਸ਼ਨ ਕੀਤਾ। ਖੇਡਾਂ ਦੇ ਨਾਲ-ਨਾਲ ਸੱਭਿਆਚਾਰਕ ਰੰਗ ਬਿਖੇਰਦਿਆਂ ਮਸ਼ਹੂਰ ਪੰਜਾਬੀ ਗਾਇਕ ਹਰਜੀਤ ਹਰਮਨ ਨੇ ਆਪਣੇ ਅਖਾੜੇ ਰਾਹੀਂ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ।

## ਹਨੂਮਾਨ ਜਯੰਤੀ ਮਹਾਂਉਤਸਵ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਦੀ ਦੇਖਰੇਖ ਵਿੱਚ ਸ੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਸਹਿਯੋਗ ਨਾਲ ਕਾਲੀ ਮਾਤਾ ਮੰਦਰ ਪਟਿਆਲਾ ਵਿਖੇ ਮਨਾਈ ਜਾ ਰਹੀ 18ਵੀਂ ਸਲਾਨਾ ਹਨੂਮਾਨ ਜਯੰਤੀ ਮਹਾ ਉਤਸਵ ਨੂੰ ਮਨਾਉਣ ਤੇ ਇਸ ਵਿੱਚ ਸ਼ਾਮਿਲ ਹੋਣ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਜੱਥਾ ਰਵਾਨਾ ਹੋਇਆ ਜਿਸ ਵਿੱਚ ਵੱਖ-ਵੱਖ ਹਿੰਦੂ ਸੰਗਠਨਾਂ ਤੋਂ ਇਲਾਵਾ ਸ਼ਿਵ ਸੈਨਾ ਵਰਕਰਾਂ ਨੇ ਭਾਰੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਤੇ ਹਾਜ਼ਰ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜ਼ਨ, ਦੋਆਬਾ ਯੂਥ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਢੀਂਗਰਾ, ਯੁਵਾ ਨੇਤਾ ਰਾਜੂ ਖੋਸਲਾ, ਹਿੰਦੂ ਨੇਤਾ ਸ਼ੈਰੀ ਟਾਂਡਾ, ਜ਼ਿਲਾ ਸਕੱਤਰ ਪੰਡਿਤ ਮਿਥਲੇਸ਼ ਗਰਗ, ਯੂਥ ਸਿਟੀ ਪ੍ਰਧਾਨ ਗੁਰਨਾਮ ਸਿੰਘ ਗੋਨੀ, ਜ਼ਿਲਾ ਵਾਈਸ ਚੇਅਰਮੈਨ ਸੰਜੀਵ ਖੰਨਾ, ਬਲਾਕ ਪ੍ਰਧਾਨ ਗੌਰਵ ਬੇਦੀ, ਸੀਨੀਅਰ ਸਿਟੀ ਪ੍ਰਧਾਨ ਰਾਜੀਵ ਖੰਨਾ, ਸੀਨੀਅਰ ਸਿਟੀ ਚੇਅਰਮੈਨ ਹਰਦੀਪ ਸਿੰਘ, ਸਰਕਲ ਪ੍ਰਧਾਨ ਪਰਮਜੀਤ ਸਿੰਘ, ਸਿਟੀ ਯੂਥ ਵਾਈਜ ਚੇਅਰਮੈਨ



ਬਬਲੂ ਕੁਮਾਰ ਅਤੇ ਸਿਟੀ ਯੂਥ ਚੇਅਰਮੈਨ ਮਨਜੋਤ ਸਿੰਘ ਅਤੇ ਹੋਰ ਸ਼ਿਵ ਸੈਨਾ ਵਰਕਰਾਂ ਨੇ ਜੈਕਾਰਾ ਵੀਰ ਬਜਰੰਗੀ ਹਰ ਹਰ ਮਹਾਦੇਵ, ਜੈ ਮਾਤਾ ਕਾਲੀ ਦੀ ਦੇ ਜੈਕਾਰੇ ਲਗਾਉਂਦੇ ਹੋਏ ਪਟਿਆਲੇ ਲਈ ਚਾਲੇ ਪਾਏ।ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਮਾਤਾ ਕਾਲੀ ਮੰਦਿਰ ਪਟਿਆਲਾ ਵਿਖੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਜਾਂਦੀ ਹੈ ਤੇ ਮਹਾਬਲੀ ਭਗਵਾਨ ਸ੍ਰੀ ਹਨੂਮਾਨ ਜੀ ਦੇ ਪਾਠ ਕਰਨ ਉਪਰੰਤ ਹਵਨ ਯੱਗ ਸ਼ੁਰੂ ਕੀਤਾ ਜਾਂਦਾ ਹੈ। ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਪਟਿਆਲਾ ਵਿਖੇ ਸਥਿਤ ਕਾਲੀ ਮਾਤਾ ਮੰਦਰ ਵਿੱਚ ਮਨਾਈ ਜਾ ਰਹੀ ਸ੍ਰੀ ਹਨੂਮਾਨ ਜੈਅੰਤੀ ਵਿੱਚ ਸ਼ਾਮਿਲ ਹੋਣ ਲਈ ਦੇਸ਼ ਵਿਦੇਸ਼ ਭਰ ਵਿੱਚੋਂ ਹਿੰਦੂ ਸੰਗਠਨਾਂ ਤੋਂ ਇਲਾਵਾ ਸ਼ਿਵ ਸੈਨਾ ਵਰਕਰ ਭਾਰੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਭਗਵਾਨ ਮਹਾਵੀਰ ਸ੍ਰੀ ਹਨੂਮਾਨ ਜੀ ਦੇ ਪ੍ਰਤੀ ਆਪਣੀ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕਰਦੇ ਹਨ।

## ਸਰਕਾਰ ਖਿਡਾਰੀਆਂ ਨੂੰ ਬਿਨਾਂ ਦੇਰੀ ਦੇ ਰਹੀ ਹੈ ਪੁਰਸਕਾਰ ਰਕਮ : ਖੇਡ ਰਾਜ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਕਿਹਾ ਕਿ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਆਯੋਜਿਤ ਸਾਰੀ ਤਰ੍ਹਾ ਦੀ ਮੁਕਾਬਲਿਆਂ ਲਈ 31 ਦਸੰਬਰ, 2022 ਤੱਕ ਦੀ ਨਗਦ ਪੁਰਸਕਾਰ ਰਕਮ ਹਰਿਆਣਾ ਦੇ ਯੋਗ ਖਿਡਾਰੀਆਂ ਨੂੰ ਵੰਡੀ ਜਾ ਚੁੱਕੀ ਹੈ। ਨਾਲ ਹੀ, ਸਾਲ 2023, 2024 ਅਤੇ 2025 ਦੇ ਓਲੰਪਿਕ, ਪੈਰਾ ਓਲੰਪਿਕ ਅਤੇ ਰਾਸ਼ਟਰੀ ਖੇਡਾਂ ਵਰਗੇ ਮੁਕਾਬਲਿਆਂ ਦੀ ਨਗਦ ਪੁਰਸਕਾਰ ਰਕਮ ਵੀ ਬਿਨ੍ਹਾ ਕਿਸੇ ਦੇਰੀ ਦੇ ਵੰਡ ਦਿੱਤੀ ਗਈ ਹੈ। ਸਾਲ 2023, 2024 ਅਤੇ 2025 ਦੀ ਬਾਕੀ ਨਗਦ ਪੁਰਸਕਾਰ ਰਕਮ ਵੀ ਯੋਗ ਖਿਡਾਰੀਆਂ ਨੂੰ ਜਲਦੀ ਹੀ ਵੰਡੀ ਜਾਵੇਗੀ। ਇਸ ਦੇ ਨਾਲ ਹੀ ਕੋਚ ਅਵਾਰਡ ਤਹਿਤ ਕੁੱਲ 52 ਬਿਨੈ ਪ੍ਰਾਪਤ ਹੋਏ, ਜਿਨ੍ਹਾਂ ਵਿੱਚੋਂ 31 ਯੋਗ ਕੋਚਾਂ ਨੂੰ ਕੁੱਲ 3.56 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਹੈ।

## ਨਸ਼ਿਆਂ ਵਿਰੁੱਧ ਰੈਲੀ ਕੱਢੀ

**ਸੁਲਤਾਨਪੁਰ ਲੋਧੀ (ਹਨੀ)**- ਐੱਸ ਡੀ ਕਾਲਜ ਫਾਰ ਵੂਮੈਨ, ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਡਾ.ਵੰਦਨਾ ਸ਼ੁਕਲਾ ਦੀ ਅਗਵਾਈ ਹੇਠ 'ਐਂਟੀ ਡਰੱਗ ਕਲੱਬ' ਵੱਲੋਂ ਪੰਜਾਬ ਸਰਕਾਰ ਦੀ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਦਾ ਸੁਨੇਹਾ ਦਿੰਦੀ ਰੈਲੀ ਕਾਲਜ ਕੈਂਪਸ ਵਿੱਚ ਕੱਢੀ ਗਈ। ਇਹ ਗਤੀਵਿਧੀ 'ਐਂਟੀ ਡਰੱਗ ਕਲੱਬ' ਵੱਲੋਂ ਗਣਿਤ ਵਿਭਾਗ ਦੀ ਐਕਟੀਵਿਟੀ ਦੇ ਵਜੋਂ ਮਨਾਈ ਗਈ। ਇਸ ਰੈਲੀ ਦਾ ਮੁੱਖ ਉਦੇਸ਼ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਵਿਦਿਆਰਥਣਾਂ ਨੂੰ ਜਾਣੂ ਕਰਵਾਉਣਾ ਸੀ। ਵਿਦਿਆਰਥਣਾਂ ਨੂੰ ਦੱਸਿਆ ਗਿਆ ਕਿ ਨਸ਼ੇ ਕਿਵੇਂ ਸਾਡੀ ਸਿਹਤ, ਸਮਾਂ ਤੇ ਪੈਸਾ ਬਰਬਾਦ ਕਰ ਦਿੰਦੇ ਹਨ। ਪੰਜਾਬ ਸਰਕਾਰ ਦੀ ਪਹਿਲ ਨੂੰ ਫੁੱਲ ਚੜ੍ਹਾਉਂਦਿਆਂ ਇਹ ਰੈਲੀ ਆਪਣਾ ਮਿਥਿਆ ਸੰਦੇਸ਼ 'ਯੁੱਧ ਨਸ਼ਿਆਂ ਵਿਰੁੱਧ' ਘਰ-ਘਰ ਪਹੁੰਚਾਉਣ ਵਿੱਚ ਸਫਲ ਰਹੀ। ਵਿਦਿਆਰਥਣਾ ਵੱਲੋਂ ਇਹ ਸਹੁੰ ਖਾਧੀ ਗਈ ਕਿ ਉਹ ਨਾ ਨਸ਼ਾ ਕਰਨਗੇ ਤੇ ਨਾ ਹੀ ਨਸ਼ਾ ਕਰਨ ਦੇਣਗੇ। ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਹਾਜ਼ਰ ਸਨ।




## ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਬਰਸਟ ਦੇ ਕਾਰਜਕਾਲ 'ਚ ਵਾਧਾ

**ਐਸ ਏ ਐਸ ਨਗਰ, (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਕਾਰਜਕਾਲ ਵਿੱਚ ਵਾਧਾ ਕੀਤਾ ਗਿਆ ਹੈ। ਇਸ ਫੈਸਲੇ ਨਾਲ ਹਰ ਵਰਗ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਕਾਰਜਕਾਲ ਵਿੱਚ ਵਾਧਾ ਹੋਣ ਤੋਂ ਬਾਅਦ ਹਰਚੰਦ ਸਿੰਘ ਬਰਸਟ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਪਹੁੰਚੇ, ਜਿੱਥੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਤੇ ਫੁੱਲਾਂ ਦੇ ਗੁਲਦਸਤਿਆਂ ਨਾਲ ਉਨ੍ਹਾਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਦਫ਼ਤਰ ਦਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰਪੂਰ ਰਿਹਾ।



## ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨ ਹਿੱਤਾਂ ਦੇ ਵਿਰੁੱਧ : ਧਾਲੀਵਾਲ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਵਲੋਂ ਜ਼ਿਲ੍ਹਾ ਪ੍ਰਧਾਨ ਅਤੇ ਵਿਧਾਇਕ ਫਗਵਾੜਾ ਸਰਦਾਰ ਬਲਵਿੰਦਰ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸਥਾਨਕ ਤਹਿਸੀਲ ਕੰਪਲੈਕਸ 'ਚ ਭਾਰਤ-ਅਮਰੀਕਾ ਵਪਾਰ ਸਮਝੌਤੇ ਦਾ ਵਿਰੋਧ ਕਰਦੇ ਹੋਏ ਕੇਂਦਰ ਸਰਕਾਰ ਦੇ ਵਿਰੁੱਧ ਰੋਸ ਧਰਨਾ ਦਿੱਤਾ ਗਿਆ। ਇਸ ਮੌਕੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਨਾਂਅ ਉਪ ਮੰਡਲ ਮੈਜਿਸਟਰੇਟ ਰਣਦੀਪ ਹੀਰ ਰਾਹੀਂ ਮੰਗ ਪੱਤਰ ਵੀ ਦਿੱਤਾ ਗਿਆ। ਜੋ ਕਿ ਨਾਇਬ ਤਹਿਸੀਲਦਾਰ ਫਗਵਾੜਾ ਨੇ ਕਾਂਗਰਸ ਆਗੂਆਂ ਤੋਂ ਰਿਸੀਵ ਕੀਤਾ। ਇਸ ਤੋਂ ਪਹਿਲਾਂ ਧਰਨਾਕਾਰੀ ਕਾਂਗਰਸ ਵਰਕਰਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਧਾਲੀਵਾਲ ਨੇ ਕਿਹਾ ਕਿ ਭਾਰਤ-ਅਮਰੀਕਾ ਵਿਚਕਾਰ ਪ੍ਰਸਤਾਵਿਤ ਵਪਾਰ ਸਮਝੌਤਾ ਦੇਸ਼ ਤੇ ਕਿਸਾਨਾਂ ਦੇ ਹਿੱਤਾਂ ਦੇ ਵਿਰੁੱਧ ਹੈ ਤੇ ਇਸ ਵਿੱਚ ਦੇਸ਼ ਭਰ, ਖ਼ਾਸ ਕਰਕੇ ਪੰਜਾਬ ਦੀ ਖੇਤੀਬਾੜੀ ਆਰਥਿਕਤਾ ਨੂੰ ਤਬਾਹ ਕਰਨ ਦੀ ਪੂਰੀ ਸਮਰੱਥਾ ਹੈ।ਜ਼ਿਲ੍ਹਾ ਕਾਂਗਰਸ ਪ੍ਰਧਾਨ ਨੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਸਤੇ ਵਿਦੇਸ਼ੀ ਖੇਤੀਬਾੜੀ ਉਤਪਾਦ ਦੇਸ਼ ਦੇ ਬਾਜ਼ਾਰਾਂ ਵਿੱਚ ਆਉਣ ਨਾਲ ਘਰੇਲੂ ਉਤਪਾਦਾਂ ਨੂੰ ਨੁਕਸਾਨ ਪਹੁੰਚੇਗਾ। ਪੰਜਾਬ ਦੇ ਔਸਤਨ 2 ਏਕੜ ਜ਼ਮੀਨ ਵਾਲੇ ਛੋਟੇ ਕਿਸਾਨ ਅਮਰੀਕਾ ਦੇ ਹਜ਼ਾਰਾਂ ਏਕੜ ਜ਼ਮੀਨ ਤੇ ਵੱਡੀਆਂ ਸਰਕਾਰੀ ਸਬਸਿਡੀਆਂ ਨਾਲ ਮਸ਼ੀਨੀਕ੍ਰਿਤ ਖੇਤੀ ਕਰਨ ਵਾਲੇ ਕਿਸਾਨਾਂ ਨਾਲ ਮੁਕਾਬਲਾ ਨਹੀਂ ਕਰ ਸਕਣਗੇ। ਵਿਧਾਇਕ ਧਾਲੀਵਾਲ ਨੇ ਚਿਤਾਵਨੀ ਦਿੱਤੀ ਕਿ ਸਰਹੱਦ ਪਾਰ ਤੋਂ ਡਰੋਨਾਂ ਰਾਹੀਂ ਨਸ਼ੀਲੇ ਪਦਾਰਥਾਂ ਦੀ ਘੁਸਪੈਠ ਪਹਿਲਾਂ ਹੀ ਚਿੰਤਾ ਦਾ ਵਿਸ਼ਾ ਹੈ ਤੇ ਅਜਿਹੀ ਸਥਿਤੀ ਵਿੱਚ ਆਰਥਿਕ ਕਮਜ਼ੋਰੀ ਹੋਰ ਖ਼ਤਰੇ ਪੈਦਾ ਕਰ ਸਕਦੀ ਹੈ। ਉਹਨਾਂ ਦੱਸਿਆ ਕਿ ਰਾਜਪਾਲ ਦੇ ਨਾਂਅ ਦਿੱਤੇ ਮੰਗ ਪੱਤਰ ਵਿੱਚ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਭਾਰਤ-ਅਮਰੀਕਾ ਵਪਾਰ ਸਮਝੌਤੇ 'ਤੇ ਮੁੜ ਵਿਚਾਰ ਕਰਕੇ ਇਸਦੀ ਸਮੀਖਿਆ ਕੀਤੀ ਜਾਵੇ।ਇਸ ਮੌਕੇ ਕਾਂਗਰਸ ਐਸ ਸੀ ਸੈੱਲ, ਬੀਸੀ ਸੈੱਲ, ਸ਼ਹਿਰੀ, ਦਿਹਾਤੀ, ਐੱਨ ਐੱਸ ਯੂ ਆਈ, ਮਹਿਲਾ ਵਿੰਗ, ਸੇਵਾ ਦਲ ਦੇ ਆਗੂਆਂ ਤੋਂ ਇਲਾਵਾ ਨਗਰ ਕੌਂਸਲਰ, ਪਿੰਡਾਂ ਦੇ ਸਰਪੰਚ, ਪੰਚ, ਨੰਬਰਦਾਰ ਅਤੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਮੌਜੂਦ ਸਨ।



## ਅੱਖਾਂ ਦਾ ਮੁਫਤ ਅਪ੍ਰੇਸ਼ਨ ਕੈਂਪ ਲਗਾਇਆ

**ਆਦਮਪੁਰ, (ਪਰਮਜੀਤ ਸਿੰਘ)**- ਜਾਗ੍ਰਿਤੀ ਚੈਰੀਟੇਬਲ ਸੋਸਾਇਟੀ ਆਦਮਪੁਰ ਤੇ ਲਾਇਨਜ਼ ਕਲੱਬ ਵਾਂਸਟਡ ਅਤੇ ਵੁੱਡਫੋਰਡ ਲੰਡਨ ਵੱਲੋਂ ਸਾਈਂ ਜੁਮਲੇ ਸ਼ਾਹ ਜੀ, ਬੀਬੀ ਸ਼ਰੀਫਾਂ ਜੀ, ਸਵ, ਜਥੇਦਾਰ ਜੀਵਨ ਸਿੰਘ ਜੀ ਸਾਬਕਾ ਕੌਂਸਲਰ, ਲਾਲਾ ਮੇਹਰ ਚੰਦ ਪਾਲ, ਕੇਹਰ ਸਿੰਘ ਲਾਲੀ, ਨਰਿੰਦਰ ਕੁਮਾਰ ਨਾਰਦ, ਸਤਪਾਲ ਹਮਪਾਲ, ਨੰਦ ਲਾਲ ਪਸਰੀਚਾ, ਦਿਲਬਾਗ ਰਾਏ ਪਸਰੀਚਾ ਅਤੇ ਚੰਦਰ ਮੋਹਨ ਯਾਦਵ ਨੂੰ ਸਮਰਪਿਤ 44ਵਾਂ ਅੱਖਾਂ ਦਾ 5 ਦਿਨਾ ਮੁਫਤ ਆਪ੍ਰੇਸ਼ਨ ਕੈਂਪ ਦਰਬਾਰ ਸਾਈਂ ਜੁਮਲੇ ਸ਼ਾਹ ਜੀ ਉਦੇਸੀਆਂ ਵਿਖੇ ਸੋਸਾਇਟੀ ਦੇ ਪ੍ਰਧਾਨ ਮਨਮੋਹਨ ਸਿੰਘ ਬਾਬਾ ਤੇ ਚੇਅਰਮੈਨ ਰਾਜ ਕੁਮਾਰ ਪਾਲ ਦੀ ਦੇਖ-ਰੇਖ ਹੇਠ ਲਾਇਆ ਗਿਆ। ਕੈਂਪ ਦਾ ਉਦਘਾਟਨ ਲਾਇਨਜ਼ ਕਲੱਬ ਵਾਂਸਟਡ ਅਤੇ ਵੁੱਡਫੋਰਡ ਲੰਡਨ ਪ੍ਰਧਾਨ ਲਾਇਨ ਲੇਡੀ ਬਲਜਿੰਦਰ ਕੌਰ ਤੇ ਇਸ ਕੈਂਪ ਲਈ ਵਿਸ਼ੇਸ਼ ਤੌਰ 'ਤੇ ਆਏ ਹੋਏ ਲੰਡਨ ਤੋਂ ਲਾਇਨ ਮੈਂਬਰਾਂ ਨੇ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਕੀਤਾ। ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮੁੱਖ ਮਹਿਮਾਨ ਸੁਖਵਿੰਦਰ ਕੋਟਲੀ ਵੱਲੋਂ ਲਾਇਨਜ਼ ਕਲੱਬ ਵਾਂਸਟਡ ਤੇ ਵੁਡਫੋਡ ਅਤੇ ਜਾਗ੍ਰਿਤੀ ਚੈਰੀਟੇਬਲ ਸੋਸਾਇਟੀ (ਰਜਿ:) ਆਦਮਪੁਰ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਇਸ ਕੈਂਪ ਵਿਚ ਆਉਣ ਵਾਲੇ 533 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਰੂਬੀ ਨੈਲਸਨ ਮੈਮੋਰੀਅਲ ਹਸਪਤਾਲ ਜਲੰਧਰ ਦੇ ਮਾਹਿਰ ਡਾ. ਜੈਕਬ ਪ੍ਰਭਾਕਰ ਤੇ ਉਨ੍ਹਾਂ ਦੀ ਟੀਮ ਵੱਲੋਂ ਕੀਤਾ ਗਿਆ ਤੇ 165 ਮਰੀਜ਼ਾਂ ਨੂੰ ਆਪ੍ਰੇਸ਼ਨ ਲਈ ਚੁਣਿਆ ਗਿਆ।ਆਪ੍ਰੇਸ਼ਨ ਵਾਲੇ ਮਰੀਜ਼ਾਂ ਦੀਆਂ ਅੱਖਾਂ ਵਿੱਚ ਫੀਕੋ ਸਰਜਰੀ ਰਾਹੀਂ ਲੈਂਜ਼ ਫਿੱਟ ਕੀਤੇ ਜਾਣਗੇ। ਕੈਂਪ ਵਿਚ ਆਉਣ ਵਾਲੇ ਸਾਰੇ ਮਰੀਜ਼ਾਂ ਦੇ ਰਹਿਣ, ਖਾਣ-ਪੀਣ, ਦਵਾਈਆਂ ਤੇ ਐਨਕਾਂ ਦਾ ਪ੍ਰਬੰਧ ਜਾਗ੍ਰਿਤੀ ਚੈਰੀਟੇਬਲ ਸੋਸਾਇਟੀ ਵੱਲੋਂ ਮੁਫਤ ਕੀਤਾ ਜਾਵੇਗਾ।ਅੰਗਹੀਣ ਵਿਅਕਤੀਆਂ ਨੂੰ ਟਰਾਈ ਸਾਈਕਲ ਅਤੇ ਵੀਲ ਚੇਅਰ ਵੀ ਮੁਫਤ ਦਿੱਤੇ। ਸਮਾਗਮ ਦੌਰਾਨ ਸਟੇਜ ਸੈਕਟਰੀ ਦੀ ਸੇਵਾ ਗੁਲਸ਼ਨ ਦਿਲਬਾਗੀ ਵੱਲੋਂ ਬਾਖੂਬੀ ਨਾਲ ਨਿਭਾਈ ਗਈ। ਇਸ ਮੌਕੇ ਦਰਬਾਰ ਸਾਈਂ ਜੁਮਲੇ ਸ਼ਾਹ ਜੀ ਉਦੇਸੀਆਂ ਤੋਂ ਗੁਰਨਾਮ ਸਿੰਘ, ਜਸਵੀਰ ਸਿੰਘ, ਸੋਨੂੰ, ਅਲੀਸ਼ਾ, ਕੁਲਦੀਪ ਸਿੰਘ ਪਰਹਾਰ (ਯੂ ਐੱਸ ਏ), ਮੰਗਤ ਰਾਮ ਸ਼ਰਮਾ, ਗੁਲਸ਼ਨ ਦਿਲਬਾਗੀ, ਸੁਖਵਿੰਦਰ ਕੌਰ ਚੱਠਾ, ਸੁਦਾਮਾ ਭਗਤ ਸੰਦੀਪ ਛਾਬੜਾ, ਬਲਵੀਰ ਗਿਰ, ਗੁਰਮੁਖ ਸਿੰਘ ਸੂਰੀ, ਵਿਜੇ ਯਾਦਵ, ਡਾ: ਸੁਮੀਤ ਵਰਮਾ, ਸੰਦੀਪ ਮਾਹੀ, ਲਵਲੀ ਯਾਦਵ, ਰਵੀ ਸ਼ੰਕਰ ਬਾਂਸਲ, ਰਜੇਸ਼ ਕੁਮਾਰ ਟੋਨੀ, ਸੁਨੀਲ ਕੁਮਾਰ ਵਾਸੂਦੇਵ ਭੋਲਾ, ਨਰਿੰਦਰ ਕੁਮਾਰ, ਪ੍ਰਗਟ ਸਿੰਘ, ਬਲਵੀਰ ਸਿੰਘ, ਹੈਪੀ ਚੰਦਨ, ਰੋਮੀ ਕਰਤਾਰਪੁਰ, ਰਾਜੀਵ ਸਿੰਗਲਾ, ਰਮਨ ਦਵੇਸਰ ਤੇ ਹੋਰ ਹਾਜ਼ਰ ਸਨ।



## ਵਾਲੀਬਾਲ ਟੂਰਨਾਮੈਂਟ ਕਰਵਾਇਆ

**ਅੱਡਾ ਸਰਾਂ, (ਜਸਵੀਰ ਕਾਜਲ)**- ਪਿੰਡ ਕੰਧਾਲੀ ਨੌਰੰਗਪੁਰ ਵਿਚ ਨੌਜਵਾਨਾ ਦੇ ਸਪੋਰਟਸ ਕਲੱਬ ਵੱਲੋਂ ਪਿੰਡ ਵਾਸੀਆਂ ਤੇ ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਨਾਲ ਬਾਬਾ ਲਾਲ ਦਾਸ ਜੀ ਢੱਟ ਤੇ ਬਾਬਾ ਸ਼ਾਮ ਦਾਸ ਜੀ ਢੱਟ ਨੂੰ ਸਮਰਪਿਤ ਸਾਲਾਨਾ ਪਿੰਡ ਪੱਧਰ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿਚ ਸੂਬੇ ਭਰ ਤੋਂ ਨਾਮੀ ਟੀਮਾਂ ਨੇ ਆਪਣੀ ਖੇਡ ਦਾ ਪ੍ਰਦਰਸ਼ਨ ਕੀਤਾ। ਕੰਨੂ ਹੇਅਰ, ਜੱਸਾ ਹੇਅਰ, ਗੌਰਵ ਹੇਅਰ ਤੇ ਯੋਧਾ ਦੀ ਦੇਖਰੇਖ ਵਿਚ ਕਰਵਾਏ ਗਏ ਇਸ ਟੂਰਨਾਮੈਂਟ ਦਾ ਉਦਘਾਟਨ ਬਾਬਾ ਮੰਗਲ ਦਾਸ ਤਾਲ ਵਾਲਿਆਂ ਨੇ ਕੀਤਾ। ਇਸ ਦੌਰਾਨ ਹੋਏ ਫਸਵੇਂ ਮੁਕਾਬਲਿਆਂ ਤੋਂ ਬਾਅਦ ਖਿਤਾਬੀ ਮੁਕਾਬਲੇ ਵਿਚ ਮੀਰਥਲ ਦੀ ਟੀਮ ਨੇ ਧੂਤਾਂ ਦੀ ਟੀਮ ਨੂੰ ਹਰਾਇਆ ਜਦ ਕਿ ਖੋਖਰ ਦੀ ਟੀਮ ਨੇ ਬਾਬਕ ਨੂੰ ਹਰਾਕੇ ਤੀਜਾ ਸਥਾਨ ਹਾਸਲ ਕੀਤਾ। ਪ੍ਰਬੰਧਕ ਕਮੇਟੀ ਵੱਲੋਂ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਦੌਰਾਨ ਜੇਤੂ ਟੀਮ ਨੂੰ 11 ਹਜ਼ਾਰ ਰੁਪਏ ਤੇ ਟ੍ਰਾਫ਼ੀ ਅਤੇ ਉਪਜੇਤੂ ਟੀਮ ਨੂੰ 71 ਸੌ ਰੁਪਏ ਅਤੇ ਟ੍ਰਾਫ਼ੀ ਦਿੱਤੀ ਗਈ। ਤੀਜੇ ਸਥਾਨ ਤੇ ਰਹਿਣ ਵਾਲੀ ਟੀਮ ਨੂੰ 31 ਸੌ ਰੁਪਏ ਦਿੱਤੇ ਗਏ। ਇਸ ਮੌਕੇ ਜਰਨੈਲ ਸਿੰਘ, ਯੋਧਾ, ਭਿੰਦਾ, ਫੌਜੀ, ਗੋਪੀ, ਜੱਸਾ, ਦੀਪਕ, ਜੋਬਨ, ਸੁਖਰਾਜ, ਰੂਬੀ, ਤਜਿੰਦਰ, ਅਨਮੋਲ, ਸਤਿੰਦਰ ਸਿੰਘ ਮੌਜੂਦ ਰਹੇ।



## ਉਰਵਸ਼ੀ ਰੌਤੇਲਾ ਨੇ ਸੈਲੂਨ ਦਾ ਕੀਤਾ ਉਦਘਾਟਨ



**ਜਲੰਧਰ (ਇਕਬਾਲ ਸਿੰਘ ਉਭੀ)**- ਸਥਾਨਕ ਪੀ.ਪੀ.ਆਰ. ਮਾਲ, ਵਿਖੇ ਪ੍ਰਸਿੱਧ ਬਾਲੀਵੁੱਡ ਅਦਾਕਾਰਾ ਉਰਵਸ਼ੀ ਰੌਤੇਲਾ ਦੁਆਰਾ ਸੈਲੂਨ ਰਾਵਲ ਦਾ ਉਦਘਾਟਨ ਕੀਤਾ ਗਿਆ। ਇਸ ਉੱਦਮ ਦੀ ਸ਼ੁਰੂਆਤ ਜਲੰਧਰ ਦੇ ਵਧ ਰਹੇ ਸੁੰਦਰਤਾ ਅਤੇ ਤੰਦਰੁਸਤੀ ਉਦਯੋਗ ਨੂੰ ਮਜ਼ਬੂਤ ਕਰਨ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਇਸ ਮੌਕੇ ਗਾਇਕਾ ਸਨਾ ਖੰਨਾ ਨੇ ਸੂਫੀ ਸੰਗੀਤਕ ਪ੍ਰਦਰਸ਼ਨ ਦੁਆਰਾ ਇਸ ਸ਼ਾਮ ਨੂੰ ਹੋਰ ਸ਼ਾਨਦਾਰ ਬਣਾਇਆ, ਜਿਸ ਨੇ ਮਨਮੋਹਕ ਪੇਸ਼ਕਾਰੀਆਂ ਨਾਲ ਦਰਸ਼ਕਾਂ ਨੂੰ ਮੋਹਿਤ ਕੀਤਾ। ਇਸ ਮੌਕੇ ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ, ਪ੍ਰਿੰਸ ਚੋਪੜਾ, ਰਾਜਨ ਚੋਪੜਾ ਨੇ ਰਾਵਲਜ਼ ਦੀ ਟੀਮ ਨੂੰ ਦਿਲੋਂ ਵਧਾਈਆਂ ਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਸੈਲੂਨ ਦੀ ਵਿਸ਼ਾਲ ਸਫਲਤਾ, ਨਿਰੰਤਰ ਵਿਕਾਸ ਅਤੇ ਭਵਿੱਖ ਦੇ ਸਾਰੇ ਯਤਨਾਂ ਵਿੱਚ ਨਿਰੰਤਰ ਉੱਤਮਤਾ ਲਈ ਆਪਣੀਆਂ ਦਿਲੋਂ ਉਮੀਦਾਂ ਪ੍ਰਗਟ ਕੀਤੀਆਂ।

## ਰਾਜਪਾਲ ਨੇ ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ ਦੀ ਕੀਤੀ ਅਗਵਾਈ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**- ਪੰਜਾਬ ਨੂੰ ਨਸ਼ਾ ਮੁਕਤ ਕਰਕੇ ਮੁੜ ਰੰਗਲਾ ਪੰਜਾਬ ਬਣਾਉਣ ਲਈ ਸੂਬਾ ਸਰਕਾਰ ਵਚਨਬੱਧ ਹੈ ਤੇ ਇਸ ਮੁਹਿੰਮ ਨੂੰ ਲੋਕ ਅੰਦੋਲਨ ਬਣਾਉਣਾ ਸਮੇਂ ਦੀ ਲੋੜ ਹੈ। ਇਹ ਪ੍ਰਗਟਾਵਾ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਹੁਸ਼ਿਆਰਪੁਰ ਵਿੱਚ ਨਸ਼ਿਆਂ ਵਿਰੁੱਧ ਕੱਢੀ ਗਈ ਪੈਦਲ ਯਾਤਰਾ ਦੀ ਅਗਵਾਈ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਆਪਣੇ ਆਪ ਵਿੱਚ ਇੰਨੀ ਤਾਕਤ ਨਹੀਂ ਰੱਖਦਾ ਕਿ ਉਹ ਭਾਰਤ ਨੂੰ ਨੁਕਸਾਨ ਪਹੁੰਚਾ ਸਕੇ, ਪਰ ਕੁਝ ਵਿਦੇਸ਼ੀ ਤਾਕਤਾਂ ਉਸ ਦੀ ਮਦਦ ਕਰਦਿਆਂ ਡਰੋਨਾਂ ਰਾਹੀਂ ਨਸ਼ਿਆਂ ਤੇ ਹਥਿਆਰਾਂ ਦੀ ਸਪਲਾਈ ਕਰਕੇ ਦੇਸ਼ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਦੁਸ਼ਮਣ ਗੁਆਂਢੀ ਦੇਸ਼ ਸਾਡੀ ਨੌਜਵਾਨ ਪੀੜ੍ਹੀ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ ਕਰ ਰਿਹਾ ਹੈ, ਪਰ ਸਾਡੀ ਬਹਾਦਰ ਸੁਰੱਖਿਆ ਫੋਰਸ ਹਰ ਵਾਰ ਅਜਿਹੀਆਂ ਕੋਸ਼ਿਸ਼ਾਂ ਦਾ ਮੂੰਹਤੋੜ ਜਵਾਬ ਦੇ ਰਹੀਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵੱਲੋਂ ਐਂਟੀ-ਡਰੋਨ ਪ੍ਰਣਾਲੀਆਂ ਸਮੇਤ ਕਈ ਸਖ਼ਤ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਇਸ ਤਰ੍ਹਾਂ ਦੀਆਂ ਗੈਰਕਾਨੂੰਨੀ ਗਤੀਵਿਧੀਆਂ ਨੂੰ ਰੋਕਿਆ ਜਾ ਸਕੇ। ਡੀ ਏ ਵੀ ਕਾਲਜ ਆਫ ਐਜੂਕੇਸ਼ਨ ਤੋਂ ਸ਼ੁਰੂ ਹੋਈ ਨਸ਼ਾ ਵਿਰੋਧੀ ਪੈਦਲ ਯਾਤਰਾ ਵਿੱਚ ਯੂਨੀਵਰਸਿਟੀਆਂ ਦੇ ਉਪਕੁਲਪਤੀ, ਸਕੂਲਾਂ ਤੇ ਕਾਲਜਾਂ ਦੇ ਮੁਖੀ, ਐਨ ਜੀ ਓਜ਼, ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇ ਤੇ ਉੱਘੀਆਂ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਸੰਕਲਪ ਲਿਆ। ਯਾਤਰਾ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਗੁਜ਼ਰਦੀ ਹੋਈ ਵਾਪਸ ਕਾਲਜ ਵਿਖੇ ਸਮਾਪਤ ਹੋਈ।



## ਨਿਰੰਕਾਰੀ ਸ਼ਰਧਾਲੂਆਂ ਵੱਲੋਂ ਮੈਗਾ ਸਫਾਈ ਮੁਹਿੰਮ



**ਦਸੂਹਾ, (ਕਰਨੈਲ ਮਾਂਗਟ)**- ਨਿਰੰਕਾਰੀ ਮਿਸ਼ਨ ਵੱਲੋਂ ਭਾਰਤ ਸਰਕਾਰ ਦੇ ਸਹਿਯੋਗ ਨਾਲ 2023 ਵਿੱਚ ਪ੍ਰੋਜੈਕਟ ਅੰਮ੍ਰਿਤ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਦੇ ਤਹਿਤ ਪ੍ਰੋਜੈਕਟ ਅੰਮ੍ਰਿਤ 'ਸਵੱਛ ਜਲ ਸਵੱਛ ਮਨ' ਤਹਿਤ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਵੱਲੋਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਦੇ ਮਾਰਗਦਰਸ਼ਨ ਵਿੱਚ ਸੰਪੂਰਨ ਭਾਰਤ ਅੰਦਰ ਲਗਭਗ 25 ਰਾਜਾਂ, 1600 ਤੋਂ ਵੱਧ ਥਾਵਾਂ, ਕਰੀਬ 930 ਸ਼ਹਿਰਾਂ ਅੰਦਰ ਬਾਬਾ ਹਰਦੇਵ ਸਿੰਘ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਮੈਗਾ ਸਫਾਈ ਅਭਿਆਨ ਚਲਾਇਆ ਗਿਆ, ਜਿਸ ਵਿੱਚ ਲਗਭਗ 12 ਲੱਖ ਸ਼ਰਧਾਲੂਆਂ ਸ਼ਾਮਿਲ ਹੋਏ। ਇਸੇ ਲੜੀ ਤਹਿਤ ਦਸੂਹਾ ਵਿਖੇ ਸੰਤ ਨਿਰੰਕਾਰੀ ਸਤਿਸੰਗ ਭਵਨ ਦਸੂਹਾ ਦੇ ਸੰਯੋਜਕ ਡਾ. ਸੁਰਿੰਦਰ ਪਾਲ ਸਿੰਘ ਦੀ ਯੋਗ ਅਗਵਾਈ ਹੇਠ ਦਸੂਹਾ ਦੇ ਪ੍ਰਾਚੀਨ ਪਾਂਡਵ ਸਰੋਵਰ ਦਸੂਹਾ ਵਿਖੇ ਨਿਰੰਕਾਰੀ ਸ਼ਰਧਾਲੂਆਂ ਵੱਲੋਂ ਸਫਾਈ ਅਭਿਆਨ ਵੱਡੇ ਪੱਧਰ ਤੇ ਚਲਾਇਆ ਗਿਆ। ਇਸ ਮੌਕੇ ਖੇਤਰੀ ਸੰਚਾਲਕ ਦਲਜੀਤ ਕੁਮਾਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਨਿਰੰਕਾਰੀ ਸ਼ਰਧਾਲੂਆਂ ਵੱਲੋਂ ਪ੍ਰਾਚੀਨ ਪਾਂਡਵ ਸਰੋਵਰ ਵਿਖੇ ਸਮੂਹਿਕ ਤੌਰ ਤੇ ਪਹਿਲਾਂ ਸਵੇਰੇ ਦੇ ਸਮੇਂ ਪ੍ਰਾਰਥਨਾ ਕੀਤੀ ਗਈ। ਇਸ ਮੌਕੇ ਡਾ. ਸੁਰਿੰਦਰ ਪਾਲ ਸਿੰਘ ਨੇ ਕਿਹਾ ਇਹ ਅੰਮ੍ਰਿਤ ਪ੍ਰੋਜੈਕਟ ਬਾਬਾ ਹਰਦੇਵ ਸਿੰਘ ਜੀ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਹੈ ਅਤੇ ਬਾਬਾ ਹਰਦੇਵ ਸਿੰਘ ਜੀ ਮਹਾਰਾਜ ਨੇ ਕਿਹਾ ਸੀ 'ਪ੍ਰਦੂਸ਼ਣ ਅੰਦਰ ਹੋਵੇ ਜਾਂ ਬਾਹਰ ਦੋਨੋਂ ਹਾਨੀਕਾਰਕ ਹਨ' ਜਿਸ ਨੂੰ ਸਾਫ ਕਰਨਾ ਸਾਡਾ ਫਰਜ਼ ਹੈ ਤਾਂ ਜੋ ਚੌਗਿਰਦੇ ਦੀ ਸਾਫ ਸੰਭਾਲ ਹੋ ਸਕੇ। ਇਸ ਮੌਕੇ ਸ਼ਰਧਾਲੂਆਂ ਵੱਲੋਂ ਸਰੋਵਰ ਦੇ ਚਾਰ ਚੁਫੇਰੇ ਸਫਾਈ ਕੀਤੀ ਗਈ ਤੇ ਇਸ ਮੈਗਾ ਸਫਾਈ ਅਭਿਆਨ ਅੰਦਰ 300 ਦੇ ਕਰੀਬ ਸ਼ਰਧਾਲੂਆਂ ਨੇ ਭਾਗ ਲਿਆ। ਇਸ ਮੌਕੇ ਸੇਵਾਦਲ ਸੰਚਾਲਕ, ਸ਼ਿਕਸ਼ਕ, ਸਹਾਇਕ ਸ਼ਿਕਸ਼ਕ, ਸੰਚਾਲਿਕਾ, ਸ਼ਿਕਸ਼ਕਾ, ਸੇਵਾਦਲ ਦੇ ਭੈਣ ਭਰਾਵਾਂ ਤੋਂ ਇਲਾਵਾ ਸਮੂਹ ਸਾਧ ਸੰਗਤ ਹਾਜ਼ਰ ਸਨ।

## ਆਈ ਡੀ ਐੱਫ ਸੀ ਫਸਟ ਬੈਂਕ ਮਾਮਲੇ 'ਚ ਜਾਂਚ ਲਈ ਬਣੇਗੀ ਕਮੇਟੀ : ਮੁੱਖ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਈ ਡੀ ਐੱਫ ਸੀ ਫਸਟ ਬੈਂਕ ਦੇ ਮਾਮਲੇ ਵਿੱਚ ਕਿਹਾ ਕਿ ਹਰਿਆਣਾ ਸਰਕਾਰ ਦੇ ਵਿਭਾਗਾਂ ਦੀ ਜਾਗਰੁਕਤਾ ਨਾਲ ਇਹ ਮਾਮਲਾ ਸਾਹਮਣੇ ਆਇਆ ਅਤੇ ਇਸ 'ਤੇ ਸਰਕਾਰ ਨੇ ਤੁਰੰਤ ਬੈਂਕ ਨੂੰ ਡਿ-ਏਮਪੈਨਲ ਕਰ ਦਿੱਤਾ। ਬੈਂਕ ਵੱਲੋਂ ਜੋ ਸਟੇਟਮੈਂਟ ਉਪਲਬਧ ਕਰਾਏ ਗਏ, ਉਹ ਵਿਭਾਗ ਦੀ ਸਟੇਟਮੈਂਟ ਨਾਲ ਮੇਲ ਨਹੀਂ ਖਾਂਦੇ ਸਨ। ਸੂਬਾ ਸਰਕਾਰ ਗੰਭੀਰਤਾ ਨਾਲ ਇਸ ਮਾਮਲੇ ਦੀ ਜਾਂਚ ਕਰਵਾ ਰਹੀ ਹੈ। ਸਰਕਾਰ ਨੇ ਇਹ ਮਾਮਲਾ ਰਾਜ ਦੇ ਏਂਟੀ ਕਰੱਪਸ਼ਨ ਬਿਊਰੋ ਨੂੰ ਸੌਂਪਿਆ ਹੈ। ਇਸ ਤੋਂ ਇਲਾਵਾ, ਇਸ ਪੂਰੇ ਮਾਮਲੇ ਦੀ ਜਾਂਚ ਲਈ ਇੱਕ ਉੱਚ ਪੱਧਰੀ ਕਮੇਟੀ ਦਾ ਵੀ ਗਠਨ ਕੀਤਾ ਜਾਵੇਗਾ।

## ਸਾਲਾਨਾ ਬਰਸੀ ਨੂੰ ਸਮਰਪਤ ਮੇਲਾ ਤੇ ਭੰਡਾਰਾ 4 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਬਾਪੂ ਗੰਗਾ ਦਾਸ ਜੀ ਵੈਲਫੇਅਰ ਸੋਸਾਇਟੀ ਮਾਹਿਲਪੁਰ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਧੰਨ-ਧੰਨ ਬਾਪੂ ਕ੍ਰਿਸ਼ਨ ਦਾਸ ਮਹਾਰਾਜ ਦੀ ਸਲਾਨਾ ਬਰਸੀ ਨੂੰ ਸਮਰਪਤ ਮੇਲਾ ਤੇ ਭੰਡਾਰਾ 4 ਮਾਰਚ ਦਿਨ ਬੁੱਧਵਾਰ ਨੂੰ ਡੇਰਾ ਗੁਰੂ ਬਾਪੂ ਗੰਗਾ ਦਾਸ ਜੀ ਮਾਹਿਲਪੁਰ ਵਿਖੇ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਸਿੰਘ ਨੇ ਦੱਸਿਆ ਕਿ 3 ਮਾਰਚ ਦਿਨ ਨੂੰ ਸਵੇਰੇ 10 ਵਜੇ ਸ੍ਰੀ ਰਾਮਾਇਣ ਦੇ ਪਾਠ ਦੀ ਆਰੰਭਤਾ ਕੀਤੀ ਜਾਵੇਗੀ। 4 ਮਾਰਚ ਨੂੰ ਸਵੇਰੇ 10 ਵਜੇ ਹਵਨ ਯੱਗ ਹੋਵੇਗਾ। 10 ਵਜੇ ਸਵੇਰੇ ਰਾਮਾਇਣ ਦੇ ਪਾਠ ਦਾ ਭੋਗ ਪਵੇਗਾ ਤੇ ਦੁਪਹਿਰ 12 ਵਜੇ ਸੰਤਾਂ ਦੀ ਪੰਗਤ ਲੱਗੇਗੀ। ਉਹਨਾਂ ਕਿਹਾ ਕਿ ਇਸ ਤੋਂ ਬਾਅਦ ਹੋ ਰਹੇ ਸਮਾਗਮ ਦੌਰਾਨ ਪਵਨ ਪਵਨ ਛੂਛੇਵਾਲੀਆ, ਗੁਰਪ੍ਰੀਤ ਮਾਹਿਲਪੁਰੀ, ਹਰਪ੍ਰੀਤ ਧੀਮਾਨ, ਆਰ.ਜੀ, ਸੰਦੀਪ ਊਧਣਵਾਲੀਆ, ਅਸ਼ਵਿਨ ਸੂਫੀ, ਆਰ ਯੋਗੀ ਅਤੇ ਹਰਮਨ-ਜਰਮਨ ਅਤੇ ਹੋਰ ਕਲਾਕਾਰ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ।



## ਵਿਧਾਇਕ ਵੱਲੋਂ ਰਾਜੋਮਾਜਰਾ 'ਚ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਲਾਲੜੂ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਪਿੰਡ ਰਾਜੋਮਾਜਰਾ ਵਿਖੇ ਲਗਭਗ 16 ਲੱਖ ਰੁਪਏ ਦੀ ਲਾਗਤ ਨਾਲ ਗੁਰੂ ਘਰ ਨੂੰ ਜਾਣ ਵਾਲੀਆਂ ਗਲੀਆਂ ਦੀ ਨਵੀਂ ਉਸਾਰੀ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਵਿਕਾਸ ਕਾਰਜ ਨਾਲ ਪਿੰਡ ਵਾਸੀਆਂ ਨੂੰ ਸੁਵਿਧਾਜਨਕ ਆਵਾਜਾਈ ਦੀ ਸਹੂਲਤ ਪ੍ਰਾਪਤ ਹੋਵੇਗੀ ਤੇ ਗੁਰੂ ਘਰ ਤੱਕ ਪਹੁੰਚ ਹੋਰ ਵੀ ਸੁਚੱਜੀ ਬਣੇਗੀ। ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰ ਸਿਰਫ਼ ਧਾਰਮਿਕ ਸਥਾਨ ਹੀ ਨਹੀਂ, ਸਗੋਂ ਸਮਾਜਕ ਏਕਤਾ ਅਤੇ ਸਾਂਝ ਦਾ ਕੇਂਦਰ ਹੁੰਦਾ ਹੈ, ਇਸ ਲਈ ਉਥੇ ਤੱਕ ਸਾਫ਼-ਸੁਥਰੀਆਂ ਅਤੇ ਮਜ਼ਬੂਤ ਸੜਕਾਂ ਦੀ ਉਪਲਬਧਤਾ ਯਕੀਨੀ ਬਣਾਉਣਾ ਸਰਕਾਰ ਦੀ ਪਹਿਲ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਇਹ ਕੰਮ ਨਿਰਧਾਰਤ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਪੂਰਾ ਕੀਤਾ ਜਾਵੇਗਾ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਪਿੰਡ ਦੇ ਸਰਪੰਚ ਅਤੇ ਪੰਚਾਇਤ ਮੈਂਬਰਾਂ ਤੋਂ ਇਲਾਵਾ ਬੀ ਡੀ ਪੀ ਓ ਡੇਰਾਬੱਸੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ। ਪਿੰਡ ਵਾਸੀਆਂ ਨੇ ਇਸ ਉਪਰਾਲੇ ਲਈ ਵਿਧਾਇਕ ਦਾ ਧੰਨਵਾਦ ਕੀਤਾ।

## ਸਤਿਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ 'ਤੇ ਸਮਾਗਮ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਇੱਕ ਵਿਸ਼ੇਸ਼ ਸਮਾਗਮ ਨਿਰਵਾਣ ਕੁਟੀਆ ਮਾਹਿਲਪੁਰ ਵਿਖੇ ਕੀਤਾ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਧੰਨ- ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਤੇ ਹੋਰ ਬੁੱਧ ਮਹਾਂਪੁਰਸ਼ਾਂ ਦੀਆ ਤਸਵੀਰਾਂ ਅੱਗੇ ਗਿਆਨ ਦੇ ਪ੍ਰਤੀਕ ਵਜੋਂ ਮੋਮਬੱਤੀ ਬਾਲੀ ਗਈ ਤੇ ਸਮੂਹਿਕ ਤੌਰ ਤੇ ਧਿਆਨ ਸਾਧਨਾ ਕਰਕੇ ਉਹਨਾਂ ਵੱਲੋਂ ਦਰਸਾਏ ਮਾਰਗ ਤੇ ਚੱਲਣ ਦਾ ਸੰਕਲਪ ਕੀਤਾ ਗਿਆ। ਇਸ ਮੌਕੇ ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੋਸਾਇਟੀ ਰਜਿਸਟਰਡ ਮਾਹਿਲਪੁਰ, ਨਿਰਮਲ ਕੌਰ ਬੋਧ, ਸੁਮਿਤਾ, ਸੰਤੋਸ਼ ਕੁਮਾਰੀ, ਤਰਸੇਮ ਕੌਰ, ਨੀਲਮ ਰਾਣੀ, ਬਖਸ਼ੋ, ਸੁਰਜੀਤ ਕੌਰ, ਤੋਸ਼ੀ ਭੈਣ ਜੀ, ਨੂਰ, ਰਣਜੀਤ ਰਾਣੀ, ਪਰਮਜੀਤ ਕੌਰ, ਅਮਰਜੀਤ ਕੌਰ, ਸੁਖਵਿੰਦਰ ਕੁਮਾਰ, ਮਾਸਟਰ ਜੈ ਰਾਮ ਬਾੜੀਆਂ, ਹੰਸ ਰਾਜ, ਡਾਕਟਰ ਰੱਤੂ ਸਾਹਿਬ ,ਠਾਣੇਦਾਰ ਸੁਖਦੇਵ ਸਿੰਘ, ਜਰਨੈਲ ਸਿੰਘ ਸਟਾਰ ਰਿਫੈਸ਼ਮੈਂਟ ਹਵੇਲੀ ਰੋਡ ਮਾਹਿਲਪੁਰ, ਜਗਤਾਰ ਸਿੰਘ ਸਾਬਕਾ ਐਸ.ਡੀ.ਓ. ਬਿਜਲੀ ਬੋਰਡ, ਸੀਮਾ ਰਾਣੀ ਬੋਧ, ਸੁਨੀਤਾ ਸਾਬਕਾ ਮੈਂਬਰ ਬਲਾਕ ਸੰਮਤੀ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣ ਕੁਟੀਆ ਸਮੇਤ ਗੁਰੂ ਰਵਿਦਾਸ ਨਾਮਲੇਵਾ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਵਿਚਾਰਧਾਰਾ ਤੇ ਵਿਚਾਰ ਵਟਾਂਦਰਾ ਕਰਦੇ ਹੋਏ ਉਹਨਾਂ ਵੱਲੋਂ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਕੀਤਾ ਗਿਆ। ਸਮਾਗਮ ਦੌਰਾਨ ਥਾਣੇਦਾਰ ਸੁਖਦੇਵ ਸਿੰਘ ਅਤੇ ਨਿਰਮਲ ਕੌਰ



ਬੋਧ ਦੀ ਮੈਰਿਜ ਇਨਵਰਸਰੀ ਤੇ ਉਹਨਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ ਅਤੇ ਹਾਜ਼ਰ ਸਾਥੀਆਂ ਵੱਲੋਂ ਉਹਨਾਂ ਨੂੰ ਵਧਾਈ ਦਿੱਤੀ ਗਈ।ਇਸ ਸਮਾਗਮ ਵਿੱਚ ਚਾਹ-ਪਾਣੀ ਦੀ ਸੇਵਾ ਥਾਣੇਦਾਰ ਸੁਖਦੇਵ ਸਿੰਘ ਅਤੇ ਨਿਰਮਲ ਕੌਰ ਬੋਧ ਦੇ ਵੱਲੋਂ ਕੀਤੀ ਗਈ। ਸਮਾਗਮ ਵਿੱਚ ਪਹਿਲੀ ਵਾਰ ਹਾਜ਼ਰ ਹੋਈ ਨੀਲਮ ਰਾਣੀ ਨੂੰ ਬਾਬਾ ਸਾਹਿਬ ਡਾਕਟਰ ਅੰਬੇਡਕਰ ਦੀ ਤਸਵੀਰ ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

## ਗੁਰਮਤਿ ਸਮਾਗਮ ਭਲਕ ਤੋਂ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਐਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਨ ਗੁਰਮਤਿ ਸਮਾਗਮ ਪਿੰਡ ਚਮਿਆਰਾਂ ਜ਼ਿਲ੍ਹਾ ਜਲੰਧਰ ਦੀ ਗੁਰਾਊਂਡ ਵਿਖੇ 26,27 ਅਤੇ 28 ਫਰਵਰੀ ਨੂੰ ਸ਼ਾਮ 6 ਵਜੇ ਤੋਂ ਲੈਕੇ ਰਾਤ 10 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗੁਰਪਾਲ ਸਿੰਘ ਨੇ ਦੱਸਿਆ ਕਿ 26 ਫਰਵਰੀ ਨੂੰ ਸ਼ਾਮ 5 ਵਜੇ ਤੋਂ ਲੈਕੇ ਦੇ ਰਾਤ 9.30 ਵਜੇ ਤੱਕ ਗਿਆਨੀ ਸੁਖਵੀਰ ਸਿੰਘ (ਸੁਨੜ) ਭਾਈ ਸੁਖਦੇਵ ਸਿੰਘ ਜੀ (ਡੱਲਾ) ਤੇ ਬਾਬਾ ਮਨਜਿੰਦਰ ਸਿੰਘ ਜੀ ਖ਼ਾਲਸਾ (ਹਰਿ ਰਾਏਪੁਰ ਵਾਲੇ) ਤੇ 27 ਫਰਵਰੀ ਦਿਨ ਸ਼ੁੱਕਰਵਾਰ ਨੂੰ ਸ਼ਾਮ 5 ਤੋਂ ਲੈਕੇ ਰਾਤ 9.30 ਵਜੇ ਤੱਕ ਸੰਤ ਸੁਖਵੰਤ ਸਿੰਘ ਡੇਰਾ ਸ਼ਹੀਦ ਬਾਬਾ ਝੰਡਾ ਸਹਿਬ) ਤੇ ਭਾਈ ਹਰਪਾਲ ਸਿੰਘ ਜੀ (ਫਤਿਹਗੜ੍ਹ ਸਾਹਿਬ) ਤੇ ਗਿਆਨੀ ਸਰੂਪ ਸਿੰਘ ਕਡਿਆਣਾ (ਇੰਟਰਨੈਸ਼ਨਲ ਗੋਲਡ ਮੈਡਲਿਸਟ ਪੰਥਕ ਢਾਡੀ ਜੱਥਾ) ਤੇ 28 ਫਰਵਰੀ ਦਿਨ ਸ਼ਨੀਵਾਰ ਸ਼ਾਮ 5 ਵਜੇ ਤੋਂ ਲੈ ਕੇ ਰਾਤ 9.30 ਵਜੇ ਤੱਕ ਭਾਈ ਨਿਸ਼ਾਨ ਸਿੰਘ (ਆਸਟ੍ਰੇਲੀਆ) ਤੇ ਭਾਈ ਮਹਿਤਾਬ ਸਿੰਘ (ਜਲੰਧਰ ਵਾਲੇ) ਤੇ ਭਾਈ ਤਰਨਜੀਤ ਸਿੰਘ ਜੀ ਖ਼ਾਲਸਾ (ਨਿੱਕੇ ਘੁੰਮਣ ਵਾਲੇ) ਗੁਰਮਤਿ ਸਮਾਗਮ ਕਰਨਗੇ। ਉਨ੍ਹਾਂ ਕਿਹਾ ਕਿ ਇਸ ਮੌਕੇ ਤੇ ਅੰਮ੍ਰਿਤ ਸੰਚਾਰ ਹੋਵੇਗਾ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਸਪੀਕਰ ਨੇ ਵਿਦਿਆਰਥੀ ਨੂੰ ਏ ਆਈ ਤਕਨਾਲੋਜੀ 'ਚ ਯੋਗਦਾਨ ਪਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਨੇ ਅੱਠ ਸਾਲਾ ਰਣਵੀਰ ਸਿੰਘ ਸਚਦੇਵਾ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਅਧਾਰਤ ਤਕਨਾਲੋਜੀਆਂ ਵਿੱਚ ਯੋਗਦਾਨ ਪਾਉਣ ਲਈ ਵਧਾਈ ਦਿੱਤੀ ਅਤੇ ਉਸਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪ੍ਰਮਾਤਮਾ ਉਸਦੇ ਭਵਿੱਖ ਦੇ ਸੁਪਨੇ ਪੂਰੇ ਕਰੇ ਅਤੇ ਉਹ ਆਪਣੀ ਜ਼ਿੰਦਗੀ ਵਿੱਚ ਕਾਮਯਾਬੀ ਦੇ ਸਿਖਰ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਬੱਚੇ ਸਾਡੇ ਦੇਸ਼ ਦਾ ਭਵਿੱਖ ਹਨ ਅਤੇ ਜੇਕਰ ਉਹ ਮਿਆਰੀ ਸਿੱਖਿਆ ਪ੍ਰਾਪਤ ਕਰਦੇ ਹਨ ਤਾਂ ਸਾਡਾ ਦੇਸ਼ ਖੁਸ਼ਹਾਲ ਹੋਵੇਗਾ। ਉਨ੍ਹਾਂ ਨੇ ਅੱਗੇ ਕਿਹਾ ਕਿ ਪੂਰਾ ਸਿੱਖ ਭਾਈਚਾਰਾ ਉਸ 'ਤੇ ਮਾਣ ਕਰਦਾ ਹੈ। ਇੰਡੀਆ ਏ.ਆਈ. ਇਮਪੈਕਟ ਸੰਮੇਲਨ ਵਿੱਚ ਹਿੱਸਾ ਲੈਂਦੇ ਹੋਏ ਵਿਦਿਆਰਥੀ ਰਣਵੀਰ ਸਿੰਘ ਸਚਦੇਵਾ ਨੇ ਕਿਹਾ ਕਿ ਉਹ ਪ੍ਰਾਚੀਨ ਭਾਰਤੀ ਫਿਲੋਸਫੀਜ਼ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਤਕਨਾਲੋਜੀਆਂ ਰਾਹੀਂ ਅਜੋਕੇ ਦੌਰ ਨਾਲ ਜੋੜ ਦਾ ਯਤਨ ਕਰ ਰਿਹਾ ਹੈ। ਆਉਣ ਵਾਲੇ ਸਮੇਂ ਵਿੱਚ ਦੁਨੀਆ ਇਸ ਨੂੰ ਅਪਣਾਏਗੀ।


**ਜਨਮ ਦਿਨ ਮੁਬਾਰਕ**



ਮਨਮੋਹਨ ਸਿੰਘ
ਤਰਨ ਤਾਰਨ



ਪਰਮਜੀਤ ਸਿੰਘ
ਜਲੰਧਰ